ਸ਼ਨੀਵਾਰ, 28 ਮਾਰਚ, 2026
15 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 296

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 28 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਸਰਕਾਰ ਆਪਣੀ ਕਮਾਈ ਛੱਡਣ ਲਈ ਮਜਬੂਰ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਪੈਟਰੋਲ 'ਤੇ ਐਕਸਾਈਜ਼ ਡਿਊਟੀ (ਆਬਕਾਰੀ ਡਿਊਟੀ) ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤੀ ਹੈ ਅਤੇ ਡੀਜ਼ਲ ਨੂੰ ਇਸ ਤੋਂ ਪੂਰੀ ਤਰ੍ਹਾਂ ਮੁਕਤ ਕਰ ਦਿੱਤਾ ਹੈ। ਇਹ ਕਦਮ ਐੱਚ ਪੀ ਸੀ ਐੱਲ, ਬੀ ਪੀ ਸੀ ਐੱਲ ਅਤੇ ਆਈ ਓ ਸੀ ਵਰਗੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੂੰ ਮੱਧ ਪੂਰਬ ਵਿੱਚ ਜੰਗ ਦੌਰਾਨ ਵਧ ਰਹੀਆਂ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਨਾਲ ਨਜਿੱਠਣ ਵਿੱਚ ਮਦਦ ਕਰਨ ਲਈ ਚੁੱਕਿਆ ਗਿਆ ਹੈ। ਵਿੱਤ ਮੰਤਰਾਲੇ ਨੇ 26 ਮਾਰਚ ਦੇ ਇੱਕ ਨੋਟੀਫਿਕੇਸ਼ਨ ਨਾਲ ਪੈਟਰੋਲ 'ਤੇ ਐਕਸਾਈਜ਼ ਡਿਊਟੀ ਨੂੰ 13 ਰੁਪਏ ਪ੍ਰਤੀ ਲੀਟਰ ਤੋਂ ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤਾ ਹੈ, ਜਦਕਿ ਡੀਜ਼ਲ 'ਤੇ ਲੱਗਣ ਵਾਲੀ 10 ਰੁਪਏ ਦੀ ਡਿਊਟੀ ਨੂੰ ਘਟਾ ਕੇ ਸਿਫਰ ਕਰ ਦਿੱਤਾ ਹੈ। ਮੰਤਰਾਲੇ ਨੇ ਕਿਹਾ ਕਿ ਡਿਊਟੀ ਵਿੱਚ ਇਹ ਕਟੌਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈ ਹੈ। ਭਾਰਤ ਆਪਣੀ ਕੱਚੇ ਤੇਲ ਦੀ ਲੋੜ ਦਾ 88 ਫੀਸਦੀ ਅਤੇ ਕੁਦਰਤੀ ਗੈਸ ਦੀ ਲੋੜ ਦਾ ਲਗਭਗ ਅੱਧਾ ਹਿੱਸਾ ਦਰਾਮਦ ਕਰਦਾ ਹੈ, ਜੋ ਜ਼ਿਆਦਾਤਰ ਹਾਰਮੁਜ਼ ਜਲਡਮਰੂ ਰਾਹੀਂ ਆਉਂਦਾ ਹੈ। ਲੜਾਈ ਤੇਜ਼ ਹੋਣ ਕਾਰਨ ਈਰਾਨ ਨੇ ਇਸ ਰਸਤੇ ਨੂੰ ਬੰਦ ਕਰ ਦਿੱਤਾ ਹੈ ਅਤੇ ਬੀਮਾ ਕੰਪਨੀਆਂ ਨੇ



ਕਵਰੇਜ ਵਾਪਸ ਲੈ ਲਈ ਹੈ, ਜਿਸ ਨਾਲ ਟੈਂਕਰਾਂ ਦੀ ਆਵਾਜਾਈ ਪ੍ਰਭਾਵਸ਼ਾਲੀ ਢੰਗ ਨਾਲ ਰੁਕ ਗਈ ਹੈ। ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਨੇ ਕਿਹਾ ਹੈ ਕਿ ਸਰਕਾਰ ਨੇ ਵਧ ਰਹੀਆਂ ਵਿਸ਼ਵਵਿਆਪੀ ਕੱਚੇ ਤੇਲ ਦੀਆਂ ਕੀਮਤਾਂ ਦਾ ਬੋਝ ਖਪਤਕਾਰਾਂ 'ਤੇ ਪਾਉਣ ਦੀ ਬਜਾਏ ਖੁਦ ਸਹਿਣ ਦਾ ਫੈਸਲਾ ਕੀਤਾ ਹੈ। ਪੁਰੀ ਨੇ ਕਿਹਾ ਕਿ ਸਰਕਾਰ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਕਾਰਨ ਪੈਟਰੋਲ 'ਤੇ 24 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 'ਤੇ 30 ਰੁਪਏ ਪ੍ਰਤੀ ਲੀਟਰ ਦਾ ਨੁਕਸਾਨ ਖੁਦ ਸਹਿ ਰਹੀ ਹੈ। ਪੁਰੀ ਨੇ ਕਿਹਾ ਕਿ ਮੋਦੀ ਸਰਕਾਰ ਕੋਲ ਦੋ ਵਿਕਲਪ ਸਨ— ਜਾਂ ਤਾਂ ਦੂਜੇ ਸਾਰੇ ਦੇਸ਼ਾਂ ਵਾਂਗ ਨਾਗਰਿਕਾਂ ਲਈ ਕੀਮਤਾਂ ਵਿੱਚ ਭਾਰੀ ਵਾਧਾ ਕੀਤਾ ਜਾਵੇ ਜਾਂ ਫਿਰ ਆਪਣੇ ਵਿੱਤ 'ਤੇ ਇਸ ਦਾ ਬੋਝ ਝੱਲਿਆ ਜਾਵੇ ਤਾਂ ਜੋ ਭਾਰਤੀ ਨਾਗਰਿਕ ਅੰਤਰਰਾਸ਼ਟਰੀ ਅਸਥਿਰਤਾ ਤੋਂ ਸੁਰੱਖਿਅਤ ਰਹਿ ਸਕਣ। ਪੁਰੀ ਨੇ ਕਿਹਾ ਕਿ ਇਸ ਦੇ ਨਾਲ ਹੀ ਬਰਾਮਦ ਟੈਕਸ ਲਗਾਇਆ ਗਿਆ ਹੈ ਕਿਉਂਕਿ ਪੈਟਰੋਲ ਤੇ ਡੀਜ਼ਲ ਦੀਆਂ ਅੰਤਰਰਾਸ਼ਟਰੀ ਕੀਮਤਾਂ ਅਸਮਾਨੀਂ ਚੜ੍ਹ ਗਈਆਂ ਹਨ ਅਤੇ ਵਿਦੇਸ਼ ਨਿਰਯਾਤ ਕਰਨ ਵਾਲੀ ਕਿਸੇ ਵੀ ਰਿਫਾਇਨਰੀ ਨੂੰ ਬਰਾਮਦ ਟੈਕਸ ਦੇਣਾ ਪਵੇਗਾ। ਵਿਰੋਧੀ ਧਿਰ ਨੇ ਤੇਲ 'ਤੇ ਐਕਸਾਈਜ਼ ਡਿਊਟੀ ਵਿੱਚ ਕੀਤੀ ਗਈ ਕਟੌਤੀ ਨੂੰ ਪੱਛਮੀ ਬੰਗਾਲ, ਅਸਾਮ ਅਤੇ ਹੋਰ ਰਾਜਾਂ ਵਿੱਚ ਹੋਣ ਵਾਲੀਆਂ ਚੋਣਾਂ ਨੂੰ ਧਿਆਨ ਵਿੱਚ ਰੱਖ ਕੇ ਚੁੱਕਿਆ ਗਿਆ ਇੱਕ ਦੇਰੀ ਵਾਲਾ ਕਦਮ ਕਰਾਰ ਦਿੱਤਾ ਹੈ। ਟੀ ਐੱਮ ਸੀ ਸੰਸਦ ਮੈਂਬਰ ਸਾਗਰਿਕਾ ਘੋਸ਼ ਨੇ ਕਿਹਾ ਕਿ ਐਕਸਾਈਜ਼ ਡਿਊਟੀ ਵਿੱਚ ਕਟੌਤੀ ਸਰਕਾਰ ਦੀ ਨਾਕਾਮੀ ਨੂੰ ਦਰਸਾਉਂਦੀ ਹੈ। ਪਿਛਲੇ ਤਿੰਨ ਹਫਤਿਆਂ ਤੋਂ ਮੋਦੀ ਸਰਕਾਰ ਦਾਅਵਾ ਕਰ ਰਹੀ ਹੈ ਕਿ ਸਭ ਕੁਝ ਠੀਕ ਹੈ ਅਤੇ ਸਪਲਾਈ ਲੋੜੀਂਦੀ ਹੈ। ਹੁਣ, ਉਨ੍ਹਾਂ ਨੇ ਐਕਸਾਈਜ਼ ਡਿਊਟੀ ਘਟਾ ਦਿੱਤੀ ਹੈ ਕਿਉਂਕਿ ਸਥਿਤੀ ਐਮਰਜੈਂਸੀ ਵਾਲੀ ਬਣ ਗਈ ਹੈ। ਇਹ ਸਰਕਾਰ ਉਦੋਂ ਹੀ ਕੰਮ ਕਰਦੀ ਹੈ ਜਦੋਂ ਕੋਈ ਵੱਡਾ ਸੰਕਟ ਆਉਂਦਾ ਹੈ।

### ਚਾਰ ਲੇਬਰ ਕੋਡਾਂ ਵਿਰੁੱਧ ਪਹਿਲੀ ਨੂੰ ਕਾਲਾ ਦਿਵਸ ਮਨਾਉਣ ਦਾ ਸੱਦਾ

**ਲੁਧਿਆਣਾ (ਐਮ ਐਸ ਭਾਟੀਆ)**- ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਸੁਤੰਤਰ ਫੈਡਰੇਸ਼ਨਾਂ ਤੇ ਐਸੋਸੀਏਸ਼ਨਾਂ ਦੇ ਮੰਚ ਨੇ ਟ੍ਰੇਡ ਯੂਨੀਅਨਾਂ ਨੂੰ ਅਪੀਲ ਕੀਤੀ ਹੈ ਕਿ ਉਹ 1 ਅਪ੍ਰੈਲ ਨੂੰ ਕਾਲਾ ਦਿਵਸ ਵਜੋਂ ਮਨਾਉਣ।ਇਹ ਦਿਨ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡਾ ਦੇ ਲਾਗੂ ਕਰਨ ਲਈ ਕੇਂਦਰੀ ਨਿਯਮਾਂ ਦੇ ਨੋਟੀਫਿਕੇਸ਼ਨ ਲਈ ਪਹਿਲਾਂ ਤੋਂ ਹੀ ਐਲਾਨੀ ਤਾਰੀਖ ਹੈ।ਟ੍ਰੇਡ ਯੂਨੀਅਨਾਂ ਲਗਾਤਾਰ ਇਨ੍ਹਾਂ ਮਜ਼ਦੂਰ ਵਿਰੋਧੀ ਅਤੇ ਸਰਮਾਏਦਾਰ ਮਾਲਕਾਂ ਪੱਖੀ ਲੇਬਰ ਕੋਡਾਂ ਦਾ ਵਿਰੋਧ ਕਰਦੀਆਂ ਆ ਰਹੀਆਂ ਹਨ, ਜਿਨ੍ਹਾਂ ਨੂੰ ਕਥਿਤ 'ਲੇਬਰ ਰੀਫਾਰਮ' ਅਤੇ ਵਪਾਰ ਨੂੰ ਸੁਖਾਲਾ ਬਣਾਉਣ ਦੇ ਨਾਮ 'ਤੇ ਲਿਆਂਦਾ ਗਿਆ ਹੈ।12 ਫ਼ਰਵਰੀ ਦੀ ਇਤਿਹਾਸਕ ਆਮ ਹੜਤਾਲ ਤੋਂ ਬਾਅਦ ਵੀ ਕੇਂਦਰ ਸਰਕਾਰ ਇਨ੍ਹਾਂ ਕੋਡਾਂ ਨੂੰ ਵਾਪਸ ਲੈਣ ਜਾਂ ਇਸ ਮਾਮਲੇ 'ਤੇ ਕੇਂਦਰੀ ਟ੍ਰੇਡ ਯੂਨੀਅਨਾਂ ਨਾਲ ਕੋਈ ਅਰਥਪੂਰਨ ਬੈਠਕ ਕਰਨ ਤੋਂ ਕੱਤਰਾ ਰਹੀ ਹੈ।ਇਸ ਤੋਂ ਇਲਾਵਾ, ਇਨ੍ਹਾਂ ਕੋਡਾਂ ਦਾ ਮਸੌਦਾ ਤਿਆਰ ਕਰਨ ਦ

• ਬਾਕੀ ਸਫਾ 2 'ਤੇ

## ਕੰਸਟ੍ਰਕਸ਼ਨ ਵਰਕਰਾਂ ਨੇ ਕਿਰਤ ਕਮਿਸ਼ਨਰ ਦਾ ਦਫ਼ਤਰ ਘੇਰਿਆ

- ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਕਿਰਤ ਮੰਤਰੀ ਦਾ ਕੀਤਾ ਜਾਵੇਗਾ ਘਿਰਾਓ : ਸ਼ਰਮਾ, ਢਾਬਾਂ, ਚੀਮਾ
- ਏਟਕ ਉਸਾਰੀ ਕਿਰਤੀਆਂ ਦੇ ਹੱਕਾਂ 'ਤੇ ਕਿਸੇ ਵੀ ਕੀਮਤ 'ਤੇ ਡਾਕਾ ਨਹੀਂ ਵੱਜਣ ਦੇਵੇਗੀ : ਧਾਲੀਵਾਲ



**ਮੋਹਾਲੀ (ਨਵਾਂ ਜ਼ਮਾਨਾ ਸਰਵਿਸ)**

ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਪੰਜਾਬ ਵੱਲੋਂ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਹੱਕਾਂ ਦੀ ਪ੍ਰਾਪਤੀ ਲਈ ਪ੍ਰਿੰਸੀਪਲ ਸੈਕਟਰੀ ਅਤੇ ਕਿਰਤ ਕਮਿਸ਼ਨਰ ਵੱਲੋਂ ਆਪਹੁਦਰਾਸ਼ਾਹੀ ਰਾਹੀਂ ਬਣਾਏ ਜਾ ਰਹੇ ਨਿਯਮਾਂ ਖ਼ਿਲਾਫ਼ ਕਿਰਤ ਭਵਨ ਮੁਹਾਲੀ ਵਿਖੇ ਸ਼ੁੱਕਰਵਾਰ ਸੂਬਾ ਪੱਧਰੀ ਧਰਨਾ ਦਿੱਤਾ ਗਿਆ।ਇਸ ਧਰਨੇ ਦੀ ਅਗਵਾਈ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਪ੍ਰਧਾਨ ਬੋਹੜ ਸਿੰਘ ਸੁਖਨਾ, ਭਰਪੂਰ ਸਿੰਘ ਬੁਲਾਪੁਰ, ਪ੍ਰਦੀਪ ਚੀਮਾ, ਖੁਸ਼ੀਆ ਸਿੰਘ ਬਰਨਾਲਾ, ਐਡਵੋਕੇਟ ਪਰਮਜੀਤ ਢਾਬਾਂ, ਬੀਬੀ ਦਸਵਿੰਦਰ ਕੌਰ ਅਤੇ ਇਕਬਾਲ ਤਖਾਣਵੱਧ ਨੇ ਕੀਤੀ। ਧਰਨਾ ਦੇਣ ਤੋਂ ਬਾਅਦ ਜਥੇਬੰਦੀ ਨੇ ਐਲਾਨ ਕੀਤਾ ਕਿ ਉਹਨਾਂ ਦੀਆਂ ਮੰਗਾਂ ਸੁਣਨ ਲਈ ਕੋਈ ਵੀ ਅਧਿਕਾਰੀ ਨਹੀਂ ਆਇਆ, ਇਸ ਲਈ ਉਹਨਾਂ ਨੇ ਕਿਰਤ ਦਫਤਰ ਘੇਰਨ ਵੱਲ ਕੂਚ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਪੁਲਸ ਬਲਾਂ ਨੇ ਉਸਾਰੀ ਕਿਰਤੀਆਂ ਨੂੰ ਕਿਰਤ ਦਫਤਰ ਦੇ ਅੱਗੇ ਜਾਣ ਤੋਂ ਰੋਕਿਆ ਪਰੰਤੂ ਸਾਰੀਆਂ ਰੋਕਾਂ ਪਾਰ ਕਰਦੇ ਹੋਏ ਉਸਾਰੀ ਕਿਰਤੀਆਂ ਨੇ ਕਿਰਤ ਦਫਤਰ ਪੂਰੀ ਤਰ੍ਹਾਂ ਘੇਰ ਲਿਆ। ਇਸ ਤੋਂ ਬਾਅਦ ਜਦੋਂ ਨੌਜਵਾਨ ਉਸਾਰੀ ਕਿਰਤੀਆਂ ਨੇ ਕਿਰਤ ਭਵਨ ਦੇ ਮੇਨ ਗੇਟ ਨੂੰ ਪਾਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਪ੍ਰਸ਼ਾਸਨ ਨੇ ਵਿੱਚ ਪੈ ਕੇ ਅਧਿਕਾਰੀਆਂ ਨਾਲ ਮੀਟਿੰਗ ਕਰਵਾ ਕੇ ਇਸ ਮਾਹੌਲ ਨੂੰ ਸ਼ਾਂਤ ਕਰਵਾਇਆ।

ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਬੋਰਡ ਦੀ ਮੀਟਿੰਗ ਨਾ ਹੋਣ ਕਾਰਨ ਪ੍ਰਿੰਸੀਪਲ ਸੈਕਟਰੀ (ਲੇਬਰ) ਅਤੇ ਕਿਰਤ ਕਮਿਸ਼ਨਰ ਵੱਲੋਂ ਗਲਤ ਤਰੀਕੇ ਨਾਲ ਸਕੀਮਾਂ ਵਿੱਚ ਬਦਲਾਓ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਉਸਾਰੀ ਕਿਰਤੀ ਲਾਭਪਾਤਰੀਆਂ ਉਪਰ ਮਨਮਰਜ਼ੀ ਦੇ ਨਿਯਮ ਮੜ੍ਹੇ ਜਾ ਰਹੇ ਹਨ। ਜਿਵੇਂ ਕਿ ਲਾਭਪਾਤਰੀਆਂ ਲਈ ਵਾਰ-ਵਾਰ ਪੈਨਸ਼ਨ ਸਕੀਮ ਵਿੱਚ ਬਦਲਾਓ ਕਰਨਾ, ਗਰੇਸ ਮਿਤੀ ਦੇ ਅੰਦਰ ਮਿਲਣ ਵਾਲੇ ਐਕਸਗਰੇਸ਼ੀਆ ਵਿੱਚ ਬਦਲਾਓ ਕਰਨਾ, ਐਕਸੀਡੈਂਟਲ ਐਕਸਗਰੇਸ਼ੀਆ ਲਾਭਪਾਤਰੀ ਦੇ ਵਾਰਸਾਂ ਨੂੰ ਨਾ ਮਿਲਣਾ, 27 ਨੰਬਰ ਫਾਰਮ ਦਾ ਆਟੋਪੈਚ ਨਾ ਹੋਣ ਕਾਰਨ ਲਾਭਪਾਤਰੀ ਖੱਜਲ-ਖੁਆਰ ਹੋ ਰਹੇ ਹਨ। ਆਗੂਆਂ ਨੇ ਕਿਹਾ ਕਿ ਐਕਸਗਰੇਸ਼ੀਆ ਵਿੱਚ ਗਰੇਸ ਮਿਤੀ ਵਾਲੇ ਕੇਸਾਂ ਵਿੱਚ ਸਕੱਤਰ ਕਮ ਲੇਬਰ ਕਮਿਸ਼ਨਰ ਤੋਂ ਮਨਜ਼ੂਰੀ ਲੈਣ ਦੀ ਲਾਈ ਸ਼ਰਤ ਕਾਨੂੰਨ ਅਨੁਸਾਰ ਬੇਲੋੜੀ ਹੈ, ਇਹ ਤੁਰੰਤ ਵਾਪਸ ਲਈ ਜਾਵੇ। ਇਸੇ ਤਰ੍ਹਾਂ ਐਕਸੀਡੈਂਟ ਕੇਸਾਂ ਨੂੰ ਰੋਕਿਆ ਜਾ ਰਿਹਾ ਹੈ, ਜੋ ਕੰਮ 'ਤੇ ਜਾਂਦੇ ਸਮੇਂ ਅਤੇ ਆਉਂਦੇ ਸਮੇਂ ਹੁੰਦੇ ਹਨ। ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਏਟਕ ਦੇ ਜਨਰਲ ਸਕੱਤਰ ਸਾਥੀ ਨਿਰਮਲ ਸਿੰਘ ਧਾਲੀਵਾਲ ਅਤੇ ਸਕੱਤਰ ਅਮਰਜੀਤ ਆਸਲ ਨੇ ਕਿਹਾ ਕਿ ਉਸਾਰੀ ਕਿਰਤੀਆਂ ਨੂੰ ਲਾਭ ਦੇਣ ਲਈ ਪਾਰਲੀਮੈਂਟ ਵਿੱਚ ਕਾਨੂੰਨ ਬਣਿਆ ਹੋਇਆ ਹੈ, ਜਿਸ ਦੀ ਵੱਡੇ ਪੱਧਰ 'ਤੇ ਉਲੰਘਣਾ ਹੋ ਰਹੀ ਹੈ, ਜਿਸ ਨੂੰ ਏਟਕ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਉਹਨਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਸਾਰੀ ਕਿਰਤੀਆਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਨਾ ਮੰਨਿਆ ਗਿਆ ਤਾਂ ਭਵਿੱਖ ਵਿੱਚ ਸਮੁੱਚੀ ਏਟਕ ਉਸਾਰੀ ਕਿਰਤੀਆਂ ਦੇ ਹਿੱਤਾਂ ਦੀ ਰਾਖੀ ਲਈ ਮੈਦਾਨ ਵਿੱਚ ਉਤਰੇਗੀ। ਇਸ ਮੌਕੇ ਕਿਰਤੀਆਂ ਦੇ ਆਗੂਆਂ ਨੇ ਅੱਗੇ ਦੱਸਿਆ ਕਿ ਓਲਡ ਪੋਰਟਲ ਬਾਰੇ ਵਾਰ-ਵਾਰ ਯੂਨੀਅਨ ਪ੍ਰਿੰਸੀਪਲ ਸਕੱਤਰ, ਲੇਬਰ ਕਮਿਸ਼ਨਰ ਅਤੇ ਡਿਪਟੀ ਸਕੱਤਰ ਨਾਲ ਗੱਲਬਾਤ ਕਰ ਚੁੱਕੀ ਹੈ, ਪਰ ਹਾਲੇ ਤੱਕ ਵਿਸ਼ਵਾਸ ਦਿਵਾਉਣ ਦੇ ਬਾਵਜੂਦ ਮਾਮਲਾ ਜਿਉਂ ਦਾ ਤਿਉਂ ਲਟਕ ਰਿਹਾ ਹੈ।

• ਬਾਕੀ ਸਫਾ 2 'ਤੇ

## ਕੇਜਰੀਵਾਲ ਤੇ ਮਾਨ ਵੱਲੋਂ ਗੁਜਰਾਤੀਆਂ ਨੂੰ ਬਦਲਾਅ ਦਾ ਸੱਦਾ

**ਅਹਿਮਦਾਬਾਦ** : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਹੋਦ ਵਿੱਚ 'ਵਿਜੇ ਵਿਸ਼ਵਾਸ ਸਭਾ' ਰਾਹੀਂ ਭਾਜਪਾ ਅਤੇ ਕਾਂਗਰਸ ਦੇ ਗੁਪਤ ਗਠਜੋੜ 'ਤੇ ਤਿੱਖਾ ਹਮਲਾ ਬੋਲਿਆ। ਕੇਜਰੀਵਾਲ ਨੇ ਕਿਹਾ ਕਿ ਗੁਜਰਾਤ ਦੀ ਜਨਤਾ ਭਾਜਪਾ ਦੇ ਦਮਨ ਵਿਰੁੱਧ ਖੜ੍ਹੀ ਹੋ ਚੁੱਕੀ ਹੈ ਅਤੇ ਆਮ ਆਦਮੀ ਪਾਰਟੀ ਨਾਲ ਮਿਲ ਕੇ ਬਦਲਾਅ ਕਰਨ ਜਾ ਰਹੀ ਹੈ। ਆਮ ਆਦਮੀ ਪਾਰਟੀ ਦੇ ਵਧਦੇ ਜਨ ਸਮਰਥਨ ਨੂੰ ਦੇਖ ਕੇ ਭਾਜਪਾ ਡਰ ਗਈ ਹੈ ਅਤੇ ਰੋਜ਼ਾਨਾ ਸਾਡੇ ਵਰਕਰਾਂ ਨੂੰ ਗ੍ਰਿਫਤਾਰ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ 30 ਸਾਲਾਂ ਵਿੱਚ ਭਾਜਪਾ ਸਰਕਾਰ ਚੰਗੇ ਸਕੂਲ-ਹਸਪਤਾਲ ਅਤੇ ਖੇਤੀ ਲਈ ਪਾਣੀ ਤੱਕ ਨਹੀਂ ਦੇ ਸਕੀ, ਕਿਉਂਕਿ ਇਨ੍ਹਾਂ ਦੀ ਨੀਅਤ ਹੀ ਖਰਾਬ ਹੈ। ਇਸ ਵਾਰ ਜਨਤਾ ਖੇਤੀ-ਘਰ ਦੀ ਮੁਫ਼ਤ ਬਿਜਲੀ, ਔਰਤਾਂ



ਨੂੰ ਇੱਕ ਹਜ਼ਾਰ ਰੁਪਏ, 10 ਲੱਖ ਦਾ ਸਿਹਤ ਬੀਮਾ ਅਤੇ ਚੰਗੇ ਸਕੂਲਾਂ ਲਈ ਵੋਟ ਪਾਵੇਗੀ।

ਉਨ੍ਹਾਂ ਕਿਹਾ ਕਿ ਹਰ ਸਾਲ ਅਰਬਾਂ-ਖਰਬਾਂ ਰੁਪਏ ਆਦਿਵਾਸੀ ਸਮਾਜ ਦੇ ਕਲਿਆਣ ਲਈ ਰੱਖੇ ਜਾਂਦੇ ਹਨ। ਪਿਛਲੇ 30 ਸਾਲਾਂ ਵਿੱਚ ਆਦਿਵਾਸੀ ਸਮਾਜ ਦੇ ਭਲੇ ਲਈ ਜਿੰਨਾ ਪੈਸਾ ਆਇਆ, ਜੇਕਰ ਇਹ ਪੈਸਾ ਸਿੱਧਾ ਇੱਕ-ਇੱਕ ਵਿਅਕਤੀ ਨੂੰ ਦੇ ਦਿੱਤਾ ਜਾਂਦਾ ਤਾਂ ਹਰ ਕੋਈ ਕਰੋੜਪਤੀ ਬਣ ਜਾਂਦਾ, ਪਰ ਆਦਿਵਾਸੀ ਸਮਾਜ ਦੇ ਨਾਂਅ 'ਤੇ ਆਉਣ ਵਾਲਾ ਪੈਸਾ ਭਾਜਪਾ ਅਤੇ ਕਾਂਗਰਸ ਵਾਲਿਆਂ ਦੀਆਂ ਜੇਬਾਂ ਵਿੱਚ ਚਲਾ ਜਾਂਦਾ ਹੈ।ਕੇਜਰੀਵਾਲ ਨੇ ਕਿਹਾ ਕਿ 2022 ਤੋਂ ਪਹਿਲਾਂ ਪੰਜਾਬ ਵਿੱਚ ਵੀ ਗੁਜਰਾਤ ਵਰਗਾ ਹੀ ਹਾਲ ਸੀ। ਪੰਜਾਬ ਵਿੱਚ ਕਾਂਗਰਸ, ਭਾਜਪਾ ਅਤੇ ਅਕਾਲੀ ਗਠਜੋੜ ਦੀਆਂ ਦੋ ਹੀ ਪਾਰਟੀਆਂ ਸਨ। ਦੋਵੇਂ ਪਾਰਟੀਆਂ 5-5 ਸਾਲ ਵਾਰੋ-ਵਾਰੀ ਸਰਕਾਰ ਬਣਾਉਂਦੀਆਂ ਸਨ ਅਤੇ ਦੋਵੇਂ ਮਿਲ ਕੇ ਲੁੱਟਦੀਆਂ ਸਨ।ਪੰਜਾਬ ਵਿੱਚ ਆਮ ਆਦਮੀ ਪਾਰਟੀ ਇੱਕ ਉਮੀਦ ਲੈ ਕੇ ਆਈ। ਪੰਜਾਬ ਦੇ ਲੋਕਾਂ ਨੇ ਤੈਅ ਕੀਤਾ ਕਿ ਪੁਰਾਣੀਆਂ ਪਾਰਟੀਆਂ 'ਤੇ ਝਾੜੂ ਚਲਾ ਕੇ ਉਨ੍ਹਾਂ ਨੂੰ ਉਖਾੜ ਸੁੱਟਣਾ ਹੈ। ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਜਨਤਾ ਨੇ 117 ਵਿੱਚੋਂ 92 ਸੀਟਾਂ ਆਮ ਆਦਮੀ ਪਾਰਟੀ ਨੂੰ ਦੇ ਕੇ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੂੰ ਪੂਰੀ ਤਰ੍ਹਾਂ ਸਾਫ਼ ਕਰ ਦਿੱਤਾ। ਹੁਣ ਗੁਜਰਾਤ ਕੋਲ ਵੀ ਝਾੜੂ ਚਲਾ ਕੇ ਕਾਂਗਰਸ ਅਤੇ ਭਾਜਪਾ ਨੂੰ ਸਾਫ਼ ਕਰਨ ਦਾ ਵਧੀਆ ਮੌਕਾ ਹੈ।

ਕੇਜਰੀਵਾਲ ਨੇ ਕਿਹਾ ਕਿ ਗੁਜਰਾਤ ਵਿੱਚ ਜ਼ਿਲ੍ਹਾ ਪ੍ਰੀਸ਼ਦ

• ਬਾਕੀ ਸਫਾ 2 'ਤੇ

## ਜੰਗ ਤੇ ਫਾਸ਼ੀਵਾਦ ਖ਼ਿਲਾਫ਼ ਜੂਝਣ ਦਾ ਪੈਗ਼ਾਮ



**ਜਲੰਧਰ (ਕੇਸਰ)**-ਦੇਸ਼ ਭਗਤ ਯਾਦਗਾਰ ਹਾਲ 'ਚ ਮਨਾਇਆ ਵਿਸ਼ਵ ਰੰਗ ਮੰਚ ਦਿਹਾੜਾ ਵਿਸ਼ਵ ਭਰ ਦੀਆਂ ਜੰਗ ਵਿਰੋਧੀ, ਫਾਸਿਜ਼ਮ ਵਿਰੋਧੀ ਸ਼ਕਤੀਆਂ ਨਾਲ ਕਲਾ, ਕਲਮ ਅਤੇ ਰੰਗ ਮੰਚ ਦੀ ਗਲਵੱਕੜੀ ਪਾਉਣ ਦਾ ਸੁਨੇਹਾ ਦੇਣ 'ਚ ਸਫ਼ਲ ਰਿਹਾ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਦੇ 'ਤੇ ਵੰਨ-ਸੁਵੰਨੀਆਂ ਰੰਗ ਟੋਲੀਆਂ, ਕਲਾਕਾਰਾਂ, ਚਿੱਤਰਕਾਰਾਂ, ਸਹਿਯੋਗੀ ਸੰਸਥਾਵਾਂ ਅਤੇ ਦੇਸ਼ ਭਗਤ ਯਾਦਗਾਰ ਹਾਲ ਨਾਲ਼ ਜੁੜੇ ਪਰਿਵਾਰਾਂ ਨੇ ਸਮਾਗਮ ਵਿੱਚ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕਰਦਿਆਂ ਅਹਿਦ ਲਿਆ ਕਿ ਰੰਗਕਰਮੀ ਹਮੇਸ਼ਾਂ ਫ਼ਿਰਕੂ ਫਾਸ਼ੀ, ਜੰਗਬਾਜ਼ਾਂ ਖ਼ਿਲਾਫ਼ ਡਟਕੇ ਖੜ੍ਹਨਗੇ।

ਇਸ ਮੌਕੇ 'ਜ਼ਿੰਦਗੀ ਰੰਗ ਮੰਚ ਹੈ' ਵਿਸ਼ੇ 'ਤੇ ਬੋਲਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਪ੍ਰੋ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਅਜੋਕੇ ਉਦਾਸ ਮੌਸਮ ਅਤੇ ਪਤਝੜ ਦੇ ਮੌਸਮ ਵਿੱਚ 'ਕੋਈ ਹਰਿਆ ਬੂਟ ਰਹਿਓ ਰੀ' ਦੇ ਕਥਨ ਅਨੁਸਾਰ ਰੰਗ ਕਰਮੀ ਹੱਕ, ਸੱਚ, ਇਨਸਾਫ਼ ਦੀ ਲੋਅ ਜਗਦੀ ਰੱਖਣ ਲਈ ਮੁਬਾਰਕਵਾਦ ਦੇ ਹੱਕਦਾਰ ਨੇ।

ਸਮਾਗਮ 'ਚ ਪ੍ਰੋ. ਵਰਿਆਮ ਸਿੰਘ ਸੰਧੂ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਬੱਬਰ ਅਕਾਲੀ ਸੰਗਰਾਮ ਬਾਰੇ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਜੰਗਬਾਜ਼ਾਂ ਦੇ ਕੈਪਟਨ ਅਮਰੀਕਨ ਸਾਮਰਾਜ ਵੱਲੋਂ ਵੱਖ-ਵੱਖ ਮੁਲਕਾਂ ਨੂੰ ਡਰਾਉਣ, ਧਮਕਾਉਣ, ਨਿਹੱਕੀ ਜੰਗ ਦੀ ਭੱਠੀ ਵਿੱਚ ਝੋਕਣ ਖ਼ਿਲਾਫ਼ ਦੁਨੀਆਂ ਭਰ ਦੇ ਲੋਕਾਂ ਵੱਲੋਂ ਵਿਰੋਧ ਦਾ ਇਜ਼ਹਾਰ ਇੱਕ ਸੁਲੱਖਣਾ ਵਰਤਾਰਾ ਹੈ। ਉਹਨਾਂ ਕਿਹਾ ਕਿ ਕਲਮ, ਕਲਾ ਅਤੇ ਹੱਕਾਂ ਲਈ ਜੂਝਦੇ ਕਾਫ਼ਲਿਆਂ ਦੀ ਪ੍ਰਸਪਰ ਸਾਂਝ ਅਤੇ ਆਪੋ ਆਪਣੀ ਕਰਮਭੂਮੀ ਲਈ ਵਿਸ਼ੇਸ਼ ਭੂਮਿਕਾ ਦੀ ਮਹੱਤਤਾ ਨੂੰ ਸਮਝਕੇ ਤੁਰਨਾ ਸਮੇਂ ਦੀ ਲੋੜ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਵਿਸ਼ਵ ਰੰਗਮੰਚ ਦਿਹਾੜੇ ਮੌਕੇ ਇਸ ਵਾਰ ਹਾਲੀਵੁੱਡ ਦੇ ਨਾਮਵਰ ਅਦਾਕਾਰ ਵਿਲੀਅਮ ਜੇਮਜ਼ ਡੇਫੀਓ (ਯੂ.ਐਸ.ਏ.) ਦਾ ਕੌਮਾਂਤਰੀ ਸੁਨੇਹਾ ਸਾਂਝਾ ਕਰਦਿਆਂ ਦੱਸਿਆ ਕਿ,'ਦੁਨੀਆਂ

• ਬਾਕੀ ਸਫਾ 2 'ਤੇ

### ਟਰੰਪ ਨੇ ਮੁਹਲਤ ਵਧਾਈ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਈਰਾਨ ਦੇ ਊਰਜਾ ਬੁਨਿਆਦੀ ਢਾਂਚੇ 'ਤੇ ਹਮਲੇ 6 ਅਪਰੈਲ ਤੱਕ ਰੋਕਣ ਤੇ ਈਰਾਨ ਨੂੰ ਹਾਰਮੁਜ਼ ਜਲਮਾਰਗ ਮੁੜ ਖੋਲ੍ਹਣ ਲਈ 10 ਦਿਨ ਦੀ ਮੋਹਲਤ ਦਾ ਐਲਾਨ ਕੀਤਾ ਹੈ। ਉਨ੍ਹਾ ਕਿਹਾ ਕਿ ਜੰਗ ਖਤਮ ਕਰਨ ਲਈ ਗੱਲਬਾਤ 'ਬਹੁਤ ਵਧੀਆ' ਚੱਲ ਰਹੀ ਹੈ। ਇਹ ਕਦਮ ਟਰੰਪ ਦੀ ਪਿਛਲੀ ਉਸ ਚਿਤਾਵਨੀ ਤੋਂ ਪਿੱਛੇ ਹਟਣ ਦਾ ਸੰਕੇਤ ਹੈ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਜੇ ਮਹੱਤਵਪੂਰਨ ਸਮੁੰਦਰੀ ਰਸਤਾ ਬੰਦ ਰਿਹਾ ਤਾਂ ਅਮਰੀਕਾ ਈਰਾਨ ਦੇ ਊਰਜਾ ਪਲਾਂਟਾਂ ਨੂੰ ਨਿਸ਼ਾਨਾ ਬਣਾਏਗਾ। ਦੂਜੇ ਪਾਸੇ ਈਰਾਨ ਨੇ ਧਮਕੀ ਦਿੱਤੀ ਸੀ ਕਿ ਜੇ ਅਮਰੀਕਾ ਅਜਿਹੀ ਕਾਰਵਾਈ ਕਰਦਾ ਹੈ, ਤਾਂ ਉਹ ਖੇਤਰੀ ਬੁਨਿਆਦੀ ਢਾਂਚੇ, ਜਿਸ ਵਿੱਚ ਪਾਣੀ ਸਾਫ ਕਰਨ ਵਾਲੇ ਪਲਾਂਟ ਸ਼ਾਮਲ ਹਨ, 'ਤੇ ਜਵਾਬੀ ਹਮਲਾ ਕਰੇਗਾ।

### ਮਿਲਕਫੈੱਡ ਦੇ 3 ਮੈਨੇਜਰ ਮੁਅੱਤਲ

**ਚੰਡੀਗੜ੍ਹ** : ਭਾਰਤੀ ਫੌਜ ਵੱਲੋਂ 125 ਮੀਟਰਿਕ ਟਨ ਸੁੱਕੇ ਦੁੱਧ ਦੀ ਖੇਪ ਰੱਦ ਕੀਤੇ ਜਾਣ ਮਗਰੋਂ ਸ਼ੁੱਕਰਵਾਰ ਮਿਲਕਫੈੱਡ ਨੇ ਲੁਧਿਆਣਾ ਦੇ ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਦਲਜੀਤ ਸਿੰਘ, ਮੈਨੇਜਰ (ਗੁਣਵੱਤਾ) ਗੁਰਇਕਬਾਲ ਸਿੰਘ ਅਤੇ ਮੈਨੇਜਰ (ਉਤਪਾਦਨ) ਪਰਿਤੋਸ਼ ਮਿਸ਼ਰਾ ਨੂੰ ਮੁਅੱਤਲ ਕਰ ਦਿੱਤਾ।

### ਤੋਦਾ ਡਿੱਗਣ ਨਾਲ 7 ਮੌਤਾਂ

**ਸ੍ਰੀਨਗਰ** : ਗੰਦਰਬਲ ਜ਼ਿਲ੍ਹੇ ਵਿੱਚ ਪੈਂਦੇ ਜ਼ੋਜੀਲਾ ਪਾਸ 'ਤੇ ਸ਼ੁੱਕਰਵਾਰ ਬਰਫ ਦਾ ਵੱਡਾ ਤੋਦਾ ਡਿੱਗਣ ਨਾਲ 7 ਜਣਿਆਂ ਦੀ ਮੌਤ ਹੋ ਗਈ ਤੇ 5 ਜ਼ਖ਼ਮੀ ਹੋ ਗਏ। 6 ਮੌਤਾਂ ਇੱਕ ਕਾਰ ਵਿੱਚ ਹੋਈਆਂ। ਕਈ ਗੱਡੀਆਂ ਬਰਫ ਅਤੇ ਮਲਬੇ ਹੇਠਾਂ ਬੁਰੀ ਤਰ੍ਹਾਂ ਫਸ ਗਈਆਂ।

### ਬਾਲੇਨ ਨੇ ਨੇਪਾਲ ਦੀ ਕਮਾਨ ਸੰਭਾਲੀ

**ਕਠਮੰਡੂ** : ਨੇਪਾਲ ਵਿੱਚ ਜੈੱਨ ਜ਼ੀ' ਦੇ ਵਿਰੋਧ ਪ੍ਰਦਰਸ਼ਨਾਂ ਕਾਰਨ ਕੇ ਪੀ ਸ਼ਰਮਾ ਓਲੀ ਦੀ ਅਗਵਾਈ ਵਾਲੀ ਸਰਕਾਰ ਦੇ ਸੱਤਾ ਤੋਂ ਲਾਂਭੇ ਹੋਣ ਦੇ ਛੇ ਮਹੀਨਿਆਂ ਬਾਅਦ ਰਾਸ਼ਟਰੀ ਸੁਤੰਤਰ ਪਾਰਟੀ ਦੇ 35 ਸਾਲਾ ਆਗੂ ਬਾਲੇਂਦਰ ਸ਼ਾਹ 'ਬਾਲੇਨ' ਨੇ ਸ਼ੁੱਕਰਵਾਰ ਨੇਪਾਲ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ। ਬਾਲੇਨ ਨੇਪਾਲ ਵਿੱਚ ਇਸ ਅਹੁਦੇ ਲਈ ਲੋਕਤੰਤਰੀ ਤੌਰ 'ਤੇ ਚੁਣੇ ਗਏ ਸਭ ਤੋਂ ਨੌਜਵਾਨ ਆਗੂ ਹਨ ਅਤੇ ਉਹ ਕਾਰਜਪਾਲਿਕਾ ਦਾ ਸਰਬਉੱਚ ਅਹੁਦਾ ਸੰਭਾਲਣ ਵਾਲੇ ਮਧੇਸ਼ ਖੇਤਰ ਦੇ ਪਹਿਲੇ ਵਿਅਕਤੀ ਵੀ ਹਨ।

## ਅੱਜ-ਨਾਮਾ

ਲੱਗਾ ਫਿਰ ਪੈਣ ਕੁਝ ਬੋਝ ਮੁਲਾਜ਼ਮਾਂ 'ਤੇ,
ਚੋਣ ਤਿਆਰੀ ਵੱਲ ਲੱਗਿਆ ਜ਼ੋਰ ਮੀਆਂ।
ਐੱਸ ਆਈ ਆਰ ਪੰਜਾਬ ਦੀ ਹੋਣ ਲੱਗੀ,
ਜੀਹਦਾ ਪੈਂਦਾ ਹੈ ਦੇਸ਼ ਵਿੱਚ ਸ਼ੋਰ ਮੀਆਂ।
ਚੋਣ ਕਮਿਸ਼ਨ ਦਾ ਢੰਗ ਨਾ ਸਮਝ ਪੈਂਦਾ,
ਅੱਜ ਹੋਰ ਲੱਗਦਾ ਤੇ ਭਲਕੇ ਹੋਰ ਮੀਆਂ।
ਅਦਾਲਤਾਂ ਵਿੱਚ ਵੀ ਪੁੱਜੇ ਹਨ ਕੇਸ ਚੋਖੇ,
ਮੱਠੀ ਕਾਨੂੰਨੀ ਹੈ ਕਾਰਵਾਈ ਤੋਰ ਮੀਆਂ।
ਨਿਕਲੇ ਕਮੀ-ਕਮਜ਼ੋਰੀ ਜੇ ਕੋਈ ਕਿਧਰੇ,
ਚੋਣ ਕਮਿਸ਼ਨ ਵੀ ਸਖਤ ਹੈ ਬੜਾ ਮੀਆਂ।
ਔਕੜ ਬਣਦੀ ਹਰ ਵਾਰੀ ਮੁਲਾਜ਼ਮਾਂ ਦੀ,
ਜਿਨ੍ਹਾਂ ਦਾ ਰਾਜਸੀ ਕੋਈ ਨਾ ਧੜਾ ਮੀਆਂ।

-ਤੀਸ ਮਾਰ ਖਾਂ

## ਡੇਢ ਕਰੋੜ ਦਾ ਬੇਹਿਸਾਬਾ ਮਾਲ ਫੜਿਆ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਦੱਸਿਆ ਕਿ ਟੈਕਸੇਸ਼ਨ ਵਿਭਾਗ ਵੱਲੋਂ ਤੰਬਾਕੂ ਟੈਕਸ ਦੀ ਚੋਰੀ ਨੂੰ ਰੋਕਣ ਲਈ ਪੂਰੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਚਲਾਈ ਗਈ ਮੁਹਿੰਮ ਦੌਰਾਨ ਲਗਪਗ 1.50 ਕਰੋੜ ਰੁਪਏ ਦੇ ਬਿਨਾਂ ਹਿਸਾਬ-ਕਿਤਾਬ ਵਾਲੇ ਸਾਮਾਨ ਦਾ ਪਤਾ ਲੱਗਿਆ ਹੈ।ਚੀਮਾ ਨੇ ਦੱਸਿਆ ਕਿ ਸਿਗਰਟਾਂ, ਬੀੜੀਆਂ ਅਤੇ ਸੰਬੰਧਤ ਵਸਤੂਆਂ ਵਰਗੇ ਤੰਬਾਕੂ ਉਤਪਾਦਾਂ 'ਤੇ ਟੈਕਸ ਦਰਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਤੋਂ ਬਾਅਦ, ਵਿਭਾਗ ਨੂੰ ਇਸ ਖੇਤਰ ਵਿੱਚ ਟੈਕਸ ਚੋਰੀ ਦੀਆਂ ਗਤੀਵਿਧੀਆਂ ਵਧਣ ਬਾਰੇ ਵਿਸ਼ੇਸ਼ ਸੂਚਨਾਵਾਂ ਮਿਲੀਆਂ ਸਨ। ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਅਤੇ ਜਲੰਧਰ ਸਥਿਤ ਚਾਰ ਰਾਜ ਜਾਂਚ ਅਤੇ ਰੋਕਥਾਮ ਯੂਨਿਟਾਂ ਦੀਆਂ ਟੀਮਾਂ ਨੂੰ ਲਾਮਬੰਦ ਕੀਤਾ ਗਿਆ ਸੀ। ਇਨ੍ਹਾਂ ਯੂਨਿਟਾਂ ਨੇ ਅੱਠ ਵੱਖ-ਵੱਖ ਥਾਵਾਂ 'ਤੇ ਇੱਕੋ ਸਮੇਂ ਨਿਰੀਖਣ ਕੀਤਾ। ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਟੀਮਾਂ ਨੇ ਲੁਕਵੇਂ ਸਟੋਰੇਜ ਟਿਕਾਣਿਆਂ ਅਤੇ ਬਿਨਾਂ ਹਿਸਾਬ ਵਾਲੇ ਸਟਾਕ ਦੇ ਨਿਰੀਖਣ ਦੌਰਾਨ, ਭਾਰੀ ਮਾਤਰਾ ਵਿੱਚ ਸਾਮਾਨ ਬਿਨਾਂ ਯੋਗ ਇਨਵੌਇਸ (ਬਿੱਲ) ਦੇ ਸਟੋਰ ਕੀਤਾ ਅਤੇ ਵੇਚਿਆ ਜਾਂਦਾ ਪਾਇਆ। ਜ਼ਬਤ ਕੀਤੇ ਗਏ ਸਟਾਕ ਵਿੱਚ ਲਗਪਗ 1.32 ਲੱਖ ਪੈਕੇਟ ਭਾਰਤੀ ਸਿਗਰਟਾਂ, 18,472 ਪੈਕੇਟ ਭਾਰਤੀ ਬੀੜੀਆਂ, 302 ਪੈਕੇਟ ਜ਼ਰਦਾ, 13 ਪੈਕਟ ਅਤੇ 95 ਬਾਕਸ ਇੰਪੋਰਟਡ ਸਿਗਰਟਾਂ, 148 ਵਿਦੇਸ਼ੀ ਮੂਲ ਦੇ ਹੁੱਕੇ ਦਾ ਸਾਮਾਨ, 13,000 ਲਾਈਟਰ ਅਤੇ ਕੂਲਿਪ ਦੇ 18 ਪੈਕ ਸ਼ਾਮਲ ਹਨ। ਚੀਮਾ ਨੇ ਕਿਹਾ ਕਿ ਫੜੇ ਗਏ ਸਾਮਾਨ 'ਤੇ 50 ਲੱਖ ਰੁਪਏ ਤੋਂ ਵੱਧ ਦੀ ਟੈਕਸ ਦੇਣਦਾਰੀ, ਲਾਗੂ ਜੁਰਮਾਨਿਆਂ ਦੇ ਨਾਲ, ਸਖਤੀ ਨਾਲ ਵਸੂਲ ਕੀਤੀ ਜਾਵੇਗੀ। 12 ਲੱਖ ਰੁਪਏ ਦੀ ਰਕਮ ਵਸੂਲ ਕੀਤੀ ਜਾ ਚੁੱਕੀ ਹੈ।




# ਮੰਤਰੀਆਂ ਤੇ ਵਿਧਾਇਕਾਂ ਨੇ ਪੰਜਾਬ ਦੇ ਘਰ-ਘਰ ਤੱਕ ਪਹੁੰਚਾਇਆ ਮਾਨ ਸਰਕਾਰ ਦਾ ਕੰਮ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ ਪਾਰਟੀ ਨੇ ਸ਼ੁੱਕਰਵਾਰ ਨੂੰ ਆਪਣੀ ਰਾਜ ਵਿਆਪੀ ਪਹੁੰਚ ਮੁਹਿੰਮ ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ ਨੂੰ ਜਾਰੀ ਰੱਖਿਆ।ਸੰਵਾਦ ਪਹਿਲਕਦਮੀ ਦੇ ਦੂਜੇ ਦਿਨ ਪੰਜਾਬ ਭਰ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿੱਥੇ ਮੰਤਰੀਆਂ ਅਤੇ ਵਿਧਾਇਕਾਂ ਨੇ ਸਿੱਧੇ ਤੌਰ 'ਤੇ ਨਾਗਰਿਕਾਂ ਨਾਲ ਗੱਲਬਾਤ ਕੀਤੀ, ਸਰਕਾਰ ਦਾ ਰਿਪੋਰਟ ਕਾਰਡ ਪੇਸ਼ ਕੀਤਾ ਅਤੇ ਜਨਤਾ ਤੋਂ ਫੀਡਬੈਕ ਲਿਆ।ਕੈਬਨਿਟ ਮੰਤਰੀ ਬਰਿੰਦਰ ਗੋਇਲ, ਹਰਭਜਨ ਸਿੰਘ ਈ ਟੀ ਓ ਅਤੇ ਲਾਲ ਚੰਦ ਕਟਾਰੂਚੱਕ ਨੇ ਆਪਣੇ-ਆਪਣੇ ਹਲਕਿਆਂ ਵਿੱਚ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ।ਉਨ੍ਹਾਂ ਨੁੱਕੜ ਮੀਟਿੰਗਾਂ ਅਤੇ ਜਨਤਕ ਗੱਲਬਾਤ ਰਾਹੀਂ ਪਿਛਲੇ ਚਾਰ ਸਾਲਾਂ ਦੌਰਾਨ ਭਗਵੰਤ ਮਾਨ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ।ਲਹਿਰਾ ਵਿੱਚ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਅਸਲ ਤਬਦੀਲੀ



ਲਿਆਉਣ 'ਤੇ ਧਿਆਨ ਦਿੱਤਾ ਹੈ, ਇਹ ਯਕੀਨੀ ਬਣਾਇਆ ਹੈ ਕਿ ਲਾਭ ਹਰ ਘਰ ਤੱਕ ਪਹੁੰਚੇ।ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਵਿੱਚ ਸਿੱਖਿਆ, ਸਿਹਤ ਸੰਭਾਲ, ਬਿਜਲੀ, ਰੁਜ਼ਗਾਰ, ਬੁਨਿਆਦੀ ਢਾਂਚੇ ਅਤੇ ਕਾਨੂੰਨ ਵਿਵਸਥਾ ਵਿੱਚ ਸੁਧਾਰ ਸ਼ਾਮਲ ਹਨ।ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਪ੍ਰਾਪਤੀਆਂ ਨੂੰ ਉਜਾਗਰ ਕਰਨ ਬਾਰੇ ਨਹੀਂ ਹੈ, ਸਗੋਂ ਨਾਗਰਿਕਾਂ ਨਾਲ ਸਿੱਧਾ ਸੰਚਾਰ ਮਜ਼ਬੂਤ ਕਰਨ ਅਤੇ ਉਨ੍ਹਾਂ ਦੀਆਂ ਇੱਛਾਵਾਂ ਨੂੰ ਸਮਝਣ ਬਾਰੇ ਵੀ ਹੈ।ਮੁਹਿੰਮ ਦੇ ਹਿੱਸੇ ਵਜੋਂ, 'ਆਪ' ਵਿਧਾਇਕਾਂ ਅਤੇ ਆਗੂਆਂ ਨੇ ਬਰਨਾਲਾ, ਰਾਜਰਾਣਾ (ਸਰਦੂਲਗੜ੍ਹ), ਮੋਮੀਆਂ (ਸ਼ੁਤਰਾਣਾ), ਬਾਹੋ ਯਾਤਰੀ (ਬਠਿੰਡਾ ਦਿਹਾਤੀ) ਅਤੇ ਗਿੱਦੜ (ਭੁੱਚੋ ਮੰਡੀ) ਸਮੇਤ ਕਈ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਪਹੁੰਚ ਕੀਤੀ।ਇਸੇ ਤਰ੍ਹਾਂ ਦੇ ਪ੍ਰੋਗਰਾਮ ਭਾਈ ਬਖਤੌਰ, ਘੁੰਮਣ ਕਲਾਂ, ਮਾਨਸਾ, ਕਸਮ ਭੱਟੀ (ਜੈਤੋ) ਅਤੇ ਲੁਧਿਆਣਾ ਪੂਰਬੀ ਵਿੱਚ ਵੀ ਕਰਵਾਏ ਗਏ।ਮੁਹਿੰਮ ਦੇ ਦੂਜੇ ਦਿਨ ਧੀਮਾਂ ਵਾਲੀ (ਕੋਟਕਪੂਰਾ), ਸਮਾਣਾ, ਖਿਆਲੀ (ਮਹਿਲ ਕਲਾਂ) ਅਤੇ ਬੱਲੂਆਣਾ ਦੇ ਕਈ ਇਲਾਕਿਆਂ ਵਿੱਚ ਵੀ ਮੀਟਿੰਗਾਂ ਕੀਤੀਆਂ ਗਈਆਂ, ਜਿੱਥੇ ਲੋਕਾਂ ਨੇ ਵੱਡੀ ਗਿਣਤੀ 'ਚ ਇਕੱਠੇ ਹੋ ਕੇ ਭਰਵਾਂ ਸਮਰਥਨ ਦਿੱਤਾ।

## ਅੱਜ ਬਿਜਲੀ ਰਹੇਗੀ ਬੰਦ

**ਦੋਰਾਹਾ (ਹਰਮਿੰਦਰ ਸੇਠ)**-ਉਪ ਮੰਡਲ ਸ਼ਹਿਰੀ ਦੋਰਾਹਾ ਅਧੀਨ ਆਉਂਦੇ ਇਲਾਕਿਆਂ ਵਿੱਚ 28 ਮਾਰਚ ਨੂੰ ਜ਼ਰੂਰੀ ਮੁਰੰਮਤ ਕਾਰਜਾਂ ਕਰਕੇ ਬਿਜਲੀ ਸਪਲਾਈ ਅਸਥਾਈ ਤੌਰ 'ਤੇ ਬੰਦ ਰਹੇਗੀ।ਜਾਣਕਾਰੀ ਅਨੁਸਾਰ ਸਵੇਰੇ 10:00 ਵਜੇ ਤੋਂ ਸ਼ਾਮ 06:00 ਵਜੇ ਤੱਕ 11 ਕੇ.ਵੀ. ਸਿਟੀ ਦੋਰਾਹਾ, 11 ਕੇ.ਵੀ. ਸਤਨਾਮ ਨਗਰ ਤੇ 11 ਕੇ.ਵੀ. ਡਾ. ਸੋਨੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ।ਇਸ ਕਾਰਨ ਉਪ ਮੰਡਲ ਦੇ ਕਈ ਮਹੱਤਵਪੂਰਨ ਇਲਾਕੇ ਪ੍ਰਭਾਵਿਤ ਹੋਣਗੇ, ਜਿਨ੍ਹਾਂ ਵਿੱਚ ਮੇਨ ਬਾਜਾਰ, ਸਿਧੂ ਹਸਪਤਾਲ ਰੋਡ, ਗੁਰੂ ਨਾਨਕ ਪੁਰਾ ਮੋਹੱਲਾ, ਰੇਲਵੇ ਰੋਡ, ਬੋਪਾਰਾਏ ਰੋਡ, ਲੱਕੜ ਮੰਡੀ, ਕੈਲਾਸ ਨਗਰ, ਵਿਸ਼ਵਕਰਮਾ ਰੋਡ, ਜੈਲਦਾਰ ਮੋਹੱਲਾ, ਕਦੋਂ ਰੋਡ, ਅੜੈਚਾਂ ਰੋਡ, ਪੁਰਾਣਾ ਬਾਜਾਰ, ਵਾਲਮੀਕੀ ਮੋਹੱਲਾ, ਸਤਨਾਮ ਨਗਰ ਅਤੇ ਬਾਜੀਗਰ ਬਸਤੀ ਸਮੇਤ ਇਨ੍ਹਾਂ ਫੀਡਰਾਂ ਨਾਲ ਸੰਬੰਧਿਤ ਉਦਯੋਗਿਕ ਇਕਾਈਆਂ ਤੇ ਹੋਰ ਇਲਾਕੇ ਸ਼ਾਮਲ ਹਨ।ਇਹ ਜਾਣਕਾਰੀ ਉਪ ਮੰਡਲ ਅਫ਼ਸਰ (ਸ਼ਹਿਰੀ) ਵੱਲੋਂ ਸਾਂਝੀ ਕੀਤੀ ਗਈ ਹੈ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਮੁਰੰਮਤ ਕਾਰਜ ਦੌਰਾਨ ਪੂਰਾ ਸਹਿਯੋਗ ਦਿੱਤਾ ਜਾਵੇ, ਤਾਂ ਜੁ ਕੰਮ ਸਮੇਂ ਸਿਰ ਤੇ ਸੁਚੱਜੇ ਢੰਗ ਨਾਲ ਪੂਰਾ ਕੀਤਾ ਜਾ ਸਕੇ।

## ਮੁੱਖ ਮੰਤਰੀ ਸਿਹਤ ਯੋਜਨਾ ਅਧੀਨ 3 ਮਹੀਨਿਆਂ 'ਚ 30.51 ਲੱਖ ਤੋਂ ਵੱਧ ਪਰਵਾਰਾਂ ਨੂੰ ਕੀਤਾ ਰਜਿਸਟਰ : ਡਾ. ਬਲਬੀਰ ਸਿੰਘ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵੱਡੇ ਪੱਧਰ 'ਤੇ ਜਨਤਕ ਸਿਹਤ ਸੇਵਾਵਾਂ ਪ੍ਰਦਾਨ ਕਰਦਿਆਂ ਨਵਾਂ ਮਾਪਦੰਡ ਸਥਾਪਤ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਇਸ ਯੋਜਨਾ ਅਧੀਨ ਸਿਰਫ਼ ਤਿੰਨ ਮਹੀਨਿਆਂ ਵਿੱਚ ਹੀ 30.51 ਲੱਖ ਤੋਂ ਵੱਧ ਪਰਵਾਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਹੈ।ਇਹ ਜਾਣਕਾਰੀ ਦਿੰਦਿਆਂ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ 8 ਜਨਵਰੀ 2026 ਨੂੰ ਸ਼ੁਰੂ ਹੋਈ ਇਸ ਯੋਜਨਾ ਤਹਿਤ ਹੁਣ ਤੱਕ 1.77 ਲੱਖ ਤੋਂ ਵੱਧ ਇਲਾਜਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਨ੍ਹਾਂ ਦੀ ਕੁੱਲ ਲਾਗਤ 292 ਕਰੋੜ ਰੁਪਏ ਹੈ।ਉਨ੍ਹਾਂ ਕਿਹਾ ਕਿ 71,000 ਦਾਅਵਿਆਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ ਅਤੇ ਸੂਚੀਬੱਧ ਹਸਪਤਾਲਾਂ ਨੂੰ 60 ਕਰੋੜ ਰੁਪਏ ਜਾਰੀ ਕੀਤੇ ਗਏ ਹਨ।ਸਿਹਤ ਮੰਤਰੀ ਨੇ ਦਾਅਵਾ ਕੀਤਾ ਕਿ ਰਜਿਸਟ੍ਰੇਸ਼ਨ, ਇਲਾਜ ਅਤੇ ਕਵਰੇਜ ਦੇ ਹਰੇਕ ਮਾਪਦੰਡ 'ਤੇ ਪੰਜਾਬ ਨੇ ਹੋਰ ਸੂਬਿਆਂ ਨੂੰ ਪਿੱਛੇ ਛੱਡ ਦਿੱਤਾ ਹੈ। ਉਨ੍ਹਾਂ ਇਸਨੂੰ ਸੂਬੇ ਲਈ ਇਤਿਹਾਸਕ ਉਪਲੱਬਧੀ ਕਰਾਰ ਦਿੱਤਾ।ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਬਾਰੇ ਉਨ੍ਹਾਂ ਕਿਹਾ ਕਿ 31 ਮਾਰਚ ਤੱਕ ਦੇ ਸਾਰੇ ਬਕਾਏ 15 ਅਪ੍ਰੈਲ ਤੱਕ ਨਿਪਟਾ ਦਿੱਤੇ ਜਾਣਗੇ।ਇਸ ਤੋਂ ਇਲਾਵਾ, 1 ਅਪ੍ਰੈਲ ਤੋਂ ਨਵਾਂ ਭੁਗਤਾਨ ਢਾਂਚਾ ਲਾਗੂ ਕੀਤਾ ਜਾਵੇਗਾ, ਜਿਸ ਅਨੁਸਾਰ 1 ਲੱਖ ਰੁਪਏ ਤੱਕ ਦੇ ਦਾਅਵੇ 15 ਦਿਨਾਂ ਵਿੱਚ ਅਤੇ ਇਸ ਤੋਂ ਵੱਧ ਰਕਮ ਵਾਲੇ ਬਿੱਲ ਇੱਕ ਹਫ਼ਤੇ ਵਿੱਚ ਕਲੀਅਰ ਕੀਤੇ ਜਾਣਗੇ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਯੋਜਨਾ ਹਰੇਕ ਵਰਗ ਦੇ ਲੋਕਾਂ ਲਈ ਲਾਭਦਾਇਕ ਸਾਬਤ ਹੋ ਰਹੀ ਹੈ।ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਦੇ ਮਰੀਜ਼ ਇਸ ਦਾ ਲਾਭ ਲੈ ਰਹੇ ਹਨ ਅਤੇ ਦਿਲ ਤੇ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦਾ ਇਲਾਜ ਵੀ ਇਸ ਤਹਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਮੁਫ਼ਤ ਇਲਾਜ 'ਤੇ ਕੀਤੇ ਜਾ ਰਹੇ ਖਰਚ ਨਾਲ ਆਮ ਲੋਕਾਂ ਨੂੰ ਵੱਡੀ ਵਿੱਤੀ ਰਾਹਤ ਮਿਲ ਰਹੀ ਹੈ ਅਤੇ ਸੂਬੇ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਵਿੱਚ ਮਹੱਤਵਪੂਰਨ ਸੁਧਾਰ ਆਇਆ ਹੈ।

## ਅੱਜ ਬਿਜਲੀ ਬੰਦ ਰਹੇਗੀ

**ਮੂਨਕ (ਰਾਜਪਾਲ ਸਿੰਗਲਾ)**-ਬਿਜਲੀ ਲਾਈਨਾਂ ਦੀ ਹੋ ਰਹੀ ਮੁਰੰਮਤ ਨੂੰ ਲੈ ਕੇ ਕੁੱਝ ਇਲਾਕੇ ਦੀ 24 ਘੰਟੇ ਵਾਲੀ ਬਿਜਲੀ ਰਹੇਗੀ ਬੰਦ।ਪਾਵਰਕਾਮ ਦਫ਼ਤਰ ਦੇ ਐਸਡੀਓ ਜੋਧਾ ਰਾਮ ਨੇ ਕਿਹਾ ਕਿ 28 ਮਾਰਚ ਨੂੰ ਮੂਣਕ ਸਿਟੀ-1 ਫੀਡਰ ਤੇ ਆਈ.ਟੀ.ਆਈ ਕੈਟ-1 ਫੀਡਰ ਦੀ 24 ਘੰਟੇ ਵਾਲੀ ਬਿਜਲੀ ਲਾਈਨਾਂ ਦੀ ਚੱਲ ਰਹੀ ਮੁਰੰਮਤ ਨੂੰ ਲੈ ਕੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬਿਜਲੀ ਬੰਦ ਰਹੇਗੀ।ਉਨ੍ਹਾਂ ਕਿਹਾ ਕਿ ਹੋਣ ਵਾਲੇ ਕੰਮ ਨੂੰ ਦੇਖਦੇ ਹੋਏ ਬਿਜਲੀ ਬੰਦ ਦੇ ਸਮੇਂ ਵਿੱਚ ਵੱਧ-ਘੱਟ ਹੋ ਸਕਦਾ ਹੈ।

## ਅਨਾਜ ਮੰਡੀ ਸਰਹਿੰਦ 'ਚ ਹੋਣ ਵਾਲੀ ਅੱਜ ਦੀ ਰੈਲੀ ਹੋਵੇਗੀ ਇਤਿਹਾਸਕ : ਵਿਧਾਇਕ ਰਾਏ



**ਫ਼ਤਿਹਗੜ੍ਹ ਸਾਹਿਬ (ਪੱਤਰ ਪ੍ਰੇਰਕ)**-ਅਨਾਜ ਮੰਡੀ ਸਰਹਿੰਦ ਵਿਖੇ ਆਮ ਆਦਮੀ ਪਾਰਟੀ ਦੀ ਹੋਣ ਵਾਲੀ ਰੈਲੀ ਦੇ ਸੰਬੰਧ ਵਿੱਚ 'ਆਪ' ਆਗੂਆਂ ਦੀ ਮੀਟਿੰਗ ਸਰਹਿੰਦ ਅਨਾਜ ਮੰਡੀ ਵਿਖੇ ਹੋਈ। ਮੀਟਿੰਗ ਦੀ ਅਗਵਾਈ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਕੀਤੀ ਗਈ।ਇਸ ਮੌਕੇ ਹਲਕੇ ਭਰ ਤੋਂ ਵੱਡੀ ਗਿਣਤੀ ਵਿੱਚ 'ਆਪ' ਆਗੂਆਂ ਨੇ ਸ਼ਾਮਲ ਹੋ ਕੇ ਰੈਲੀ ਨੂੰ ਇਤਿਹਾਸਕ ਬਣਾਉਣ ਦਾ ਸੰਕੇਤ ਦਿੱਤਾ ਹੈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਜਿਹੇ ਮੁੱਖ ਮੰਤਰੀ ਹਨ।

ਜੋ ਸੂਬੇ ਦੀ ਬੇਹਤਰੀ ਦੇ ਲਈ ਦਿਨ ਰਾਤ ਕੰਮ ਕਰਦੇ ਹਨ।ਰੋਜ਼ਾਨਾ 4-5 ਪ੍ਰੋਗਰਾਮ ਕਰਦੇ ਹਨ ਤਾਂ ਜੁ ਪੰਜਾਬ ਦੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਵੇ।ਕੁੱਲ ਮਿਲਾ ਕੇ ਕਿਹਾ ਜਾ ਸਕਦਾ ਹੈ ਕਿ ਲੋਕਾਂ ਦਾ ਚੁਣਿਆ ਮੁੱਖ ਮੰਤਰੀ ਹਮੇਸ਼ਾ ਲੋਕਾਂ ਵਿੱਚ ਰਹਿੰਦਾ ਹੈ, ਜਦਕਿ ਪਿਛਲੀਆਂ ਸਰਕਾਰਾਂ ਦੇ ਮੁੱਖ ਮੰਤਰੀ ਕਦੇ ਮਹਿਲਾਂ ਤੋਂ ਬਾਹਰ ਹੀ ਨਹੀਂ ਨਿਕਲੇ ਸਨ।ਇਸ ਲਈ ਉਨ੍ਹਾਂ ਦਾ ਫ਼ਰਜ਼ ਬਣਦਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਹੋਰ ਮਜ਼ਬੂਤ ਕਰਨ, ਇਹ ਤਾਂ ਹੀ ਸੰਭਵ ਹੋਵੇਗਾ ਜਦੋਂ ਅਸੀਂ ਸਾਰੇ ਇੱਕਜੁੱਟ ਹੋ ਕੇ 28 ਮਾਰਚ ਨੂੰ ਅਨਾਜ ਮੰਡੀ ਸਰਹਿੰਦ ਵਿਖੇ ਹੋਣ ਵਾਲੀ ਰੈਲੀ ਨੂੰ ਇਤਿਹਾਸਕ ਬਣਾਵਾਂਗੇ।ਇਸ ਰੈਲੀ ਦੇ ਨਾਲ ਸਾਡੇ ਹਲਕੇ ਦੀ ਸ਼ਾਨ ਵਧੇਗੀ।ਹਰ ਆਪ ਆਗੂ ਨੂੰ ਆਪਣੀ ਜਿੰਮੇਵਾਰੀ ਸਮਝਦੇ ਹੋਏ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ 28 ਮਾਰਚ ਨੂੰ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਹੀਦਾਂ ਦੀ ਪਵਿੱਤਰ ਧਰਤੀ ਫਤਿਹਗੜ੍ਹ ਸਾਹਿਬ ਦੀ ਅਨਾਜ ਮੰਡੀ ਸਰਹੰਦ ਵਿਖੇ ਪਹੁੰਚ ਰਹੇ ਹਨ। ਉਨ੍ਹਾਂ ਦੇ ਵਡਮੁੱਲੇ ਵਿਚਾਰ ਸੁਣਨ ਦੇ ਲਈ ਵਧ-ਚੜ੍ਹ ਕੇ ਰੈਲੀ ਵਿੱਚ ਸ਼ਾਮਲ ਹੋਈਏ।

## ਸਫਾ 1 ਦੇ ਬਾਕੀ...

### ਚਾਰ ਲੇਬਰ ਕੋਡਾਂ ਵਿਰੁੱਧ...

ਦੌਰਾਨ ਟ੍ਰੇਡ ਯੂਨੀਅਨਾਂ ਵਰਗੇ ਹਿੱਸੇਦਾਰਾਂ ਨਾਲ ਕੋਈ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ।ਇਸ ਤਰ੍ਹਾਂ ਦੇ ਗੰਭੀਰ ਮਸਲੇ 'ਤੇ, ਜੋ ਦੇਸ਼ ਦੇ ਮਜ਼ਦੂਰ ਵਰਗ ਦੀ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜਿਆ ਹੈ, ਕਾਫ਼ੀ ਸਮੇਂ ਤੋਂ ਭਾਰਤੀ ਮਜ਼ਦੂਰ ਕਾਨਫਰੰਸ ਵੀ ਨਹੀਂ ਬੁਲਾਈ ਗਈ।ਇਹ ਅੰਤਰਰਾਸ਼ਟਰੀ ਲੇਬਰ ਮਾਪਦੰਡਾਂ ਦੀ ਉਲੰਘਣਾ ਹੈ, ਜਿਨ੍ਹਾਂ ਨਾਲ ਭਾਰਤ ਇੱਕ ਦੇਸ਼ ਵਜੋਂ ਵਚਨਬੱਧ ਹੈ।

ਇਸ ਹਾਲਤ ਵਿੱਚ ਟ੍ਰੇਡ ਯੂਨੀਅਨਾਂ ਅਤੇ ਮਜ਼ਦੂਰ ਸੰਸਥਾਵਾਂ ਕੋਲ ਇਨ੍ਹਾਂ ਲੇਬਰ ਕੋਡ ਦੇ ਖ਼ਿਲਾਫ਼ ਸੰਘਰਸ਼ ਜਾਰੀ ਰੱਖਣ ਅਤੇ ਉਨ੍ਹਾਂ ਦੇ ਲਾਗੂ ਕਰਨ ਦੇ ਵਿਰੁੱਧ ਵਿਰੋਧ ਖੜ੍ਹਾ ਕਰਨ ਤੋਂ ਇਲਾਵਾ ਹੋਰ ਕੋਈ ਵਿਕਲਪ ਨਹੀਂ ਹੈ।ਪਹਿਲੀ ਅਪ੍ਰੈਲ ਨੂੰ ਦੇਸ਼ ਭਰ ਦੀਆਂ ਸਾਰੀਆਂ ਕੰਮਕਾਜ ਵਾਲੀਆਂ ਥਾਵਾਂ 'ਤੇ ਕਾਲਾ ਦਿਵਸ ਵਜੋਂ ਮਨਾਇਆ ਜਾਵੇ।ਇਸਨੂੰ ਵੱਖ-ਵੱਖ ਢੰਗਾਂ ਨਾਲ ਮਨਾਇਆ ਜਾ ਸਕਦਾ ਹੈ—ਕਾਲੇ ਬੈਜ ਲਗਾ ਕੇ, ਬਾਂਹਾਂ ਜਾਂ ਮੱਥੇ 'ਤੇ ਕਾਲੀ ਪੱਟੀ ਬੰਨ੍ਹ ਕੇ, ਦੁਪਹਿਰ ਦੀ ਛੁੱਟੀ ਵੇਲੇ ਪ੍ਰਦਰਸ਼ਨ, ਨਾਅਰੇਬਾਜ਼ੀ, ਧਰਨੇ, ਜੁਲੂਸ, ਸਾਈਕਲ/ਮੋਟਰਸਾਈਕਲ ਜਥੇ ਜਾਂ ਹੋਰ ਨਵੇਂ ਤਰੀਕਿਆਂ ਨਾਲ।ਇਹ ਪ੍ਰੋਗਰਾਮ ਰਾਜ ਇਕਾਈਆਂ ਵੱਲੋਂ ਸਾਂਝੇ ਤੌਰ 'ਤੇ ਜਾਂ ਅਲੱਗ-ਅਲੱਗ ਅਤੇ ਐਸ ਕੇ ਐਮ ਦੇ ਸਹਿਯੋਗ ਨਾਲ ਕੀਤਾ ਜਾ ਸਕਦਾ ਹੈ।ਇਹ ਬਿਆਨ ਸਾਂਝੀਆਂ ਟਰੇਡ ਯੂਨੀਅਨਾਂ ਏਟਕ, ਇੰਟਕ, ਐੱਚ ਐੱਮ ਐੱਸ, ਸੀਟੂ, ਏ ਆਈ ਯੂ ਟੀ ਯੂ ਸੀ, ਟੀ ਯੂ ਸੀ ਸੀ, ਏ ਆਈ ਸੀ ਸੀ ਟੀ ਯੂ, ਐੱਸ ਪੀ ਐੱਫ, ਯੂ ਟੀ ਯੂ ਸੀ ਸੁਤੰਤਰ ਅਤੇ ਖੇਤਰੀ ਫੈਡਰੇਸ਼ਨਾਂ ਵਲੋਂ ਸਾਂਝੇ ਤੌਰ ਤੇ ਕਾਮਰੇਡ ਅਮਰਜੀਤ ਕੌਰ, ਜਨਰਲ ਸਕੱਤਰ ਏਟਕ ਵੱਲੋਂ ਜਾਰੀ ਕੀਤਾ ਗਿਆ।

### ਕੰਸਟਰਕਸ਼ਨ ਵਰਕਰਾਂ...

ਮਹਿਕਮੇ ਦੀ ਸਾਈਟ ਅਸਲ ਵਿੱਚ ਤਾਂ ਚੱਲਦੀ ਹੀ ਨਹੀਂ, ਜੇਕਰ ਚੱਲਦੀ ਹੈ ਤਾਂ ਬਹੁਤ ਹੌਲੀ ਚਲਦੀ ਹੈ। ਐੱਨ ਆਈ ਸੀ ਵੱਲੋਂ ਕਿਸੇ ਦਾ ਕੋਈ ਜਵਾਬ ਨਹੀਂ ਦਿੱਤਾ ਜਾਂਦਾ, ਕਈ ਵਾਰ ਓ ਟੀ ਪੀ ਹੀ ਨਹੀਂ ਆਉਂਦਾ, ਕਈ-ਕਈ ਦਿਨ ਬੰਦ ਰਹਿੰਦਾ ਹੈ।ਮੋਬਾਈਲ ਐਪ ਸਹੀ ਢੰਗ ਨਾਲ ਕੰਮ ਨਹੀਂ ਕਰਦਾ।ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਪੁਰਾਣੇ ਕੇਸ ਪਾਸ ਹੋਣ ਉਪਰੰਤ ਬੈਂਕ ਵਿੱਚ ਛੋਟਾ ਖਾਤਾ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਅਦਾਇਗੀ ਨਹੀਂ ਹੁੰਦੀ। ਉਸ ਬਾਰੇ ਲਾਭਪਾਤਰੀ ਜਾਂ ਵਾਰਸ ਵੱਲੋਂ ਅਰਜ਼ੀ ਦੇ ਕੇ ਇੰਸਪੈਕਟਰ ਤੋਂ ਪਾਸ ਕਰਾ ਕੇ ਵਧੀਕ ਕਿਰਤ ਕਮਿਸ਼ਨਰ ਰਾਹੀਂ ਸਕੱਤਰ ਨੂੰ ਭੇਜੀਆਂ ਜਾਂਦੀਆਂ ਹਨ। ਉਹਨਾਂ ਦੀ ਪੇਮੈਂਟ ਲੱਗਭੱਗ ਪੰਜ-ਪੰਜ ਸਾਲ ਤੱਕ ਲਟਕਦੀ ਰਹਿੰਦੀ ਹੈ ਤੇ ਲਾਭਪਾਤਰੀ ਜਾਂ ਵਾਰਸ ਨੂੰ ਕੋਈ ਸੂਚਨਾ ਨਹੀਂ ਦਿੱਤੀ ਜਾਂਦੀ। ਐੱਲ ਟੀ ਸੀ ਦੀ ਰਕਮ 2000 ਤੋਂ ਵਧਾ ਕੇ 10000 ਰੁਪਏ ਕਰਨ ਨਾਲ ਇੱਕ ਤਰ੍ਹਾਂ ਖਤਮ ਕਰ ਦਿੱਤੀ ਹੈ, ਕਿਉਂਕਿ ਪੰਜਾਬ, ਹਿਮਾਚਲ ਅਤੇ ਦਿੱਲੀ ਵਿੱਚ ਧਾਰਮਿਕ ਸਥਾਨਾਂ 'ਤੇ ਦਰਸ਼ਨਾਂ ਲਈ ਜਾਣ ਵਾਸਤੇ 1000 ਰੁਪਏ ਤੋਂ ਵੱਧ ਦਾ ਕਿਰਾਇਆ ਨਹੀਂ ਲੱਗਦਾ। ਵਰਕਰ ਆਪਣਾ ਇੱਕ ਦਿਨ ਕੇਸ ਤਿਆਰ ਕਰਵਾ ਕੇ ਦੂਸਰੇ ਦਿਨ ਸੇਵਾ ਕੇਂਦਰ ਵਿੱਚ ਜਮ੍ਹਾਂ ਕਰਵਾਏਗਾ, ਜੇਕਰ ਇਤਰਾਜ਼ ਲੱਗ ਗਿਆ ਤੇ ਫਿਰ ਇੱਕ ਦਿਹਾੜੀ ਹੋਰ ਖ਼ਤਮ ਹੋ ਜਾਂਦੀ ਹੈ। ਦੋ ਦਿਨ ਧਾਰਮਿਕ ਯਾਤਰਾ 'ਤੇ ਲੱਗਣਗੇ, ਇਸ ਤਰ੍ਹਾਂ ਕਿਰਤੀ ਨੂੰ 5000 ਰੁਪਏ ਖਰਚ ਕਰਕੇ ਸਿਰਫ 1000 ਰੁਪਏ ਹੀ ਜਾਂ ਇਸ ਤੋਂ ਵੀ ਘੱਟ ਮਿਲੇਗਾ। ਉਹਨਾਂ ਮੰਗ ਕਰਦਿਆਂ ਕਿਹਾ ਕਿ ਐਲ ਟੀ ਸੀ ਅਪਲਾਈ ਕਰਨ ਵਾਲੇ ਲਾਭਪਾਤਰੀ ਨੂੰ ਘੱਟੋ-ਘੱਟ 2000 ਰੁਪਏ ਲਾਜ਼ਮੀ ਦਿੱਤੇ ਜਾਣ।

ਲਾਭਪਾਤਰੀਆਂ ਵੱਲੋਂ ਅਪਲਾਈ ਕੀਤੀਆਂ ਸਕੀਮਾਂ 'ਤੇ ਵਾਰ-ਵਾਰ ਇਤਰਾਜ਼ ਲਗਾਏ ਜਾਂਦੇ ਹਨ, ਇਸ ਸੰਬੰਧੀ ਵੱਧ ਤੋਂ ਵੱਧ ਦੋ ਵਾਰ ਇਤਰਾਜ਼ ਲਗਾਉਣ ਤੇ ਤੀਜੀ ਵਾਰ ਖੁਦ ਲਾਭਪਾਤਰੀ ਨੂੰ ਬੁਲਾ ਕੇ ਇੰਸਪੈਕਟਰਾਂ ਵੱਲੋਂ ਹੀ ਇਤਰਾਜ਼ ਦਰੁਸਤ ਕੀਤੇ ਜਾਣ ਤੇ ਇਸ ਸੰਬੰਧੀ ਸਖਤ ਹਦਾਇਤਾਂ ਦਿੱਤੀਆਂ ਜਾਣ ਤਾਂ ਜੋ ਕਿਰਤੀਆਂ ਦੀ ਖੱਜਲ ਖੁਆਰੀ ਬੰਦ ਹੋ ਸਕੇ। ਪੈਨਸ਼ਨ ਦੇ ਕੇਸ ਜੋ 2016 ਤੋਂ ਲੈ ਕੇ ਲਟਕ ਰਹੇ ਹਨ, ਲੇਬਰ ਕਮਿਸ਼ਨਰ ਤੋਂ ਪਾਸ ਵੀ ਹੋ ਜਾਂਦੇ ਹਨ, ਪਰ ਲਾਈਫ ਸਰਟੀਫਿਕੇਟ ਨਾ ਭੇਜੇ ਜਾ ਰਹੇ ਹਨ, ਨਾ ਹੀ ਪ੍ਰਵਾਨ ਕੀਤੇ ਜਾ ਰਹੇ ਹਨ। ਇਸ ਸਿਸਟਮ ਨੂੰ ਸੁਧਾਰ ਕੇ ਬੈਂਕਾਂ ਰਾਹੀਂ ਪੈਨਸ਼ਨ ਦਿੱਤੀ ਜਾਵੇ। ਲਾਭਪਾਤਰੀ ਤੋਂ ਲਾਈਫ ਸਾਰਟੀਫਿਕੇਟ ਬੈਂਕਾਂ ਵਿੱਚ ਹੀ ਲਿਆ ਜਾਵੇ। ਨਵੀਂ ਪੈਨਸ਼ਨ ਨੀਤੀ ਤੁਰੰਤ ਰੱਦ ਕੀਤੀ ਜਾਵੇ ਅਤੇ ਜਾਂ ਫਿਰ ਪੈਨਸ਼ਨ ਵਿੱਚ ਵਜ਼ੀਫੇ ਵਾਂਗ ਦੋਹਰਾ ਲਾਭ (ਬੁਢਾਪਾ ਪੈਨਸ਼ਨ) ਲੈਣ ਦਾ ਹੱਕ ਦਿੱਤਾ ਜਾਵੇ। ਜਨਰਲ ਸਰਜਰੀ ਦੇ ਲਾਭ ਨੂੰ ਪਾਰਦਰਸ਼ਤਾ ਨਾਲ ਲਾਗੂ ਕੀਤਾ ਜਾਵੇ ਤੇ ਸੀ ਐੱਮ ਓ ਦਫਤਰੋਂ ਵਿਭਾਗ ਹੀ ਬਿੱਲ ਵੈਰੀਫਾਈ ਕਰਾਵੇ ਤਾਂ ਜੋ ਕਿਰਤੀਆਂ ਦੀ ਖੱਜਲ-ਖੁਆਰੀ ਬੰਦ ਹੋ ਸਕੇ।30ਵੀਂ ਮੀਟਿੰਗ ਵਿੱਚ ਸ਼ਗਨ ਸਕੀਮ ਸੰਬੰਧੀ ਮੈਰਿਜ ਸਰਟੀਫਿਕੇਟ ਦੀ ਸ਼ਰਤ ਖਤਮ ਕਰ ਦਿੱਤੀ ਗਈ ਸੀ, ਪ੍ਰੰਤੂ ਇਸ ਸੰਬੰਧੀ ਪੱਤਰ ਕਈ ਮਹੀਨੇ ਦੇਰੀ ਨਾਲ ਜਾਰੀ ਹੋਇਆ, ਸੋ ਵਾਰ ਵਾਰ ਇਸ ਸੰਬੰਧੀ ਮੈਰਿਜ ਸਰਟੀਫਿਕੇਟ ਦੇ ਇਤਰਾਜ਼ ਲਗਾਏ ਜਾ ਰਹੇ ਹਨ, ਇਸ ਸੰਬੰਧੀ ਮੀਟਿੰਗ ਮਿਤੀ ਤੋਂ ਹੀ ਨਿਪਟਾਰਾ ਕੀਤਾ ਜਾਵੇ।

ਇਸ ਮੌਕੇ ਆਗੂਆਂ ਨੇ ਐਲਾਨ ਕੀਤਾ ਕਿ ਮੰਗਾਂ ਦਾ ਤੁਰੰਤ ਨਿਪਟਾਰਾ ਨਾ ਕਰਨ 'ਤੇ ਕਿਰਤ ਮੰਤਰੀ ਤਰੁਣਦੀਪ ਸੌਂਦ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਏਟਕ ਦੇ ਜਥੇਬੰਦਕ ਸਕੱਤਰ ਕਾਮਰੇਡ ਮਨਿੰਦਰ ਸਿੰਘ ਭਾਟੀਆ, ਕੁੱਲ ਹਿੰਦ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕ੍ਰਿਸ਼ਨ ਚੌਹਾਨ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾਈ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ, ਕੰਸਟਰਕਸ਼ਨ ਵਰਕਰ ਲੇਬਰ ਯੂਨੀਅਨ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਸੋਨਾ ਸਿੰਘ ਧੂੰਨਕੀਆਂ, ਸੁਰਿੰਦਰ ਭੈਣੀ, ਰਵੀ ਦੱਤ, ਪਰਮਜੀਤ ਸਿੰਘ ਮੋਗਾ, ਰਣਜੀਤ ਸਿੰਘ ਅੰਮ੍ਰਿਤਸਰ ਸਾਹਿਬ, ਮੱਘਰ ਸਿੰਘ, ਐਡਵੋਕੇਟ ਜਸਪਾਲ ਦੱਪਰ, ਵਿਨੋਦ ਚੁੱਘ ਅਤੇ ਸਾਥੀ ਮਹਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ।

### ਕੇਜਰੀਵਾਲ ਤੇ ਮਾਨ ਵੱਲੋਂ...

ਦੀਆਂ ਚੋਣਾਂ ਹੋਣ ਵਾਲੀਆਂ ਹਨ। ਇਸ ਚੋਣ ਵਿੱਚ ਭਾਜਪਾ ਅਤੇ ਕਾਂਗਰਸ ਵਾਲੇ ਆਪਣੇ-ਆਪਣੇ ਬੱਚਿਆਂ ਨੂੰ ਟਿਕਟਾਂ ਦੇਣਗੇ, ਪਰ ਆਮ ਆਦਮੀ ਪਾਰਟੀ ਸਿਰਫ਼ ਆਮ ਘਰਾਂ ਦੇ ਬੱਚਿਆਂ ਨੂੰ ਹੀ ਟਿਕਟ ਦੇਵੇਗੀ। ਕਿਸੇ ਨੇਤਾ ਦੇ ਪੁੱਤਰ ਨੂੰ ਟਿਕਟ ਨਹੀਂ ਦਿੱਤੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਅਤੇ ਕਾਂਗਰਸ ਵਾਲੇ ਆਪਸ ਵਿੱਚ ਮਿਲੇ ਹੋਏ ਹਨ। ਜੇਕਰ ਲੋਕ ਕਾਂਗਰਸ ਨੂੰ ਵੋਟ ਦਿੰਦੇ ਹਨ ਤਾਂ ਸਮਝ ਲੈਣ ਕਿ ਉਹ ਵੋਟ ਭਾਜਪਾ ਕੋਲ ਹੀ ਚਲੀ ਗਈ ਹੈ ਕਿਉਂਕਿ ਉਨ੍ਹਾਂ ਦਾ ਵਿਧਾਇਕ ਬਾਅਦ ਵਿੱਚ ਉਧਰ ਹੀ ਸ਼ਾਮਲ ਹੋ ਜਾਂਦਾ ਹੈ। ਇਨ੍ਹਾਂ ਦੋਵਾਂ ਨੂੰ ਇੱਕ ਹੀ ਪਾਰਟੀ ਸਮਝੋ ਅਤੇ ਆਮ ਆਦਮੀ ਪਾਰਟੀ ਨੂੰ ਆਪਣੀ ਪਾਰਟੀ ਸਮਝੋ। ਇਹ ਲੋਕ ਲੜਾਈ ਦੀ ਗੱਲ ਕਰਦੇ ਹਨ, ਅਸੀਂ ਬੱਚਿਆਂ ਦੀ ਪੜ੍ਹਾਈ ਦੀ ਗੱਲ ਕਰਦੇ ਹਾਂ। ਇਹ ਲੋਕ ਜਾਤੀਵਾਦ ਦੀ ਗੱਲ ਕਰਦੇ ਹਨ, ਜਦਕਿ ਆਮ ਆਦਮੀ ਪਾਰਟੀ ਚੰਗੇ ਸਕੂਲ, ਹਸਪਤਾਲ, ਫ਼ਸਲਾਂ ਦੇ ਉਚਿਤ ਭਾਅ ਅਤੇ ਕਿਸਾਨ ਦੀ ਮਿਹਨਤ ਦੇ ਮੁੱਲ ਦੀ ਗੱਲ ਕਰਦੀ ਹੈ। ਅਸੀਂ ਔਰਤਾਂ ਲਈ 1000 ਰੁਪਏ ਜਨਰਲ ਕੈਟੇਗਰੀ ਅਤੇ 1500 ਰੁਪਏ ਐੱਸ ਸੀ ਕੈਟਾਗਰੀ ਦੀਆਂ ਔਰਤਾਂ ਦੇ ਬੈਂਕ ਖਾਤੇ ਵਿੱਚ ਹਰ ਮਹੀਨੇ ਭੇਜਣ ਦਾ ਪ੍ਰਬੰਧ ਕੀਤਾ ਹੈ। ਪੰਜਾਬ ਵਿੱਚ ਘਰਾਂ ਦੀ ਬਿਜਲੀ ਬਿਲਕੁਲ ਮੁਫ਼ਤ ਹੈ। ਪੰਜਾਬ ਵਿੱਚ 90 ਫੀਸਦੀ ਘਰਾਂ ਦਾ ਬਿਜਲੀ ਦਾ ਬਿੱਲ ਜ਼ੀਰੋ ਆਉਂਦਾ ਹੈ, ਜਦਕਿ ਗੁਜਰਾਤ ਵਿੱਚ ਲੋਕਾਂ ਨੂੰ ਬਿੱਲ ਤਾਂ ਭਾਰੀ-ਭਰਕਮ ਆਉਂਦਾ ਹੈ, ਪਰ ਬਿਜਲੀ ਨਹੀਂ ਆਉਂਦੀ।

### ਜੰਗ ਤੇ ਫਾਸ਼ੀਵਾਦ...

ਵਿੱਚ ਰੰਗ ਮੰਚ ਦੀ ਵਿਧਾ ਦਾ ਕੋਈ ਬਦਲ ਨਹੀਂ। ਇਹ ਵਿਧਾ ਬੇਹੱਦ ਕਾਰਗਰ ਹੈ। ਨਵੀਂ ਤਕਨਾਲੋਜੀ ਭਾਵੇਂ ਅੰਬਰਾਂ ਨੂੰ ਛੋਹ ਜਾਏ ਉਹ ਕਦੇ ਵੀ ਰੰਗ ਮੰਚ ਦੀ ਥਾਂ ਨਹੀਂ ਲੈ ਸਕਦੀ। ਸਮਾਗਮ 'ਚ ਨਵਚਿੰਤਨ ਕਲਾ ਮੰਚ ਬਿਆਸ ਵੱਲੋਂ ਕਰਾਂਤੀਪਾਲ ਦੀ ਨਿਰਦੇਸ਼ਨਾ ਅਤੇ ਪ੍ਰਿਤਪਾਲ ਦੀ ਸਹਿ ਨਿਰਦੇਸ਼ਨਾ 'ਚ ਗੁਰਸ਼ਰਨ ਭਾਅ ਜੀ ਦਾ ਲਿਖਿਆ ਨਾਟਕ 'ਸੀਸ ਤਲੀ 'ਤੇ' ਪੇਸ਼ ਕੀਤਾ ਗਿਆ। ਨਾਟਕ ਆਪਣੇ ਆਪ 'ਚ ਤਿੱਖੀਆਂ ਟਕੋਰਾਂ ਕਰ ਗਿਆ ਕਿ ਬੱਬਰ ਅਕਾਲੀ ਲਹਿਰ ਮੌਕੇ ਬਾਹਰੋਂ ਆਈਆਂ ਕੰਪਨੀਆਂ ਵੱਲੋਂ ਸਾਡੇ ਲੋਕਾਂ ਦੀ ਕੀਤੀ ਜਾ ਰਹੀ ਲੁੱਟ ਖ਼ਿਲਾਫ਼ ਉਠੀ ਬਬਰ ਲਹਿਰ ਅੱਜ ਵੀ ਪ੍ਰਸੰਗਕ ਹੈ। ਖੇਤੀ, ਸਨਅਤ, ਸਿੱਖਿਆ, ਜੰਗਲ, ਜਲ, ਜ਼ਮੀਨ, ਰੁਜ਼ਗਾਰ ਆਦਿ ਖੇਤਰ ਉਪਰ ਕਾਰਪੋਰੇਟ ਘਰਾਣਿਆਂ ਦੀਆਂ ਕੰਪਨੀਆਂ ਜੱਫ਼ੇ ਮਾਰ ਰਹੀਆਂ ਨੇ ਤਾਂ 100 ਵਰ੍ਹੇ ਬਾਅਦ ਲੋਕਾਂ ਦੇ ਸਿਰ ਚੜ੍ਹ ਬੋਲਦੀਆਂ ਚੁਣੌਤੀਆਂ ਸਰ ਕਰਨ ਲਈ ਬੱਬਰ ਅਕਾਲੀ ਲਹਿਰ ਪ੍ਰੇਰਨਾਦਾਇਕ ਹੈ।

'ਮੋਇਆਂ ਦੇ ਖ਼ਤ' ਵਿਸ਼ਵ ਪ੍ਰਸਿੱਧ ਰਚਨਾ 'ਤੇ ਅਧਾਰਤ ਦੋ ਲਘੂ ਨਾਟਕ ਅਰੂਸ਼ੀ ਅਤੇ ਐਸ.ਪੀ. ਸਿੰਘ ਨੇ ਬਾਖ਼ੂਬੀ ਪੇਸ਼ ਕੀਤੇ। ਇਹ ਨਾਟਕ ਸਟਾਈਲ ਆਰਟਸ ਐਸੋਸੀਏਸ਼ਨ ਵੱਲੋਂ ਨੀਰਜ ਕੌਸ਼ਿਕ ਦੀ ਨਿਰਦੇਸ਼ਨਾ 'ਚ ਤਿਆਰ ਕੀਤੇ ਗਏ।

ਸਮਾਗਮ 'ਚ ਵਿਸ਼ੇਸ਼ ਖਿੱਚ ਦਾ ਕੇਂਦਰ ਸੀ ਇੰਦਰਜੀਤ ਆਰਟਿਸਟ ਜਲੰਧਰ ਵੱਲੋਂ ਲਗਾਈ ਫੋਟੋ ਪ੍ਰਦਰਸ਼ਨੀ। ਜਿਸ ਵਿੱਚ ਦੇਸ਼ ਭਗਤ ਯਾਦਗਾਰ ਕਮੇਟੀ ਅਤੇ ਪੀਪਲਜ਼ ਵਾਇਸ ਡਾ. ਸੈਲੇਸ਼ ਵੱਲੋਂ ਵੀ ਤਸਵੀਰਾਂ ਲਾਈਆਂ ਗਈਆਂ। ਫੋਟੋ ਪ੍ਰਦਰਸ਼ਨੀ ਨੇ ਜੰਗ, ਫ਼ਿਰਕਾਪ੍ਰਸਤੀ ਅਤੇ ਫਾਸ਼ੀਵਾਦ ਦੇ ਖ਼ਿਲਾਫ਼ ਅਤੇ ਜਮਹੂਰੀ ਹੱਕਾਂ ਦੀ ਰਾਖੀ ਲਈ ਮਿਲਕੇ ਜੂਝਣ ਦਾ ਪੈਗ਼ਾਮ ਦਿੱਤਾ।

ਜਲ੍ਹਿਆਂ ਵਾਲਾ ਬਾਗ਼, ਬਬਰ ਲਹਿਰ, ਕਾਕੋਰੀ ਕਾਂਡ, ਜਮਹੂਰੀ ਹੱਕਾਂ 'ਤੇ ਵਾਰ ਆਦਿ ਬਾਰੇ ਪੰਜਾਬ ਦੇ ਨਾਮਵਰ ਕਵੀਆਂ ਦੀ ਕਾਵਿ ਪਰਦਰਸ਼ਨੀ ਨੇ ਲੋਕਾਂ ਉਪਰ ਅਮਿੱਟ ਪ੍ਰਭਾਵ ਪਾਇਆ। ਸਮਾਗਮ 'ਚ ਜੀ.ਐੱਨ.ਏ. ਯੂਨੀਵਰਸਿਟੀ, ਫਗਵਾੜਾ ਦੇ ਪ੍ਰੋ. ਰਵੀ ਦੀ ਅਗਵਾਈ 'ਚ ਵੱਡੀ ਗਿਣਤੀ ਵਿੱਚ ਆਏ ਵਿਦਿਆਰਥੀਆਂ ਤੋਂ ਇਲਾਵਾ ਉੱਘੇ ਪੱਤਰਕਾਰ ਸਤਨਾਮ ਸਿੰਘ ਮਾਣਕ, ਪਰਮਜੀਤ ਸਿੰਘ ਵਿਰਕ, ਜਸਪ੍ਰੀਤ ਸਿੰਘ ਸੈਣੀ, ਕਵਿਤਰੀ ਬਲਜੀਤ ਕੌਰ ਬੱਲ, ਰੰਗ ਕਰਮੀ ਬਖ਼ਸ਼ ਸੰਘਾ ਐਡਮਿੰਟਨ (ਕਨੇਡਾ) ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਅਤੇ ਦਰਜਨਾਂ ਕਲਾ ਪ੍ਰੇਮੀ ਹਾਜ਼ਰ ਸਨ।

ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਧੰਨਵਾਦ ਦੇ ਸ਼ਬਦ ਕਹਿੰਦਿਆਂ ਲੋਕਾਂ ਨੂੰ ਵਿਸ਼ਵਾਸ਼ ਦੁਆਇਆ ਕਿ ਸਭਿਆਚਾਰਕ ਸਰਗਰਮੀਆਂ ਹਰ ਮਹੀਨੇ ਜਾਰੀ ਰਹਿਣਗੀਆਂ। ਸਮਾਗਮ ਦਾ ਮੰਚ ਸੰਚਾਲਨ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।




ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬਹੁ-ਅਨੁਸ਼ਾਸਨੀ ਵਿਸ਼ਿਆਂ ਸੰਬੰਧੀ ਖ਼ਾਲਸਾ ਕਾਲਜ ਵਿਖੇ ਕਾਨਫ਼ਰੰਸ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਵਿਖੇ ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਅਤੇ ਪੰਜਾਬ ਸਾਹਿਤ ਅਕਾਡਮੀ ਚੰਡੀਗੜ੍ਹ ਵੱਲੋਂ 'ਏਆਈ ਦੇ ਦੌਰ ਵਿੱਚ ਖੋਜ ਅਤੇ ਸਿਰਜਨਾਤਮਕਤਾ: ਨਵੇਂ ਸੰਦਤਕਨੀਕਾਂ ਅਤੇ ਖੋਜ ਵਿਧੀਆਂ ਵਿਸ਼ੇ 'ਤੇ ਤਿੰਨ ਰੋਜ਼ਾ ਬਹੁਅਨੁਸ਼ਾਸਨੀ ਅੰਤਰ-ਰਾਸ਼ਟਰੀ ਕਾਨਫ਼ਰੰਸ ਦੇ ਦੂਜੇ ਦਿਨ ਦਾ ਆਰੰਭ ਵੱਖ-ਵੱਖ ਸਮਾਨਾਂਤਰ ਸੈਸ਼ਨਾਂ ਨਾਲ ਸ਼ੁਰੂ ਹੋਇਆ।ਇਸ ਸਮੇਂ ਕਾਲਜ ਦੇ ਪ੍ਰਿੰਸੀਪਲ ਅਤੇ ਕਾਨਫ਼ਰੰਸ ਦੇ ਚੀਫ਼ ਕੋਆਰਡੀਨੇਟਰ ਡਾ. ਆਤਮ ਸਿੰਘ ਰੰਧਾਵਾ ਨੇ ਵੱਖ-ਵੱਖ ਸੈਸ਼ਨਾਂ ਵਿੱਚ ਪਹੁੰਚੀਆਂ ਉਘੀਆਂ ਸ਼ਖ਼ਸੀਅਤਾਂ ਨੂੰ ਫ਼ੁਲਾਂ ਦੇ ਗੁਲਦਸਤੇ ਦਿੰਦੇ ਹੋਏ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਏਆਈ ਦੇ ਯੁੱਗ ਵਿੱਚ ਸਾਡਾ ਤਕਨੀਕ ਨਾਲ ਜੁੜਨਾ ਜ਼ਰੂਰੀ ਹੋ ਗਿਆ ਹੈ।ਆਉਣ ਵਾਲਾ ਯੁੱਗ ਤਕਨੀਕੀ ਪੱਧਰ ਤੋਂ ਹੋਰ ਵੀ ਵਧੇਰੇ ਵਿਕਸਤ ਹੋ ਰਿਹਾ ਹੈ।ਕਾਨਫ਼ਰੰਸ ਦਾ ਤੀਜਾ ਅਕਾਦਮਿਕ ਸੈਸ਼ਨ 'ਖੋਜ ਅਤੇ ਰਚਨਾਤਮਕ ਰੂਪ ਦੇਣ ਵਿਚ ਏ.ਆਈ. ਦੀ ਭੂਮਿਕਾ' ਵਿਸ਼ੇ ਦੇ ਅੰਤਰਗਤ ਕਰਵਾਇਆ ਗਿਆ।ਇਸ ਸੈਸ਼ਨ ਵਿਚ ਮੁੱਖ ਮਹਿਮਾਨ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਕੰਪਿਊਟਰ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਵਿਭਾਗ ਦੇ ਮੁਖੀ ਅਤੇ ਪ੍ਰੋਫ਼ੈਸਰ ਡਾ. ਸੰਦੀਪ ਸ਼ਰਮਾ ਨੇ ਉਚੇਚੇ ਤੌਰ 'ਤੇ



ਸ਼ਿਰਕਤ ਕੀਤੀ ਅਤੇ ਸਮਾਗਮ ਦੀ ਪ੍ਰਧਾਨਗੀ ਵਿੱਚ ਗੁਰੂ ਨਾਨਕ ਦੇ ਯੂਨੀਵਰਸਿਟੀ, ਅੰਮ੍ਰਿਤਸਰ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਅਤੇ ਪ੍ਰੋਫ਼ੈਸਰ ਡਾ. ਕੁਲਜੀਤ ਕੌਰ ਸ਼ਾਮਿਲ ਹੋਏ। ਵਿਸ਼ਾ ਮਾਹਿਰ ਵਜੋਂ ਫਾਊਂਡਰ ਐਂਡ ਚੀਫ ਏ.ਆਈ. ਬਿਲਡਰ ਲੇਬਲਰ ਏ. ਆਈ. ਐਂਡ ਰੋਬੋਟਿਕ ਚੰਡੀਗੜ੍ਹ ਦੇ ਪੁਨੀਤ ਜਿੰਦਲ ਅਤੇ ਫ਼ਾਊਂਡਿੰਗ ਮੈਂਬਰ ਚੇਅਰਮੈਨ, ਗੁਰੂ ਨਾਨਕ ਦੇਵ ਗਲੋਬਲ ਯੂਨੀਵਰਸਿਟੀ, ਯੂ.ਐੱਸ.ਏ. ਦੇ ਬਲਜੀਤ ਸਿੰਘ ਨੇ ਆਪਣੇ ਵਿਚਾਰ ਸਾਂਝੇ ਕੀਤੇ। ਕਾਨਫ਼ਰੰਸ ਦੇ ਚੌਥੇ ਅਕਾਦਮਿਕ ਸੈਸ਼ਨ ਵਿਚ 'ਸਾਹਿਤਕ ਖੋਜ ਦੀਆਂ ਵਿਧੀਆਂ ਅਤੇ ਤਕਨੀਕਾਂ' ਵਿਸ਼ੇ ਤਹਿਤ ਵਿਚਾਰ-ਚਰਚਾ ਕਰਵਾਈ ਗਈ।ਵਿਸ਼ਾ ਮਾਹਿਰ ਵਜੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਅਤੇ ਪ੍ਰੋਫ਼ੈਸਰ ਗੁਰਮੁਖ ਸਿੰਘ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਅੰਗਰੇਜ਼ੀ ਵਿਭਾਗ ਦੇ ਪ੍ਰੋ. ਅਤੇ ਚੇਅਰਪਰਸਨ ਡਾ. ਮੀਨੂੰ ਗੁਪਤਾ, ਕੇਂਦਰੀ ਯੂਨੀਵਰਸਿਟੀ, ਧਰਮਸ਼ਾਲਾ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਨਰੇਸ਼ ਕੁਮਾਰ, ਪੰਜਾਬ ਸਾਹਿਤ ਅਕਾਦਮੀ ਦੇ ਸਕੱਤਰ ਡਾ. ਅਮਰਜੀਤ ਸਿੰਘ ਅਤੇ ਉਪ-ਪ੍ਰਧਾਨ ਅਰਵਿੰਦਰ ਸਿੰਘ ਢਿੱਲੋਂ ਨੇ ਆਪਣੇ ਵਿਚਾਰ ਪੇਸ਼ ਕੀਤੇ।'ਜੀਵ ਵਿਗਿਆਨ ਵਿਚ ਖੋਜ ਦੀਆਂ ਵਿਧੀਆਂ ਅਤੇ ਤਕਨੀਕਾਂ' ਵਿਸ਼ੇ ਦੇ ਅੰਤਰਗਤ ਚਲਦੇ ਸਮਾਨਾਂਤਰ ਸੈਸ਼ਨ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਬਨਸਪਤੀ ਅਤੇ ਵਾਤਾਵਰਨ ਵਿਗਿਆਨ ਵਿਭਾਗ ਦੇ ਪ੍ਰੋਫ਼ੈਸਰ ਆਦਰਸ਼ ਪਾਲ ਵਿਗ ਨੇ ਕੀਤੀ ਅਤੇ ਵਿਸ਼ਾ ਮਾਹਿਰ ਵਜੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਜੀਵ ਵਿਗਿਆਨ ਵਿਭਾਗ ਦੇ ਪ੍ਰੋ. ਜਗਬੀਰ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

# ਮਾਨ ਸਰਕਾਰ ਨੇ ਪਾਰਦਰਸ਼ੀ ਤੇ ਜੁਆਬਦੇਹ ਸ਼ਾਸਨ ਦੇ ਕੇ ਰੰਗਲੇ ਪੰਜਾਬ ਦੀ ਨੀਂਹ ਮਜ਼ਬੂਤ ਕੀਤੀ : ਧਾਲੀਵਾਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ, ਸਾਬਕਾ ਕੈਬਨਿਟ ਮੰਤਰੀ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਆਪਣੇ ਵਿਧਾਨ ਸਭਾ ਹਲਕਾ ਅਜਨਾਲਾ 'ਚ 'ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ' 10 ਰੋਜ਼ਾ ਪ੍ਰਚਾਰ ਪਸਾਰ ਮੁਹਿੰਮ ਦਾ ਆਗਾਜ਼ ਕੌਮਾਂਤਰੀ ਸਰਹੱਦੀ ਪਿੰਡ ਘੋਹਨੇਵਾਲ ਤੋਂ ਸ਼ੁਰੂ ਕਰਕੇ ਪਿੰਡ ਮਾਛੀਵਾਹਲਾ, ਸਹਿਜ਼ਾਦਾ, ਪੱਛੀਆ, ਅਬਾਦੀ ਚੰਡੀਗੜ੍ਹ ਤੇ ਨਿਸੋਕੇ ਵਿਖੇ ਪ੍ਰਭਾਵਸ਼ਾਲੀ ਪੇਂਡੂ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਕੇ ਕੀਤਾ। ਇਨ੍ਹਾਂ ਪੇਂਡੂ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਵਿਚਾਰਧਾਰਕ ਅਗਵਾਈ ਹੇਠ ਪੰਜਾਬ ਵਾਸੀਆਂ ਨੂੰ ਬੇਮਿਸਾਲ, ਪਾਰਦਰਸ਼ੀ ਅਤੇ ਜੁਆਬਦੇਹ ਸ਼ਾਸਨ ਦੇ ਕੇ ਰੰਗਲੇ ਪੰਜਾਬ ਦੀ ਨੀਂਹ ਹੀ ਨਹੀਂ ਮਜ਼ਬੂਤ ਕੀਤੀ, ਸਗੋਂ ਰਾਜ ਦੇ ਹਰ ਲੋੜਵੰਦ ਨਾਗਰਿਕ ਨੂੰ ਇਕ ਹਜ਼ਾਰ ਦੇ ਕਰੀਬ ਆਮ ਆਦਮੀ ਕਲੀਨਿਕ, ਨਵੇਂ ਮੈਡੀਕਲ ਕਾਲਜ ਤੇ ਹਸਪਤਾਲਾਂ ਦੀ ਸਥਾਪਨਾ ਕਰਕੇ ਮੁਫਤ ਡਾਇਲਿਸਿਸ ਤੋਂ ਲੈ ਕੇ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਵਿਵਸਥਾ ਕਰਦਿਆਂ ਸਿਹਤ ਕ੍ਰਾਂਤੀ ਨੂੰ ਦੇਸ਼ 'ਚ ਅੱਵਲ ਸਥਾਨ ਦਿਵਾਇਆ। ਧਾਲੀਵਾਲ ਨੇ ਦਾਅਵਾ ਕੀਤਾ ਕਿ ਭਗਵੰਤ ਮਾਨ ਸਰਕਾਰ ਨੇ ਆਪਣੇ ਛੋਟੇ ਜਿਹੇ ਮੁਢਲੇ 4 ਸਾਲਾਂ ਦੇ ਕਾਰਜਕਾਲ 'ਚ ਚਹੁੰਮੁਖੀ ਵਿਕਾਸ, ਰੁਜ਼ਗਾਰ, ਯੁੱਧ ਨਸ਼ਿਆਂ ਵਿਰੁੱਧ, ਗੈਂਗਸਟਰਾਂ ਵਿਰੁੱਧ ਪ੍ਰਹਾਰ ਤੇ ਅਮਨ ਕਾਨੂੰਨ ਦੀ ਬਹਾਲੀ 'ਚ ਉਹ ਵੱਡੀਆਂ ਪ੍ਰਾਪਤੀਆਂ ਕਰ ਵਿਖਾਈਆਂ ਹਨ, ਜੋ 1952 ਤੋਂ ਲੈ ਕੇ ਪੰਜਾਬ ਦੇ ਸੱਤਾ ਤੇ ਕਾਬਜ਼ ਰਹੀਆਂ ਕਾਂਗਰਸ, ਅਕਾਲੀ ਤੇ ਭਾਜਪਾ ਸਰਕਾਰਾਂ 70 ਸਾਲਾਂ ਵਿੱਚ ਹੀ ਨਹੀਂ ਕਰ ਸਕੀਆਂ। ਧਾਲੀਵਾਲ ਨੇ ਕੇਂਦਰੀ ਸਰਕਾਰ ਨੂੰ ਆੜੇ ਹੱਥੀ ਲੈਂਦਿਆਂ ਕਿਹਾ ਕਿ ਕੇਂਦਰੀ ਸਰਕਾਰ ਵਲੋਂ ਆਪਣੇ ਕਥਿਤ ਤੌਰ ਤੇ ਪੰਜਾਬ, ਪੰਜਾਬੀ, ਪੰਜਾਬੀਅਤ ਵਿਰੋਧੀ ਏਜੰਡੇ ਤਹਿਤ ਸਿਆਸੀ ਬਦਲਾਖੋਰੀ ਏਜੰਡੇ ਤਹਿਤ ਸੂਬੇ ਦੇ ਜਾਮ ਕਰਕੇ ਰੱਖੇ ਗਏ 8300 ਕਰੋੜ ਰੁਪਏ ਤੋਂ ਵੱਧ ਰਕਮ ਦੇ ਪੇਂਡੂ ਵਿਕਾਸ ਫੰਡ ਦੇ ਬਾਵਜੂਦ ਜਿੱਥੇ ਮਾਨ ਸਰਕਾਰ ਨੇ ਪੰਜਾਬ ਦੇ ਬੁਨਿਆਦੀ ਢਾਂਚੇ 'ਚ ਵਿਕਾਸ ਕ੍ਰਾਂਤੀ ਲਿਆਂਉਂਦਿਆਂ 40 ਹਜ਼ਾਰ ਕਿਲੋਮੀਟਰ ਤੋਂ ਵੱਧ ਲੰਮੀਆਂ ਸੜਕਾਂ, 9 ਹਜ਼ਾਰ ਦੇ ਕਰੀਬ ਪੇਂਡੂ ਖੇਡ ਸਟੇਡੀਅਮ ਸਰਕਾਰੀ ਸਕੂਲਾਂ ਦੀ ਵਿੱਦਿਆ ਤੇ ਬੁਨਿਆਦੀ ਢਾਂਚੇ ਦਾ ਮਿਆਰ ਉੱਚਾ ਚੁੱਕਣ ਲਈ ਸਿੱਖਿਆ ਕ੍ਰਾਂਤੀ ਲਾਗੂ ਕਰਕੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਜੇਈਈ, ਨੀਟ ਪ੍ਰੀਖਿਆਵਾਂ 'ਚੋਂ ਚੰਗੀਆਂ ਪੁਜੀਸ਼ਨਾਂ ਤੇ ਦਰਜੇ ਹਾਸਲ ਕਰਨ ਦੇ ਯੋਗ ਬਣਾਇਆ ਹੈ। ਧਾਲੀਵਾਲ ਨੇ ਇਨ੍ਹਾਂ ਪੇਂਡੂ ਜਨਤਕ ਮੀਟਿੰਗਾਂ ਦੌਰਾਨ ਹਲਕੇ 'ਚ ਕੁੱਝ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਵੱਲੋਂ ਸਰਕਾਰੀ ਗ੍ਰਾਂਟਾਂ ਨਾਲ ਵਿਕਾਸ ਕਾਰਜ ਮੁਕੰਮਲ ਕਰਵਾਉਣ 'ਚ ਵਰਤੀ ਜਾ ਰਹੀ ਅਣਗਹਿਲੀ ਦੀਆਂ ਮਿਲੀਆਂ ਸ਼ਿਕਾਇਤਾਂ ਦਾ ਨੋਟਿਸ ਲੈਂਦਿਆਂ ਕਿਹਾ ਕਿ ਜਿਹੜੇ ਸਰਪੰਚ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਰਹੇ, ਉਹਨਾਂ ਖ਼ਿਲਾਫ਼ ਵਿਭਾਗੀ ਕਾਰਵਾਈ ਕਰਦਿਆਂ ਸਰਪੰਚੀ ਸੰਵਿਧਾਨਕ ਅਧਿਕਾਰ ਵਾਪਸ ਲੈਣ ਲਈ ਉਚਿਤ ਕਾਰਵਾਈ ਕਰਕੇ ਉਨ੍ਹਾਂ ਪੰਚਾਇਤਾਂ 'ਚ ਪ੍ਰਬੰਧਕ ਲਗਾ ਕੇ ਵਿਕਾਸ ਕਾਰਜ ਨੇਪਰੇ ਚਾੜ੍ਹੇ ਜਾਣਗੇ। ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਸਰਪੰਚ ਪ੍ਰਿਥੀਪਾਲ ਸਿੰਘ ਘੋਹਨੇਵਾਲਾ, ਬਲਾਕ ਇੰਚਾਰਜ ਅਮਰੀਕ ਸਿੰਘ, ਸੰਤੋਖ ਸਿੰਘ ਸਮੇਤ ਪਿੰਡਾਂ ਦੇ ਸਰਪੰਚ -ਪੰਚ, ਮੋਹਤਬਰ ਤੇ ਪਾਰਟੀ ਵਲੰਟੀਅਰ ਮੌਜੂਦ ਸਨ।

# ਮਜ਼ਦੂਰਾਂ, ਮੁਲਾਜ਼ਮਾਂ ਤੇ ਕਿਸਾਨਾਂ ਨਾਲ ਬਜਟ 'ਚ ਧੋਖਾ ਹੋਇਆ : ਮਨਜੀਤ ਰਾਜ

ਬਟਾਲਾ (ਤਰਲੋਕ ਬੱਗਾ)- ਪ੍ਰੈੱਸ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੇ ਮਾਝਾ ਜ਼ੋਨ ਦੇ ਜਨਰਲ ਸਕੱਤਰ ਕਾਮਰੇਡ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ 2027 ਦੇ ਆਖਰੀ ਬਜਟ ਪ੍ਰਸਤਾਵਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਜ਼ਦੂਰ ਵਰਗ, ਕੱਚੇ



ਮੁਲਾਜ਼ਮਾਂ ਤੇ ਨੌਜਵਾਨਾਂ ਅਤੇ ਕਿਸਾਨਾਂ ਨਾਲ ਧੋਖਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ੇ ਦਾ ਦਰਿਆ ਵਗ ਰਿਹਾ ਹੈ। ਸਰਕਾਰ ਨੇ ਚੋਣਾਂ ਵੇਲੇ ਕੀਤੇ ਵਾਅਦਿਆਂ ਨੂੰ ਹੁਣ ਤੱਕ ਨਹੀਂ ਨਿਭਾਇਆ। ਉਨ੍ਹਾਂ ਕਿਹਾ ਕਿ ਸਰਕਾਰ ਦੇ ਅਫ਼ਸਰ ਖੁਦਕੁਸ਼ੀਆਂ ਕਰ ਰਹੇ ਹਨ, ਮਹਿੰਗਾਈ ਦਾ ਸਰਕਾਰ ਕੋਲੋਂ ਕੋਈ ਕੰਟਰੋਲ ਨਹੀਂ ਹੋਇਆ। ਮਜ਼ਦੂਰ, ਕਿਸਾਨ, ਨੌਜਵਾਨ ਤੇ ਕੱਚੇ ਮੁਲਾਜ਼ਮ ਮੰਤਰੀਆਂ, ਵਿਧਾਇਕਾਂ ਦੇ ਘਰਾਂ ਅੱਗੇ ਜੁਆਬ ਮੰਗ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਦੇ ਘਰ ਅੱਗੇ 2 ਅਪ੍ਰੈਲ ਨੂੰ ਮਜ਼ਦੂਰ, ਕੱਚੇ ਮੁਲਾਜ਼ਮ ਜਾਣਗੇ ਤੇ 'ਸਰਕਾਰ ਜੁਆਬ ਦੇਵੇ' ਪ੍ਰਦਰਸ਼ਨ ਕਰਨਗੇ। ਇਸ ਮੌਕੇ ਪ੍ਰਧਾਨ ਸਰੂਪ ਸਿੰਘ ਚਾਹਲ, ਸੈਕਟਰੀ ਰਮੇਸ਼ ਕੁਮਾਰ, ਹਰਜੀਤ ਸਿੰਘ, ਰਾਕੇਸ਼ ਕੁਮਾਰ ਅਤੇ ਸਤਿੰਦਰ ਕੌਰ ਬਟਾਲਾ ਹਾਜ਼ਰ ਸਨ।

# ਭਰਤੀ ਦਫ਼ਤਰ ਅੰਮ੍ਰਿਤਸਰ ਵੱਲੋਂ ਅਗਨੀ ਵੀਰ ਭਰਤੀ ਬਾਬਤ ਜਾਗਰੂਕਤਾ ਮੁਹਿੰਮ ਸ਼ੁਰੂ

ਅਟਾਰੀ, ਝਬਾਲ (ਭੀਲ ਅਟਾਰੀ, ਹਰਜਿੰਦਰ ਸਿੰਘ ਸੋਨੀ) ਆਰਮੀ ਭਰਤੀ ਦਫਤਰ ਅੰਮ੍ਰਿਤਸਰ ਵੱਲੋਂ ਜ਼ਿਲਾ ਰੋਜ਼ਗਾਰ ਕੇਂਦਰ ਅੰਮ੍ਰਿਤਸਰ ਅਤੇ ਐੱਨਸੀਸੀ ਦੇ ਸਹਿਯੋਗ ਨਾਲ ਅੰਮ੍ਰਿਤਸਰ ਦੇ ਵੱਖ-ਵੱਖ ਰੋਜ਼ਗਾਰ ਕੇਂਦਰ ਅੰਮ੍ਰਿਤਸਰ ਅਤੇ ਐੱਨਸੀਸੀ ਦੇ ਸਹਿਯੋਗ ਨਾਲ ਵੱਖ-ਵੱਖ ਵਿਦਿਅਕ ਅਦਾਰਿਆਂ ਵਿੱਚ ਭਰਤੀ ਪ੍ਰਕਿਰਿਆ ਬਾਰੇ ਵਿਸਥਾਰ ਸਹਿਤ ਦੱਸਿਆ ਜਾ ਰਿਹਾ ਹੈ। ਬਣੀ ਜ਼ਿਲ੍ਹਾ ਪੱਧਰੀ ਟੀਮ



ਵਿੱਦਿਅਕ ਅਦਾਰਿਆਂ ਵਿੱਚ ਅਗਨੀ ਵੀਰ ਭਰਤੀ 2026 ਲਈ ਜਾਗਰੂਕਤਾ ਮੁਹਿੰਮ ਮੁਹਿਮ ਸ਼ੁਰੂ ਕੀਤੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਰਨਲ ਜੇਮਸ ਜੈਕਬ, ਸੈਨਾ ਮੈਡਲ ਨੇ ਦੱਸਿਆ ਕਿ ਨੌਜਵਾਨਾਂ ਨੂੰ ਭਾਰਤੀ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰਨ ਲਈ ਜਿਲਾ ਵਿੱਚ ਸੂਬੇਦਾਰ ਮੇਜਰ ਸੰਜੇ ਪੈਰਟ, ਸੂਬੇਦਾਰ ਮੇਜਰ ਪ੍ਰਵੀਨ, ਐੱਨਸੀਸੀ ਅਫਸਰ ਕੈਪਟਨ ਸੁਖਪਾਲ ਸਿੰਘ ਸੰਧੂ ਅਤੇ ਭਾਰਤੀ ਸ਼ਰਮਾ ਸ਼ਾਮਿਲ ਹਨ ।ਭਾਰਤ ਸਰਕਾਰ ਵੱਲੋਂ ਇੱਕ ਵੈਨ ਰਾਹੀਂ ਤਿੰਨ ਦਿਨ ਲਈ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਭਰਤੀ ਪ੍ਰਕਿਰਿਆ ਬਾਰੇ ਦੱਸਣ ਅਤੇ ਉਨ੍ਹਾਂ ਨੂੰ ਫੌਜ 'ਚ ਭਰਤੀ ਹੋਣ ਲਈ ਪ੍ਰੇਰਿਤ ਕਰਨ ਲਈ ਆਡੀਓ ਵਿਜ਼ੂਅਲ ਏਡਜ਼ ਰਾਹੀਂ ਜਾਣਕਾਰੀ ਦਿੱਤੀ ਜਾ ਰਹੀ ਹੈ।ਇਸੇ ਕੜੀ ਤਹਿਤ ਆਈਟੀਆਈ ਰਣੀਕੇ ਵਿਖੇ ਬਾਰਡਰ ਏਰੀਏ ਦੇ ਪਿੰਡਾਂ ਦੇ ਨੌਜਵਾਨਾਂ ਨੂੰ ਜਾਣਕਾਰੀ ਦਿੱਤੀ ਗਈ।ਅਗਨੀ ਵੀਰ ਦੀ ਭਰਤੀ ਜਿਸ ਦੀ ਆਖਰੀ ਮਿਤੀ 1 ਅਪ੍ਰੈਲ ਹੈ, ਬਾਰੇ ਵਿਸਥਾਰ ਸਹਿਤ ਦੱਸਿਆ।ਉਨ੍ਹਾਂ ਦੱਸਿਆ ਕਿ ਉਮੀਦਵਾਰ ਆਪਣੇ ਮੋਬਾਇਲ ਤੋਂ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ।ਉਮੀਦਵਾਰ ਆਪਣੇ ਸਰਟੀਫਿਕੇਟ ਜਿਸ ਵਿੱਚ ਕਿ ਯੋਗਤਾ ਸਰਟੀਫਿਕੇਟ ਜਿਵੇਂ ਦਸਵੀਂ/ ਬਾਰ੍ਹਵੀਂ, ਆਧਾਰ ਕਾਰਡ, ਰਿਹਾਇਸ਼ ਦਾ ਸਰਟੀਫਿਕੇਟ, ਕੈਟਾਗਰੀ ਦਾ ਸਰਟੀਫਿਕੇਟ ਡੀਜੀ ਲੋਕਰ ਵਿੱਚ ਡਾਊਨਲੋਡ ਕਰਕੇ ਆਨਲਾਈਨ ਅਪਲਾਈ ਕਰ ਸਕਦੇ ਹਨ। ਸੀਨੀਅਰ ਸੈਕੰਡਰੀ ਮੈਰੀਟੋਰੀਅਸ ਸਕੂਲ ਅੰਮ੍ਰਿਤਸਰ ਵਿਖੇ ਵੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਵਜੀਤ ਕੌਰ ਪ੍ਰਿੰਸੀਪਲ, ਮਨਦੀਪ ਸਿੰਘ ਇੰਸਟਰਕਟਰ, ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਬੀਬੀ ਨਿਰਮਲ ਕੌਰ ਕੋਟਲਾ ਦਾ 'ਸ਼ਹੀਦ ਭਗਤ ਸਿੰਘ ਪੁਰਸਕਾਰ' ਨਾਲ ਸਨਮਾਨ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)- ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਯਾਦ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਸ਼ਤਾਬਦੀ ਫਾਊਂਡੇਸ਼ਨ ਦੀ ਇਮਾਰਤ ਨਿਰਵਿਘਨ ਪੂਰੀ ਹੋਣ ਤੇ ਪਰਮਾਤਮਾ ਦਾ ਸ਼ੁਕਰਾਨਾ ਸਮਾਰੋਹ ਵਿੱਚ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਅਤੇ ਕੀਰਤਨ ਦਰਬਾਰ ਮਾਤਾ ਅਮਰ ਕੌਰ ਯਾਦਗਾਰੀ ਹਾਲ ਖਟਕੜ ਕਲਾਂ ਵਿਖੇ 26 ਮਾਰਚ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਸ਼ਹੀਦ ਭਗਤ ਸਿੰਘ ਸਿੱਖਿਆ ਸੇਵਾ ਸੋਸਾਇਟੀ ਬੰਗਾ ਵੱਲੋਂ ਕਰਵਾਇਆ ਗਿਆ।ਇਸ ਸਮਾਗਮ ਦੌਰਾਨ ਬੀਬੀ ਨਿਰਮਲ ਕੌਰ ਕੋਟਲਾ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਵਾਲਾ ਸਾਹਿਤ ਰਚ ਕੇ ਸਾਹਿਤਕ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਲਈ 'ਸ਼ਹੀਦ ਭਗਤ ਸਿੰਘ ਪੁਰਸਕਾਰ', ਟਾਈਮ ਪੀਸ ਅਤੇ 5100 ਰੁਪਏ ਦੇ ਚੈੱਕ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਸ਼ਹੀਦ ਭਗਤ ਸਿੰਘ ਸੇਵਾ ਸੋਸਾਇਟੀ ਦੇ ਪ੍ਰਧਾਨ ਬੀਬੀ ਮਨਜੀਤ ਕੌਰ ਬੋਲਾ, ਚੇਅਰਪਰਸਨ ਸ਼ਹੀਦ ਭਗਤ ਸਿੰਘ ਦੇ ਭਾਣਜਾ ਪ੍ਰੋ. ਜਗਮੋਹਨ ਸਿੰਘ, ਬਾਬਾ ਸਤਨਾਮ ਸਿੰਘ ਮੁੱਖ ਸੇਵਾਦਾਰ ਕਿਲ੍ਹਾ ਲੋਹਗੜ੍ਹ ਅਤੇ ਸਮੁੱਚੀ ਮੈਂਬਰਸ਼ਿਪ ਹਾਜ਼ਰ ਸੀ।

# ਐੱਲ ਪੀ ਜੀ ਦੀ ਵੰਡ 'ਚ ਹੋ ਰਹੀਆਂ ਗੜਬੜੀਆਂ ਦੇ ਹੱਲ ਲਈ ਕੇਂਦਰੀ ਮੰਤਰੀ ਤੁਰੰਤ ਦਖਲ ਦੇਣ : ਔਜਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਅੰਮ੍ਰਿਤਸਰ ਤੋਂ ਸਾਂਸਦ ਗੁਰਜੀਤ ਸਿੰਘ ਔਜਲਾ ਵੱਲੋਂ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੂੰ ਚਿੱਠੀ ਲਿਖ ਕੇ ਐੱਲ. ਪੀ. ਜੀ. ਦੀ ਵੰਡ ਵਿੱਚ ਹੋ ਰਹੀਆਂ ਗੰਭੀਰ ਗੜਬੜੀਆਂ ਅਤੇ ਖਪਤਕਾਰਾਂ ਨਾਲ ਹੋ ਰਹੀ ਪਰੇਸ਼ਾਨੀ ਦੇ ਮਾਮਲੇ ਵਿੱਚ ਤੁਰੰਤ ਦਖ਼ਲ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਆਪਣੇ ਪੱਤਰ ਵਿੱਚ ਲਿਖਿਆ ਹੈ ਕਿ ਭਾਵੇਂ ਸਰਕਾਰ ਅਤੇ ਤੇਲ ਕੰਪਨੀਆਂ ਵੱਲੋਂ ਐੱਲ. ਪੀ. ਜੀ. ਅਤੇ ਪੀ. ਐੱਨ. ਜੀ. ਦੀ ਉਪਲਬਧਤਾ ਬਾਰੇ ਯਕੀਨ ਦਿਵਾਇਆ ਜਾਂਦਾ ਹੈ, ਪਰ ਜ਼ਮੀਨੀ ਪੱਧਰ 'ਤੇ ਖਪਤਕਾਰਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕਈ ਮਾਮਲਿਆਂ ਵਿੱਚ ਗੈਸ ਏਜੰਸੀਆਂ ਵੱਲੋਂ ਬਿਨਾਂ ਮਨਜ਼ੂਰੀ ਹੀ ਸਿਲੰਡਰ ਬੁੱਕ ਕਰ ਦਿੱਤੇ ਜਾਂਦੇ ਹਨ।ਖਪਤਕਾਰਾਂ ਨੂੰ ਅਜਿਹੇ ਡਲਿਵਰੀ ਸੁਨੇਹੇ ਮਿਲਦੇ ਹਨ ਜੋ ਉਨ੍ਹਾਂ ਨੇ ਮੰਗੇ ਹੀ ਨਹੀਂ ਹੁੰਦੇ।ਉਨ੍ਹਾਂ ਕਿਹਾ ਕਿ ਇਹ ਸਥਿਤੀ ਪ੍ਰਣਾਲੀ ਦੀ ਪਾਰਦਰਸ਼ਤਾ 'ਤੇ ਸਵਾਲ ਖੜੇ ਕਰਦੀ ਹੈ, ਖਾਸ ਕਰਕੇ ਉਸ ਵੇਲੇ ਜਦੋਂ ਡੀਏਸੀ (ਡਲਿਵਰੀ ਅਥੈਂਟੀਕੇਸ਼ਨ ਕੋਡ) ਵਰਗੇ ਡਿਜੀਟਲ ਸਿਸਟਮ ਲਾਗੂ ਕੀਤੇ ਵੀ ਗਏ ਹਨ, ਪਰ ਇਸਦੇ ਬਾਵਜੂਦ ਕਈ ਖਪਤਕਾਰਾਂ ਨੂੰ ਸਮੇਂ ਸਿਰ ਡਲਿਵਰੀ ਨਹੀਂ ਮਿਲ ਰਹੀ ਅਤੇ 25 ਦਿਨਾਂ ਦੇ ਨਿਯਮ ਦੇ ਬਾਵਜੂਦ ਦੇਰੀਆਂ ਹੋ ਰਹੀਆਂ ਹਨ।ਸਾਂਸਦ ਔਜਲਾ ਨੇ ਮੰਤਰੀ ਤੋਂ ਮੰਗ ਕੀਤੀ ਕਿ ਡੀਏਸੀ ਆਧਾਰਿਤ ਐੱਸਐੱਮਐੱਸ ਪ੍ਰਣਾਲੀ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ, ਸਾਰੇ ਬੁੱਕ ਕੀਤੇ ਸਿਲੰਡਰਾਂ ਲਈ ਨਿਰਧਾਰਤ ਸਮੇਂ ਵਿੱਚ ਡਲਿਵਰੀ ਯਕੀਨੀ ਬਣਾਈ ਜਾਵੇ ਅਤੇ ਗੈਸ ਏਜੰਸੀਆਂ ਦੀ ਨਿਗਰਾਨੀ ਲਈ ਮਜ਼ਬੂਤ ਪ੍ਰਣਾਲੀ ਤਿਆਰ ਕੀਤੀ ਜਾਵੇ ਅਤੇ ਇਸਦੇ ਨਾਲ ਹੀ ਉਨ੍ਹਾਂ ਜੀਪੀਐੱਸ ਆਧਾਰਿਤ ਡੋਰਸਟੈਪ ਡਲਿਵਰੀ ਵੈਰੀਫਿਕੇਸ਼ਨ ਸਿਸਟਮ ਲਾਗੂ ਕਰਨ ਦੀ ਵੀ ਸਿਫ਼ਾਰਸ਼ ਕੀਤੀ ਤਾਂ ਜੋ ਗੈਸ ਸਿਲੰਡਰ ਸਿਰਫ਼ ਰਜਿਸਟਰਡ ਪਤੇ 'ਤੇ ਹੀ ਪਹੁੰਚਣ ਅਤੇ ਕਾਲਾ ਬਾਜ਼ਾਰੀ ਜਾਂ ਗਲਤ ਵਰਤੋਂ ਨੂੰ ਰੋਕਿਆ ਜਾ ਸਕੇ।ਉਨ੍ਹਾਂ ਅੰਤ ਵਿੱਚ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਖਪਤਕਾਰਾਂ ਦੇ ਹੱਕਾਂ ਦੀ ਰੱਖਿਆ ਲਈ ਤੁਰੰਤ ਅਤੇ ਸਖ਼ਤ ਕਦਮ ਚੁੱਕੇ ਜਾਣ।

# ਪੁਲਸ ਵੱਲੋਂ ਭਗੌੜਾ ਕਾਬੂ, 14 ਦਿਨਾਂ ਲਈ ਜੇਲ ਭੇਜਿਆ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)- ਬਾਬਾ ਬਕਾਲਾ ਸਾਹਿਬ ਦੀ ਪੁਲਸ ਨੇ ਇਕ ਭਗੌੜੇ ਦੋਸ਼ੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਚੌਕੀ ਇੰਚਾਰਜ ਤੇਜਿੰਦਰ ਸਿੰਘ ਦੀ ਜਾਣਕਾਰੀ ਅਨੁਸਾਰ ਬਾਬਾ ਬਕਾਲਾ ਸਾਹਿਬ ਪੁਲਸ ਨੇ ਵਡਾਲਾ ਰੋਡ ਪੁਲ ਡਰੇਨ 'ਤੇ ਨਾਕਾ ਲਾਇਆ ਸੀ ਤਾਂ ਇਕ ਮੁਖਬਰ ਦੀ ਸੂਚਨਾ 'ਤੇ ਨਿਹੰਗ ਬਾਣੇ ਵਿੱਚ ਵਿਅਕਤੀ, ਜੋ ਪੈਦਲ ਤੁਰਿਆ ਦਿਖਾਈ ਦਿੱਤਾ, ਨੂੰ ਅਵਾਜ਼ ਮਾਰ ਕੇ ਬੁਲਾਇਆ ਜੋ ਇਕ ਦਮ ਘਬਰਾ ਕੇ ਪਿੱਛੇ ਨੂੰ ਮੁੜਨ ਲੱਗਾ, ਜਿਸ ਨੂੰ ਕਾਬੂ ਕਰਕੇ ਉਸ ਕੋਲੋਂ ਪੁੱਛ ਗਿੱਛ ਕੀਤੀ ਗਈ ਤਾਂ ਉਸਨੇ ਆਪਣਾ ਨਾਮ ਸ਼ਮਸ਼ੇਰ ਸਿੰਘ, ਵਾਸੀ



ਬਾਬਾ ਬਕਾਲਾ ਸਾਹਿਬ ਦੱਸਿਆ, ਜੋ ਮੁਕੱਦਮਾ ਨੰ: 219, 23-9-2-14 ਜੁਰਮ 336, 452, 342, 148, 149 ਆਈਪੀਸੀ ਥਾਣਾ ਬਿਆਸ ਵਿੱਚ ਲੋੜੀਂਦਾ ਸੀ, ਨੂੰ ਕਾਬੂ ਕਰਕੇ ਮਾਣਯੋਗ ਜਸਪ੍ਰੀਤ ਸਿੰਘ ਐੱਸ. ਡੀ. ਜੇ. ਐੱਮ. ਬਾਬਾ ਬਕਾਲਾ ਸਾਹਿਬ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਕਿ ਮਾਣਯੋਗ ਜੱਜ ਸਾਹਿਬ ਨੇ ਉਸਨੂੰ 14 ਦਿਨਾਂ ਲਈ ਜ਼ੇਲ੍ਹ ਭੇਜਣ ਦਾ ਹੁਕਮ ਸੁਣਾਇਆ ।

# ਅਕਵਿੰਦਰ ਕੌਰ ਨੇ ਬਤੌਰ ਨਾਇਬ ਤਹਿਸੀਲਦਾਰ ਅਹੁਦਾ ਸੰਭਾਲਿਆ

ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)— ਸਬ-ਤਹਿਸੀਲ ਵਿਖੇ ਮੈਡਮ ਅਕਵਿੰਦਰ ਕੌਰ ਨੇ ਨਵੇਂ ਨਾਇਬ ਤਹਿਸੀਲਦਾਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ।ਇਸ ਮੌਕੇ ਦਫ਼ਤਰ ਦੇ ਅਧਿਕਾਰੀਆਂ ਅਤੇ



ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਮੁਬਾਰਕਬਾਦ ਦਿੱਤੀ ਗਈ। ਅਹੁਦਾ ਸੰਭਾਲਣ ਉਪਰੰਤ ਮੈਡਮ ਅਕਵਿੰਦਰ ਕੌਰ ਨੇ ਕਿਹਾ ਕਿ ਉਹ ਸਰਕਾਰ ਦੀਆਂ ਨੀਤੀਆਂ ਨੂੰ ਇਮਾਨਦਾਰੀ ਅਤੇ ਪਾਰਦਰਸ਼ਿਤਾ ਨਾਲ ਲਾਗੂ ਕਰਨ ਲਈ ਵਚਨਬੱਧ ਹਨ ਅਤੇ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਨਿਪਟਾਏ ਜਾਣਗੇ।ਉਨ੍ਹਾਂ ਕਿਹਾ ਕਿ ਦਫ਼ਤਰ ਵਿੱਚ ਆਉਣ ਵਾਲੇ ਹਰ ਵਿਅਕਤੀ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਸੁਵਿੰਦਰ ਸਿੰਘ ਚੰਦੀ, ਬਲਜੀਤ ਸਿੰਘ, ਨਵਦੀਪ ਸਿੰਘ, ਪ੍ਰਿੰਸ ਹਰਭੇਜ ਸਿੰਘ ਪਟਵਾਰੀ, ਜਸਕਰਨ ਸਿੰਘ ਪਟਵਾਰੀ, ਮੋਹਿਤ ਕੁਮਾਰ, ਅੰਗਦ ਸੂਦ, ਕੁਲਵੰਤ ਸਿੰਘ ਨੰਬਰਦਾਰ, ਮਨਜੀਤ ਪੱਪੀ, ਗੁਰਸੇਵਕ ਸਿੰਘ, ਨਵਦੀਪ ਸਿੰਘ ਆਦਿ ਹਾਜ਼ਰ ਸਨ।

# ਕੋਟਲਾ ਸੁਲਤਾਨ ਸਿੰਘ ਵਿਖੇ ਪੰਜ ਰੋਜ਼ਾ ਫੁੱਟਬਾਲ ਟੂਰਨਾਮੈਂਟ ਆਯੋਜਿਤ

ਮਜੀਠਾ (ਸੋਇਮ ਆਨੰਦ)- ਫਰੈਂਡਜ਼ ਸਪੋਰਟਸ ਕਲੱਬ ਰਜਿ ਅਤੇ ਗ੍ਰਾਮ ਪੰਚਾਇਤ ਕੋਟਲਾ ਸੁਲਤਾਨ ਸਿੰਘ ਵੱਲੋਂ ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੋਟਲਾ ਸੁਲਤਾਨ ਕੇ. ਵੀ. ਕੇ. ਬਿਕਰਮਜੀਤ ਸਿੰਘ ਗਿੱਲ ਨੇ ਮੁੱਖ ਮਹਿਮਾਨ ਜਸਵੰਤ ਸਿੰਘ ਰਿਆੜ ਨੂੰ ਆਇਆਂ ਕਿਹਾ। ਪੰਚਾਇਤੀ ਵਰਗ ਵਿੱਚ ਜੀਤੋ ਸਰਜਾ ਤੇ ਕੋਟਲਾ ਸੁਲਤਾਨ ਸਿੰਘ ਵਿਚਾਲੇ ਫੁੱਟਬਾਲ ਦਾ



ਸਿੰਘ ਵਿਖੇ 28ਵਾਂ ਸਾਲਾਨਾ ਪੰਜ ਰੋਜ਼ਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਕਰੀਬ 72 ਟੀਮਾਂ ਨੇ ਭਾਗ ਲਿਆ ਜਿਸ ਵਿੱਚ ਮੁੱਖ ਮਹਿਮਾਨ ਜਸਵੰਤ ਸਿੰਘ ਰਿਆੜ ਅਤੇ ਜਥੇਦਾਰ ਸੰਤੋਖ ਸਿੰਘ ਸਮਰਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਇਸ ਮੌਕੇ ਪ੍ਰਿੰ. ਵਿਨੋਦ ਸ਼ਰਮਾ, ਜਥੇ ਸੰਤੋਖ ਸਿੰਘ ਸਮਰਾ ਅਤੇ ਡਿਪਟੀ ਡਾਇਰੈਕਟਰ ਮੈਚ ਹੋਇਆ ਜਿਸ ਵਿਚ ਜੀਤੋ ਸਰਜਾ ਦੀ ਟੀਮ ਜੇਤੂ ਰਹੀ। ਦੋਵੇਂ ਟੀਮਾਂ ਨੂੰ ਕ੍ਰਮਵਾਰ 51 ਹਜ਼ਾਰ ਅਤੇ 41 ਹਜ਼ਾਰ ਨਗਦ ਰਾਸ਼ੀ ਦਿੱਤੀ।ਦੂਜਾ ਫਾਈਨਲ ਰੇਲ ਕੋਚ ਫੈਕਟਰੀ ਕਪੂਰਥਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦਰਮਿਆਨ ਕਰਵਾਇਆ ਜਿਸ ਵਿੱਚ ਰੇਲ ਕੋਚ ਫੈਕਟਰੀ ਕਪੂਰਥਲਾ ਦੀ ਟੀਮ ਜੇਤੂ ਰਹੀ। ਡੀਮਾਂ ਨੂੰ ਇੱਕ ਲੱਖ ਤੇ 71 ਹਜ਼ਾਰ ਰੁਪਏ ਅਤੇ ਤੀਜਾ ਅੰਡਰ 17 ਸਾਲ ਜੇਸੀਟੀ ਫਗਵਾੜਾ ਤੇ ਦਿਆਲਗੜ੍ਹ ਦਰਮਿਆਨ ਹੋਇਆ ਜਿਸ ਵਿੱਚ ਜੇਸੀਟੀ ਫਗਵਾੜਾ ਜੇਤੂ ਰਹੀ ਜਿਨ੍ਹਾਂ ਨੂੰ 25 ਹਜ਼ਾਰ ਤੇ 21 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਜਸਵੰਤ ਸਿੰਘ ਰਿਆੜ , ਵਿਸ਼ੇਸ਼ ਮਹਿਮਾਨ ਜਥੇ ਸੰਤੋਖ ਸਿੰਘ ਸਮਰਾ ਤੇ ਹੋਰ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਜਥੇਦਾਰ ਸੰਤੋਖ ਸਿੰਘ ਸਮਰਾ, ਜਸਵੰਤ ਸਿੰਘ ਰਿਆੜ, ਡਿਪਟੀ ਡਾਇਰੈਕਟਰ ਕੇਵੀਕੇ ਬਿਕਰਮਜੀਤ ਸਿੰਘ ਗਿੱਲ, ਪ੍ਰਿੰਸੀਪਲ ਵਿਨੋਦ ਸ਼ਰਮਾ, ਖੇਤੀਬਾੜੀ ਅਫ਼ਸਰ ਹਰਭੁਪਿੰਦਰ ਸਿੰਘ ਬੁੱਢਾਥੇਹ, ਦਲਜੀਤ ਸਿੰਘ, ਗੁਰਮੀਤ ਸਿੰਘ, ਰਵਿੰਦਰ ਸਿੰਘ ਭੁੱਲਰ, ਭੁਪਿੰਦਰ ਸਿੰਘ, ਰਣਧੀਰ ਸਿੰਘ, ਹਰਜਿੰਦਰ ਸਿੰਘ ਗਿੱਲ, ਤਰਸੇਮ ਸਿੰਘ ਫੌਜੀ, ਦਵਿੰਦਰਪਾਲ ਸਿੰਘ ਗਿੱਲ, ਗੁਰਦਿੱਤ ਸਿੰਘ, ਗੁਰਬੀਰ ਸਿੰਘ ਸਮਰਾ, ਹਰਦੇਵ ਸਿੰਘ, ਗੁਰਦੀਪ ਸਿੰਘ, ਗੁਰਜੰਟ ਸਿੰਘ, ਹਰਪ੍ਰੀਤ ਸਿੰਘ, ਜਗਰੂਪ ਸਿੰਘ ਅਠਵਾਲ, ਬਿਕਰਮਜੀਤ ਸਿੰਘ ਸਮਰਾ, ਜੱਜਪ੍ਰੀਤ ਸਿੰਘ ਗਿੱਲ, ਸੁਖਵੰਤ ਸਿੰਘ ਗੁਰਾਇਆ, ਇਕਬਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਮਨਧੀਰ ਕੌਰ ਮਨੂੰ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਰੇਡੀਓ ਆਪਣਾ/ਟੀ ਵੀ ਆਪਣਾ ਵਿੰਨੀਪਗ ਕੈਨੇਡਾ ਦੇ ਮਾਲਕ/ਸੰਚਾਲਕ ਮਨਧੀਰ ਕੌਰ ਮਨੂੰ ਆਪਣੇ ਰਿਸ਼ਤੇਦਾਰਾਂ ਐਡਵੋਕੇਟ ਅਮਨਪ੍ਰੀਤ ਗਿੱਲ ਤੇ ਮੋਨਿਕਾ ਗਿੱਲ ਸਮੇਤ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਗੁਰੂਘਰ ਪ੍ਰਤੀ ਸ਼ਰਧਾ ਪ੍ਰਗਟ ਕਰਨ ਲਈ ਪੁੱਜੇ। ਸੂਚਨਾ ਕੇਂਦਰ ਵਿਖੇ ਸੂਚਨਾ ਅਧਿਕਾਰੀ ਰਣਧੀਰ ਸਿੰਘ, ਜਗਤਾਰ ਸਿੰਘ ਖੋਦੇਬੇਟ ਇੰਚਾਰਜ ਪਬਲੀਸਿਟੀ ਵਿਭਾਗ ਅਤੇ ਸਤਨਾਮ ਸਿੰਘ ਗਾਈਡ ਵੱਲੋਂ ਨਿੱਘਾ ਸਵਾਗਤ ਤੇ ਸਨਮਾਨ ਕੀਤਾ ਗਿਆ। ਸ਼੍ਰੀਮਤੀ ਮਨੂੰ ਨੇ ਕਿਹਾ ਕਿ ਉਨ੍ਹਾਂ ਦੀ ਦਰਸ਼ਨ ਕਰਨ ਦੀ ਮਨੋਕਾਮਨਾ ਪੂਰੀ ਹੋਈ ਹੈ। ਦਰਸ਼ਨ ਕਰਕੇ ਮਾਨਸਿਕ ਤੌਰ 'ਤੇ ਸ਼ਾਂਤੀ ਮਿਲੀ ਹੈ। ਇਸ ਪਵਿੱਤਰ ਅਸਥਾਨ ਤੇ ਸਾਰੇ ਧਰਮਾਂ ਦੀ ਸੰਗਤ ਆਪਣੀਆਂ ਮਨੋਕਾਮਨਾਵਾਂ ਦੀ ਪੂਰਤੀ ਤੇ ਤੰਦਰੁਸਤੀ ਲਈ ਅਰਦਾਸ ਕਰਨ ਲਈ ਆਉਂਦੀ ਹੈ। ਉਨ੍ਹਾਂ ਨੂੰ ਇਥੇ ਪੁੱਜ ਕੇ ਬੇਹੱਦ ਖੁਸ਼ੀ ਹੋਈ ਹੈ।

# ਸਰਕਾਰੀ ਸਕੂਲਾਂ 'ਚ ਮੈਗਾ ਮਾਪੇ-ਅਧਿਆਪਕ ਮਿਲਣੀ ਅੱਜ

ਪੱਟੀ (ਬਲਦੇਵ ਸਿੰਘ ਸੰਧੂ)- ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 28 ਮਾਰਚ ਨੂੰ ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸਤਿਨਾਮ ਸਿੰਘ ਬਾਠ ਨੇ ਦੱਸਿਆ ਕਿ ਇਸ ਮਿਲਣੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀਆਂ ਵਿੱਦਿਅਕ ਪ੍ਰਾਪਤੀਆਂ ਮਾਪਿਆਂ ਨਾਲ ਸਾਂਝੀਆਂ ਕਰਨਾ ਅਤੇ ਉਨ੍ਹਾਂ ਨੂੰ ਸਕੂਲ ਦੀਆਂ



ਗਤੀਵਿਧੀਆਂ ਨਾਲ ਜੋੜਨਾ ਹੈ।ਸਤਿਨਾਮ ਸਿੰਘ ਬਾਠ ਨੇ ਦੱਸਿਆ ਕਿ 28 ਮਾਰਚ ਨੂੰ ਸਵੇਰੇ 8:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਚੱਲਣ ਵਾਲੀ ਇਸ ਮਿਲਣੀ ਦੌਰਾਨ ਪਹਿਲੀ ਤੋਂ ਗਿਆਰ੍ਹਵੀਂ ਜਮਾਤ (ਨਾਨ-ਬੋਰਡ) ਦੇ ਸਾਲਾਨਾ ਨਤੀਜਿਆਂ ਦਾ ਐਲਾਨ ਕੀਤਾ ਜਾਵੇਗਾ। ਅਧਿਆਪਕਾਂ ਵੱਲੋਂ ਮਾਪਿਆਂ ਨੂੰ ਬੱਚਿਆਂ ਦੇ ਹੋਲਿਸਟਿਕ ਰਿਪੋਰਟ ਕਾਰਡ ਸੌਂਪੇ ਜਾਣਗੇ, ਜਿਸ ਵਿਚ ਬੱਚੇ ਦੀ ਸਾਲ ਭਰ ਦੀ ਕਾਰਗੁਜ਼ਾਰੀ ਦਾ ਵੇਰਵਾ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਵਾਰ ਪੀ.ਟੀ.ਐਮ ਦੌਰਾਨ ਕਈ ਅਹਿਮ ਵਿਸ਼ਿਆਂ 'ਤੇ ਮਾਪਿਆਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ। 1 ਅਪ੍ਰੈਲ 2026 ਤੋਂ ਸ਼ੁਰੂ ਹੋ ਰਹੇ ਨਵੇਂ ਵਿੱਦਿਅਕ ਸੈਸ਼ਨ ਲਈ ਬੱਚਿਆਂ ਦੇ ਦਾਖਲੇ ਅਤੇ ਨਿਯਮਤ ਹਾਜ਼ਰੀ ਬਾਰੇ ਪ੍ਰੇਰਿਤ ਕੀਤਾ ਜਾਵੇਗਾ। ਬੱਚਿਆਂ ਦੀ ਗੈਰ-ਹਾਜ਼ਰੀ ਸਬੰਧੀ ਮਾਪਿਆਂ ਨੂੰ ਮਿਲਣ ਵਾਲੇ ਆਟੋਮੈਟਿਕ ਐਸ. ਐਮ. ਐਸ ਸਿਸਟਮ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਇਸ ਤੋਂ ਇਲਾਵਾ 14 ਸਾਲ ਤੱਕ ਦੀਆਂ ਲੜਕੀਆਂ ਲਈ ਐੱਚ.ਪੀ.ਵੀ ਟੀਕਾਕਰਨ ਅਤੇ ਦਸਵੀਂ ਦੇ ਵਿਦਿਆਰਥੀਆਂ ਲਈ ਹੁਨਰ ਸਿੱਖਿਆ ਬਾਰੇ ਜਾਗਰੂਕਤਾ ਸੈਸ਼ਨ ਲਗਾਏ ਜਾਣਗੇ।ਸਤਿਨਾਮ ਸਿੰਘ ਬਾਠ ਨੇ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਵਿਚ ਸਫ਼ਾਈ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ ਅਤੇ ਮਾਪਿਆਂ ਦੇ ਬੈਠਣ ਲਈ ਸੁਚੱਜਾ ਇੰਤਜ਼ਾਮ ਹੋਵੇ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ, ਐਸ.ਐਮ.ਸੀ ਮੈਂਬਰਾਂ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਨੂੰ ਵੀ ਇਸ ਮਿਲਣੀ ਵਿਚ ਸ਼ਿਰਕਤ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮਾਪਿਆਂ ਦੇ ਸੁਝਾਵਾਂ ਲਈ ਸਕੂਲਾਂ ਵਿਚ ਸੁਝਾਅ ਬਕਸੇ ਵੀ ਰੱਖੇ ਜਾਣਗੇ।

# ਨਵੀਨੀਕਰਨ ਦੇ ਨਾਂਅ 'ਤੇ ਸ਼ਹਿਰ ਦੀਆਂ ਮੁੱਖ ਸੜਕਾਂ ਪੁੱਟ ਤਾਂ ਦਿੱਤੀਆਂ ਹੁਣ ਬਣਾਊਗਾ ਕੌਣ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਸ਼ਹਿਰ ਦੀਆਂ ਮੁੱਖ ਸੜਕਾਂ ਦੇ ਨਵੀਨੀਕਰਨ ਵਾਸਤੇ ਲੋਕ ਨਿਰਮਾਣ ਵਿਭਾਗ ਵੱਲੋਂ ਸ਼ਹਿਰ ਦੀਆਂ ਸੜਕਾਂ ਨੂੰ ਪੁੱਟ ਤਾਂ ਦਿੱਤਾ ਗਿਆ ਪਰ ਹੁਣ



ਇਨ੍ਹਾਂ ਸੜਕਾਂ ਨੂੰ ਦੁਬਾਰਾ ਨਹੀਂ ਬਣਾਇਆ ਜਾ ਰਿਹਾ ਜਿਸ ਕਰਕੇ ਲੋਕਾਂ ਦਾ ਇੱਥੋਂ ਲੰਘਣਾ ਬੇਹੱਦ ਔਖਾ ਹੋਇਆ ਪਿਆ ਹੈ। ਸੜਕਾਂ 3 ਇੰਚ ਨੀਵੀਆਂ ਪੁੱਟੇ ਜਾਣ ਦੇ ਨਾਲ ਡਿਵਾਈਡਰਾਂ ਦੇ ਵਿਚਕਾਰ ਬਣੇ ਰਸਤੇ ਉੱਚੇ ਹੋਣ ਕਰਕੇ ਇਨ੍ਹਾਂ ਸੜਕਾਂ 'ਤੇ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ ਅਤੇ ਸੜਕਾਂ ਉਪਰੋਂ ਉਠਦੀ ਧੂੜ ਮਿੱਟੀ ਨੇ ਨਜ਼ਦੀਕੀ ਦੁਕਾਨਦਾਰਾਂ ਅਤੇ ਲੋਕਾਂ ਦਾ ਜਿਊਣਾ ਦੁੱਭਰ ਕੀਤਾ ਪਿਆ ਹੈ। ਬੱਬਰੀ ਬਾਈਪਾਸ ਤੋਂ ਸ਼ਹਿਰ ਅੰਦਰੋਂ ਗੁਜ਼ਰਦੀ ਬਰਿਆਰ ਬਾਈਪਾਸ ਤੱਕ ਸੜਕ ਦਾ ਵੀ ਇਹੋ ਹਾਲ ਹੈ। ਸ਼ਹਿਰ ਵਾਸੀਆਂ ਦੱਸਿਆ ਕਿ ਸ਼ਹਿਰ ਅੰਦਰ ਅਜਿਹੇ ਹਾਲਾਤ ਹਨ ਕਿ ਲੋਕ ਮੂੰਹ-ਸਿਰ ਢੱਕ ਕੇ ਸੜਕਾਂ ਉਤੋਂ ਲੰਘ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਵਿਭਾਗ ਇਨ੍ਹਾਂ ਸੜਕਾਂ ਨੂੰ ਸਮੇਂ ਸਿਰ ਬਣਾ ਨਹੀਂ ਸਕਦਾ ਤਾਂ ਇਨ੍ਹਾਂ ਸੜਕਾਂ ਨੂੰ ਪੁੱਟਣਾ ਨਹੀਂ ਸੀ ਚਾਹੀਦਾ। ਉਨ੍ਹਾਂ ਕਿਹਾ ਕਿ ਸੜਕਾਂ ਦੀ ਪਹਿਲਾਂ ਹਾਲਤ ਕਾਫੀ ਹੱਦ ਤੱਕ ਠੀਕ ਸੀ ਪਰ ਹੁਣ ਸੜਕਾਂ ਪੁੱਟਣ ਦੇ ਨਾਲ ਲੋਕਾਂ ਦਾ ਸੜਕਾਂ ਤੋਂ ਲੰਘਣਾ ਬੇਹੱਦ ਮੁਸ਼ਕਿਲ ਹੋ ਚੁੱਕਾ ਹੈ। ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਸ਼ਹਿਰ ਦੀਆਂ ਨਵੀਨੀਕਰਨ ਦੇ ਨਾਂਅ 'ਤੇ ਪੁੱਟੀਆਂ ਮੁੱਖ ਸੜਕਾਂ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਰਨ ਲਈ ਸਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਲੋਕਾਂ ਨੂੰ ਆ ਰਹੀ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ। ਜਦੋਂ ਇਸ ਸਬੰਧੀ ਗੱਲਬਾਤ ਕਰਨ ਲਈ ਲੋਕ ਨਿਰਮਾਣ ਵਿਭਾਗ ਦੇ ਐੱਸਡੀਓ ਲਵਜੀਤ ਸਿੰਘ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਕੋਈ ਤਾਂ ਦੱਸੇ ਸਰਹਾਲੀ 'ਚ 22 ਕਿਲੋਮੀਟਰ ਲੰਮੀ ਨਹਿਰ ਕਿੱਥੇ ਹੈ : ਮਹਾਂਵੀਰ ਸਿੰਘ ਗਿੱਲ

ਵਲਟੋਹਾ (ਰਣਜੀਤ ਸਿੰਘ) ਪਿਛਲੇ ਦਿਨੀਂ ਮੁੱਖ ਮੰਤਰੀ ਮਾਨ ਨੇ ਇੱਕ ਬੜਾ ਹੀ ਸਨਸਨੀਖੇਜ਼ ਬਿਆਨ ਦਿੱਤਾ ਕਿ ਤਰਨਤਾਰਨ ਜ਼ਿਲੇ ਦੇ ਪਿੰਡ ਸਰਹਾਲੀ ਵਿੱਚ ਇੱਕ 22 ਕਿਲੋਮੀਟਰ ਲੰਮੀ ਨਹਿਰ ਲੱਭੀ ਹੈ। ਇਸ ਬਾਰੇ ਅਜੇ ਤੱਕ



ਸਪਸ਼ਟ ਨਹੀਂ ਕੀਤਾ ਗਿਆ ਕਿ ਕੀ ਇਹ ਨਹਿਰ ਜ਼ਮੀਨ ਉਪਰ ਸੀ ਜਾਂ ਜ਼ਮੀਨ ਦੇ ਹੇਠ ਨੱਪੀ ਪਈ ਸੀ ? ਇਹ ਬੜੀ ਹੈਰਾਨੀ ਵਾਲੀ ਗੱਲ ਹੈ ਕਿ ਇਲਾਕਾ ਨਿਵਾਸੀਆਂ ਨੂੰ ਤਾਂ ਇਹ ਨਹਿਰ ਅੱਜ ਤੱਕ ਨਹੀਂ ਦਿਸੀ ਪਰ ਮੁੱਖ ਮੰਤਰੀ ਸਾਹਿਬ ਨੇ ਪਤਾ ਨਹੀਂ ਕਿੱਥੇ ਦੇਖੀ ਹੈ। ਮੈਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਹੋਣ ਦੇ ਨਾਤੇ ਅਤੇ ਇਸ ਇਲਾਕੇ ਦਾ ਜੰਮ-ਪਲ ਹੋਣ ਹੋਣ ਕਰਕੇ ਇਹ ਸਪੱਸ਼ਟ ਕਰਦਾ ਹਾਂ ਕਿ ਸਰਹਾਲੀ ਜਾਂ ਇਸ ਸਾਰੇ ਇਲਾਕੇ ਵਿੱਚ ਅਜਿਹੀ ਕੋਈ ਨਹਿਰ ਨਹੀਂ ਲੱਭੀ ਗਈ। ਮੈਂ ਮੁੱਖ ਮੰਤਰੀ ਤੋਂ ਮੰਗ ਕਰਦਾ ਹਾਂ ਕਿ ਉਹ ਖੁਦ ਸਾਡੇ ਇਲਾਕੇ ਵਿੱਚ ਆਉਣ ਤੇ ਆ ਕੇ ਸਾਨੂੰ ਉਸ ਨਹਿਰ ਦੇ ਦਰਸ਼ਨ ਜ਼ਰੂਰ ਕਰਵਾਉਣ ਅਤੇ ਜੇ ਇਹ ਨਹਿਰ ਕਦੀ ਕਾਗਜ਼ਾਂ ਸੀ ਅਤੇ ਨਹਿਰੀ ਵਿਭਾਗ ਦੇ ਸਬੰਧਿਤ ਅਫਸਰਾਂ ਨੇ ਅਣਗੌਲੀ ਹੈ ਤਾਂ ਸਬੰਧਤ ਅਫਸਰਾਂ ਖਿਲਾਫ ਕਾਰਵਾਈ ਕੀਤੀ ਜਾਵੇ। ਇਹ ਵਿਚਾਰ ਮਹਾਂਵੀਰ ਸਿੰਘ ਗਿੱਲ ਨੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਪ੍ਰਗਟ ਕੀਤੇ।

# ਬਲਾਕ ਸੰਮਤੀ ਧਾਰੀਵਾਲ ਦੇ ਚੇਅਰਮੈਨ ਦੀ ਚੋਣ ਮੁਅੱਤਲ

## ਪ੍ਰਤਾਪ ਸਿੰਘ ਬਾਜਵਾ ਨੇ ਸੱਤਾ ਧਿਰ 'ਤੇ ਮੈਦਾਨ ਛੱਡ ਜਾਣ ਦੀ ਕੱਸੀ ਤੰਜ਼

ਧਾਰੀਵਾਲ, (ਮਨਦੀਪ ਵਿੱਕੀ)- ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਧਾਰੀਵਾਲ/ਬਲਾਕ ਸੰਮਤੀ ਧਾਰੀਵਾਲ ਦੇ ਚੇਅਰਮੈਨ ਦੀ ਚੋਣ ਅੱਜ ਮੁਅਤਲੀ ਹੋ ਗਈ ਹੈ। ਚੋਣ ਮੁਅਤਲੀ ਹੋਣ ਦੇ ਕਾਰਨਾਂ ਬਾਰੇ ਦੱਸਣ ਤੋਂ ਸੰਬੰਧਿਤ ਅਧਿਕਾਰੀ ਪਾਸਾ ਵੱਟ ਦੇ ਦਿਖਾਈ



ਦਿੱਤੇ। ਅੱਜ ਬਲਾਕ ਸੰਮਤੀ ਧਾਰੀਵਾਲ ਦੇ ਚੇਅਰਮੈਨ ਦੀ ਚੋਣ ਪ੍ਰਕਿਰਿਆ ਦੌਰਾਨ ਨਿਗਰਾਨ ਅਧਿਕਾਰੀ ਐੱਸ. ਡੀ. ਐੱਮ. ਗੁਰਦਾਸਪੁਰ ਅਨੁਪ੍ਰੀਤ ਕੌਰ ਦੇ ਨਾਲ ਬੀਡੀਪੀਓ ਕੁਲਜਿੰਦਰ ਸਿੰਘ ਮੌਜੂਦ ਰਹੇ। ਅੱਜ ਬਲਾਕ ਸੰਮਤੀ ਧਾਰੀਵਾਲ ਦੇ ਚੇਅਰਮੈਨ ਦੀ ਚੋਣ ਦੌਰਾਨ ਬੀ. ਡੀ. ਪੀ. ਓ. ਦਫਤਰ ਧਾਰੀਵਾਲ ਵਿਖੇ ਮੌਜੂਦ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਸਿੰਘ ਬਾਜਵਾ ਨੇ ਕਿਹਾ ਬਲਾਕ ਧਾਰੀਵਾਲ ਦੇ ਕੁੱਲ 17 ਬਲਾਕ ਸੰਮਤੀ ਮੈਂਬਰਾਂ ਵਿੱਚੋਂ ਕਾਂਗਰਸ ਪਾਰਟੀ ਦੇ ਪੰਜ ਉਮੀਦਵਾਰ ਜਿੱਤੇ ਸਨ, ਜਦਕਿ ਸਾਡੇ ਨਾਲ ਅੱਜ 10 ਬਲਾਕ ਸੰਮਤੀ ਮੈਂਬਰ ਖੜੇ ਹਨ ਅਤੇ ਦੋ ਤਿਹਾਈ ਬਹੁਮਤ ਹਾਜ਼ਰ ਨਾ ਹੋਣ ਕਾਰਨ ਚੋਣ ਮੁਅਤਲੀ ਹੋਈ। ਬਾਜਵਾ ਨੇ ਸਤਾ ਧਿਰ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ 'ਤੇ ਤੰਜ ਕੱਸਦਿਆਂ ਕਿਹਾ ਉਹ (ਸੇਖਵਾਂ) ਇਥੋਂ ਭੱਜ ਗਏ ਹਨ ਜਦਕਿ ਇਨ੍ਹਾਂ ਦੀ ਸਰਕਾਰ ਦਾ ਇੱਕ ਸਾਲ ਰਹਿੰਦਾ ਹੈ। ਬਾਜਵਾ ਨੇ ਕਿਹਾ ਚੋਣ ਜ਼ਾਬਤਾ ਲੱਗਦਿਆਂ ਹੀ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਾਰੇ ਸਰਪੰਚ ਪੰਚ, ਬਲਾਕ ਸੰਮਤੀ ਮੈਂਬਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਜਾਣਗੇ। ਪ੍ਰਤਾਪ ਸਿੰਘ ਬਾਜਵਾ ਨੇ ਮੌਜੂਦਾ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਪੰਜਾਬ ਸਰਕਾਰ ਹਰ ਪੱਖੋਂ ਨਾਕਾਮ ਸਾਬਿਤ ਹੋਈ ਹੈ ਅਤੇ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਗਿਆ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਸਰਕਾਰ ਬਣਾਵੇਗੀ। ਇਸ ਮੌਕੇ ਕਾਂਗਰਸੀ ਆਗੂ ਬਰਿੰਦਰ ਸਿੰਘ ਛੋਟੇਪੁਰ, ਸਰਦਾਰੀ ਲਾਲ ਰਣੀਆਂ, ਕਾਲੇ ਸ਼ਾਹ ਸ਼ਾਹ, ਗੁਰਨਾਮ ਸਿੰਘ ਜਫਰਵਾਲ, ਐਡਵੋਕੇਟ ਰਕੇਸ਼ ਰਣੀਆਂ, ਸੇਵਾ ਮੁਕਤ ਐੱਸ. ਡੀ. ਓ. ਲਖਵਿੰਦਰ ਸਿੰਘ ਪਨੂੰ, ਸਰਪੰਚ ਸੁਖਦੇਵ ਸਿੰਘ ਰਣੀਆਂ, ਸਾਬਕਾ ਸਰਪੰਚ ਵਿਲਸ਼ਨ ਮਸੀਹ ਦੀਨਪੁਰ,ਗੁਰਦੀਪ ਸਿੰਘ ਦੁਲੂਆਣਾ, ਦਿਲਬਾਗ ਸਿੰਘ ਨੰਬਰਦਾਰ, ਡਾ.ਨਰੇਸ਼ ਜਫਰਵਾਲ, ਹੀਰਾ ਲਾਹੌਰੀਆਂ, ਬੱਬੂ ਹੰਸ, ਪਿੰਦਾ ਸਿੰਘਪੁਰਾ, ਕਾਕਾ ਮਸੀਹ ਆਲੋਵਾਲ, ਲਵਦੀਪ ਸਿੰਘ ਦੀਪੇਵਾਲ, ਤਲਵਿੰਦਰ ਸਿੰਘ ਸੋਹਲ, ਗੁਰਪ੍ਰੀਤ ਸਿੰਘ ਚਾਹਲ, ਪਰਦੀਪ ਸਿੰਘ ਚਾਹਲ ਜਿੰਦਾ ਜਫਰਵਾਲ ਆਦਿ ਸਮੇਤ ਕਾਂਗਰਸ ਪਾਰਟੀ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਚੋਣ ਪ੍ਰਕਿਰਿਆ ਦੌਰਾਨ ਪੁਲੀਸ ਪ੍ਰਸ਼ਾਸ਼ਨ ਵਲੋਂ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਸਨ।

# ਤੇਲ ਨਾ ਮਿਲਣ ਦੇ ਡਰੋਂ ਲੋਕਾਂ ਦੀਆਂ ਪੈਟਰੋਲ ਪੰਪਾਂ 'ਤੇ ਲੱਗੀਆਂ ਲੰਬੀਆਂ-ਲੰਬੀਆਂ ਕਤਾਰਾਂ

ਗੁਰਦਾਸਪੁਰ, (ਜਨਕ ਮਹਾਜਨ)- ਬੀਤੀ ਰਾਤ ਗੁਰਦਾਸਪੁਰ ਸ਼ਹਿਰ ਅੰਦਰ ਪੈਂਦੇ ਪੈਟਰੋਲ ਪੰਪਾਂ 'ਤੇ ਤੇਲ ਪਵਾਉਣ ਵਾਲਿਆਂ ਦੀਆਂ ਲੰਬੀਆਂ-ਲੰਬੀਆਂ ਲਾਈਨਾਂ ਲੱਗ ਗਈਆਂ। ਖਾੜੀ ਦੇਸ਼ ਵਿੱਚ ਚੱਲ ਰਹੇ ਯੁੱਧ ਦੇ ਨਾਲ ਲੋਕਾਂ ਵਿਚ ਤੇਲ ਖਤਮ ਹੋਣ ਦੇ ਡਰ ਕਾਰਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਬੀਤੀ ਰਾਤ ਪੈਟਰੋਲ ਪੰਪਾਂ ਤੋਂ ਆਪਣੇ ਵਾਹਨ ਫੁੱਲ ਕਰਵਾਉਣ ਤੋਂ ਇਲਾਵਾ ਵੱਡੀਆਂ-ਵੱਡੀਆਂ ਕੈਨੀਆਂ ਵਿੱਚ ਤੇਲ ਪਵਾਉਣਾ ਸ਼ੁਰੂ ਕਰ ਦਿੱਤਾ। ਪੰਪਾਂ 'ਤੇ ਜ਼ਿਆਦਾ ਭੀੜ ਹੋਣ ਕਾਰਨ ਲੋਕ ਲੰਬਾ ਸਮਾਂ ਲਾਈਨਾਂ ਵਿੱਚ ਲੱਗੇ ਦਿਖਾਈ ਦਿੱਤੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਸ਼ੱਕ ਲੋਕਾਂ ਨੂੰ ਇਸ ਗੱਲ ਲਈ ਵਾਰ-ਵਾਰ ਸੁਚੇਤ ਕੀਤਾ ਜਾ ਰਿਹਾ ਹੈ ਕਿ ਪੈਟਰੋਲ, ਡੀਜ਼ਲ ਦੀ ਕੋਈ ਵੀ ਕਿੱਲਤ ਜ਼ਿਲ੍ਹੇ ਅੰਦਰ ਨਹੀਂ ਪਰ ਫਿਰ ਵੀ ਲੋਕ ਤੇਲ ਨਾ ਮਿਲਣ ਦੇ ਡਰ ਦੇ ਕਾਰਨ ਅਗੇਤੇ ਆਪਣੇ ਘਰਾਂ ਵਿੱਚ ਤੇਲ ਨੂੰ ਸਟੋਰ ਕਰ ਰਹੇ ਹਨ। ਬੀਤੀ ਰਾਤ ਗੁਰਦਾਸਪੁਰ ਸ਼ਹਿਰ ਦੇ ਸਾਰੇ ਪੈਟਰੋਲ ਪੰਪਾਂ 'ਤੇ ਦੇਰ ਰਾਤ ਤੱਕ ਭੀੜ ਭੜੱਕਾ ਲੱਗਾ ਰਿਹਾ। ਇਸ ਤੋਂ ਇਲਾਵਾ ਆਸ-ਪਾਸ ਦੇ ਪੈਟਰੋਲ ਪੰਪਾਂ ਦੇ ਵੀ ਕਾਫੀ ਲੋਕ ਖੜੇ ਦਿਖਾਈ ਦਿੱਤੇ। ਜ਼ਿਕਰਯੋਗ ਹੈ ਕਿ ਲੋਕਾਂ ਵੱਲੋਂ ਬੀਤੀ ਰਾਮ ਵੱਡੀ ਮਾਤਰਾ ਵਿਚ ਤੇਲ ਨੂੰ ਸਟੋਰ ਕਰ ਲਿਆ ਗਿਆ ਜਿਸ ਕਰਕੇ ਹੁਣ ਪੈਟਰੋਲ ਪੰਪਾਂ 'ਤੇ ਸੇਲ ਘੱਟ ਜਾਵੇਗੀ।



# ਸ਼ਿਵ ਮੰਦਰ ਵਿਖੇ ਰਾਮਨੌਮੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

ਬਾਬਾ ਬਕਾਲਾ ਸਾਹਿਬ, (ਜਸਪਾਲ ਸਿੰਘ) ਸ਼ਿਵ ਮੰਦਰ ਵੈੱਲਫੇਅਰ ਕਮੇਟੀ ਬਾਬਾ ਬਕਾਲਾ ਸਾਹਿਬ ਵੱਲੋਂ ਸ਼ਿਵ ਮੰਦਿਰ ਬਾਬਾ ਬਕਾਲਾ ਸਾਹਿਬ ਵਿਖੇ ਸ੍ਰੀ ਰਾਮਨੌਮੀ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ, ਪੰਡਿਤ ਰਾਜੇਸ਼ ਕੁਮਾਰ ਜੀ ਵੱਲੋਂ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ, ਉਪ੍ਰੰਤ ਲੰਗਰ ਭੰਡਾਰੇ ਅਤੁੱਟ ਵਰਤਾਏ ਗਏ। ਇਸ ਮੌਕੇ ਪ੍ਰਧਾਨ ਜਗਦੀਸ਼ ਕੁਮਾਰ ਪ੍ਰਾਸ਼ਰ, ਮੀਤ ਪ੍ਰਧਾਨ ਮੁਕੇਸ਼ ਕੁਮਾਰ, ਖਜ਼ਾਨਚੀ ਨਵੀਨ ਸ਼ੁਕਲਾ, ਸੁਖਚੈਨ ਸਿੰਘ, ਵਿਜੈ ਪ੍ਰਾਸ਼ਰ, ਸਫਲ ਸ਼ੁਕਲਾ, ਸੰਜੀਵ ਪ੍ਰਾਸ਼ਰ, ਮਨਦੀਪ ਪ੍ਰਾਸ਼ਰ, ਮਨੋਜ ਪ੍ਰਾਸ਼ਰ, ਸੰਦੀਪ ਪ੍ਰਾਸ਼ਰ, ਨਰਿੰਦਰ ਪ੍ਰਾਸਰ, ਅਸ਼ੋਕ ਕੁਮਾਰ, ਰਾਜਿੰਦਰ ਸਿੰਘ, ਰਾਜਨ ਉੱਪਲ, ਵਿਪਨ, ਸੋਨੂੰ, ਪ੍ਰਦੀਪ ਲਾਹੋਰੀਆ, ਹਰੀਸ਼, ਰਾਜਾ, ਅੰਸ਼, ਨਵ, ਦੇਵੰਸ਼, ਭਾਵੰਸ਼, ਰਵੀ, ਲਵ ਅਤੇ ਹੋਰ ਸੇਵਾਦਾਰ ਹਾਜ਼ਰ ਸਨ ।

# ਪੰਜਾਬ ਅੰਦਰ ਅਮਨ-ਸ਼ਾਂਤੀ ਤੇ ਵਿਕਾਸ ਦੇ ਕਾਰਜ ਕਾਂਗਰਸ ਪਾਰਟੀ ਹੀ ਕਰਵਾ ਸਕਦੀ : ਜਸਵਿੰਦਰ ਲਾਡੀ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਅੰਦਰ ਕਾਂਗਰਸ ਪਾਰਟੀ ਹੀ ਹੈ ਜੋ ਪਿੰਡਾਂ ਦਾ ਸਰਬਪੱਖੀ ਵਿਕਾਸ ਅਤੇ ਅਮਨ ਸ਼ਾਂਤੀ ਪੈਦਾ ਕਰ ਸਕਦੀ ਹੈ ਅਤੇ ਪੰਜਾਬ ਅੰਦਰ ਹਮੇਸ਼ਾ ਲੋਕ ਕਾਂਗਰਸ ਰਾਜ ਸਮੇਂ ਆਪਣੇ ਆਪ ਨੂੰ



ਸੁਰੱਖਿਤ ਮਹਿਸੂਸ ਕਰਦੇ ਹਨ। ਸੀਨੀਅਰ ਕਾਂਗਰਸੀ ਆਗੂ ਜਸਵਿੰਦਰ ਸਿੰਘ ਲਾਡੀ ਨੇ ਦੱਸਿਆ ਕਿ ਪੰਜਾਬ ਅੰਦਰ ਜਦੋਂ ਦੂਜੀਆਂ ਪਾਰਟੀਆਂ ਨੇ ਰਾਜ ਕੀਤਾ ਤਾਂ ਉਦੋਂ ਇਹ ਗੁੰਡਾਗਰਦੀ, ਭ੍ਰਿਸ਼ਟਾਚਾਰ ਵੇਖਣ ਨੂੰ ਮਿਲਿਆ। ਉਨ੍ਹਾਂ ਨੇ ਵਿਧਾਨ ਸਭਾ ਹਲਕਾ ਦੀਨਾਨਗਰ ਦੀ ਗੱਲਬਾਤ ਕਰਦਿਆਂ ਦੱਸਿਆ ਕਿ ਸਾਬਕਾ ਕੈਬਨਿਟ ਮੰਤਰੀ ਤੇ ਮੌਜੂਦਾ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਕਾਂਗਰਸੀ ਆਗੂ ਅਸ਼ੋਕ ਚੌਧਰੀ ਨੇ ਹਲਕੇ ਦੇ ਬੁਨਿਆਦੀ ਢਾਂਚੇ ਨੂੰ ਆਪਣੇ ਕਾਰਜਕਾਲ ਦੌਰਾਨ ਮਜ਼ਬੂਤ ਕੀਤਾ ਤੇ ਪਿੰਡਾਂ ਅਤੇ ਸ਼ਹਿਰਾਂ ਦਾ ਸਰਬਪੱਖੀ ਵਿਕਾਸ ਵੱਧ-ਚੜ੍ਹ ਕੇ ਕਰਵਾਇਆ ਜਿਸ ਕਰਕੇ ਲੋਕ ਕਾਂਗਰਸ ਪਾਰਟੀ ਦੇ ਰਾਜ ਨੂੰ ਪਸੰਦ ਕਰਦੇ ਹਨ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਆਪਣੇ ਕਾਰਜਕਾਲ ਸਮੇਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਅੱਖੋਂ ਪਰੋਖੇ ਕੀਤਾ ਤੇ ਹਲਕੇ ਅੰਦਰ ਵਿਕਾਸ ਸਿਰਫ ਨਾ-ਮਾਤਰ ਹੋਇਆ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਨੂੰ ਸਰਕਾਰ ਦੀਆਂ ਗਰੰਟੀਆਂ 'ਤੇ ਹੀ ਨਿਰਭਰ ਰਹਿਣਾ ਪਿਆ ਜਿਸ ਕਰਕੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕੋਸ ਰਹੇ ਹਨ।

# ਫੀਲਡ ਪੱਤਰਕਾਰਾਂ ਵੱਲੋਂ ਐੱਸਡੀਐੱਮ ਨੂੰ ਨਵੇਂ ਸਾਲ ਦੀ ਡਾਇਰੀ ਭੇਟ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)- ਫੀਲਡ ਪੱਤਰਕਾਰ ਐਸੋਸੀਏਸ਼ਨ ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ ਪੱਤਰਕਾਰਾਂ ਨੇ ਐੱਸ. ਡੀ. ਐੱਮ. ਬਾਬਾ ਬਕਾਲਾ ਸਾਹਿਬ ਜਸ਼ਨਪ੍ਰੀਤ ਸਿੰਘ ਨੂੰ ਬਾਬਾ ਬਕਾਲਾ ਸਾਹਿਬ ਨੂੰ ਨਵੇਂ ਸਾਲ ਦੀ ਡਾਇਰੀ ਭੇਟ ਕੀਤੀ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਹਰਜੀਪ੍ਰੀਤ ਸਿੰਘ ਕੰਗ, ਸਰਪੰਚ ਦਲਵਿੰਦਰ ਸਿੰਘ ਸਠਿਆਲਾ, ਧਰਮਿੰਦਰ ਸਿੰਘ ਭੰਮਰਾ, ਬਲਵਿੰਦਰ ਸਿੰਘ ਅਠੌਲਾ, ਗੁਰਪ੍ਰੀਤ ਸਿੰਘ, ਐਡਵੋਕੇਟ ਲੱਖਾ ਸਿੰਘ ਆਜ਼ਾਦ ਹਾਜ਼ਰ ਸਨ।

# ਸ੍ਰੀ ਰਾਮਨੌਮੀ ਦਾ ਪਵਿੱਤਰ ਦਿਹਾੜਾ ਕਾਦੀਆਂ 'ਚ ਬੜੀ ਸ਼ਰਧਾ ਤੇ ਉਤਸ਼ਾਹ ਮਨਾਇਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੂਰੇ ਦੇਸ਼ ਵਿੱਚ ਸ੍ਰੀ ਰਾਮਨੌਮੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸੇ ਤਰ੍ਹਾਂ ਕਾਦੀਆਂ ਸ਼ਹਿਰ ਵਿੱਚ ਵੀ ਇਹ ਪਰਵ ਧਾਰਮਿਕ ਜੋਸ਼ ਅਤੇ ਭਾਵਨਾ ਨਾਲ ਮਨਾਇਆ ਗਿਆ, ਜਿੱਥੇ ਸਵੇਰ ਤੋਂ ਹੀ ਮੰਦਰਾਂ ਵਿੱਚ ਭਗਤਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਭਗਤਾਂ ਨੇ ਭਜਨ-ਕੀਰਤਨ ਕਰਦੇ ਹੋਏ ਪ੍ਰਭੂ ਸ੍ਰੀ ਰਾਮ ਜੀ ਦਾ ਜਨਮ ਦਿਹਾੜਾ ਮਨਾਇਆ ਅਤੇ ਉਨ੍ਹਾਂ ਦੇ ਦਰਸ਼ਨ ਕਰਕੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਜਗ੍ਹਾ-ਜਗ੍ਹਾ ਲੰਗਰ ਲਗਾਏ ਗਏ। ਇਸ ਮੌਕੇ ਮੰਦਰ ਠਾਕੁਰ ਦੁਆਰਾ ਕਾਦੀਆਂ ਤੋਂ ਸ਼ੋਭਾ ਯਾਤਰਾ ਪ੍ਰਧਾਨ ਨਰੇਸ਼ ਅਰੋੜਾ ਦੀ ਅਗਵਾਈ ਇਥੇ ਸਮੂਹ ਪ੍ਰਬੰਧਕਾਂ ਤੇ ਸੇਵਾਦਾਰਾਂ ਸਮੇਤ ਸੰਗਤਾਂ ਦੇ ਸਹਿਯੋਗ ਨਾਲ ਸਜਾਈ ਗਈ, ਜਿਸ ਵਿੱਚ ਸੁੰਦਰ ਝਾਕੀਆਂ, ਧਾਰਮਿਕ ਨਾਅਰੇ ਅਤੇ ਭਜਨਾਂ ਨਾਲ ਮਾਹੌਲ ਭਗਤੀਮਈ ਬਣ ਗਿਆ। ਸ਼ੋਭਾ ਯਾਤਰਾ ਦੌਰਾਨ ਸੁਰੱਖਿਆ ਦੇ ਖਾਸ ਇੰਤਜ਼ਾਮ ਕੀਤੇ ਗਏ ਸਨ । ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ ਅਤੇ ਆਪਣੇ ਘਰਾਂ ਦੇ ਬਾਹਰ



ਖੜ੍ਹ ਕੇ ਫੁੱਲ ਵਰਸਾਏ।ਇਸ ਤੋਂ ਇਲਾਵਾ ਸਮਾਗਮ ਦੌਰਾਨ ਵਿਸ਼ਵ ਸ਼ਾਂਤੀ, ਭਾਈਚਾਰੇ ਅਤੇ ਦੇਸ਼ ਦੀ ਤਰੱਕੀ ਲਈ ਵਿਸ਼ੇਸ਼ ਅਰਦਾਸ ਕੀਤੀ ਗਈ। ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਆਗੂਆਂ ਨੇ ਆਪਣੇ ਸੰਬੋਧਨਾਂ ਵਿੱਚ ਆਪਸੀ ਇਕਤਾ, ਪ੍ਰੇਮ ਅਤੇ ਸਹਿਯੋਗ ਦਾ ਸੰਦੇਸ਼ ਦਿੱਤਾ। ਇਸ ਮੌਕੇ ਅਹਿਮਦੀਆ ਮੁਸਲਿਮ ਭਾਈਚਾਰੇ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਹ ਸ਼ੋਭਾ ਯਾਤਰਾ ਮੰਦਰ ਠਾਕੁਰ ਦੁਆਰਾ ਕਾਦੀਆਂ ਤੋਂ ਸ਼ੁਰੂ ਹੋ ਕੇ ਵੱਖ-ਵੱਖ ਥਾਵਾਂ ਤੋਂ ਹੁੰਦੀ ਹੋਈ ਮੰਦਰ ਠਾਕੁਰ ਦੁਆਰਾ ਵਿਖੇ ਸਮਾਪਤ ਹੋਈ । ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ , ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਹਲਕਾ ਵਿਧਾਇਕ ਕਾਦੀਆਂ, ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਹਲਕਾ ਵਿਧਾਇਕ ਫਤਿਹਗੜ੍ਹ ਚੂੜੀਆਂ, ਡਾਕਟਰ ਸੁਖਵਿੰਦਰ ਪਾਲ ਸਿੰਘ ਸੁੱਖ, ਸਰਬ ਸਾਂਝੀ ਵੈਲਫੇਅਰ ਸਭਾ ਦੇ ਚੇਅਰਮੈਨ ਸਰਬਜੀਤ ਸਿੰਘ ਭੱਤੂ ਮਾਹਲ, ਪ੍ਰੈਸ ਕਲੱਬ ਕਾਦੀਆਂ ਦੇ ਪ੍ਰਧਾਨ ਗੁਰਦਿਲਬਾਗ ਸਿੰਘ ਨੀਟਾ ਮਾਹਲ, ਪ੍ਰਧਾਨ ਮਹਿੰਦਰ ਪਾਲ, ਸਮੇਤ ਇਲਾਕੇ ਦੇ ਵੱਖ-ਵੱਖ ਰਾਜਨੀਤਿਕ ਸਮਾਜ ਸੇਵੀ ਮੰਦਰ ਕਮੇਟੀ ਦੇ ਪ੍ਰਧਾਨ ਸੇਵਾਦਾਰ ਅਤੇ ਇਲਾਕੇ ਦੀ ਸੰਗਤ ਵੱਡੀ ਗਿਣਤੀ ਵਿੱਚ ਹਾਜ਼ਰ ਸੀ।

# ਮਹਾਰਾਸ਼ਟਰ ਦਾ ਬਾਬਾ

ਆਸਾ ਰਾਮ ਬਾਬੂ ਬਲਾਤਕਾਰ ਦੇ ਮਾਮਲੇ 'ਚ ਸਜ਼ਾ ਕੱਟ ਰਿਹਾ ਹੈ। ਗੁਰਮੀਤ ਰਾਮ ਰਹੀਮ ਇੰਸਾਂ ਵੀ ਹੱਤਿਆ ਤੇ ਬਲਾਤਕਾਰ ਦੇ ਮਾਮਲੇ 'ਚ ਜੇਲ੍ਹ 'ਚ ਹੈ। ਹਾਲ ਹੀ ਵਿੱਚ ਮਹਾਰਾਸ਼ਟਰ ਦੇ ਨਾਸਿਕ 'ਚ ਅਸ਼ੋਕ ਕੁਮਾਰ ਖਰਾਤ ਨਾਂਅ ਦਾ ਬਾਬਾ ਚਰਚਾ ਵਿੱਚ ਆਇਆ ਹੈ। ਉਸ ਨੂੰ ਲੋਕਾਂ ਦੀ ਆਸਥਾ ਨਾਲ ਖਿਲਵਾੜ ਕਰਨ ਦੇ ਦੋਸ਼ 'ਚ ਪੁਲਸ ਨੇ ਗ੍ਰਿਫਤਾਰ ਕੀਤਾ ਹੈ। ਮਹਾਰਾਸ਼ਟਰ ਦੀਆਂ ਵੱਡੀਆਂ ਹਸਤੀਆਂ ਉਸ ਕੋਲ ਆਉਂਦੀਆਂ ਸਨ ਤੇ ਮਹਾਰਾਸ਼ਟਰ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰੁਪਾਲੀ ਚਾਕਣਕਰ ਵੀ ਉਸ ਦੀ ਚੇਲੀ ਸੀ। ਰੁਪਾਲੀ ਦੀ ਇਸ ਬਾਬੇ ਨਾਲ ਇੱਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿੱਚ ਉਹ ਉਸ ਦੇ ਪੈਰ ਧੋ ਰਹੀ ਹੈ ਤੇ ਉਸ ਨੂੰ ਧੁੱਪ ਤੋਂ ਬਚਾਉਣ ਲਈ ਛਤਰੀ ਤਾਣ ਰਹੀ ਹੈ। ਖਰਾਤ ਦਾ ਦਾਅਵਾ ਹੈ ਕਿ ਉਹ ਮਰਚੈਂਟ ਨੇਵੀ ਦਾ ਸਾਬਕਾ ਕੈਪਟਨ ਹੈ ਅਤੇ ਉਸ ਨੂੰ ਗੈਬੀ ਸ਼ਕਤੀਆਂ ਹਾਸਲ ਹਨ। ਉਹ ਜੋਤਿਸ਼ੀ ਤੇ ਅੰਕ ਸ਼ਾਸਤਰੀ ਹੋਣ ਦਾ ਨਾਟਕ ਕਰਦਾ ਸੀ। ਕਈ ਔਰਤਾਂ ਉਸ ਦੀਆਂ ਸ਼ਿਕਾਰ ਹੋਈਆਂ, ਜਿਨ੍ਹਾਂ ਬਾਰੇ ਅੱਜਕੱਲ੍ਹ ਕਥਿਤ ਵੀਡੀਓ ਵੀ ਕਾਫੀ ਚੱਲ ਰਹੀਆਂ ਹਨ।

ਸਾਫ ਨਜ਼ਰ ਆ ਰਿਹਾ ਹੈ ਕਿ ਸਮਾਜ ਵਿੱਚ ਆਰਥਿਕ ਅਸੁਰੱਖਿਆ ਤੇ ਨਾਬਰਾਬਰੀ ਵਧ ਰਹੀ ਹੈ ਅਤੇ ਲੋਕਾਂ ਦੀ ਆਸਥਾ ਨਾਲ ਖੇਡਣ ਵਾਲੇ ਬਾਬਿਆਂ ਦੀ ਪਕੜ ਮਜ਼ਬੂਤ ਹੋ ਰਹੀ ਹੈ। ਸਮਾਜ ਵਿੱਚ ਆਸਥਾ ਆਧਾਰਤ ਗਿਆਨ ਤੇ ਵਿਸ਼ਵਾਸ ਵਧ ਰਿਹਾ ਹੈ। ਖ਼ੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੌਰਾਣਿਕ ਕਥਾਵਾਂ ਨੂੰ ਵਿਗਿਆਨ ਦਾ ਦਰਜਾ ਦੇਣ ਦੀ ਸ਼ੁਰੂਆਤ ਕੀਤੀ। ਇੱਕ ਆਧੁਨਿਕ ਹਸਪਤਾਲ ਦਾ ਉਦਘਾਟਨ ਕਰਦਿਆਂ ਉਨ੍ਹਾ ਕਿਹਾ ਸੀ ਕਿ ਪ੍ਰਾਚੀਨ ਭਾਰਤ ਵਿੱਚ ਪਲਾਸਟਿਕ ਸਰਜਨ ਰਿਹਾ ਹੋਵੇਗਾ, ਜਿਸ ਨੇ ਮਨੁੱਖ ਦੇ ਧੜ 'ਤੇ ਹਾਥੀ ਦਾ ਸਿਰ ਟਰਾਂਸਪਲਾਂਟ ਕੀਤਾ। ਨਾ ਸਿਰਫ ਪੌਰਾਣਿਕ ਕਥਾਵਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ, ਸਗੋਂ ਰਾਮਾਇਣ ਤੇ ਮਹਾਭਾਰਤ 'ਤੇ ਖੋਜ ਕਰਨ ਲਈ ਵੱਡੀ ਰਕਮ ਵੀ ਖਰਚੀ ਜਾ ਰਹੀ ਹੈ। ਜਿਸ ਦੇਸ਼ ਨੂੰ ਕੁਪੋਸ਼ਣ ਤੇ ਛੂਤ ਦੀਆਂ ਬਿਮਾਰੀਆਂ ਨਾਲ ਲੜਨ ਨੂੰ ਤਰਜੀਹ ਦੇਣੀ ਚਾਹੀਦੀ ਹੈ, ਉਹ ਆਸਥਾ ਆਧਾਰਤ ਸੋਚ ਨੂੰ ਬੜ੍ਹਾਵਾ ਦੇ ਰਿਹਾ ਹੈ। ਪ੍ਰਧਾਨ ਮੰਤਰੀ ਬਾਗੇਸ਼ਵਰ ਧਾਮ ਦੇ ਬਾਬੇ ਨੂੰ ਆਪਣਾ ਛੋਟਾ ਭਰਾ ਕਹਿੰਦੇ ਹਨ। ਇਹ ਬਾਬਾ ਕਿਸੇ ਵੀ ਵਿਅਕਤੀ ਦਾ ਅਤੀਤ ਜਾਨਣ ਦੀ ਰੂਹਾਨੀ ਤੇ ਰਹੱਸਮਈ ਸ਼ਕਤੀ ਨਾਲ ਲੈਸ ਹੋਣ ਦਾ ਦਾਅਵਾ ਕਰਦਾ ਹੈ। ਇਸ ਤਰ੍ਹਾਂ ਨਵੀਂ ਪੀੜ੍ਹੀ ਨੂੰ ਵੀ ਭਾਰਤੀ ਗਿਆਨ ਪ੍ਰਣਾਲੀ ਦੀ ਘੁੱਟੀ ਪਿਲਾਈ ਜਾ ਰਹੀ ਹੈ। ਪ੍ਰਾਚੀਨ ਭਾਰਤ ਨੇ ਨਿਸਚੇ ਹੀ ਤਰਕਪੂਰਨ ਵਿਚਾਰਾਂ ਦੇ ਖੇਤਰ ਵਿੱਚ ਬਹੁਤ ਯੋਗਦਾਨ ਦਿੱਤਾ ਹੋਵੇਗਾ, ਪਰ ਸੱਚ ਤੇ ਝੂਠ ਨੂੰ ਵਖਰਾਉਣਾ ਜ਼ਰੂਰੀ ਹੈ। ਸੱਤਾਧਾਰੀ ਪਾਰਟੀ ਨਵੀਂ ਸਿੱਖਿਆ ਨੀਤੀ ਰਾਹੀਂ ਅੰਧਵਿਸ਼ਵਾਸਾਂ ਨੂੰ ਪ੍ਰੋਤਸਾਹਤ ਕਰ ਰਹੀ ਹੈ। ਇਹ ਆਉਣ ਵਾਲੀਆਂ ਪੀੜ੍ਹੀਆਂ ਲਈ ਅਤਿਅੰਤ ਹਾਨੀਕਾਰਕ ਹੋਵੇਗਾ। ਇਸ ਨਾਲ ਭਾਰਤ ਵਿੱਚ ਖਰਾਤ ਤੇ ਬਾਗੇਸ਼ਵਰ ਧਾਮ ਵਾਲੇ ਬਾਬੇ ਵਰਗੇ ਲੋਕ ਵਧਣ-ਫੁੱਲਣਗੇ ਅਤੇ ਡਾ. ਦਾਭੋਲਕਰ, ਗੋਵਿੰਦ ਪਨਸਾਰੇ, ਐੱਮ ਐੱਮ ਕਲਬੁਰਗੀ ਤੇ ਗੌਰੀ ਲੰਕੇਸ਼ ਵਰਗਿਆਂ ਨੂੰ ਚਿੰਤਨ ਤੇ ਵਿਚਾਰਾਂ 'ਚ ਦਲੀਲ ਨੂੰ ਪ੍ਰੋਤਸਾਹਤ ਕਰਨ ਲਈ ਆਪਣੀ ਜਾਨ ਗੁਆਉਣੀ ਹੋਵੇਗੀ।

# ਯੁੱਧ 'ਚ ਕੋਈ ਨਹੀਂ ਜਿੱਤਦਾ !

21ਵੀਂ ਸਦੀ ਨੂੰ ਮਨੁੱਖੀ ਤਰੱਕੀ ਦੀ ਸਦੀ ਕਿਹਾ ਜਾਂਦਾ ਹੈ। ਵਿਗਿਆਨ, ਤਕਨਾਲੋਜੀ, ਦਵਾਈ ਅਤੇ ਸੰਚਾਰ ਦੇ ਖੇਤਰ ਵਿੱਚ ਮਨੁੱਖ ਨੇ ਉਹ ਮੰਜ਼ਲਾਂ ਹਾਸਲ ਕਰ ਲਈਆਂ ਹਨ, ਜੋ ਕੁਝ ਦਹਾਕੇ ਪਹਿਲਾਂ ਤੱਕ ਸਿਰਫ਼ ਸੁਪਨੇ ਸਨ। ਮਨੁੱਖ ਚੰਦਰਮਾ ਤੋਂ ਅੱਗੇ ਮੰਗਲ ਗ੍ਰਹਿ ਤੱਕ ਪਹੁੰਚਣ ਦੀ ਯੋਜਨਾ ਬਣਾ ਰਿਹਾ ਹੈ, ਪਰ ਇਸ ਤਰੱਕੀ ਦੇ ਨਾਲ ਇੱਕ ਅਜਿਹਾ ਡਰ ਵੀ ਹੈ, ਜੋ ਹਰ ਸਮੇਂ ਮਨੁੱਖਤਾ ਦੇ ਸਿਰ 'ਤੇ ਮੰਡਰਾਉਂਦਾ ਰਹਿੰਦਾ ਹੈ—ਤੀਜੇ ਵਿਸ਼ਵ ਯੁੱਧ ਦਾ ਡਰ।ਇਹ ਡਰ ਸਿਰਫ਼ ਕਲਪਨਾ ਨਹੀਂ। ਅੱਜ ਦੀ ਦੁਨੀਆ ਵਿੱਚ ਵਧ ਰਹੇ ਰਾਜਨੀਤਿਕ ਟਕਰਾਅ, ਸੈਨਿਕ ਮੁਕਾਬਲੇ ਅਤੇ ਹਥਿਆਰਾਂ ਦੀ ਦੌੜ ਇਸ ਸੰਭਾਵਨਾ ਨੂੰ ਕਦੇ ਵੀ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਣ ਦਿੰਦੇ। ਕਈ ਵਿਸ਼ਲੇਸ਼ਕ ਮੰਨਦੇ ਹਨ ਕਿ ਜੇਕਰ ਦੁਨੀਆ ਦੀਆਂ ਵੱਡੀਆਂ ਤਾਕਤਾਂ ਵਿਚਕਾਰ ਟਕਰਾਅ ਵਧ ਗਿਆ ਤਾਂ ਤੀਜਾ ਵਿਸ਼ਵ ਯੁੱਧ ਹੋ ਸਕਦਾ ਹੈ।

**ਇਤਿਹਾਸ ਦੀਆਂ ਸਿੱਖਿਆਵਾਂ:** ਮਨੁੱਖੀ ਇਤਿਹਾਸ ਦੱਸਦਾ ਹੈ ਕਿ ਜਦੋਂ ਵੀ ਤਾਕਤ ਦੀ ਲੜਾਈ ਨੇ ਹੱਦਾਂ ਪਾਰ ਕੀਤੀਆਂ ਹਨ, ਉਸ ਦਾ ਨਤੀਜਾ ਤਬਾਹੀ ਹੀ ਨਿਕਲਿਆ ਹੈ। 20ਵੀਂ ਸਦੀ ਵਿੱਚ ਹੋਏ ਦੋ ਵਿਸ਼ਵ ਯੁੱਧ ਇਸ ਦੀ ਸਭ ਤੋਂ ਵੱਡੀ ਮਿਸਾਲ ਹਨ ।ਪਹਿਲਾ ਵਿਸ਼ਵ ਯੁੱਧ (1914-1918) ਯੂਰਪ ਦੇ ਰਾਜਨੀਤਕ ਸੰਘਰਸ਼ ਤੋਂ ਸ਼ੁਰੂ ਹੋਇਆ, ਪਰ ਇਸ ਨੇ ਪੂਰੀ ਦੁਨੀਆ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਲੱਖਾਂ ਲੋਕ ਮਾਰੇ ਗਏ ਅਤੇ ਕਈ ਦੇਸ਼ਾਂ ਦੀ ਆਰਥਿਕਤਾ ਡਿੱਗ ਗਈ।ਇਸ ਤੋਂ ਬਾਅਦ ਦੂਜਾ ਵਿਸ਼ਵ ਯੁੱਧ (1939-1945) ਹੋਇਆ, ਜਿਸ ਵਿੱਚ ਕਰੀਬ 7 ਕਰੋੜ ਲੋਕਾਂ ਦੀ ਜਾਨ ਗਈ। ਇਹ ਮਨੁੱਖੀ ਇਤਿਹਾਸ ਦੀ ਸਭ ਤੋਂ ਵੱਡੀ ਤਬਾਹੀ ਸੀ। ਇਸ ਯੁੱਧ ਦੇ ਅੰਤ ਵਿੱਚ ਜਪਾਨ ਦੇ ਸ਼ਹਿਰ ਹੀਰੋਸ਼ਿਮਾ ਅਤੇ ਨਾਗਾਸਾਕੀ 'ਤੇ ਪਰਮਾਣੂ ਬੰਬ ਸੁੱਟੇ ਗਏ। ਇਹ ਘਟਨਾ ਅੱਜ ਵੀ ਮਨੁੱਖਤਾ ਨੂੰ ਇਹ ਯਾਦ ਦਿਵਾਉਂਦੀ ਹੈ ਕਿ ਯੁੱਧ ਦੀ ਕੀਮਤ ਕਿੰਨੀ ਭਿਆਨਕ ਹੁੰਦੀ ਹੈ।

**ਆਧੁਨਿਕ ਦੁਨੀਆ ਵਿੱਚ ਵਧਦੇ ਟਕਰਾਅ:** ਅੱਜ ਦੀ ਵਿਸ਼ਵ ਰਾਜਨੀਤੀ ਕਈ ਤਰ੍ਹਾਂ ਦੇ ਤਣਾਅ ਨਾਲ ਭਰੀ ਹੋਈ ਹੈ। ਅਮਰੀਕਾ ਅਤੇ ਚੀਨ ਵਿਚਕਾਰ ਵਧਦਾ ਮੁਕਾਬਲਾ ਦੁਨੀਆ ਦੀ ਰਾਜਨੀਤੀ ਦਾ ਕੇਂਦਰ ਬਣ ਗਿਆ ਹੈ। ਦੋਵੇਂ ਦੇਸ਼ ਆਰਥਿਕ ਅਤੇ ਸੈਨਿਕ ਤਾਕਤ ਵਿੱਚ ਅੱਗੇ ਹਨ ਅਤੇ ਦੱਖਣੀ ਚੀਨ ਸਮੁੰਦਰ ਅਤੇ ਤਾਈਵਾਨ ਦੇ ਮਸਲੇ 'ਤੇ ਅਕਸਰ ਟਕਰਾਅ ਦੀ ਸਥਿਤੀ ਬਣ ਜਾਂਦੀ ਹੈ।

ਇਸੇ ਤਰ੍ਹਾਂ ਯੂਰਪ ਵਿੱਚ ਚੱਲ ਰਿਹਾ ਰੂਸ ਅਤੇ ਯੂਕਰੇਨ ਦਾ ਸੰਘਰਸ਼ ਵੀ ਵਿਸ਼ਵ ਸ਼ਾਂਤੀ ਲਈ ਵੱਡੀ ਚਿੰਤਾ ਬਣਿਆ ਹੋਇਆ ਹੈ। ਇਸ ਯੁੱਧ ਨੇ ਹਜ਼ਾਰਾਂ ਲੋਕਾਂ ਦੀ ਜਾਨ ਲੈ ਲਈ ਹੈ ਅਤੇ ਕਈ ਸ਼ਹਿਰ ਤਬਾਹ ਹੋ ਚੁੱਕੇ ਹਨ। ਜੇ ਇਹ ਸੰਘਰਸ਼ ਵੱਡੇ ਪੱਧਰ 'ਤੇ ਫੈਲ ਗਿਆ ਤਾਂ ਇਹ ਵਿਸ਼ਵ ਯੁੱਧ ਦਾ ਰੂਪ ਧਾਰ ਸਕਦਾ ਹੈ।

**ਦੱਖਣੀ ਏਸ਼ੀਆ ਦੀ ਸੰਵੇਦਨਸ਼ੀਲ ਸਥਿਤੀ:** ਦੱਖਣੀ ਏਸ਼ੀਆ ਵਿੱਚ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਵੀ ਇੱਕ ਸੰਵੇਦਨਸ਼ੀਲ ਮਸਲਾ ਹੈ। ਦੋਵੇਂ ਦੇਸ਼ਾਂ ਕੋਲ ਪਰਮਾਣੂ ਹਥਿਆਰ ਹਨ ਅਤੇ ਕਸ਼ਮੀਰ ਦਾ ਮਸਲਾ ਅਕਸਰ ਰਾਜਨੀਤਿਕ ਟਕਰਾਅ ਦਾ ਕਾਰਨ ਬਣਦਾ ਹੈ।ਜੇਕਰ ਕਦੇ ਵੱਡਾ ਸੈਨਿਕ ਸੰਘਰਸ਼ ਹੋਇਆ ਤਾਂ ਇਸ ਦੇ ਪ੍ਰਭਾਵ ਸਿਰਫ਼ ਦੱਖਣੀ ਏਸ਼ੀਆ ਤੱਕ ਸੀਮਿਤ ਨਹੀਂ ਰਹਿਣਗੇ, ਸਗੋਂ ਪੂਰੀ ਦੁਨੀਆ ਨੂੰ ਪ੍ਰਭਾਵਿਤ ਕਰ ਸਕਦੇ ਹਨ।

**ਪਰਮਾਣੂ ਹਥਿਆਰਾਂ ਦੀ ਭਿਆਨਕਤਾ:** ਤੀਜੇ ਵਿਸ਼ਵ ਯੁੱਧ ਦੀ ਸਭ ਤੋਂ ਵੱਡੀ ਭਿਆਨਕਤਾ ਪਰਮਾਣੂ ਹਥਿਆਰ ਹਨ। ਅੱਜ ਦੇ ਪਰਮਾਣੂ ਬੰਬ 1945 ਵਿੱਚ ਵਰਤੇ ਗਏ ਬੰਬਾਂ ਨਾਲੋਂ ਕਈ ਗੁਣਾ ਜ਼ਿਆਦਾ ਤਾਕਤਵਰ ਹਨ। ਇੱਕ ਪਰਮਾਣੂ ਹਮਲਾ ਪੂਰੇ ਸ਼ਹਿਰ ਨੂੰ ਕੁਝ ਸਕਿੰਟਾਂ ਵਿੱਚ ਤਬਾਹ ਕਰ ਸਕਦਾ ਹੈ। ਜੇ ਵੱਡੇ ਪੱਧਰ 'ਤੇ ਇਹ ਹਥਿਆਰ ਵਰਤੇ ਗਏ ਤਾਂ ਲੱਖਾਂ ਨਹੀਂ, ਸਗੋਂ ਕਰੋੜਾਂ ਲੋਕ ਮਿੰਟਾਂ ਵਿੱਚ ਮਾਰੇ ਜਾ ਸਕਦੇ ਹਨ।

**ਸਾਇਬਰ ਯੁੱਧ - ਨਵੀਂ ਕਿਸਮ ਦੀ ਲੜਾਈ:** ਆਧੁਨਿਕ ਯੁੱਗ ਵਿੱਚ ਯੁੱਧ ਸਿਰਫ਼ ਟੈਂਕਾਂ ਅਤੇ ਮਿਜ਼ਾਈਲਾਂ ਨਾਲ ਨਹੀਂ ਲੜਿਆ ਜਾਂਦਾ, ਅੱਜ ਸਾਇਬਰ ਹਮਲੇ ਇੱਕ ਵੱਡਾ ਹਥਿਆਰ ਬਣ ਚੁੱਕੇ ਹਨ।ਬਿਜਲੀ ਘਰਾਂ, ਬੈਂਕਿੰਗ ਸਿਸਟਮ, ਇੰਟਰਨੈੱਟ ਅਤੇ ਸੈਟੇਲਾਈਟ ਨੈੱਟਵਰਕ ਨੂੰ ਨਿਸ਼ਾਨਾ ਬਣਾ ਕੇ ਕਿਸੇ ਵੀ ਦੇਸ਼ ਦੀ ਜ਼ਿੰਦਗੀ ਨੂੰ ਠੱਪ ਕੀਤਾ ਜਾ ਸਕਦਾ ਹੈ।

ਮਨੁੱਖੀ ਸੰਕਟ: ਯੁੱਧ ਦਾ ਸਭ ਤੋਂ ਵੱਡਾ ਨੁਕਸਾਨ ਆਮ ਲੋਕਾਂ ਨੂੰ ਹੁੰਦਾ ਹੈ। ਲੱਖਾਂ ਲੋਕ ਆਪਣੇ ਘਰ ਛੱਡਣ ਲਈ ਮਜਬੂਰ ਹੋ ਜਾਂਦੇ ਹਨ ਅਤੇ ਸ਼ਰਨਾਰਥੀ ਬਣ ਜਾਂਦੇ ਹਨ। ਬੱਚੇ, ਔਰਤਾਂ ਅਤੇ ਬਜ਼ੁਰਗ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਖਾਣ-ਪੀਣ, ਦਵਾਈਆਂ ਅਤੇ ਸੁਰੱਖਿਆ ਦੀ ਘਾਟ ਮਨੁੱਖੀ ਜੀਵਨ ਨੂੰ ਬਹੁਤ ਮੁਸ਼ਕਲ ਬਣਾ ਦਿੰਦੀ ਹੈ।

**ਕੀ ਦੁਨੀਆ ਇਸ ਤਬਾਹੀ ਤੋਂ ਬਚ ਸਕਦੀ ਹੈ ?:** ਇਹ ਸਵਾਲ ਸਿਰਫ਼ ਰਾਜਨੀਤਕ ਨਹੀਂ, ਸਗੋਂ ਮਨੁੱਖੀ ਜ਼ਿੰਮੇਵਾਰੀ ਨਾਲ ਵੀ ਜੁੜਿਆ ਹੈ। ਜੇ ਦੁਨੀਆ ਦੇ ਨੇਤਾ ਆਪਣੇ ਹੰਕਾਰ ਅਤੇ ਤਾਕਤ ਦੀ ਰਾਜਨੀਤੀ ਨੂੰ ਪਾਸੇ ਰੱਖ ਕੇ ਸੰਵਾਦ ਅਤੇ ਕੂਟਨੀਤੀ ਦਾ ਰਸਤਾ ਅਪਣਾਉਣ ਤਾਂ ਤੀਜੇ ਵਿਸ਼ਵ ਯੁੱਧ ਦੀ ਸੰਭਾਵਨਾ ਨੂੰ ਘੱਟ ਕੀਤਾ ਜਾ ਸਕਦਾ ਹੈ।ਅੰਤਰਰਾਸ਼ਟਰੀ ਸੰਸਥਾਵਾਂ ਨੂੰ ਵੀ ਹੋਰ ਮਜ਼ਬੂਤ ਭੂਮਿਕਾ ਨਿਭਾਉਣੀ ਪਵੇਗੀ, ਤਾਂ ਜੋ ਵਿਸ਼ਵ ਸ਼ਾਂਤੀ ਬਣੀ ਰਹੇ।

ਤੀਜਾ ਵਿਸ਼ਵ ਯੁੱਧ ਮਨੁੱਖਤਾ ਲਈ ਸਭ ਤੋਂ ਵੱਡੀ ਕਸੌਟੀ ਹੋਵੇਗਾ। ਜੇ ਇਹ ਯੁੱਧ ਹੋਇਆ ਤਾਂ ਸੰਭਵ ਹੈ ਕਿ ਮਨੁੱਖੀ ਸੱਭਿਆਚਾਰ ਨੂੰ ਮੁੜ ਖੜ੍ਹਾ ਹੋਣ ਵਿੱਚ ਕਈ ਦਹਾਕੇ ਲੱਗ ਜਾਣ।ਇਸ ਲਈ ਅੱਜ ਦੀ ਸਭ ਤੋਂ ਵੱਡੀ ਲੋੜ ਇਹ ਹੈ ਕਿ ਦੁਨੀਆ ਸ਼ਾਂਤੀ, ਸਹਿਯੋਗ ਅਤੇ ਸੰਵਾਦ ਨੂੰ ਤਰਜੀਹ ਦੇਵੇ, ਕਿਉਂਕਿ ਅਖ਼ੀਰਕਾਰ ਸੱਚ ਇਹ ਹੈ: 'ਯੁੱਧ ਵਿੱਚ ਕੋਈ ਨਹੀਂ ਜਿੱਤਦਾ, ਹਾਰ ਸਿਰਫ਼ ਮਨੁੱਖਤਾ ਦੀ ਹੁੰਦੀ ਹੈ।'

**-ਗੁਰਭਿੰਦਰ ਗੁਰੀ**

# ਪਰਮਾਣੂ ਖਤਰੇ ਪ੍ਰਤੀ ਲਾਪਰਵਾਹੀ ਦੀ ਕੋਈ ਗੁੰਜਾਇਸ਼ ਨਹੀਂ



ਡਾ. ਅਰੁਣ ਮਿਤਰਾ

ਅਮਰੀਕਾ ਦੇ ਰਾਸ਼ਟਰਪਤੀ ਨੇ ਹੋਰਮੁਜ਼ ਜਲਡਮਰੂ ਨੂੰ ਖੋਲ੍ਹਣ ਦੀ ਮਿਆਦ ਨੂੰ ਅੱਗੇ ਵਧਾ ਦਿੱਤਾ ਹੈ। ਇਹ ਫੈਸਲਾ ਉਨ੍ਹਾਂ ਵਲੋਂ ਸੀਨੀਅਰ ਫੌਜੀ ਨੇਤ੍ਰਿਤਵ ਦੀ ਸਲਾਹ ਅਤੇ ਯੂਰਪੀ ਦੇਸ਼ਾਂ ਅਤੇ ਖਾੜੀ ਦੇ ਦੇਸ਼ਾਂ ਦੇ ਦਬਾਅ ਹੇਠ ਲਿਆ ਗਿਆ ਜਾਪਦਾ ਹੈ। ਇਨ੍ਹਾਂ ਦੇਸ਼ਾਂ ਨੂੰ ਚਿੰਤਾ ਹੈ ਕਿ ਅਮਰੀਕਾ ਵੱਲੋਂ ਇਰਾਨ ਦੇ ਮਹੱਤਵਪੂਰਨ ਢਾਂਚਾਗਤ ਟਿਕਾਣਿਆਂ 'ਤੇ ਬੰਬਾਰੀ ਦੇ ਜਵਾਬ ਵਿੱਚ ਇਰਾਨ ਵੱਲੋਂ ਡੀਸੈਲੀਨੇਸ਼ਨ ਅਤੇ ਪਾਣੀ ਸ਼ੁੱਧੀਕਰਨ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ, ਜਿਸ ਨਾਲ ਖੇਤਰ ਦੇ ਲੱਖਾਂ ਲੋਕਾਂ ਨੂੰ ਗੰਭੀਰ ਪਾਣੀ ਦੇ ਸੰਕਟ ਦਾ ਸਾਹਮਣਾ ਕਰਨਾ ਪਏਗਾ।

ਟਰੰਪ ਨੇ ਇਹ ਵੀ ਕਿਹਾ ਹੈ ਕਿ ਇਰਾਨ ਨਾਲ ਚੰਗੀ ਗੱਲਬਾਤ ਚੱਲ ਰਹੀ ਹੈ, ਪਰ ਇਰਾਨ ਨੇ ਇਸ ਦਾਅਵੇ ਨੂੰ ਸਾਫ਼ ਤੌਰ 'ਤੇ ਖਾਰਜ ਕਰ ਦਿੱਤਾ ਹੈ ਕਿ ਅਮਰੀਕਾ ਅਤੇ ਇਰਾਨ ਵਿਚਕਾਰ ਕੋਈ ਵਾਰਤਾਲਾਪ ਹੋ ਰਿਹਾ ਹੈ। ਇਹ ਦਾਅਵਾ ਧਿਆਨ ਭਟਕਾਉਣ ਵਾਲੀ ਰਣਨੀਤੀ ਹੋ ਸਕਦਾ ਹੈ, ਪਰ ਵੱਧ ਸੰਭਾਵਨਾ ਇਹ ਹੈ ਕਿ ਅਮਰੀਕੀ ਪ੍ਰਸ਼ਾਸਨ ਨੂੰ ਹੁਣ ਇਰਾਨ ਵਿਰੁੱਧ ਆਪਣੇ ਸੈਨਿਕ ਵਿਕਲਪਾਂ ਦੀਆਂ ਸੀਮਾਵਾਂ ਦਾ ਅਹਿਸਾਸ ਹੋਣ ਲੱਗ ਪਿਆ ਹੈ। ਹੁਣ ਇਹ ਖਬਰ ਵੀ ਆਈ ਹੈ ਕਿ ਪਾਕਿਸਤਾਨੀ ਫੌਜ ਦੇ ਮੁਖੀ ਫੀਲਡ ਮਾਰਸ਼ਲ ਅਸੀਮ ਮੁਨੀਰ ਅਮਰੀਕਾ ਤੇ ਇਰਾਨ ਵਿਚਾਲੇ ਅਮਨ ਲਈ ਵਿਚੋਲਗੀ ਕਰਨਗੇ।

ਖੁਦ ਅਮਰੀਕਾ ਦੇ ਅੰਦਰ ਵੀ ਟਰੰਪ ਦੇ ਰੁਖ ਨੂੰ ਵਿਆਪਕ ਸਮਰਥਨ ਨਹੀਂ ਮਿਲ ਰਿਹਾ। ਜਨਮਤ ਦਾ ਇੱਕ ਵੱਡਾ ਹਿੱਸਾ ਮੰਨਦਾ ਹੈ ਕਿ ਉਹ ਇਜ਼ਰਾਇਲ ਦੀ ਰਣਨੀਤਿਕ ਸੋਚ ਤੋਂ ਪ੍ਰਭਾਵਿਤ ਹਨ ਅਤੇ ਇਹ ਅਮਰੀਕਾ ਦੀ ਜੰਗ ਨਹੀਂ, ਸਗੋਂ ਖੇਤਰ ਵਿੱਚ ਯਹੂਦੀ ਕੱਟੜਪੰਥੀ ਜ਼ਾਂਇਨਵਾਦੀ ਫੈਲਾਅ ਦੀ ਵੱਡੀ ਯੋਜਨਾ ਦਾ ਹਿੱਸਾ ਹੈ।

ਟਰੰਪ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਉਹ 30 ਮਿੰਟਾਂ ਦੇ ਅੰਦਰ ਇਸ ਜੰਗ ਨੂੰ ਖਤਮ ਕਰ ਸਕਦੇ ਹਨ। ਰਣਨੀਤਕ ਮਾਹਰਾਂ ਨੇ ਚੇਤਾਵਨੀ ਦਿੱਤੀ ਹੈ ਕਿ ਇਹ ਸਿਰਫ਼ ਪਰਮਾਣੂ ਹਥਿਆਰਾਂ ਦੇ ਇਸਤੇਮਾਲ ਨਾਲ ਹੀ ਸੰਭਵ ਹੋ ਸਕਦਾ ਹੈ। ਇਹ ਬਿਆਨ ਬਹੁਤ ਚਿੰਤਾਜਨਕ ਹੈ, ਖ਼ਾਸਕਰ ਇੱਕ ਅਜਿਹੇ ਨੇਤਾ ਵੱਲੋਂ ਜੋ ਅਕਸਰ ਆਵੇਗਪੂਰਨ ਅਤੇ ਅਸੰਗਤ ਫੈਸਲੇ ਕਰਨ ਲਈ ਜਾਣਿਆ ਜਾਂਦਾ ਹੈ, ਜੋ ਅਕਸਰ ਅਚਾਨਕ ਫੈਸਲੇ ਲੈਂਦਾ ਹੈ, ਆਪਣੇ ਬਿਆਨ ਬਦਲਦਾ ਰਹਿੰਦਾ ਹੈ ਅਤੇ ਲੰਮੇ ਸਮੇਂ ਦੀ ਰਣਨੀਤੀ ਦੀ ਸਪੱਸ਼ਟਤਾ ਦੀ ਘਾਟ ਦਿਖਾਉਂਦਾ ਹੈ।

ਲਗਭਗ ਤਿੰਨ ਹਫ਼ਤਿਆਂ ਦੇ ਸੰਘਰਸ਼ ਤੋਂ ਬਾਅਦ, ਅਮਰੀਕਾ ਅਤੇ ਇਜ਼ਰਾਇਲ ਦੋਵੇਂ ਨਿਰਾਸ਼ ਦਿੱਖ ਰਹੇ ਹਨ ।ਉਨ੍ਹਾਂ ਨੂੰ ਉਮੀਦ ਸੀ ਕਿ ਇਰਾਨ ਕੁਝ ਹੀ ਦਿਨਾਂ ਵਿੱਚ ਝੁਕ ਜਾਵੇਗਾ, ਪਰ ਅਜਿਹਾ ਨਹੀਂ ਹੋਇਆ। ਇਸ ਦੇ ਉਲਟ, ਇਰਾਨ ਨੇ ਨਾ ਸਿਰਫ਼ ਅਮਰੀਕੀ-ਇਜ਼ਰਾਇਲੀ ਹਮਲਿਆਂ ਦਾ ਸਾਹਮਣਾ ਕੀਤਾ ਹੈ, ਸਗੋਂ ਖਾੜੀ ਖੇਤਰ ਵਿੱਚ ਅਮਰੀਕੀ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਜਵਾਬੀ ਕਾਰਵਾਈ ਵੀ ਕੀਤੀ ਹੈ। ਇਰਾਨ ਵੱਲੋਂ ਉੱਨਤ ਲੜਾਕੂ ਜਹਾਜ਼ਾਂ ਜਿਵੇਂ ਐੱਫ-35, ਜੋ ਕਿ ਸਿਰਫ਼ ਅਮਰੀਕਾ ਅਤੇ ਇਜ਼ਰਾਇਲ ਕੋਲ ਹੀ ਹਨ, ਨੂੰ ਗਿਰਾਉਣ ਦੀਆਂ ਖ਼ਬਰਾਂ ਨੇ ਵੀ ਸਭ ਨੂੰ ਹੈਰਾਨ ਕਰ ਦਿੱਤਾ ਹੈ । ਇਸ ਤੋਂ ਇਲਾਵਾ ਇਰਾਨ ਵੱਲੋਂ 4000 ਕਿਲੋਮੀਟਰ ਤੱਕ ਦੀ ਮਾਰ ਵਾਲੀ ਲੰਮੀ ਦੂਰੀ ਦੀ ਮਿਜ਼ਾਈਲ ਦੇ ਚਲਾਉਣ ਦੀਆਂ ਖ਼ਬਰਾਂ ਨੇ ਉਸ ਦੇ ਵਿਰੋਧੀਆਂ ਵਿੱਚ ਘਬਰਾਹਟ ਪੈਦਾ ਕਰ ਦਿੱਤੀ ਹੈ। ਹਾਲ ਹੀ ਵਿੱਚ ਇਜ਼ਰਾਇਲ ਦੇ ਪਰਮਾਣੂ ਕੇਂਦਰ ਦੇ ਨੇੜੇ ਹੋਏ ਹਮਲਿਆਂ ਨੇ ਇਜ਼ਰਾਇਲ ਦੀਆਂ ਚਿੰਤਾਵਾਂ ਹੋਰ ਵਧਾ ਦਿੱਤੀਆਂ ਹਨ।

ਇਹ ਜੰਗ ਇੱਕ ਵਾਰ ਫਿਰ ਮਨੁੱਖੀ ਮਾਪਦੰਡਾਂ ਅਤੇ ਅੰਤਰਰਾਸ਼ਟਰੀ ਸਮਝੌਤਿਆਂ ਪ੍ਰਤੀ ਇਜ਼ਰਾਇਲੀ ਸ਼ਾਸਨ ਦੀ ਅਣਦੇਖੀ ਨੂੰ ਬੇਨਕਾਬ ਕਰਦੀ ਹੈ। ਨਾਗਰਿਕ ਆਬਾਦੀ, ਖ਼ਾਸਕਰ ਬੱਚੇ ਇਜ਼ਰਾਇਲੀ ਹਮਲਿਆਂ ਦਾ ਸਭ ਤੋਂ ਵੱਡਾ ਸ਼ਿਕਾਰ ਬਣੇ ਹਨ, ਜਦਕਿ ਮਹੱਤਵਪੂਰਨ ਬੁਨਿਆਦੀ ਢਾਂਚੇ ਨੂੰ ਪ੍ਰਣਾਲੀਬੱਧ ਢੰਗ ਨਾਲ ਤਬਾਹ ਕੀਤਾ ਗਿਆ ਹੈ। ਗਾਜ਼ਾ ਵਿੱਚ ਵੇਖੀ ਗਈ ਤਬਾਹੀ ਅਤੇ ਲੈਬਨਾਨ ਤੱਕ ਜੰਗ ਦੇ ਫੈਲਾਅ ਨਾਲ ਇਹ ਰੁਝਾਨ ਸਪੱਸ਼ਟ ਹੁੰਦਾ ਹੈ । ਇਸ ਦੇ ਨਾਲ ਹੀ ਖਾੜੀ ਦੇਸ਼ ਵੀ ਹੁਣ ਅਮਰੀਕੀ ਸੁਰੱਖਿਆ ਭਰੋਸਿਆਂ ਦੀਆਂ ਸੀਮਾਵਾਂ ਨੂੰ ਸਮਝਣ ਲੱਗ ਪਏ ਹਨ।

ਅਮਰੀਕਾ ਨੂੰ ਵੀ ਵਧਦੇ ਇਕਾਂਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਾਟੋ ਨੇ ਹੋਰਮੁਜ਼ ਜਲਡਮਰੂ ਦੀ ਸੁਰੱਖਿਆ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰ ਦਿੱਤਾ ਹੈ, ਜਦਕਿ ਯੂਰਪੀ ਦੇਸ਼ ਸੈਨਿਕ ਤੌਰ 'ਤੇ ਜੁੜਨ ਤੋਂ ਹਿਚਕਚਾ ਰਹੇ ਹਨ। ਟਰੰਪ ਵੱਲੋਂ ਇਨ੍ਹਾਂ ਦੇਸ਼ਾਂ ਨੂੰ ਕਾਇਰ ਕਹਿ ਕੇ ਆਲੋਚਨਾ ਕਰਨ ਨਾਲ ਸੰਬੰਧ ਹੋਰ ਤਣਾਓਪੂਰਨ ਹੋ ਗਏ ਹਨ। ਯੂਰਪੀ ਨੇਤਾਵਾਂ ਨੇ ਜਵਾਬ ਵਿੱਚ ਇਹ ਸਵਾਲ ਉਠਾਇਆ ਹੈ ਕਿ ਜੇ ਅਮਰੀਕਾ ਆਪਣੀ ਵੱਡੀ ਸਮੁੰਦਰੀ ਤਾਕਤ ਦੇ ਬਾਵਜੂਦ ਜਲਡਮਰੂ ਨੂੰ ਸੁਰੱਖਿਅਤ ਨਹੀਂ ਕਰ ਸਕਦਾ, ਤਾਂ ਛੋਟੀਆਂ ਯੂਰਪੀ ਤਾਕਤਾਂ ਕਿਵੇਂ ਸਫ਼ਲ ਹੋ ਸਕਦੀਆਂ ਹਨ।

ਸਭ ਤੋਂ ਵੱਡਾ ਖ਼ਤਰਾ ਇਸ ਸੰਘਰਸ਼ ਦੇ ਹੋਰ ਵਧਣ ਦੀ ਸੰਭਾਵਨਾ ਵਿੱਚ ਹੈ । ਜੇ ਇਰਾਨ ਇਜ਼ਰਾਇਲ ਜਾਂ ਖੇਤਰ ਵਿੱਚ ਅਮਰੀਕੀ ਟਿਕਾਣਿਆਂ 'ਤੇ ਮਹੱਤਵਪੂਰਨ ਰਣਨੀਤਕ ਹਮਲੇ ਕਰਨ ਵਿੱਚ ਸਫਲ ਹੋ ਜਾਂਦਾ ਹੈ, ਤਾਂ ਅਮਰੀਕੀ ਨੇਤ੍ਰਿਤਵ ਵਿੱਚ ਨਿਰਾਸ਼ਾ ਹੋਰ ਵਧ ਸਕਦੀ ਹੈ। ਟਰੰਪ ਦੇ ਆਵੇਗਪੂਰਨ ਸੁਭਾਵ ਨੂੰ ਦੇਖਦਿਆਂ ਇਹ ਸੰਭਾਵਨਾ ਹਕੀਕਤ ਹੋ ਸਕਦੀ ਹੈ ਕਿ ਉਹ ਪਰਮਾਣੂ ਹਥਿਆਰਾਂ ਦੀ ਵਰਤੋਂ ਵਰਗੇ ਕਦਮ ਚੁੱਕੇ । ਅਮਰੀਕੀ ਨੇਤ੍ਰਿਤਵ ਦਾ ਮੌਜੂਦਾ ਸਰੂਪ, ਜਿਸ ਵਿੱਚ ਤਜਰਬੇਕਾਰ ਕੂਟਨੀਤਕ ਸੋਚ ਦੀ ਘਾਟ ਅਤੇ ਵਪਾਰਕ ਸੋਚ ਦਾ ਵੱਧ ਪ੍ਰਭਾਵ ਦਿੱਖਦਾ ਹੈ, ਸਥਿਤੀ ਨੂੰ ਹੋਰ ਜਟਿਲ ਬਣਾਉਂਦਾ ਹੈ। ਨੇਤਨਯਾਹੂ ਦੇ ਨੇਤ੍ਰਿਤਵ ਹੇਠ ਇਜ਼ਰਾਇਲ ਇੱਕ ਦੁਰਾਚਾਰੀ ਰਾਜ (Rogue state) ਵਿੱਚ ਤਬਦੀਲ ਹੋ ਗਿਆ ਹੈ। ਇਜ਼ਰਾਇਲ ਦੇ ਵਿਰਾਸਤ ਮੰਤਰੀ ਵੱਲੋਂ ਗਾਜ਼ਾ 'ਤੇ ਪਰਮਾਣੂ ਹਥਿਆਰ ਵਰਤਣ ਦੀ ਧਮਕੀ ਉਨ੍ਹ◆ ਦੀ ਮਨੋਵਿਰਤੀ ਨੂੰ ਦਰਸਾਉਂਦੀ ਹੈ, ਜੋ ਅਜੇ ਵੀ ਨਹੀਂ ਬਦਲੀ ਲੱਗਦੀ, ਖ਼ਾਸਕਰ ਜਦੋਂ ਇਰਾਨ ਨੇ ਡਿਮੋਨਾ ਪਰਮਾਣੂ ਕੇਂਦਰ ਦੇ ਨੇੜੇ ਹਮਲਾ ਕੀਤਾ ਹੈ, ਇਜ਼ਰਾਇਲੀ ਪ੍ਰਸ਼ਾਸਨ ਪਰੇਸ਼ਾਨੀ ਦਾ ਸ਼ਿਕਾਰ ਹੋ ਗਿਆ ਹੈ।

ਇਸ ਸੰਘਰਸ਼ ਦੇ ਆਰਥਿਕ ਪ੍ਰਭਾਵ ਪਹਿਲਾਂ ਹੀ ਵਿਸ਼ਵ ਪੱਧਰ 'ਤੇ ਦਿੱਖਣ ਲੱਗ ਪਏ ਹਨ। ਊਰਜਾ ਸਪਲਾਈ ਵਿੱਚ ਵਿਘਨ ਵੱਡੇ ਆਰਥਿਕ ਸੰਕਟ ਨੂੰ ਜਨਮ ਦੇ ਰਹੇ ਹਨ। ਊਰਜਾ ਆਯਾਤ 'ਤੇ ਬਹੁਤ ਨਿਰਭਰ ਭਾਰਤ ਖ਼ਾਸ ਤੌਰ 'ਤੇ ਪ੍ਰਭਾਵਤ ਹੋ ਸਕਦਾ ਹੈ।

ਜੇ ਇਹ ਸਥਿਤੀ ਜਾਰੀ ਰਹਿੰਦੀ ਹੈ, ਤਾਂ ਵਿਆਪਕ ਉਦਯੋਗਿਕ ਇਕਾਈਆਂ, ਛੋਟੇ ਕਾਰੋਬਾਰਾਂ ਦਾ ਬੰਦ ਹੋਣਾ ਅਤੇ ਆਵਾਜਾਈ ਪ੍ਰਣਾਲੀਆਂ—ਰੇਲ, ਸੜਕ ਅਤੇ ਹਵਾਈ ਯਾਤਰਾ ਵਿੱਚ ਗੰਭੀਰ ਵਿਘਨ ਪੈਦਾ ਹੋ ਸਕਦਾ ਹੈ। ਜ਼ਿਆਦਾਤਰ ਦੇਸ਼ਾਂ ਕੋਲ ਲੰਬੇ ਸਮੇਂ ਤੱਕ ਇਸ ਤਰ੍ਹਾਂ ਦੀਆਂ ਰੁਕਾਵਟਾਂ ਨੂੰ ਝੱਲਣ ਲਈ ਪ੍ਰਾਪਤ ਭੰਡਾਰ ਨਹੀਂ ਹਨ। ਖਾਦਾਂ ਦੀ ਕਮੀ ਵਿਸ਼ਵ ਖਾਧ ਸੁਰੱਖਿਆ ਲਈ ਵੀ ਗੰਭੀਰ ਖ਼ਤਰਾ ਬਣ ਸਕਦੀ ਹੈ।

ਇਹ ਬਹੁਤ ਚਿੰਤਾਜਨਕ ਹੈ ਕਿ ਮੌਜੂਦਾ ਸਮੇਂ ਵਿਸ਼ਵ ਵਿੱਚ ਕੋਈ ਵੀ ਸ਼ਕਤੀ ਇਸ ਯੁੱਧ ਨੂੰ ਖਤਮ ਕਰਨ ਲਈ ਪ੍ਰਭਾਵਸ਼ਾਲੀ ਵਿਚੋਲਗੀ ਕਰਨ ਦੇ ਯੋਗ ਨਹੀਂ ਦਿਖ ਰਹੀ । ਬ੍ਰਿਕਸ, ਜਿਸ ਦੀ ਮੌਜੂਦਾ ਪ੍ਰਧਾਨਗੀ ਭਾਰਤ ਕੋਲ ਹੈ, ਦੀ ਵਿਸ਼ਵ ਰਾਜਨੀਤੀ ਵਿੱਚ ਭਰੋਸੇਯੋਗਤਾ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ, ਖ਼ਾਸਕਰ ਸੰਘਰਸ਼ ਸ਼ੁਰੂ ਹੋਣ ਤੋਂ ਠੀਕ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਜ਼ਰਾਇਲ ਯਾਤਰਾ ਤੋਂ ਬਾਅਦ। ਇਸ ਨਾਲ ਇਹ ਧਾਰਨਾ ਬਣੀ ਹੈ ਕਿ ਭਾਰਤ ਅਮਰੀਕਾ-ਇਜ਼ਰਾਇਲ ਧੁਰੀ ਦੇ ਨਾਲ ਖੜ੍ਹਾ ਹੈ।

ਹਾਲਾਂਕਿ ਸੰਯੁਕਤ ਰਾਸ਼ਟਰ ਸੰਘ ( ਯੂ ਐੱਨ ਓ) ਨੂੰ ਲਗਾਤਾਰ ਹਾਸ਼ੀਏ 'ਤੇ ਧੱਕਿਆ ਜਾ ਰਿਹਾ ਹੈ, ਫਿਰ ਵੀ ਇਹ ਹੀ ਇਕੱਲੀ ਵਿਸ਼ਵ ਪੱਧਰੀ ਸੰਸਥਾ ਹੈ, ਜਿਸ ਕੋਲ ਦਖਲ ਦੇਣ ਦੀ ਕਾਨੂੰਨੀਤਾ ਹੈ। ਇਹ ਜ਼ਰੂਰੀ ਹੈ ਕਿ ਸੰਯੁਕਤ ਰਾਸ਼ਟਰ ਤੁਰੰਤ ਕਦਮ ਚੁੱਕੇ ਅਤੇ ਅਮਰੀਕਾ, ਇਜ਼ਰਾਇਲ ਅਤੇ ਇਰਾਨ ਵਿਚਕਾਰ ਇਕ ਚੰਗਾ ਸਮਝੌਤਾ ਕਰਵਾਉਣ ਦੀ ਕੋਸ਼ਿਸ਼ ਕਰੇ, ਜਿਸ ਵਿੱਚ ਸਾਰੇ ਪੱਖ ਪਰਮਾਣੂ ਹਥਿਆਰਾਂ ਦੇ ਇਸਤੇਮਾਲ ਤੋਂ ਬਚਣ ਲਈ ਸਪੱਸ਼ਟ ਵਚਨਬੱਧ ਹੋਣ।

ਇਸ ਸੰਦਰਭ ਵਿੱਚ ਪਰਮਾਣੂ ਹਥਿਆਰਾਂ ਤੇ ਪਾਬੰਦੀ ਲਗਾਉਣ ਵਾਲੀ ਸੰਧੀ (Treaty on the Prohibition of Nuclear Weapons - TPNW) ਦੀ ਮਹੱਤਤਾ ਪਹਿਲਾਂ ਨਾਲੋਂ ਕਿਤੇ ਵੱਧ ਗਈ ਹੈ। ਵਿਸ਼ਵ ਭਾਈਚਾਰੇ ਨੂੰ ਪਰਮਾਣੂ ਟਕਰਾਅ ਦੇ ਗੰਭੀਰ ਖ਼ਤਰਿਆਂ ਨੂੰ ਸਮਝਣਾ ਹੋਵੇਗਾ ਅਤੇ ਇਕ ਵਿਨਾਸ਼ਕਾਰੀ ਆਫ਼ਤ ਨੂੰ ਰੋਕਣ ਲਈ ਫ਼ੈਸਲਾਕੁੰਨ ਕਦਮ ਚੁੱਕਣੇ ਹੋਣਗੇ।

ਨਾਗਰਿਕ ਸਮਾਜ ਸੰਸਥਾਵਾਂ ਨੂੰ ਪਰਮਾਣੂ ਜੰਗ ਦੇ ਮਨੁੱਖੀ ਨਤੀਜਿਆਂ ਨੂੰ ਉਜਾਗਰ ਕਰਨ ਵਿੱਚ ਹੋਰ ਸਰਗਰਮ ਹੋਣਾ ਪਵੇਗਾ। ਇਸ ਵਿਸ਼ੇ 'ਤੇ ਵਿਸਤ੍ਰਿਤ ਖੋਜ ਅਤੇ ਅਧਿਐਨ ਸਮੱਗਰੀ ਡਾਕਟਰਾਂ ਦੀ ਸ਼ਾਂਤੀ ਲਈ ਜਥੇਬੰਦੀ ਇੰਟਰਨੈਸ਼ਨਲ ਫਿਜੀਸ਼ੀਅਨਜ਼ ਫਾਰ ਦੀ ਪ੍ਰੀਵੈਂਸ਼ਨ ਆਫ ਨਿਊਕਲੀਅਰ ਵਾਰ -IPPNW ਵੱਲੋਂ ਪਹਿਲਾਂ ਹੀ ਤਿਆਰ ਕੀਤੀ ਜਾ ਚੁੱਕੀ ਹੈ।

**# ਸੰਪਰਕ : 94170-00360**

# ਆਓ, ਜਾਣੀਏ ਡਾਕ ਟਿਕਟ ਦਾ ਇਤਿਹਾਸ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਅੱਜ ਭਾਵੇਂ ਈ-ਮੇਲ ਅਤੇ ਟਵਿੱਟਰ ਦਾ ਜ਼ਮਾਨਾ ਆ ਗਿਆ ਹੈ ਤੇ ਡਾਕ ਰਾਹੀਂ ਚਿੱਠੀਆਂ ਪਾਉਣ ਦਾ ਰੁਝਾਨ ਕਾਫ਼ੀ ਘਟ ਗਿਆ ਹੈ, ਪਰ ਫਿਰ ਵੀ ਡਾਕ ਰਾਹੀਂ ਰੱਖੜੀਆਂ ਅਤੇ ਕਈ ਹੋਰ ਦਸਤਾਵੇਜ਼ ਭੇਜਣ ਅਤੇ ਪ੍ਰਾਪਤ ਕਰਨ ਦਾ ਸਿਲਸਿਲਾ ਅੱਜ ਵੀ ਜਾਰੀ ਹੈ। ਕੋਈ ਵੇਲਾ ਸੀ, ਜਦੋਂ ਚਿੱਠੀਆਂ ਰਾਹੀਂ ਲੋਕ ਆਪਣਾ ਦੁੱਖ-ਸੁੱਖ ਦੂਰ ਬੈਠੇ ਆਪਣੇ ਮਿੱਤਰਾਂ ਅਤੇ ਰਿਸ਼ਤੇਦਾਰਾਂ ਤੱਕ ਪਹੁੰਚਾਇਆ ਕਰਦੇ ਸਨ।

ਡਾਕ ਟਿਕਟ ਦੀ ਕਾਢ ਰੋਲੈਂਡ ਹਿਲ ਨਾਮਕ ਇਕ ਅੰਗਰੇਜ਼ ਨੇ ਸੰਨ 1840 ਵਿਚ ਕੱਢੀ ਸੀ। ਰੋਲੈਂਡ ਹਿਲ ਦਾ ਜਨਮ ਸੰਨ 1795 ਵਿਚ ਹੋਇਆ ਸੀ ਅਤੇ 85 ਸਾਲ ਦੀ ਉਮਰ ਵਿਚ ਸੰਨ 1879 ਵਿਚ ਉਸ ਦਾ ਦੇਹਾਂਤ ਹੋ ਗਿਆ। ਉਸ ਦੇ ਪਿਤਾ ਇਕ ਸਕੂਲ ਅਧਿਆਪਕ ਸਨ। ਰੋਲੈਂਡ ਦਾ ਮੁੱਖ ਮੰਤਵ ਆਪਣੇ ਵੇਲੇ ਚਲਦੀ ਡਾਕ ਪ੍ਰਣਾਲੀ ਵਿਚ ਸੁਧਾਰ ਲਿਆਉਣਾ ਸੀ । ਉਸ ਵੇਲੇ ਇਕ ਚਿੱਠੀ ਭੇਜਣ ਦਾ ਖ਼ਰਚਾ ਚਿੱਠੀ ਦੇ ਭਾਰ ਅਤੇ ਪਹੁੰਚਾਏ ਜਾਣ ਵਾਲੇ ਸਥਾਨ ਦੀ ਦੂਰੀ 'ਤੇ ਨਿਰਭਰ ਕਰਦਾ ਸੀ। ਰੋਲੈਂਡ ਚਾਹੁੰਦਾ ਸੀ ਕਿ ਇਸ ਪ੍ਰਕਾਰ ਦੇ ਅਨਿਸਚਿਤ ਖ਼ਰਚੇ ਦੀ ਥਾਂ ਇਕ ਨਿਸਚਿਤ ਖ਼ਰਚਾ ਵਸੂਲਿਆ ਜਾਣਾ ਚਾਹੀਦਾ ਸੀ, ਜਿਸ ਦੀ ਦਰ ਕਿ ਪੂਰੇ ਮੁਲਕ ਵਿਚ ਇੱਕੋ ਜਿਹੀ ਹੋਵੇ। ਇਸ ਵਾਸਤੇ ਉਸ ਨੇ ਡਾਕ ਟਿਕਟ ਦੀ ਕਾਢ ਕੱਢੀ, ਜੋ ਕਿ ਕਾਗ਼ਜ਼ ਦਾ ਇਕ ਛਪਿਆ ਹੋਇਆ ਨਿੱਕਾ ਟੁਕੜਾ ਸੀ, ਜਿਸ ਦੇ ਪਿਛਲੇ ਹਿੱਸੇ 'ਤੇ ਗੂੰਦ ਲੱਗੀ ਹੁੰਦੀ ਸੀ।

ਇਤਿਹਾਸ ਦੱਸਦਾ ਹੈ ਕਿ ਉਸ ਵੇਲੇ ਕਈ ਹੋਰ ਲੋਕ ਵੀ ਅਜਿਹੀ ਖੋਜ ਦੇ ਜਨਮਦਾਤਾ ਹੋਣ ਦਾ ਦਾਅਵਾ ਕਰਦੇ ਸਨ, ਪਰ ਸੱਚ ਇਹੋ ਸੀ ਕਿ ਰੋਲੈਂਡ ਹਿਲ ਨੇ ਹੀ ਇਹ ਵਿਚਾਰ ਅਤੇ ਡਾਕ ਟਿਕਟ ਸਭ ਤੋਂ ਪਹਿਲਾਂ ਦੁਨੀਆ ਦੇ ਰੂਬਰੂ ਕੀਤਾ ਸੀ। ਉਸ ਨੂੰ ਇਸ ਖੋਜ ਲਈ ਇੰਗਲੈਂਡ ਦੀ ਮਹਾਰਾਣੀ ਨੇ 'ਨਾਈਟਹੁੱਡ' ਦੀ ਉਪਾਧੀ ਨਾਲ ਸਨਮਾਨਤ ਵੀ ਕੀਤਾ ਤੇ ਦੁਨੀਆ ਭਰ ਵਿਚ ਉਸ ਦਾ ਸਨਮਾਨ ਕੀਤਾ ਗਿਆ। ਉਸ ਦੀ 100ਵੀਂ ਬਰਸੀ 'ਤੇ ਸੰਨ 1979 ਵਿਚ ਅਤੇ 200ਵੇਂ ਜਨਮ ਦਿਨ 'ਤੇ ਸੰਨ 1995 ਵਿਚ ਡਾਕ ਵਿਭਾਗ ਵੱਲੋਂ ਵਿਸ਼ੇਸ਼ ਸਮਾਗਮ ਕਰਵਾਉਣ ਤੋਂ ਇਲਾਵਾ ਡਾਕ ਟਿਕਟ ਦੀ ਖੋਜ ਦੇ 150 ਨਾਲ ਪੂਰੇ ਹੋਣ 'ਤੇ ਸੰਨ 1990 ਵਿਚ ਵੀ ਵਿਸ਼ੇਸ਼ ਪ੍ਰੋਗਰਾਮ ਕਰਵਾਏ ਗਏ ਸਨ। ਇਨ੍ਹਾਂ ਸਮਾਗਮਾਂ ਮੌਕੇ ਪੁਰਤਗਾਲ, ਚਿੱਲੀ, ਯੂ ਕੇ, ਘਾਨਾ ਆਦਿ ਦੇਸ਼ਾਂ ਵੱਲੋਂ ਵਿਸ਼ੇਸ਼ ਡਾਕ ਟਿਕਟ ਵੀ ਜਾਰੀ ਕੀਤੇ ਗਏ ਸਨ।

ਸੰਨ 1840 ਦੀ 6 ਮਈ ਨੂੰ ਜਾਰੀ ਕੀਤੇ ਗਏ ਪਹਿਲੇ ਡਾਕ ਟਿਕਟ 'ਤੇ ਮਹਾਰਾਣੀ ਵਿਕਟੋਰੀਆ ਦੀ ਤਸਵੀਰ ਸੀ ਤੇ ਟਿਕਟ ਦਾ ਨਾਂਅ 'ਦਿ ਪੈਨੀ ਬਲੈਕ' ਸੀ। ਇੰਗਲੈਂਡ ਵੱਲੋਂ ਸੰਨ 1840 ਵਿਚ ਡਾਕ ਟਿਕਟ ਅਪਣਾਉਣ ਤੋਂ ਬਾਅਦ ਸੰਨ 1843 ਵਿਚ ਬ੍ਰਾਜ਼ੀਲ, ਜਿਊਰਿਕ ਅਤੇ ਜਨੇਵਾ ਵੱਲੋਂ ਇਸ ਨੂੰ ਅਪਣਾ ਲਿਆ ਗਿਆ। ਇਹ ਟਿਕਟਾਂ ਕੇਵਲ ਕਾਲੇ-ਚਿੱਟੇ ਰੰਗਾਂ ਵਿੱਚ ਛਪਦੀਆਂ ਸਨ। ਸੰਨ 1845 ਵਿਚ ਬੈਸਲ ਨਾਮਕ ਸੂਬੇ ਨੇ ਰੰਗਦਾਰ ਡਾਕ ਟਿਕਟ ਛਾਪਣ ਦੀ ਸ਼ੁਰੂਆਤ ਕੀਤੀ ਤੇ ਸੰਨ 1849 ਵਿਚ ਫਰਾਂਸ ਤੇ ਬੈਲਜੀਅਮ ਨੇ ਵੀ ਡਾਕ ਟਿਕਟ ਨੂੰ ਪ੍ਰਵਾਨਗੀ ਦੇ ਦਿੱਤੀ। ਸੰਨ 1851 ਵਿਚ ਹੈਨਰੀ ਐਸ਼ਰ ਨਾਮਕ ਵਿਅਕਤੀ ਨੇ ਟਿਕਟ ਦੇ ਚਾਰੇ ਕਿਨਾਰੇ ਇਸ ਪ੍ਰਕਾਰ ਛੇਕਾਂ ਵਾਲੇ ਬਣਾਉਣ ਦੀ ਕਾਢ ਕੱਢੀ ਸੀ, ਜਿਸ ਕਾਰਨ ਕਿ ਇਕ ਟਿਕਟ ਨੂੰ ਦੂਜੀ ਟਿਕਟ ਨਾਲੋਂ ਪਾੜ ਕੇ ਵੱਖ ਕਰਨਾ ਸੌਖਾ ਹੋ ਗਿਆ।

ਹੁਣ ਤੱਕ ਦੁਨੀਆ ਦੇ ਹਰੇਕ ਮੁਲਕ ਵਿਚ ਡਾਕ ਟਿਕਟ ਪ੍ਰਣਾਲੀ ਪ੍ਰਵਾਨ ਹੋ ਚੁੱਕੀ ਹੈ ਤੇ ਵਿਸ਼ੇਸ਼ ਮੌਕਿਆਂ 'ਤੇ ਹਰੇਕ ਰਾਸ਼ਟਰ ਆਪਣੀਆਂ ਮਹੱਤਵਪੂਰਨ ਸ਼ਖ਼ਸੀਅਤਾਂ ਦੀ ਯਾਦ ਵਿਚ ਵਿਸ਼ੇਸ਼ ਡਾਕ ਟਿਕਟ ਜਾਰੀ ਕਰਦਾ ਹੈ। ਬੱਚਿਆਂ ਦੇ ਹਰਮਨ-ਪਿਆਰੇ ਕਾਰਟੂਨ ਮਿੱਕੀ ਮਾਊਸ ਤੋ ਲੈ ਕੇ ਸਾਈਕਲ, ਕਾਰ, ਜਹਾਜ਼, ਰੇਲ ਇੰਜਣ ਜਿਹੀਆਂ ਖੋਜਾਂ ਤੋਂ ਇਲਾਵਾ ਇਤਿਹਾਸਕ, ਰਾਜਨੀਤਕ,ਧਾਰਮਿਕ ਸ਼ਖ਼ਸੀਅਤਾਂ ਅਤੇ ਫ਼ਿਲਮ ਜਾਂ ਖੇਡ ਜਗਤ ਦੀਆਂ ਹਸਤੀਆਂ ਨਾਲ ਸੰਬੰਧਤ ਚਿੱਤਰਾਂ ਵਾਲੀਆਂ ਡਾਕ ਟਿਕਟਾਂ ਹੁਣ ਤੱਕ ਜਾਰੀ ਹੋ ਚੁੱਕੀਆਂ ਹਨ।

**# ਸੰਪਰਕ : 97816-46008**

# ਬਚਪਨ ਸੰਭਾਲਣ ਦੀ ਜ਼ਰੂਰਤ



ਨਰਿੰਦਰ ਸਿੰਘ

ਬੱਚਿਆਂ ਦਾ ਲਾਪਤਾ ਹੋਣਾ ਇਕ ਗੰਭੀਰ ਸਮੱਸਿਆ ਬਣ ਚੁੱਕਾ ਹੈ । ਇਹ ਸਮੱਸਿਆ ਲੰਮੇ ਸਮੇਂ ਤੋਂ ਚਲੀ ਆ ਰਹੀ ਹੈ । ਮੌਜੂਦਾ ਸਮੇਂ ਇਹ ਸਮੱਸਿਆ ਪਹਿਲਾਂ ਨਾਲੋਂ ਵੀ ਜ਼ਿਆਦਾ ਗੰਭੀਰ ਹੋ ਗਈ ਹੈ । ਬੱਚਿਆਂ ਦੇ ਲਾਪਤਾ ਹੋਣ ਦੀ ਇਹ ਸਮੱਸਿਆਂ ਨਾ ਤਾਂ ਨਵੀਂ ਹੈ ਅਤੇ ਨਾ ਹੀ ਇਸ ਦੇ ਗੰਭੀਰ ਹੋਣ 'ਤੇ ਦੇਸ਼ ਵਿੱਚ ਪਹਿਲੀ ਵਾਰ ਚਿੰਤਾ ਪੈਦਾ ਹੋਈ ਹੈ । ਬੱਚਿਆਂ ਦਾ ਲਾਪਤਾ ਹੋਣਾ ਇਕ ਯੋਜਨਾਬੰਧ ਧੰਦਾ ਬਣ ਚੁੱਕਾ ਹੈ । ਵਰਤਮਾਨ ਸਮੇ ਬੱਚਿਆਂ ਦੇ ਲਾਪਤਾ ਹੋਣ ਦੀ ਗਿਣਤੀ ਇਕ ਸਾਲ ਵਿੱਚ ਪੰਜਾਹ ਹਜ਼ਾਰ ਤੋਂ ਉਪਰ ਹੋ ਜਾਂਦੀ ਹੈ, ਜਦਕਿ ਪਹਿਲਾਂ ਹਰ ਸਾਲ ਅੜਤਾਲੀ ਹਜ਼ਾਰ ਬੱਚੇ ਲਾਪਤਾ ਹੁੰਦੇ ਸਨ । ਲਾਪਤਾ ਹੋਣ ਵਾਲੇ ਬੱਚਿਆਂ ਵਿਚ ਲੜਕੀਆਂ ਤੇ ਨਾਬਾਲਗ ਲੜਕੀਆਂ ਵੱਧ ਹੁੰਦੀਆਂ ਹਨ । ਲਾਪਤਾ ਵਿਚੋਂ ਜ਼ਿਆਦਾਤਰ ਭੀਖ ਮਾਫੀਆ ਦਾ ਸ਼ਿਕਾਰ ਬਣ ਜਾਂਦੇ ਹਨ, ਜਦਕਿ ਇਹ ਮਾਫੀਆ ਲੜਕੀਆਂ ਨੂੰ ਦੇਹ-ਵਪਾਰ ਦੇ ਧੰਦੇ ਵਿੱਚ ਪਾ ਦਿੰਦਾ ਹੈ । ਛੋਟੇ-ਛੋਟੇ ਬੱਚਿਆਂ ਨੂੰ ਭੀਖ ਮੰਗਦੇ ਆਮ ਦੇਖਿਆ ਜਾਂਦਾ ਹੈ । ਇਨ੍ਹਾਂ ਦੇ ਹੱਥਾਂ ਵਿੱਚ ਪਲੇਟ, ਕੱਪੜੇ ਦਾ ਟੁਕੜਾ ਜਾਂ ਕੋਈ ਚੀਜ਼ ਲੈ ਕੇ ਘੁੰਮਦੇ ਦੇਖਿਆ ਜਾਂਦਾ ਹੈ । ਇਸ ਦੀ ਵਜ੍ਹਾ ਗ਼ਰੀਬੀ, ਬਿਮਾਰੀ ਜਾਂ ਵਿੱਤੀ ਮਜਬੂਰੀ ਹੋ ਸਕਦੀ ਹੈ, ਜੋ ਬੱਚਿਆਂ ਦੇ ਅਧਿਕਾਰਾਂ ਦੀ ਵੀ ਉਲੰਘਣਾ ਹੈ । ਬਹੁਤ ਸਾਰੇ ਬੱਚੇ ਬਚਪਨ ਦੀਆਂ ਮਾਸੂਮ ਖ਼ੁਸ਼ੀਆਂ, ਖੇਡ ਦੇ ਮੈਦਾਨਾਂ ਅਤੇ ਸਕੂਲ ਦੀ ਕਿਤਾਬ ਨੂੰ ਛੱਡ ਕੇ ਗ਼ਰੀਬੀ, ਭੁੱਖਮਰੀ ਅਤੇ ਬਾਲ ਮਜ਼ਦੂਰੀ ਦੀ ਦਲਦਲ ਵਿੱਚ ਫਸੇ ਹੋਏ ਹਨ ।

ਕੌਮਾਂਤਰੀ ਮਜ਼ਦੂਰ ਸੰਗਠਨ ਦੇ ਅੰਕੜਿਆਂ ਅਨੁਸਾਰ ਭਾਰਤ ਵਿੱਚ 5 ਤੋਂ 14 ਸਾਲ ਦੀ ਉਮਰ ਦੇ ਇਕ ਕਰੋੜ ਤੋਂ ਵੱਧ ਬੱਚੇ ਬਾਲ ਮਜ਼ਦੂਰੀ ਕਰਦੇ ਹਨ ।ਬੱਚਿਆਂ ਦਾ ਬਚਪਨ ਖੋਹਿਆ ਜਾ ਰਿਹਾ ਹੈ ਅਤੇ ਇਨ੍ਹਾਂ ਦੇ ਹੱਥਾਂ ਵਿੱਚ ਕਿਤਾਬਾਂ ਜਾਂ ਖਿਡੌਣਿਆਂ ਦੀ ਥਾਂ ਔਜ਼ਾਰ ਦਿੱਤੇ ਜਾ ਰਹੇ ਹਨ । ਬਚਪਨ ਕਿਸੇ ਵੀ ਮਨੁੱਖ ਦਾ ਜ਼ਿੰਦਗੀ ਦਾ ਪਹਿਲਾ ਪੜਾਅ ਹੁੰਦਾ ਹੈ । ਇਹ ਉਹ ਸਮਾਂ ਹੁੰਦਾ ਹੈ, ਜਦੋਂ ਬੱਚੇ ਸਿੱਖਦੇ ਹਨ, ਅਨੁਭਵ ਪ੍ਰਾਪਤ ਕਰਦੇ ਹਨ ਅਤੇ ਆਪਣੀ ਪਛਾਣ ਬਣਾਉਂਦੇ ਹਨ । ਬਚਪਨ ਉਨ੍ਹਾਂ ਦੀ ਸਭ ਤੋਂ ਵੱਡੀ ਸੰਪਤੀ ਹੈ । ਉਨ੍ਹਾਂ ਨੂੰ ਖੇਡਣ, ਪੜ੍ਹਨ, ਸਿੱਖਣ ਅਤੇ ਵਧਣ-ਫੁੱਲਣ ਦਾ ਅਧਿਕਾਰ ਹੈ, ਪਰੰਤੂ ਮਾਸੂਮ ਬੱਚਿਆਂ ਦਾ ਸ਼ੋਸ਼ਣ ਸਮਾਜ ਦੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਚੁਣੌਤੀ ਦਿੰਦਾ ਹੈ ।ਬੱਚਿਆਂ ਵਿਰੁੱਧ ਅਪਰਾਧ ਵਧਣ ਦੇ ਬਹੁਤ ਸਾਰੇ ਆਰਥਿਕ, ਸਮਾਜਿਕ, ਨੈਤਿਕ, ਰਾਜਨੀਤਕ ਅਤੇ ਤਕਨੀਕੀ ਕਾਰਨ ਹਨ । ਬੱਚਿਆਂ ਵਿਰੁੱਧ ਅਪਰਾਧ ਸਿਰਫ਼ ਵਿਅਕਤੀਗਤ ਮਾਮਲੇ ਨਹੀਂ, ਸਗੋਂ ਰਾਸ਼ਟਰੀ ਚਿੰਤਾ ਦਾ ਵਿਸ਼ਾ ਹਨ ।ਬੱਚਿਆਂ ਦੀ ਸੁਰੱਖਿਆ ਵਿੱਚ ਸੁਧਾਰ ਕਰਨ ਲਈ ਸਰਕਾਰ, ਵਿੱਦਿਅਕ ਸੰਸਥਾਵਾਂ, ਪਰਵਾਰ ਅਤੇ ਸਮਾਜਿਕ ਸੰਸਥਾਵਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ । ਜਾਗਰੂਕਤਾ, ਸਿਖਲਾਈ, ਸਖ਼ਤ ਕਾਨੂੰਨ ਅਤੇ ਤਕਨੀਕੀ ਹੱਲਾਂ ਨਾਲ ਅਸੀਂ ਬੱਚਿਆਂ ਨੂੰ ਖ਼ਤਰੇ ਤੋਂ ਬਚਾ ਸਕਦੇ ਹਾਂ । ਬੱਚਿਆਂ ਵਿੱਚ ਫੈਲ ਰਹੇ ਮੋਟਾਪੇ ਨੇ ਹੋਰ ਵੀ ਚਿੰਤਾਵਾਂ ਜਗਾਈਆਂ ਹਨ । ਹਾਲਾਂਕਿ ਬੱਚਿਆਂ ਵਿੱਚ ਮੋਟਾਪੇ ਦੀ ਸਮੱਸਿਆ ਵਿਸ਼ਵਵਿਆਪੀ ਬਣ ਚੁੱਕੀ ਹੈ । ਯੂਨੀਸੈਫ ਵੱਲੋਂ ਸਤੰਬਰ 2025 ਵਿੱਚ ਜਾਰੀ ਰਿਪੋਰਟ ਅਨੁਸਾਰ 5 ਤੋਂ 19 ਸਾਲ ਦੀ ਉਮਰ ਦੇ ਬੱਚਿਆਂ ਅਤੇ ਅੱਲ੍ਹੜਾਂ ਵਿੱਚ 5 ਵਿੱਚੋਂ 1 ਬੱਚਾ ਜਾਂ ਅੱਲ੍ਹੜ ਮੋਟਾਪੇ ਦਾ ਸ਼ਿਕਾਰ ਹੈ । ਫਰਵਰੀ 2025 ਦੇ ਅੰਕੜਿਆਂ ਅਨੁਸਾਰ 6 ਸਾਲ ਤੋਂ ਘੱਟ ਉਮਰ ਦੇ ਕੁੱਲ ਬੱਚਿਆਂ ਵਿੱਚੋਂ 37.5 ਫ਼ੀਸਦੀ ਬੱਚੇ ਕੱਦ ਪੱਖੋਂ, 17.19 ਫ਼ੀਸਦੀ ਬੱਚੇ ਭਾਰ ਪੱਖੋਂ ਅਤੇ 6 ਫ਼ੀਸਦੀ ਕੱਦ ਦੇ ਭਾਰ ਦੋਵੇਂ ਪੱਖੋਂ ਬੁਰੀ ਤਰ੍ਹਾਂ ਨਾਲ ਕੁਪੋਸ਼ਿਤ ਹਨ । ਭਾਰਤ ਵਿੱਚ ਹਰੇਕ ਸਾਲ 2 ਲੱਖ 40 ਹਜ਼ਾਰ ਬੱਚਿਆਂ 5 ਸਾਲ ਦੀ ਉਮਰ ਤੋਂ ਪਹਿਲਾਂ ਹੀ ਵਿਤਕਰੇ ਦਾ ਸ਼ਿਕਾਰ ਹੋ ਕੇ ਮੌਤ ਦੇ ਮੂੰਹ ਵਿੱਚ ਜਾਂ ਪੈਦੀਆਂ ਹਨ । ਭਾਰਤ ਵਿੱਚ ਬੱਚਿਆਂ ਨੂੰ ਮਿਲਣ ਵਾਲੀ ਪੌਸ਼ਟਿਕ ਖ਼ੁਰਾਕ ਦੀ ਹਾਲਤ ਇਹ ਹੈ ਕਿ 5 ਸਾਲ ਤੋਂ ਘੱਟ ਉਮਰ ਵਿੱਚ ਮਰਨ ਵਾਲੇ ਹਰੇਕ 3 ਬੱਚਿਆਂ ਵਿੱਚੋਂ 2 ਦੀ ਮੌਤ ਸੰਤੁਲਿਨ ਖ਼ੁਰਾਕ ਨਾ ਮਿਲਣ ਕਰਕੇ ਹੁੰਦੀ ਹੈ । ਕਿਸੇ ਵੀ ਵਿਕਸਤ ਦੇਸ਼ ਵਿੱਚ ਇਕ ਵੀ ਬੱਚਾ ਕਿਰਤ ਨਹੀਂ ਕਰਦਾ, ਜਦਕਿ ਉਨ੍ਹਾਂ ਬੱਚਿਆਂ ਕੋਲੋਂ ਸੂਰਜ ਚੜ੍ਹਨ ਤੋਂ ਪਹਿਲਾਂ ਤੋਂ ਲੈ ਕੇ ਸੂਰਜ ਡੁੱਬਣ ਤੋਂ ਬਾਅਦ ਤੱਕ ਕੰਮ ਲਿਆ ਜਾਂਦਾ ਹੈ । ਬਾਲਗਾਂ ਲਈ ਬੇਰੁਜ਼ਗਾਰੀ ਹੈ, ਪਰ ਬੱਚਿਆਂ ਲਈ ਕੰਮ ਦੇ ਵਾਧੂ ਮੌਕੇ ਹਨ । ਉਨ੍ਹਾਂ ਬੱਚਿਆਂ ਕੋਲੋਂ ਬਾਲਗਾਂ ਤੋਂ ਦੁੱਗਣਾ ਕੰਮ ਲਿਆ ਜਾਂਦਾ ਹੈ, ਪਰ ਤਨਖਾਹ ਬਾਲਗਾਂ ਤੋਂ ਤੀਜਾ ਹਿੱਸਾ ਦਿੱਤੀ ਜਾਂਦੀ ਹੈ, ਜੋ ਕਿ ਬੱਚਿਆਂ ਦੀ ਕਿਰਤ ਦਾ ਸ਼ੋਸ਼ਣ ਹੈ । ਕਾਨੂੰਨ ਤਾਂ ਹਨ, ਪਰ ਬੱਚਿਆਂ ਦੀ ਮਜ਼ਦੂਰੀ ਕਰਕੇ ਕੰਮ ਕਰਨਾ ਉਸ ਕਾਨੂੰਨ ਨੂੰ ਲਾਗੂ ਕਰਵਾਉਣ ਵਿੱਚ ਰੁਕਾਵਟ ਹੈ, ਜਿਹੜਾ ਕਾਨੂੰਨ ਬੱਚਿਆਂ ਦੀ ਕਿਰਤ ਦੀ ਮਨਾਹੀ ਕਰਦਾ ਹੈ । ਭਾਰਤ ਵਿੱਚ ਵਿੱਦਿਆ ਮੁਫ਼ਤ ਹੋਣ ਦੇ ਨਾਲ ਬੱਚਿਆਂ ਦੀ ਹਾਜ਼ਰੀ ਵਧਾਉਣ ਲਈ ਦੁਪਹਿਰ ਦੇ ਖਾਣੇ ਦੀ ਵੀ ਮੁਫ਼ਤ ਵਿਵਸਥਾ ਹੈ, ਪਰ ਫਿਰ ਵੀ ਕਈ ਸਾਲਾਂ ਤੋਂ ਪੜ੍ਹਿਆਂ-ਲਿਖਿਆਂ ਦੀ ਦਰ ਸਿਰਫ਼ 74 ਫ਼ੀਸਦੀ ਹੈ, ਸੌ ਵਿੱਚੋਂ 26 ਬੱਚੇ ਅਨਪੜ੍ਹ ਹਨ ।

ਬੱਚਿਆਂ ਖਿਲਾਫ਼ ਹੋਣ ਵਾਲੇ ਅਪਰਾਧਾਂ ਨੂੰ ਰੋਕਣ ਲਈ ਮਾਪਿਆਂ, ਗੁਆਂਢੀਆਂ, ਮੁਹੱਲੇਦਾਰਾਂ, ਰਿਸ਼ਤੇਦਾਰਾਂ, ਪੁਲਸ ਤੇ ਖੁਦ ਬੱਚਿਆਂ ਨੂੰ ਸੁਚੇਤ ਹੋਣ ਦੀ ਲੋੜ ਹੈ ।ਬੱਚਿਆਂ ਨਾਲ ਅਪਰਾਧ ਕਰਨ ਵਾਲਿਆਂ ਨੂੰ ਸਖ਼ਤ ਸਜ਼ਾਵਾਂ ਹੋਣੀਆਂ ਚਾਹੀਦੀਆਂ ਹਨ । ਹੋਟਲਾਂ, ਢਾਬਿਆਂ, ਕਾਰਖ਼ਾਨਿਆਂ ਆਦਿ ਵਿੱਚ ਕੰਮ ਕਰਦੇ ਬੱਚਿਆਂ ਨੂੰ ਸਿੱਖਿਆ ਦਾ ਅਵਸਰ ਤੇ ਬਿਹਤਰ ਜੀਵਨ ਦੇਣਾ ਹਰੇਕ ਨਾਗਰਿਕ ਨੂੰ ਆਪਣਾ ਕਰਤੱਵ ਸਮਝਣਾ ਚਾਹੀਦਾ ਹੈ। ਜਾਗਰੂਕਤਾ, ਸਿੱਖਿਆ ਅਤੇ ਸਹਾਇਤਾ ਰਾਹੀਂ ਅਸੀਂ ਬੱਚਿਆਂ ਨੂੰ ਉਨ੍ਹਾਂ ਦਾ ਬਚਪਨ ਵਾਪਸ ਦੇ ਸਕਦੇ ਹਾਂ ਅਤੇ ਇਕ ਉੱਜਵਲ ਭਵਿੱਖ ਦੀ ਨੀਂਹ ਰੱਖ ਸਕਦੇ ਹਾਂ । ਬੱਚਿਆਂ ਦੀ ਸਰੀਰਕ ਤੇ ਮਾਨਸਿਕ ਸਿਹਤ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ । ਉਨ੍ਹਾਂ ਨੂੰ ਪਿਆਰ, ਸਿੱਖਿਆ ਅਤੇ ਸਹੀ ਦੇਖ-ਭਾਲ ਦੀ ਲੋੜ ਹੁੰਦੀ ਹੈ । ਵਿੱਦਿਆ ਨਾਲ ਹੀ ਵਿਅਕਤੀ ਦੇ ਚਰਿੱਤਰ ਦਾ ਨਿਰਮਾਣ ਹੁੰਦਾ ਹੈ ਅਤੇ ਚਰਿੱਤਰਵਾਨ ਵਿਅਕਤੀ ਆਪਣਾ, ਆਪਣੇ ਪਰਵਾਰ, ਸਮਾਜ ਤੇ ਮੁਲਕ ਦਾ ਭਲਾ ਕਰਨ ਦੇ ਸਮੱਰਥ ਹੁੰਦਾ ਹੈ । ਸਿੱਖਿਆ ਦੇ ਬਹੁਪੱਖੀ ਵਿਕਾਸ ਨਾਲ ਹੀ ਸਫਲ ਰਾਸ਼ਟਰ ਬਣਨ ਵਿੱਚ ਮਦਦ ਮਿਲਦੀ ਹੈ । ਬੱਚਿਆਂ ਦੀ ਸਫਲਤਾ ਤੇ ਬਿਹਤਰੀ ਲਈ ਯਤਨ ਕਰਨੇ ਸਾਡੇ ਇਖ਼ਲਾਕੀ ਫ਼ਰਜ਼ ਹਨ ।

**# ਸੰਪਰਕ : 98146-62260**

## ਪਾਠਕ-ਸੱਥ

### ਸਕੂਲਾਂ, ਕਾਲਜਾਂ 'ਚ ਵੱਡੀ ਗਿਣਤੀ ਅਸਾਮੀਆਂ ਖਾਲੀ

ਸਰਕਾਰ ਚੋਣ ਵਾਅਦੇ ਵਿੱਚ ਸਿੱਖਿਆ ਸੁਧਾਰ ਅਤੇ ਸਿਹਤ ਸੇਵਾਵਾਂ ਦੇ ਸੁਧਾਰ ਨੂੰ ਪਹਿਲ ਦੇ ਆਧਾਰ 'ਤੇ ਸੁਧਾਰ ਕਰਨ ਦੀ ਗੱਲ ਕਰਦੀ ਸੀ , ਪਰ ਬਹੁਤ ਸਾਰੇ ਸਕੂਲਾਂ, ਕਾਲਜਾਂ ਵਿੱਚ ਪ੍ਰਿੰਸੀਪਲ ਦੀਆਂ ਪੋਸਟਾਂ ਖਾਲੀ ਪਈਆਂ ਹਨ, ਜਿਸ ਕਰਕੇ ਇੱਕ ਪ੍ਰਿੰਸੀਪਲ ਨੂੰ ਕਈ-ਕਈ ਸਕੂਲਾਂ, ਕਾਲਜਾਂ ਦੀ ਜ਼ਿੰਮੇਵਾਰੀ ਨਿਭਾਉਣ ਨਾਲ ਮਾਨਸਿਕ ਪੀੜਾ ਹੋਣੀ ਸੰਭਵ ਹੈ। ਕਾਲਜਾਂ ਵਿੱਚ ਵੱਡੀ ਗਿਣਤੀ ਵਿਚ ਖਾਲੀ ਅਸਾਮੀਆਂ ਤੇ 1158 ਅਸਿਸਟੈਂਟ ਪ੍ਰੋਫੈਸਰ ਅਤੇ ਲਾਇਬ੍ਰੇਰੀਅਨ ਦੀ ਭਰਤੀ ਪਿਛਲੀ ਸਰਕਾਰ ਕਰ ਗਈ ਸੀ ਜੋ ਅਦਾਲਤਾਂ ਵਿੱਚ ਉਲਝ ਗਈ । ਭਰਤੀ ਉੱਚ ਅਦਾਲਤ ਵੱਲੋਂ ਰੱਦ ਹੋਣ ਦੇ ਬਾਵਜੂਦ ਭਾਵੇਂ ਉਹ ਕਾਲਜਾਂ ਵਿੱਚ ਕੁਝ ਤਾਂ ਪਿਛਲੇ ਚਾਰ ਸਾਲਾਂ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਹਨ । ਸਿੱਖਿਆ ਮੰਤਰੀ ਨਾਲ ਭਰਤੀ ਨੂੰ ਬਚਾਉਣ ਲਈ ਅਸਿਸਟੈਂਟ ਪ੍ਰੋਫੈਸਰਾਂ ਦੀ ਮੀਟਿੰਗ ਵਾਰ-ਵਾਰ ਮੁਲਤਵੀ ਕਰ ਦਿੱਤੀ ਜਾਂਦੀ ਹੈ। ਸਰਕਾਰ ਦੀਆਂ ਭਰਤੀ ਵਿਚ ਛੱਡੀਆਂ ਖਾਮੀਆਂ ਦਾ ਖਮਿਆਜ਼ਾ ਸਿਲੈਕਟ ਹੋਏ ਉਮੀਦਵਾਰਾਂ ਨੂੰ ਭੁਗਤਣਾ ਪੈ ਰਿਹਾ ਹੈ । ਜਿਸ ਤਰ੍ਹਾਂ ਸਿੱਖਿਆ ਵਿਭਾਗ ਦੇ ਸੁਧਾਰ ਦੀ ਗੱਲ ਸੀ, ਉਹ ਵੀ ਅਧੂਰੀ ਰਹਿ ਗਈ ਹੈ। ਉਚੇਰੀ ਸਿੱਖਿਆ ਦੇ ਸੁਧਾਰ ਲਈ ਭਰਤੀ ਕੀਤੇ ਅਸਿਸਟੈਂਟ ਪ੍ਰੋਫ਼ੈਸਰਾਂ ਦੀ ਭਰਤੀ ਨੂੰ ਬਚਾਉਣ ਲਈ ਸਰਕਾਰ ਨੂੰ ਸੁਹਿਰਦ ਯਤਨ ਕਰਕੇ ਸਿੱਖਿਆ ਕ੍ਰਾਂਤੀ ਵੱਲ ਵਧਣਾ ਚਾਹੀਦਾ ਹੈ।

**-ਮੇਜਰ ਸਿੰਘ ਨਾਭਾ**

### ਚੰਨ 'ਤੇ ਸਰਦਾਰੀ

ਅਮਰੀਕਾ ਅਤੇ ਚੀਨ ਦੀ ਚੰਨ 'ਤੇ ਸਰਦਾਰੀ ਕਰਨ ਦੀਆਂ ਚੱਲ ਰਹੀਆਂ ਖਬਰਾਂ ਸੰਸਾਰ ਨੂੰ ਕਿਸ ਦਿਸ਼ਾ ਵੱਲ ਲੈ ਕੇ ਜਾਣਗੀਆਂ, ਇਸ ਦਾ ਜਵਾਬ ਤਾਂ ਸਮੇਂ ਦੀਆਂ ਘੜੀਆਂ ਦੇਣਗੀਆਂ ਪ੍ਰੰਤੂ ਜਿਹਨ ਵਿੱਚ ਇਹ ਸਵਾਲ ਵਾਰ-ਵਾਰ ਪੈਦਾ ਹੁੰਦਾ ਹੈ ਕਿ ਧਰਤੀ ਜਿਸ 'ਤੇ ਜੀਵਨ ਦੀ ਹੋਂਦ ਹੈ, ਮਨੁੱਖ ਇਸ ਨੂੰ ਪਲੀਤ ਕਰਕੇ, ਇਸ ਨੂੰ ਉਜਾੜ ਕੇ ਚੰਨ 'ਤੇ ਜਾ ਕੇ ਕੀ ਕਰੇਗਾ ? ਪਿਛਲੇ ਕਈ ਸਾਲਾਂ ਤੋਂ ਚੰਨ 'ਤੇ ਕਲੋਨੀ ਵਸਾਉਣ ਦੀਆਂ ਖਬਰਾਂ ਆ ਰਹੀਆਂ ਹਨ, ਜਿਸ ਲਈ ਦੁਨੀਆ ਦੀਆਂ ਚੋਟੀ ਦੀਆਂ ਅਰਥ-ਵਿਵਸਥਾਵਾਂ ਭੱਜ-ਦੌੜ ਕਰ ਰਹੀਆਂ ਹਨ ਪਰੰਤੂ ਜੀਵਨ ਦੀ ਹੋਂਦ ਨੂੰ ਬਰਕਰਾਰ ਰੱਖਣ ਲਈ ਜੋ ਵੀ ਸਮੱਸਿਆਵਾਂ ਦਿਨੋ-ਦਿਨ ਪੇਸ਼ ਆ ਰਹੀਆਂ ਹਨ, ਉਨ੍ਹਾਂ ਵੱਲ ਇਨ੍ਹਾਂ ਦਾ ਧਿਆਨ ਉੱਕਾ ਨਹੀਂ ਜਾਂਦਾ।ਧਰਤੀ ਹੀ ਇਹੋ ਜਿਹਾ ਗ੍ਰਹਿ ਹੈ ਜਿਥੇ ਵਾਤਾਵਰਣ ਅਨੁਕੂਲਿਤ ਸਾਰੇ ਤੱਤ ਮੌਜੂਦ ਹਨ ਜੋ ਜ਼ਿੰਦਗੀ ਜਿਊਣ ਲਈ ਜ਼ਰੂਰੀ ਹਨ । ਵਾਤਾਵਰਨ ਦਾ ਸੰਤੁਲਨ, ਵਾਯੂਮੰਡਲ ਦੀ ਹੋਂਦ, ਜੀਵ ਵਿਭਿੰਨਤਾ, ਸੂਰਜ ਤੋਂ ਧਰਤੀ ਦੀ ਸਹੀ ਦੂਰੀ ਜ਼ਿੰਦਗੀ ਜਿਊਣ ਲਈ ਜ਼ਰੂਰੀ ਤੱਤਾਂ ਵਿੱਚ ਸ਼ੁਮਾਰ ਹਨ ।ਚੰਨ 'ਤੇ ਦਿਨ-ਰਾਤ ਦਾ ਧਰਤੀ ਦੇ ਦਿਨ-ਰਾਤ ਨਾਲੋਂ ਫ਼ਰਕ, ਪਾਣੀ ਦੀ ਹੋਂਦ ਦੇ ਕੁੱਝ ਤੱਤ ਮੌਜੂਦ ਅਤੇ ਚੰਦਰਮਾ 'ਤੇ ਮੌਜੂਦ ਜ਼ਿੰਦਗੀ ਜਿਊਣ ਲਈ ਲੋੜੀਂਦੇ ਤੱਤ ਨਾ ਹੋਣੇ ਇਹ ਸਵਾਲ ਖੜ੍ਹੇ ਕਰਦੇ ਹਨ ਕਿ ਮਨੁੱਖ ਦੀ ਚੰਨ 'ਤੇ ਜ਼ਿੰਦਗੀ ਕਿਵੇਂ ਬਰਕਰਾਰ ਰਹਿ ਸਕੇਗੀ।ਧਰਤੀ ਨੂੰ ਮਾਂ ਦਾ ਦਰਜਾ ਇਸ ਲਈ ਹੀ ਦਿੱਤਾ ਗਿਆ ਹੈ ਕਿ ਇਥੇ ਜੀਵਨ ਦੀ ਹੋਂਦ ਲਈ ਲੋੜੀਂਦੇ ਸਾਰੇ ਤੱਤ ਮੌਜੂਦ ਹਨ ਪਰੰਤੂ ਮਨੁੱਖ ਦੇ ਵਧਦੇ ਲਾਲਚ ਨੇ ਵਾਤਾਵਰਣ ਵਿੱਚ ਵਿਗਾੜ ਪੈਦਾ ਕਰਕੇ ਜੀਵਨ ਦੀ ਹੋਂਦ ਨੂੰ ਚੁਣੌਤੀ ਦਿੱਤੀ ਹੈ। ਸਮੁੱਚੇ ਵਿਸ਼ਵ ਨੂੰ ਇਸ ਗੱਲ 'ਤੇ ਮੰਥਨ ਕਰਨਾ ਚਾਹੀਦਾ ਹੈ ਕਿ ਧਰਤੀ ਦੀ ਹੋਂਦ ਨੂੰ ਕਿਵੇਂ ਬਚਾਈਏ ? ਜਿਹੜਾ ਪੈਸਾ ਚੰਨ 'ਤੇ ਹਕੂਮਤ ਕਾਇਮ ਕਰਨ ਲਈ ਵਰਤਣਾ ਹੈ, ਉਹ ਧਰਤੀ ਦੀ ਹੋਂਦ ਨੂੰ ਬਚਾਉਣ ਲਈ ਲਗਾਇਆ ਜਾਵੇ।ਚੰਨ 'ਤੇ ਜੀਵਨ ਦੀ ਹੋਂਦ ਸੰਭਵ ਹੋ ਪਾਵੇਗੀ ਜਾਂ ਨਹੀਂ, ਇਹ ਕਹਿਣਾ ਤਾਂ ਬਹੁਤ ਮੁਸ਼ਕਲ ਹੈ ਪਰੰਤੂ ਜੇਕਰ ਧਰਤੀ ਨੂੰ ਨਾ ਸੰਭਾਲਿਆ ਗਿਆ ਤਾਂ ਜੀਵਨ ਦੀ ਹੋਂਦ ਧਰਤੀ 'ਤੇ ਵੀ ਖ਼ਤਮ ਹੋ ਜਾਵੇਗੀ। ਉਸ ਸਮੇਂ ਮਨੁੱਖ ਦੀ ਹਾਲਤ ਇਹ ਹੋ ਜਾਵੇਗੀ ਕਿ ਧੋਬੀ ਦਾ ਕੁੱਤਾ ਨਾ ਘਰ ਦਾ ਨਾ ਘਾਟ ਦਾ। ਕਿਹੋ ਜਿਹਾ ਭਵਿੱਖ ਚਾਹੁੰਦੇ ਹਾਂ ਇਹ ਅਸੀਂ ਹੀ ਸੋਚਣਾ ਹੈ ਅਤੇ ਸਾਡੇ ਹੀ ਹੱਥਾਂ ਵਿੱਚ ਹੈ।

**- ਰਜਵਿੰਦਰ ਪਾਲ ਸ਼ਰਮਾ**

# ਭਾਸ਼ਾ ਵਿਭਾਗ ਵੱਲੋਂ ਲੋਪੋਂ ਵਿਖੇ ਵਿਸ਼ਵ ਰੰਗਮੰਚ ਦਿਵਸ ਮਨਾਇਆ ਗਿਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਜਟਾਣਾ ਦੀ ਅਗਵਾਈ ਹੇਠ ਸੰਤ ਦਰਬਾਰਾ ਸਿੰਘ ਵਿੱਦਿਅਕ ਸੰਸਥਾਵਾਂ, ਲੋਪੋਂ ਵਿਖੇ ਵਿਸ਼ਵ ਰੰਗਮੰਚ ਦਿਵਸ ਮੌਕੇ ਆਯੋਜਤ ਸਮਾਗਮ ਯਾਦਗਾਰੀ ਹੋ ਨਿੱਬੜਿਆ।ਸਮਾਗਮ ਦੀ ਪ੍ਰਧਾਨਗੀ ਸੰਸਥਾ ਦੇ ਡਾਇਰੈਕਟਰ ਡਾ. ਗੋਬਿੰਦ ਸਿੰਘ ਦੁਆਰਾ ਕੀਤੀ ਗਈ।ਪ੍ਰਸਿੱਧ ਪੰਜਾਬੀ ਲੇਖਕ ਗੁਰਮੇਲ ਸਿੰਘ ਬੌਡੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਤੋਂ ਇਲਾਵਾ ਪ੍ਰਧਾਨਗੀ ਮੰਡਲ ਵਿੱਚ ਪ੍ਰਿੰਸੀਪਲ ਬੀ.ਐੱਡ. ਕਾਲਜ ਡਾ. ਤ੍ਰਿਪੁਰਾ ਪਰਮਾਰ, ਪ੍ਰਿੰਸੀਪਲ ਨਰਸਿੰਗ ਕਾਲਜ ਸ਼੍ਰੀਮਤੀ ਹਰਪ੍ਰੀਤ ਕੌਰ, ਕਾਰਜਕਾਰੀ ਪ੍ਰਿੰਸੀਪਲ ਡਿਗਰੀ ਕਾਲਜ ਮਿਸ ਮਨਜਿੰਦਰ ਕੌਰ, ਸਕੂਲ ਕੋਆਰਡੀਨੇਟਰ ਪ੍ਰੋ. ਅਮਨਦੀਪ ਕੌਰ ਬਿਰਾਜਮਾਨ ਹੋਏ।

ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਨੇ ਸਭ ਨੂੰ ਜੀ ਆਇਆਂ ਆਖਦਿਆਂ ਭਾਸ਼ਾ ਵਿਭਾਗ ਵੱਲੋਂ ਕੀਤੀਆਂ ਜਾਂਦੀਆਂ ਸਾਹਿਤਕ ਸਰਗਰਮੀਆਂ ਬਾਰੇ ਚਾਨਣਾ ਪਾਇਆ ਤੇ ਵਿਸ਼ਵ ਭਰ ਦੇ ਸਮੂਹ ਰੰਗਕਰਮੀਆਂ ਨੂੰ ਵਿਸ਼ਵ ਰੰਗਮੰਚ ਦਿਵਸ ਦੀ ਵਧਾਈ ਦਿੱਤੀ।ਮੰਚ ਸੰਚਾਲਨ ਕਰ ਰਹੇ ਪ੍ਰੋ. ਕਰਮਜੀਤ ਕੌਰ ਮੁਖੀ ਪੰਜਾਬੀ ਵਿਭਾਗ ਵੱਲੋਂ ਆਏ ਹੋਏ ਮਹਿਮਾਨਾਂ ਨਾਲ ਜਾਣ ਪਛਾਣ ਕਰਾਉਂਦਿਆਂ ਸਮਾਗਮ ਦੀ ਸਮੁੱਚੀ ਕਾਰਵਾਈ ਬਾਖ਼ੂਬੀ ਸੰਭਾਲੀ ਗਈ।ਮੁੱਖ ਮਹਿਮਾਨ ਗੁਰਮੇਲ ਸਿੰਘ ਬੌਡੇ ਵਲੋਂ ਰੰਗਮੰਚ ਦੇ ਇਤਿਹਾਸ ਉੱਪਰ ਝਾਤ ਪਵਾਉਂਦਿਆਂ ਇਸ ਮੌਕੇ ਪੇਸ਼ ਕੀਤੇ ਜਾ ਰਹੇ ਪ੍ਰਸਿੱਧ ਰੰਗਕਰਮੀ ਡਾ. ਸੋਮਪਾਲ ਹੀਰਾ ਦੁਆਰਾ ਰਚਿਤ ਅਤੇ ਨਿਰਦੇਸ਼ਤ ਇਕ ਪਾਤਰੀ ਨਾਟਕ 'ਭਾਸ਼ਾ ਵਹਿੰਦਾ ਦਰਿਆ' ਦੇ ਵਿਸ਼ੇ ਤੇ ਮਹੱਤਵ ਬਾਰੇ ਚਾਨਣਾ ਪਾਇਆ ਗਿਆ।

ਉਪਰੰਤ ਡਾ. ਸੋਮਪਾਲ ਹੀਰਾ ਦੁਆਰਾ ਨਾਟਕ 'ਭਾਸ਼ਾ ਵਹਿੰਦਾ ਦਰਿਆ' ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਇਹ ਨਾਟਕ ਪੰਜਾਬੀ ਮਾਤ ਭਾਸ਼ਾ ਦੀ ਅਜੋਕੀ ਪ੍ਰਸਥਿਤੀ ਉੱਪਰ ਝਾਤ ਪਵਾਉਂਦਿਆਂ ਸਮੂਹ ਪੰਜਾਬੀਆਂ ਨੂੰ ਆਪਣੀ ਮਾਤ ਭਾਸ਼ਾ ਦੇ ਮਹੱਤਵ ਨੂੰ ਸਮਝਦਿਆਂ ਇਸ ਦੇ ਸਨਮਾਨ ਅਤੇ ਸੰਭਾਲ ਦਾ ਹੋਕਾ ਦਿੰਦਾ ਹੈ।ਸੰਸਥਾ ਦੇ ਡਾਇਰੈਕਟਰ ਡਾ. ਗੋਬਿੰਦ ਸਿੰਘ ਦੁਆਰਾ ਨਾਟਕ ਦੀ ਭਰਪੂਰ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਨਾਟਕ ਵਿਚਲੇ ਸੰਦੇਸ਼ ਨਾਲ ਜੁੜਨ ਦਾ ਸੱਦਾ ਦਿੱਤਾ ਗਿਆ।

ਨਾਟਕ ਦੇ ਮੰਚਨ ਦਾ ਸਮੁੱਚਾ ਪ੍ਰਬੰਧ ਖੋਜ ਅਫ਼ਸਰ ਡਾ. ਬਿਮਲ ਕੁਮਾਰ ਦੀ ਦੇਖ-ਰੇਖ ਹੇਠ ਹੋਇਆ।ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਜਟਾਣਾ ਦੁਆਰਾ ਸੰਸਥਾ ਦੇ ਡਾਇਰੈਕਟਰ ਅਤੇ ਸਮੁੱਚੀ ਮੈਨੇਜਮੈਂਟ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਅਜਿਹੇ ਸ਼ਾਨਦਾਰ ਆਡੀਟੋਰੀਅਮ ਵਿਖੇ ਭਾਸ਼ਾ ਵਿਭਾਗ ਅਗਾਂਹ ਤੋਂ ਵੀ ਅਜਿਹੇ ਮਿਆਰ ਸਮਾਗਮਾਂ ਦਾ ਆਯੋਜਨ ਕਰਦਾ ਰਹੇਗਾ।ਉਨ੍ਹਾਂ ਵਲੋਂ ਵਿਦਿਆਰਥੀਆਂ ਦੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੱਡੀ ਸਫਲਤਾ, 150 ਗ੍ਰਾਮ ਹੈਰੋਇਨ ਸਮੇਤ 2 ਤਸਕਰ ਕਾਬੂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਜ਼ਿਲ੍ਹਾ ਫ਼ਰੀਦਕੋਟ ਵਿੱਚ ਨਸ਼ਿਆਂ ਵਿਰੁੱਧ ਵਿੱਢੀ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ਼ ਜੈਤੋ ਦੀ ਟੀਮ ਨੇ ਦੋ ਨਸ਼ਾ ਤਸਕਰਾਂ ਨੂੰ 150 ਗ੍ਰਾਮ ਹੈਰੋਇਨ ਤੇ ਇੱਕ ਸਵਿਫਟ ਡਿਜ਼ਾਇਰ ਕਾਰ ਸਮੇਤ ਗ੍ਰਿਫ਼ਤਾਰ ਕੀਤਾ।

ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਹ ਕਾਰਵਾਈ ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ ਐਸ.ਪੀ. (ਇੰਨਵੈਸਟੀਗੇਸ਼ਨ) ਤੇ ਸ਼੍ਰੀ ਅਵਤਾਰ ਸਿੰਘ ਡੀ.ਐਸ.ਪੀ. (ਇੰਨਵੈਸਟੀਗੇਸ਼ਨ) ਦੀ ਅਗਵਾਈ ਹੇਠ ਅਮਲ ਵਿੱਚ ਲਿਆਂਦੀ ਗਈ ਹੈ।ਵੇਰਵਿਆਂ ਅਨੁਸਾਰ ਸੀ.ਆਈ.ਏ. ਸਟਾਫ ਜੈਤੋ ਦੇ ਇੰਚਾਰਜ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਡੇਲਿਆਂਵਾਲੀ ਪੁਲ ਸੂਆ ਦੇ ਚੌਰਾਹੇ ਕੋਲ ਗਸ਼ਤ 'ਤੇ ਸੀ।ਇਸ ਦੌਰਾਨ ਉਡੀਕ ਘਰ ਕੋਲ ਖੜੀ ਇੱਕ ਚਿੱਟੇ ਰੰਗ ਦੀ ਸਵਿਫਟ ਡਿਜ਼ਾਇਰ ਕਾਰ ਵਿੱਚ ਸਵਾਰ ਦੋ ਵਿਅਕਤੀਆਂ ਨੇ ਪੁਲਿਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ।ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਕਾਰ ਨੂੰ ਰੋਕਿਆ ਤੇ ਤਲਾਸ਼ੀ ਲੈਣ 'ਤੇ ਉਸ ਵਿੱਚੋਂ 150 ਗ੍ਰਾਮ ਹੈਰੋਇਨ ਬਰਾਮਦ ਹੋਈ।ਕਾਬੂ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਹਸਦੀਪ ਕੁਮਾਰ ਉਰਫ ਤਨੇਜਾ, ਅੰਗਰੇਜ਼ ਸਿੰਘ ਵਜੋਂ ਹੋਈ ਹੈ। ਪੁਲਸ ਨੇ ਮੁਲਜ਼ਮਾਂ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21(ਬੀ)/61/85 ਤਹਿਤ ਮੁਕੱਦਮਾ ਨੰਬਰ 63 (ਮਿਤੀ 24.03.2026) ਦਰਜ ਕਰ ਲਿਆ ਹੈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਤਸਕਰਾਂ ਦੇ ਬੈਕਵਰਡ ਤੇ ਫਾਰਵਰਡ ਲਿੰਕਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।ਪੁਲਸ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਹ ਖੇਪ ਕਿੱਥੋਂ ਲਿਆਂਦੀ ਗਈ ਸੀ ਅਤੇ ਅੱਗੇ ਕਿੱਥੇ ਸਪਲਾਈ ਕੀਤੀ ਜਾਣੀ ਸੀ।ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਹੈ ਤਾਂ ਜੋ ਹੋਰ ਅਹਿਮ ਖੁਲਾਸੇ ਹੋ ਸਕਣ।

# ਇੰਦਰਜੀਤ ਸੰਧੂ ਦੀ ਅਗਵਾਈ ਹੇਠ 30 ਦੀ ਰੈਲੀ ਲਈ ਵਿਸ਼ਾਲ ਮੀਟਿੰਗ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਮਾਨ ਦੀ 30 ਮਾਰਚ ਨੂੰ ਹੋਣ ਜਾ ਰਹੀ ਵਿਸ਼ਾਲ ਰੈਲੀ ਨੂੰ ਧਿਆਨ ਵਿੱਚ ਰੱਖਦਿਆਂ ਹਲਕਾ ਸਨੌਰ ਵਿੱਚ ਸਿਆਸੀ ਗਤੀਵਿਧੀਆਂ ਤੇਜ਼ ਹੋ ਗਈਆਂ ਹਨ।ਹਲਕੇ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੇ ਲੋਕਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਰੈਲੀ ਦਾ ਰੂਪ ਧਾਰ ਲਿਆ ਅਤੇ ਬੜਾ ਉਤਸ਼ਾਹ ਦਰਸਾਇਆ।ਮੀਟਿੰਗ ਦੌਰਾਨ ਇੰਦਰਜੀਤ ਸਿੰਘ ਸੰਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਇਹ ਰੈਲੀ ਹਲਕਾ ਸਨੌਰ ਲਈ ਇਤਿਹਾਸਕ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ-ਹਿਤੈਸ਼ੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਹ ਰੈਲੀ ਮਹੱਤਵਪੂਰਨ ਭੂਮਿਕਾ ਨਿਭਾਏਗੀ।ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋ ਕੇ ਸਰਕਾਰ ਦੇ ਹੱਕ ਵਿੱਚ ਆਪਣਾ ਸਮਰਥਨ ਦਰਸਾਇਆ ਜਾਵੇ।ਉਨ੍ਹਾਂ ਰੈਲੀ ਦੀਆਂ ਤਿਆਰੀਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਹਰ ਵਰਗ ਦੇ ਲੋਕਾਂ ਨੂੰ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ ਤਾਂ ਜੁ ਰੈਲੀ ਨੂੰ ਕਾਮਯਾਬ ਬਣਾਇਆ ਜਾ ਸਕੇ।ਮੀਟਿੰਗ ਵਿੱਚ ਮੌਜੂਦ ਵਰਕਰਾਂ ਅਤੇ ਸਹਿਯੋਗੀਆਂ ਨੇ ਭਰੋਸਾ ਦਿਵਾਇਆ ਕਿ ਉਹ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਪੂਰਾ ਯੋਗਦਾਨ ਪਾਉਣਗੇ।

# ਵਾਲਮੀਕਿ/ਮਜ਼ਬੀ ਸਿੱਖ ਮਹਾਂਸਭਾ 12 ਨੂੰ ਮਨਾਵੇਗੀ ਅੰਬੇਡਕਰ ਜੈਅੰਤੀ



**ਮੋਗਾ (ਇਕਬਾਲ ਸਿੰਘ ਖਹਿਰਾ)**

ਵਾਲਮੀਕਿ ਮਜਬੀ ਸਿੱਖ ਮਹਾਂਸਭਾ ਦੀ ਮੀਟਿੰਗ ਮਹਾਂਸਭਾ ਦੇ ਪ੍ਰਧਾਨ ਬਲਜਿੰਦਰ ਧਾਲੀਵਾਲ ਜਨਰਲ ਸਕੱਤਰ ਇੰਦਰਪਾਲ ਸਿੰਘ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਫਿਰੋਜ਼ਪੁਰ ਰੋਡ ਵਿਖੇ ਹੋਈ। ਮੀਟਿੰਗ ਵਿੱਚ ਭਾਰਤ ਰਤਨ ਤੇ ਸੰਵਿਧਾਨ ਨਿਰਮਾਤਾਡਾਕਟਰ ਬੀ ਆਰ ਅੰਬੇਡਕਰ ਦਾ ਜਨਮ ਦਿਹਾੜਾ 12 ਅਪ੍ਰੈਲ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਮਨਾਉਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਬੋਲਦੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਮੰਗਾਂ ਸਿੰਘ ਵੈਰੋਕੇ, ਮਹਾਂ ਸਭਾ ਦੇ ਉਪ ਚੇਅਰਮੈਨ ਰਾਜੂ ਸਹੋਤਾ ਅਤੇ ਅੰਬੇਦਕਰ ਮਿਸ਼ਨ ਦੇ ਆਗੂ ਹਰਬੰਸ ਸਾਗਰ ਨੇ ਦੱਸਿਆ ਕਿ ਅੰਬੇਡਕਰ ਜੈਅੰਤੀ ਤੇ ਮੋਗਾ ਜ਼ਿਲ੍ਹਾ ਦੇ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਗਰੀਬ ਵਰਗ ਦੇ ਹੋਣਹਾਰ ਬੱਚਿਆਂ ਨੂੰ ਸਨਮਾਨਤ ਕੀਤਾ ਜਾਵੇਗਾ ਅਤੇ ਅੰਬੇਦਕਰ ਜਯੰਤੀ ਤੇ ਬਾਬਾ ਸਾਹਿਬ ਵੱਲੋਂ ਕੀਤੇ ਗਏ ਮਹਾਨ ਕਾਰਜਾਂ ਅਤੇ ਦੇਸ਼ ਦੇ ਸੰਵਿਧਾਨ ਲਿਖਣ ਸਬੰਧੀ ਵੀ ਵਿਦਿਆਰਥੀਆਂ ਨੂੰ ਜਾਣੂ ਕਰਾਇਆ ਜਾਵੇਗਾ ਤਾਂ ਜੁ ਵਿਦਿਆਰਥੀ ਆਉਣ ਵਾਲੇ ਸਮੇਂ ਦੇ ਵਿੱਚ ਇੱਕ ਪੜ੍ਹ-ਲਿਖ ਕੇ ਇੱਕ ਜ਼ਿੰਮੇਵਾਰ ਇਨਸਾਨ ਬਣਨ ਤੋਂ ਇਲਾਵਾ ਉੱਚੇ ਅਹੁਦਿਆਂ ਨੂੰ ਪ੍ਰਾਪਤ ਕਰਨ।ਆਗੂਆਂ ਨੇ ਅੱਗੇ ਦੱਸਿਆ ਕਿ ਮੋਗੇ ਦੀਆਂ ਸਾਰੀਆਂ ਅਨੁਸੂਚਿਤ ਜਾਤੀ ਨਾਲ ਸੰਬੰਧਤ ਜਥੇਬੰਦੀਆਂ ਨੂੰ ਨਾਲ ਲੈ ਕੇ ਅੰਬੇਡਕਰ ਜੈਅੰਤੀ ਮਨਾਈ ਜਾਵੇਗੀ।

## ਕਾਤਰਾਂ

### ਰਾਜ ਹਸਪਤਾਲ ਵਿਖੇ ਮੈਡੀਕਲ ਚੈਕਅੱਪ ਕੈਂਪ 5 ਨੂੰ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਰਾਜ ਹਸਪਤਾਲ ਹਤੂਰ ਵਿਖੇ ਫਰੀ ਮੈਡੀਕਲ ਚੈੱਕਅਪ ਕੈਂਪ 5 ਅਪ੍ਰੈਲ ਨੂੰ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਡਾ. ਗੁਰਵਿੰਦਰ ਕੌਰ ਅਤੇ ਡਾ. ਸੌਰਵ ਭੰਡਾਰੀ ਨੇ ਦੱਸਿਆ ਕਿ ਇਸ ਕੈਂਪ ਵਿਚ ਫੋਰਟਿਸ ਹਸਪਤਾਲ ਲੁਧਿਆਣਾ ਦੇ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ, ਔਰਤਾਂ ਦੇ ਰੋਗਾਂ, ਪੇਸ਼ਾਬ ਦੇ ਰੋਗਾਂ ਦੀ ਜਾਚ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਕੈਂਪ ਵਿਚ ਦਵਾਈਆਂ ਵਿਚ 30 ਪ੍ਰਤੀਸ਼ਤ ਛੋਟ ਦਿੱਤੀ ਜਾਵੇਗੀ ਅਤੇ ਗਰੀਬ ਮਰੀਜ਼ਾਂ ਨੂੰ ਤਿੰਨ ਦਿਨਾਂ ਦੀ ਦਵਾਈ ਫਰੀ ਦਿੱਤੀ ਜਾਵੇਗੀ।

### ਸੁਖਦੀਪ ਸਿੰਘ ਮਾਛੀਵਾੜਾ ਥਾਣਾ ਦੇ ਮੁੱਖ ਮੁਨਸ਼ੀ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਸੁਖਦੀਪ ਸਿੰਘ ਨੂੰ ਮਾਛੀਵਾੜਾ ਸਾਹਿਬ ਥਾਣਾ ਦਾ ਨਵਾਂ ਮੁੱਖ ਮੁਨਸ਼ੀ ਨਿਯੁਕਤ ਕੀਤਾ ਗਿਆ ਹੈ। ਇੱਥੇ ਤਾਇਨਾਤ ਮੁਨਸ਼ੀ ਕੁਲਜੀਤ ਸਿੰਘ ਕੋਰਸ ਕਰਨ ਲਈ ਚਲੇ ਗਏ ਹਨ। ਮੁਨਸ਼ੀ ਸੁਖਦੀਪ ਸਿੰਘ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ ਅਤੇ ਉਨ੍ਹਾਂ ਕਿਹਾ ਕਿ ਥਾਣਾ ਵਿਚ ਸ਼ਿਕਾਇਤ ਦਰਜ ਕਰਵਾਉਣ ਆਉਣ ਵਾਲੇ ਹਰੇਕ ਵਿਅਕਤੀ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

### ਅੰਮ੍ਰਿਤਸਰ ਤੋਂ ਆਉਣ-ਜਾਣ ਵਾਲੀਆਂ ਉਡਾਨਾਂ ਲਈ ਪਾਕਿਸਤਾਨ ਏਅਰ ਸਪੇਸ ਪ੍ਰਦਾਨ ਕਰੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੇਸ਼ੱਕ ਅਮਰੀਕਾ, ਇਜ਼ਰਾਇਲ-ਇਰਾਨ ਜੰਗ ਦੇ ਕਾਰਨ ਜਾਂ ਪਾਕਿਸਤਾਨ, ਅਫਗਾਨਿਸਤਾਨ ਜੰਗ ਦੇ ਕਾਰਨ ਕੌਮਾਂਤਰੀ ਹਾਲਾਤ ਅਤਿ ਗੰਭੀਰ ਬਣੇ ਹੋਏ ਹਨ, ਪਰ ਸਾਡੀ ਪਾਕਿਸਤਾਨ ਦੀ ਸ਼ਾਹਬਾਜ਼ ਸ਼ਰੀਫ਼ ਹਕੂਮਤ ਨੂੰ ਇਹ ਜ਼ੋਰਦਾਰ ਗੁਜ਼ਾਰਿਸ਼ ਹੈ ਕਿ ਇਨ੍ਹਾਂ ਦਿਨਾਂ ਵਿੱਚ ਸਿੱਖ ਬਾਹਰਲੇ ਮੁਲਕਾਂ ਤੋਂ ਆਉਂਦੇ ਵੀ ਹਨ ਤੇ ਅੰਮ੍ਰਿਤਸਰ ਤੋਂ ਉਡਾਨ ਭਰਕੇ ਜਾਂਦੇ ਵੀ ਹਨ।ਇਸ ਲਈ ਸਿੱਖ ਕੌਮ ਲਈ ਉਚੇਚੇ ਤੌਰ ਤੇ ਅੰਮ੍ਰਿਤਸਰ ਤੋਂ ਉੱਡਣ ਵਾਲੀਆਂ ਉਡਾਨਾਂ ਲਈ ਤੇ ਵਾਪਸ ਲੈਂਡ ਕਰਨ ਵਾਲੀਆ ਉਡਾਨਾਂ ਲਈ ਪਾਕਿਸਤਾਨ ਹਕੂਮਤ ਫੌਰੀ ਏਅਰ ਸਪੇਸ ਪ੍ਰਦਾਨ ਕਰੇ ਤਾਂ ਜੁ ਸਿੱਖਾਂ ਨੂੰ ਆਪਣੇ ਪੰਜਾਬ ਵਿੱਚ ਆਉਣ-ਜਾਣ ਵਿਚ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਕਿਸਤਾਨ ਦੇ ਸਾਡੇ ਗੁਆਂਢੀ ਮੁਲਕ ਦੇ ਵਜ਼ੀਰ ਏ ਆਜ਼ਮ ਸ਼ਾਹਬਾਜ਼ ਸਰੀਫ਼ ਨੂੰ ਉਚੇਚੇ ਤੌਰ 'ਤੇ ਜ਼ੋਰਦਾਰ ਗੁਜ਼ਾਰਿਸ਼ ਕਰਦੇ ਹੋਏ ਤੇ ਗੰਭੀਰਤਾ ਭਰੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿਉਂਕਿ ਚੜ੍ਹਦੇ ਪੰਜਾਬ ਤੇ ਲਹਿੰਦੇ ਪੰਜਾਬ ਦਾ ਬਹੁਤ ਕੁਝ ਪੁਰਾਤਨ ਲੰਮੇ ਸਮੇ ਤੋਂ ਸਾਂਝਾ ਹੈ।

# ਸੜਕ ਹਾਦਸੇ 'ਚ ਮੋਟਰਸਾਈਕਲ ਚਾਲਕ ਦੀ ਮੌਤ, ਦੋ ਜ਼ਖ਼ਮੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਧਨੇਰ ਨੂੰ ਜਾਂਦੀ ਸੜਕ 'ਤੇ ਦੁਪਹਿਰ ਵੇਲੇ ਦੋ ਮੋਟਰਸਾਈਕਲਾਂ ਦੀ ਹੋਈ ਸਿੱਧੀ ਟੱਕਰ 'ਚ ਇੱਕ ਮੋਟਰਸਾਈਕਲ ਚਾਲਕ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਦੂਜੇ ਮੋਟਰਸਾਈਕਲ 'ਤੇ ਸਵਾਰ ਦੋ ਵਿਅਕਤੀ ਜ਼ਖ਼ਮੀ ਹੋ ਗਏ।ਮਿਲੀ ਜਾਣਕਾਰੀ ਅਨੁਸਾਰ ਮਿਸਤਰੀ ਰਣਜੀਤ ਸਿੰਘ ਵਾਸੀ ਧਨੇਰ ਆਪਣੇ ਮੋਟਰਸਾਈਕਲ 'ਤੇ ਬੈਂਕ ਦੇ ਕੰਮ ਕਰਵਾਉਣ ਉਪਰੰਤ ਵਾਪਸ ਪਿੰਡ ਧਨੇਰ ਜਾ ਰਿਹਾ ਸੀ ਤਾਂ ਰਸਤੇ 'ਚ ਰੋਸ਼ਨ ਖੇੜਾ ਨੇੜੇ ਰਜਬਾਹੇ ਦੇ ਪੁਲ 'ਤੇ ਸਾਹਮਣਿਓ ਆ ਰਹੇ ਮੋਟਰਸਾਈਕਲ ਨਾਲ ਜ਼ੋਰਦਾਰ ਟੱਕਰ ਹੋ ਗਈ।ਇਸ ਘਟਨਾ 'ਚ ਮਿਸਤਰੀ ਰਣਜੀਤ ਸਿੰਘ ਧਨੇਰ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੂਜੇ ਮੋਟਰਸਾਈਕਲ 'ਤੇ ਸਵਾਰ ਦੋ ਜਣੇ ਜ਼ਖ਼ਮੀ ਹੋ ਗਏ।ਜ਼ਖ਼ਮੀਆਂ ਨੂੰ ਤੁਰੰਤ 108 ਐਂਬੂਲੈਂਸ ਰਾਹੀਂ ਕਮਿਊਨਿਟੀ ਹੈਲਥ ਸੈਂਟਰ ਵਿਖੇ ਇਲਾਜ ਲਈ ਲਿਆਂਦਾ ਗਿਆ।ਕਮਿਊਨਿਟੀ ਹੈਲਥ ਸੈਂਟਰ ਦੇ ਮੈਡੀਕਲ ਅਫ਼ਸਰ ਡਾ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਰਣਜੀਤ ਸਿੰਘ (71) ਪੁੱਤਰ ਉਦੇ ਵਾਸੀ ਧਨੇਰ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ, ਜਦਕਿ ਦੋ ਜ਼ਖ਼ਮੀ ਇਲਾਜ ਅਧੀਨ ਹਨ।ਪਤਾ ਲੱਗਿਆ ਹੈ ਪਿੰਡ ਧਨੇਰ ਵਿਖੇ ਆਪਣੇ ਸਹੁਰੇ ਘਰ ਰਹਿ ਰਿਹਾ ਮਿਸਤਰੀ ਰਣਜੀਤ ਸਿੰਘ ਰਾਮਗੜ੍ਹੀਆ ਅਕਾਲ ਜਥੇਬੰਦੀ ਨਾਲ ਜੁੜਿਆ ਹੋਇਆ ਸੀ।ਪਹਿਲਾਂ ਉਹ ਕਾਫੀ ਸਮਾਂ ਵਿਦੇਸ਼ 'ਚ ਰਹਿ ਕੇ ਆਇਆ ਹੈ।ਹੁਣ ਉਸ ਦਾ ਇਕ ਬੇਟਾ ਤੇ ਇੱਕ ਧੀ ਵਿਦੇਸ਼ ਵਸਦੇ ਹਨ।ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ, ਏ.ਐਸ.ਆਈ ਲਾਭ ਸਿੰਘ ਨੇ ਇਸ ਘਟਨਾ ਦੀ ਪੁਸ਼ਟੀ ਕਰਦਿਆ ਦੱਸਿਆ ਕਿ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਾਉਣ ਤੋਂ ਬਾਅਦ ਹੀ ਅਗਲੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਮਨੁੱਖੀ ਅਧਿਕਾਰ ਕਾਰਕੁਨ ਲਿੰਗਾਰਾਜ ਆਜ਼ਾਦ ਤੇ ਸੁਰੇਸ਼ ਸੰਗਰਾਮ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਮਹੂਰੀ ਫਰੰਟ



**ਲੌਂਗੋਵਾਲ (ਪ੍ਰਦੀਪ ਸੱਪਲ)**-ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ, ਯਸ਼ ਪਾਲ ਅਤੇ ਸੂਬਾ ਕਮੇਟੀ ਮੈਂਬਰ ਬਲਬੀਰ ਲੌਂਗੋਵਾਲ ਨੇ ਓੜੀਸ਼ਾ ਪੁਲਸ ਵੱਲੋਂ ਪ੍ਰਮੁੱਖ ਮਨੁੱਖੀ ਅਧਿਕਾਰ ਕਾਰਕੁਨ ਲਿੰਗਾਰਾਜ ਆਜ਼ਾਦ ਅਤੇ ਸੁਰੇਸ਼ ਸੰਗਰਾਮ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸਮਾਜਵਾਦੀ ਜਨ ਪਰਿਸ਼ਦ ਦੇ ਆਗੂ ਲਿੰਗਾਰਾਜ, ਨਿਆਮਗਿਰੀ ਸੁਰੱਖਿਆ ਸਮਿਤੀ ਅਤੇ ਮਾਂ ਮਾਟੀ ਮਾਲੀ ਸੁਰੱਖਿਆ ਮੰਚ ਵਰਗੇ ਲੋਕ ਅੰਦੋਲਨਾਂ ਨਾਲ ਜੁੜੇ ਰਹੇ ਹਨ। ਉਨ੍ਹਾਂ ਨੇ ਅਨੁਸੂਚਿਤ ਖੇਤਰਾਂ ਵਿੱਚ ਗ਼ੈਰਕਾਨੂੰਨੀ ਅਮਲ ਰਾਹੀਂ ਆਦਿਵਾਸੀ ਜ਼ਮੀਨਾਂ ਐਕਵਾਇਰ ਕੀਤੇ ਜਾਣ ਅਤੇ ਖਣਨ ਪ੍ਰੋਜੈਕਟ ਥੋਪਣ ਦੇ ਖ਼ਿਲਾਫ਼ ਲਗਾਤਾਰ ਆਵਾਜ਼ ਉਠਾਈ ਹੈ। ਉਹ ਸੰਵਿਧਾਨ ਦੀ ਪੰਜਵੀਂ ਅਨੁਸੂਚੀ, ਪੇਸਾ ਕਾਨੂੰਨ (ਅਨੁਸੂਚਿਤ ਖੇਤਰਾਂ ਤੱਕ ਪੰਚਾਇਤ ਵਿਸਥਾਰ ਐਕਟ 1996) ਅਤੇ ਫਾਰੈਸਟ ਰਾਈਟਸ ਐਕਟ 2006 ਦੇ ਤਹਿਤ ਆਦਿਵਾਸੀ ਭਾਈਚਾਰਿਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਲਗਾਤਾਰ ਜੂਝ ਰਹੇ ਹਨ। ਇਹ ਵਿਸ਼ੇਸ਼ ਕਾਨੂੰਨ ਗ੍ਰਾਮ ਸਭਾ ਦੀ ਸੁਤੰਤਰ, ਅਗਾਊਂ ਅਤੇ ਸਪਸ਼ਟ ਜਾਣਕਾਰੀ ਤਹਿਤ ਸਹਿਮਤੀ ਤੋਂ ਬਿਨਾਂ ਕੋਈ ਵੀ ਜ਼ਮੀਨ ਐਕਵਾਇਰ ਕਰਨ ਜਾਂ ਖਣਨ ਕੰਮਾਂ ਲਈ ਵਰਤਣ ਦੀ ਮਨਾਹੀ ਕਰਦੇ ਹਨ।ਲਿੰਗਾਰਾਜ ਆਜ਼ਾਦ ਤੇ ਉਸ ਦੇ ਸਾਥੀ ਦੀ ਗ੍ਰਿਫ਼ਤਾਰੀ ਅਲੱਗ-ਥਲੱਗ ਘਟਨਾ ਨਾ ਹੋ ਕੇ ਓੜੀਸਾ ਅਤੇ ਪੂਰੇ ਭਾਰਤ ਵਿਚ ਖਣਿਜਾਂ ਨਾਲ ਭਰਪੂਰ ਆਦਿਵਾਸੀ ਖੇਤਰਾਂ ਵਿੱਚ ਵਧ ਰਹੀ ਕਾਰਪੋਰੇਟ ਲੁੱਟ ਅਤੇ ਇਸ ਗ਼ੈਰਕਾਨੂੰਨੀ ਅਮਲ ਦਾ ਵਿਰੋਧ ਕਰਨ ਵਾਲੇ ਵਿਅਕਤੀਆਂ ਤੇ ਸੰਸਥਾਵਾਂ ਖ਼ਿਲਾਫ਼ ਚੱਲ ਰਹੇ ਵਿਆਪਕ ਹਕੂਮਤੀ ਜਬਰ ਦਾ ਹਿੱਸਾ ਹੈ ਜਿਸ ਦਾ ਮਨੋਰਥ ਕਾਰਪੋਰੇਟਾਂ ਦੇ ਲੋਟੂ ਪ੍ਰੋਜੈਕਟਾਂ ਵਿਰੁੱਧ ਮਜ਼ਬੂਤ ਲੋਕ ਆਵਾਜ਼ ਦੀ ਜ਼ਬਾਨਬੰਦੀ ਕਰਨਾ ਹੈ। ਇਨ੍ਹਾਂ ਖੇਤਰਾਂ ਨੂੰ ਸਟੇਟ ਦੀ ਜਾਬਰ ਤਾਕਤ ਦੀ ਮਦਦ ਨਾਲ ਲੋਟੂ ਖਣਨ ਕਾਰੋਬਾਰਾਂ ਦੇ ਹਵਾਲੇ ਕੀਤਾ ਜਾ ਰਿਹਾ ਹੈ। ਵੇਦਾਂਤਾ ਰਿਸੋਰਸਜ਼ ਵਰਗੀਆਂ ਕੰਪਨੀਆਂ ਦੇ ਧੜਵੈਲ ਖਣਨ ਪ੍ਰੋਜੈਕਟ ਵਿਆਪਕ ਉਜਾੜੇ, ਜੰਗਲਾਂ ਦੀ ਤਬਾਹੀ, ਰਵਾਇਤੀ ਰੋਜ਼ਗਾਰ ਦੇ ਖ਼ਾਤਮੇ ਅਤੇ ਗੰਭੀਰ ਵਾਤਾਵਰਣ ਤਬਾਹੀ ਲਈ ਜ਼ਿੰਮੇਵਾਰ ਹਨ। ਆਦਿਵਾਸੀ ਭਾਈਚਾਰੇ ਦੇ ਜੋ ਆਗੂ, ਕਾਰਕੁਨ ਅਤੇ ਜਨਤਕ ਸੰਗਠਨ ਇਸ ਵਿਰੁੱਧ ਆਵਾਜ਼ ਉਠਾਉਂਦੇ ਹਨ, ਉਨ੍ਹਾਂ ਨੂੰ ਝੂਠੇ ਕੇਸਾਂ, ਗ੍ਰਿਫ਼ਤਾਰੀਆਂ, ਜੇਲ੍ਹਬੰਦੀ, ਨਿਗਰਾਨੀ ਅਤੇ ਧਮਕੀਆਂ ਰਾਹੀਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਲਿੰਗਰਾਜ ਆਜ਼ਾਦ ਅਤੇ ਸੁਰੇਸ਼ ਸੰਗਰਾਮ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ; ਉਨ੍ਹਾਂ ਖ਼ਿਲਾਫ਼ ਲਗਾਏ ਸਾਰੇ ਝੂਠੇ ਅਤੇ ਮਨਘੜਤ ਦੋਸ਼ ਵਾਪਸ ਲਏ ਜਾਣ; ਜਨਤਕ ਜਮਹੂਰੀ ਸੰਘਰਸ਼ਾਂ ਉੱਪਰ ਹਕੂਮਤੀ ਜਬਰ ਬੰਦ ਕੀਤਾ ਜਾਵੇ; ਗ੍ਰਾਮ ਸਭਾ ਦੀ ਸਹਿਮਤੀ ਤੋਂ ਬਿਨਾਂ ਜ਼ਮੀਨ ਐਕਵਾਇਰ ਕਰਨ ਅਤੇ ਖਣਨ ਪ੍ਰੋਜੈਕਟ ਥੋਪ ਉੱਪਰ ਤੁਰੰਤ ਰੋਕ ਲਾਈ ਜਾਵੇ; ਕੁਦਰਤੀ ਵਸੀਲਿਆਂ ਦੀ ਕਾਰਪੋਰੇਟ ਲੁੱਟ ਅਤੇ ਆਦਿਵਾਸੀ ਭਾਈਚਾਰਿਆਂ ਦਾ ਉਜਾੜਾ ਬੰਦ ਕੀਤਾ ਜਾਵੇ। ਕਾਰਪੋਰੇਟ ਮੁਨਾਫ਼ੇ ਲਈ ਖਣਨ ਤੇ ਹੋਰ ਲੋਕ ਵਿਰੋਧੀ ਪ੍ਰੋਜੈਕਟ ਬੰਦ ਕੀਤੇ ਜਾਣ; ਪੇਸਾ (1996) ਅਤੇ ਫਾਰੈਸਟ ਰਾਈਟਸ ਐਕਟ (2006) ਸਖ਼ਤੀ ਨਾਲ ਲਾਗੂ ਕੀਤੇ ਜਾਣ ਅਤੇ ਗ਼ੈਰਕਾਨੂੰਨੀ ਗ੍ਰਿਫ਼ਤਾਰੀਆਂ ਅਤੇ ਜਮਹੂਰੀ ਹੱਕਾਂ ਦੀ ਉਲੰਘਣਾ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

# ਦੁਬਈ ਗਏ ਪੁੱਤ ਦੀ ਵਾਪਸੀ ਲਈ ਮਾਪਿਆਂ ਨੇ ਲਾਈ ਮਦਦ ਦੀ ਗੁਹਾਰ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਕੈਰੇ ਤੋਂ ਰੋਟੀ ਰੋਜ਼ੀ ਲਈ ਸੁਨਹਿਰੇ ਭਵਿੱਖ ਦੇ ਸੁਪਨੇ ਲੈ ਕੇ ਗਿਆ ਨੌਜਵਾਨ ਬੀਰਬਲ ਸਿੰਘ ਬੀਤੇ 46 ਦਿਨਾਂ ਤੋਂ ਦੁਬਈ 'ਚ ਅਚਾਨਕ ਲਾਪਤਾ ਹੋਣ ਕਾਰਨ ਪਰਿਵਾਰ ਗਹਿਰੇ ਸਦਮੇ 'ਚੋਂ ਲੰਘ ਰਿਹਾ ਹੈ।

ਪਰਵਾਰਕ ਮੈਂਬਰਾਂ ਨੇ ਭਾਵੁਕ ਹੋ ਕੇ ਕੇਂਦਰ ਤੇ ਰਾਜ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਕੋਲ ਆਪਣੇ ਪੁੱਤਰ ਦੀ ਸੁਰੱਖਿਅਤ ਵਾਪਸੀ ਲਈ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ।ਲਾਪਤਾ ਨੌਜਵਾਨ ਦੇ ਪਿਤਾ ਭੋਰਾ ਸਿੰਘ, ਮਾਂ ਨਸੀਬ ਕੌਰ ਭਰੇ ਮਨ ਨਾਲ ਦੱਸਿਆ ਕਿ ਉਨ੍ਹਾਂ ਦਾ ਨੌਜਵਾਨ ਪੁੱਤ ਇੱਕ ਸਾਲ ਪਹਿਲਾਂ ਰੁਜ਼ਗਾਰ ਲਈ ਦੁਬਈ ਗਿਆ, ਜਿੱਥੇ ਉਹ ਇੱਕ ਨਿੱਜੀ ਕੰਪਨੀ ਵਿੱਚ ਕੰਮ ਕਰਦਾ ਆ ਰਿਹਾ ਸੀ।ਲੰਘੀ 18 ਫਰਵਰੀ ਨੂੰ ਉਸ ਨਾਲ ਆਖਰੀ ਵਾਰ ਫੋਨ 'ਤੇ ਗੱਲਬਾਤ ਹੋਈ ਸੀ।ਉਸ ਵੇਲੇ ਉਸ ਨੇ ਦੱਸਿਆ ਸੀ ਕਿ ਉਸ ਦੀ ਭਾਰਤ ਵਾਪਸੀ ਦੀ ਟਿਕਟ ਹੋ ਚੁੱਕੀ ਹੈ ਤੇ ਉਹ ਜਲਦੀ ਘਰ ਪਹੁੰਚੇਗਾ, ਪਰ ਸਾਨੂੰ ਉਡੀਕਦਿਆਂ ਨੂੰ ਡੇਢ ਮਹੀਨਾ ਲੰਘ ਜਾਣ ਦੇ ਬਾਵਜੂਦ ਨਾ ਉਹ ਘਰ ਆਇਆ ਤੇ ਨਾ ਹੀ ਉਸ ਨਾਲ ਕੋਈ ਸੰਪਰਕ ਹੋ ਸਕਿਆ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਕੋਲ ਹੁਣ ਸਰਕਾਰ ਅਤੇ ਪ੍ਰਸ਼ਾਸਨ ਦੀ ਮਦਦ ਤੋਂ ਇਲਾਵਾ ਕੋਈ ਹੋਰ ਆਸਰਾ ਨਹੀਂ ਬਚਿਆ ਤੇ ਉਹ ਚਾਹੁੰਦੇ ਹਨ ਕਿ ਛੇਤੀ ਤੋਂ ਛੇਤੀ ਉਨ੍ਹਾਂ ਦੇ ਨੌਜਵਾਨ ਪੁੱਤਰ ਦੀ ਭਾਲ ਕਰਵਾ ਕੇ ਉਸ ਨੂੰ ਸੁਰੱਖਿਅਤ ਘਰ ਵਾਪਸ ਲਿਆਂਦਾ ਜਾਵੇ।

# ਮਹਿਲਾ ਕਮਿਸ਼ਨ ਔਰਤਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ : ਰਾਜ ਲਾਲੀ ਗਿੱਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਸਥਾਨਕ ਪੁਲਸ ਮੀਟਿੰਗ ਹਾਲ ਵਿਖੇ ਲੋਕ ਅਦਾਲਤ ਲਗਾ ਕੇ ਮਹਿਲਾਵਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਲੋਕ ਅਦਾਲਤ ਦੌਰਾਨ 35 ਕੇਸਾਂ ਦੀ ਸੁਣਵਾਈ ਕੀਤੀ ਗਈ । ਇਨ੍ਹਾਂ ਵਿਚੋਂ 50 ਫੀਸਦੀ ਕੇਸਾਂ ਦਾ ਨਿਪਟਾਰਾ ਮੌਕੇ ਉੱਤੇ ਹੀ ਕਰ ਦਿੱਤਾ ਗਿਆ।ਬਾਕੀ ਕੇਸਾਂ ਲਈ ਸਬੰਧਤ ਅਧਿਕਾਰੀਆਂ ਨੂੰ ਛੇਤੀ ਤੋਂ ਛੇਤੀ ਉਚਿਤ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਹਨਾਂ ਕੇਸਾਂ ਦੀ ਸੁਣਵਾਈ ਕਰਦਿਆਂ ਜਾਂਚ ਅਧਿਕਾਰੀਆਂ ਨੂੰ ਕਾਨੂੰਨੀ ਦਾਇਰੇ ਵਿੱਚ ਰਹਿੰਦਿਆਂ ਜਲਦ ਤੋਂ ਜਲਦ ਜਾਂਚ ਮੁਕੰਮਲ ਕਰਨ ਦੇ ਹੁਕਮ ਦਿੱਤੇ ।

ਉਨ੍ਹਾਂ ਹਦਾਇਤ ਕੀਤੀ ਕਿ ਪੀੜਿਤ ਧਿਰਾਂ ਨੂੰ ਇਨਸਾਫ਼ ਦਿਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ।ਇਸ ਮੌਕੇ ਚੇਅਰਪਰਸਨ ਨੇ ਕਿਹਾ ਕਿ ਮਹਿਲਾ ਕਮਿਸ਼ਨ ਹਰੇਕ ਜ਼ਿਲ੍ਹੇ ਅੰਦਰ ਜਾ ਕੇ ਔਰਤਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਲੋਕ ਅਦਾਲਤ ਲਗਾ ਰਿਹਾ ਹੈ। ਹਰ ਇੱਕ ਪੀੜਤ ਮਹਿਲਾ ਮੋਹਾਲੀ ਵਿਖੇ ਸਥਿਤ ਮਹਿਲਾ ਕਮਿਸ਼ਨ ਦੇ ਦਫ਼ਤਰ ਵਿਖੇ ਨਹੀਂ ਪੁੱਜ ਸਕਦੀ, ਜਿਸ ਕਾਰਨ ਹੁਣ ਕਮਿਸ਼ਨ ਵੱਲੋਂ ਜ਼ਿਲ੍ਹਾ ਪੱਧਰ ਉੱਤੇ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ।ਕਈ ਸਮੱਸਿਆਵਾਂ ਦਾ ਮੌਕੇ ਉੱਤੇ ਹੀ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਕਮਿਸ਼ਨ ਜਿੱਥੇ ਦੋਸ਼ੀਆਂ ਖ਼ਿਲਾਫ ਕਾਰਵਾਈ ਯਕੀਨੀ ਬਣਾਈ ਜਾਂਦੀ ਹੈ, ਉੱਥੇ ਇਹ ਵੀ ਕੋਸ਼ਿਸ਼ ਹੈ ਕਿ ਪਤੀ-ਪਤਨੀ ਦੇ ਝਗੜਿਆਂ ਦਾ ਕੋਈ ਸਾਰਥਕ ਹੱਲ ਨਿਕਲੇ ਅਤੇ ਗੱਲ ਤਲਾਕ ਤੱਕ ਨਾ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਪੀੜਤ ਔਰਤ ਕਮਿਸ਼ਨ ਤੱਕ ਪਹੁੰਚ ਕਰ ਸਕਦੀ ਹੈ। ਇਸ ਤੋਂ ਬਿਨਾਂ ਆਪਣੇ ਸਬੰਧਤ ਜ਼ਿਲ੍ਹੇ ਦੇ ਮਹਿਲਾ ਸੈੱਲ ਵਿੱਚ ਵੀ ਅਰਜ਼ੀ ਦਿੱਤੀ ਜਾਵੇ ਅਤੇ ਉਸਦੀ ਨਕਲ ਕਮਿਸ਼ਨ ਕੋਲ ਭੇਜ ਦਿੱਤੀ ਜਾਵੇ ਤਾਂ ਕਮਿਸ਼ਨ ਸ਼ਿਕਾਇਤ 'ਤੇ ਜਲਦੀ ਕਾਰਵਾਈ ਕਰਵਾਉਣੀ ਯਕੀਨੀ ਬਣਾਉਂਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਵਿਆਹ ਸਬੰਧਾਂ, ਦਾਜ-ਦਹੇਜ, ਲੜਕੀਆਂ ਤੇ ਔਰਤਾਂ ਦਾ ਸੋਸ਼ਣ, ਲਿਵ ਇਨ ਰਿਲੇਸ਼ਨ, ਘਰੇਲੂ ਮਾਰਕੁੱਟ ਆਦਿ ਨਾਲ ਸਬੰਧਤ ਮਾਮਲੇ ਉਨ੍ਹਾਂ ਕੋਲ ਪੁੱਜੇ ਸਨ। ਇਸ ਮੌਕੇ ਉਨਾਂ ਨੇ ਸਮਾਜ ਨੂੰ ਅਪੀਲ ਕੀਤੀ ਕਿ ਛੋਟੀਆਂ-ਛੋਟੀਆਂ ਗੱਲਾਂ ਨਾਲ ਰਿਸ਼ਤਿਆਂ ਵਿੱਚ ਵਿਗਾੜ ਨਾ ਪਾਇਆ ਜਾਵੇ ਅਤੇ ਪਰਿਵਾਰਕ ਇਕਾਈ ਦੇ ਮਹੱਤਵ ਨੂੰ ਸਮਝਦਿਆਂ ਇੱਕ ਚੰਗੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਇਆ ਜਾਣਾ ਚਾਹੀਦਾ ਹੈ।ਉਨਾਂ ਨੇ ਇਸ ਦੌਰਾਨ ਸੁਣਵਾਈ ਕਰਦਿਆਂ ਵੱਖ-ਵੱਖ ਮਾਮਲਿਆਂ ਵਿੱਚ ਪੁਲਸ ਵਿਭਾਗ ਨੂੰ ਜਾਂਚ ਜਲਦ ਤੋਂ ਜਲਦ ਮੁਕੰਮਲ ਕਰਨ ਦੀਆਂ ਸਖਤ ਹਦਾਇਤਾਂ ਵੀ ਦਿੱਤੀਆਂ।ਇਸ ਮੌਕੇ ਸਿਵਿਲ ਅਤੇ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ ।

# ਅਰੁਣਾ ਅਭੈ ਓਸਵਾਲ ਟਰੱਸਟ ਤੇ ਲਾਇਨਜ਼ ਕਲੱਬ ਵੱਲੋਂ ਮੈਡੀਕਲ ਕਾਲਜ ਨੂੰ ਮੋਬਾਈਲ ਵੈਨ ਦਾਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਮਾਜ ਸੇਵੀ ਗਤੀਵਿਧੀਆਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਅਰੁਣਾ ਅਭੈ ਓਸਵਾਲ ਟ੍ਰਸਟ ਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਇੱਕ ਸ਼ਲਾਘਾਯੋਗ ਫੈਸਲਾ ਲੈਂਦੇ ਹੋਏ ਮਰੀਜ਼ਾਂ ਦੀ ਬਿਹਤਰ ਸਹੂਲਤ ਲਈ ਆਪਣੀ ਮੋਬਾਈਲ ਵੈਨ ਫ਼ਰੀਦਕੋਟ ਮੈਡੀਕਲ ਕਾਲਜ ਨੂੰ ਦਾਨ ਕਰਨ ਦਾ ਫੈਸਲਾ ਕੀਤਾ ਗਿਆ ਹੈ।ਡਾ. ਸੰਜੀਵ ਗੋਇਲ ਨੇ ਦੱਸਿਆ ਕਿ ਕੁਝ ਸਾਲ ਪਹਿਲਾਂ ਅਰੁਣਾ ਅਭੈ ਓਸਵਾਲ ਟ੍ਰਸਟ ਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਸਾਂਝੇ ਤੌਰ 'ਤੇ ਮਧੂ ਨਰਸਿੰਗ ਹੋਮ ਨੂੰ ਇਕ ਅਸ਼ੋਕ ਲੇਲੈਂਡ ਮੋਬਾਈਲ ਵੈਨ ਦਾਨ ਕੀਤੀ ਗਈ ਸੀ।ਉਨ੍ਹਾਂ ਦੱਸਿਆ ਕਿ ਇਹ ਵੈਨ ਹਾਲੇ ਤੱਕ ਸਿਰਫ਼ 20,000 ਕਿਲੋਮੀਟਰ ਹੀ ਚੱਲੀ ਹੈ ਤੇ ਵਰਤਮਾਨ ਵਿੱਚ ਇਸ ਦੀ ਵਰਤੋਂ ਘੱਟ ਹੋ ਰਹੀ ਹੈ।ਡਾ. ਗੋਇਲ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਇਸ ਕੀਮਤੀ ਸਾਧਨ ਦੀ ਵੱਧ ਤੋਂ ਵੱਧ ਵਰਤੋਂ ਲੋਕਾਂ ਦੀ ਸੇਵਾ ਲਈ ਹੋਵੇ।

ਇਸੇ ਉਦੇਸ਼ ਨਾਲ ਹੁਣ ਇਹ ਵੈਨ ਫ਼ਰੀਦਕੋਟ ਮੈਡੀਕਲ ਕਾਲਜ ਨੂੰ ਸੌਂਪੀ ਜਾ ਰਹੀ ਹੈ, ਤਾਂ ਜੁ ਮਰੀਜ਼ਾਂ ਨੂੰ ਇਸ ਦਾ ਭਰਪੂਰ ਲਾਭ ਮਿਲ ਸਕੇ। ਇਸ ਨੇਕ ਕਾਰਜ ਲਈ ਵਿਸ਼ੇਸ਼ ਦਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬਾਬਾ ਫ਼ਰੀਦ ਯੂਨੀਵਰਸਟੀ ਆਫ ਹੈਲਥ ਸਾਇੰਸਜ਼ ਦੇ ਵਾਈਸ ਚਾਂਸਲਰ ਪ੍ਰੋ. ਡਾ. ਰਾਜੀਵ ਸੂਦ ਨੇ ਇਸ ਐਂਬੂਲੈਂਸ ਦਾ ਹਰੀ ਝੰਡੀ ਦਿਖਾ ਕੇ ਯੂਨੀਵਰਸਿਟੀ ਲਈ ਸਵੀਕਾਰ ਕੀਤੀ ਤੇ ਇਨ੍ਹਾਂ ਸੰਸਥਾਵਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਯੂਨੀਵਰਸਿਟੀ ਨੂੰ ਇਸ ਤਰ੍ਹਾਂ ਦੇ ਸਮਾਜਸੇਵੀਆਂ ਅਤੇ ਸ਼ਹਿਰ ਹਿਤੈਸ਼ੀ ਲੋਕਾਂ ਦੀ ਜ਼ਰੂਰਤ ਹੈ।

# ਸੂਬੇ 'ਚ ਕਣਕ ਭੰਡਾਰਨ ਦੇ ਸੰਕਟ ਲਈ ਕੇਂਦਰ ਸਰਕਾਰ ਜ਼ਿੰਮੇਵਾਰ : ਚਰਨਜੀਤ ਅੱਕਾਂਵਾਲੀ



**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ 'ਚ ਕਣਕ ਦੀ ਫ਼ਸਲ ਲਈ ਸਰਕਾਰੀ ਖ਼ਰੀਦ ਭਾਂਵੇ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਣੀ ਹੈ।ਪਰ ਕਣਕ ਭੰਡਾਰਨ ਲਈ ਜਗ੍ਹਾ ਦੀ ਘਾਟ ਕਾਰਨ ਵੱਡਾ ਸੰਕਟ ਖੜਾ ਹੋ ਗਿਆ ਹੈ, ਕਿਉਂਕਿ ਕੇਂਦਰ ਸਰਕਾਰ ਜੇਕਰ ਸਮੇਂ ਸਿਰ ਪੰਜਾਬ ਅੰਦਰ ਪਏ ਅਨਾਜ ਨੂੰ ਆਪਣੇ ਕੇਂਦਰੀ ਭੰਡਾਰਨ 'ਚ ਜਮ੍ਹਾਂ ਕਰ ਲੈਂਦੀ ਤਾਂ ਇਹ ਸੰਕਟ ਦਰਪੇਸ਼ ਨਹੀਂ ਹੋਣਾ ਸੀ, ਜਦੋਂ ਕਿ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਸਮਿਆਂ ਦੌਰਾਨ ਕੇਂਦਰ ਸਰਕਾਰ ਨੂੰ ਇਸ ਸੰਬਧੀ ਸੂਚਿਤ ਵੀ ਕੀਤਾ ਜਾਂਦਾ ਰਿਹਾ ਸੀ, ਪ੍ਰੰਤੂ ਕੇਂਦਰ ਸਰਕਾਰ ਨੇ ਇਸ ਵੱਲ ਧਿਆਨ ਨਾ ਦੇ ਕੇ ਪੰਜਾਬ ਨਾਲ ਬੇਹੱਦ ਧੱਕਾ ਕੀਤਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਲਵਾ ਜ਼ੋਨ ਕਿਸਾਨ ਵਿੰਗ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਅੱਕਾਂਵਾਲੀ ਨੇ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹੁਣ ਵੀ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਚੌਕਸ ਕੀਤਾ ਹੈ ਕਿ ਜੇਕਰ ਸੂਬੇ 'ਚੋਂ ਕਣਕ ਨਾ ਚੁਕਾਈ ਗਈ ਤਾਂ ਕਿਸਾਨਾਂ ਅੰਦਰ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਰੋਸ ਦੀ ਲਹਿਰ ਪੈਦਾ ਹੋ ਸਕਦੀ ਹੈ, ਜਦੋਂਕਿ ਪੰਜਾਬ ਸਰਕਾਰ ਨੇ ਭਾਰਤੀ ਖੁਰਾਕ ਨਿਗਮ ਨੂੰ ਪਿਛਲੇ ਸਾਲ ਦੇ ਅਨਾਜ ਦੀ ਤੁਰੰਤ ਚੁਕਾਈ ਕਰਨ ਲਈ ਕਿਹਾ ਗਿਆ ਹੈ ਤਾਂ ਜੁ ਆਗਾਮੀ ਕਣਕ ਦੀ ਫ਼ਸਲ ਲਈ ਜਗ੍ਹਾ ਬਣਾਈ ਜਾ ਸਕੇ, ਜਦੋਂਕਿ ਇੱਕ ਅਪ੍ਰੈਲ ਤੋਂ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਹੋਣੀ ਹੈ।ਇਸ ਵਾਰ ਵਧ ਰਹੇ ਤਾਪਮਾਨ ਕਾਰਨ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਕਣਕ ਦੀ ਫ਼ਸਲ ਅਗੇਤੀ ਆ ਸਕਦੀ ਹੈ।ਅੱਕਾਂਵਾਲੀ ਨੇ ਅਖੀਰ 'ਚ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੇ ਇਸ ਰਵੱਈਏ ਕਾਰਨ ਪੰਜਾਬ ਦੇ ਪੱਲੇਦਾਰਾਂ ਦਾ ਰੁਜ਼ਗਾਰ ਵੀ ਵੱਡੇ ਪੱਧਰ ਤੇ ਪ੍ਰਭਾਵਤ ਹੋ ਸਕਦਾ ਹੈ। ਕਿਉਂਕਿ ਕੇਂਦਰ ਸਰਕਾਰ ਨੇ ਜੇਕਰ ਪਹਿਲਾਂ ਹੀ ਪਿਛਲੇ ਸਾਲ ਦੀ ਕਣਕ ਨੂੰ ਕੇਂਦਰੀ ਅੰਨ ਭੰਡਾਰਨ 'ਚ ਜਮਾਂ ਕੀਤਾ ਹੁੰਦਾ ਤਾਂ ਪੰਜਾਬ ਦੇ ਪੱਲੇਦਾਰਾਂ ਨੂੰ ਉਸ ਕਣਕ ਭੰਡਾਰਨ ਦੀ ਬਰਾਬਰੀ ਲਈ ਰੁਜ਼ਗਾਰ ਮਿਲਣਾ ਸੀ ਤੇ ਹੁਣ ਫਿਰ ਨਵੀਂ ਫ਼ਸਲ ਦੀ ਭੰਡਾਰਨ ਲਈ ਵੀ ਰੁਜ਼ਗਾਰ ਮਿਲਣਾ ਸੀ, ਪ੍ਰੰਤੂ ਕੇਂਦਰ ਦੀ ਭਾਜਪਾ ਸਰਕਾਰ ਦੀ ਅਣਗਹਿਲੀ ਕਾਰਨ ਪੰਜਾਬ ਦੇ ਪੱਲੇਦਾਰਾਂ ਨੂੰ ਵੱਡੀ ਆਰਥਿਕ ਸੱਟ ਵੱਜੇਗੀ।

# ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ 'ਚ ਇਤਿਹਾਸਕ ਵਿਕਾਸ ਹੋਇਆ : ਡਾ. ਬਲਜੀਤ ਕੌਰ

**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਲੋਕ-ਭਲਾਈ ਦੇ ਕੰਮ ਸ਼ਲਾਘਾਯੋਗ ਹਨ।ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਾ ਸਿਰਫ਼ ਚੋਣਾਂ ਦੌਰਾਨ ਕੀਤੀਆਂ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ, ਸਗੋਂ ਕਈ ਅਜਿਹੇ ਇਤਿਹਾਸਕ ਫ਼ੈਸਲੇ ਵੀ ਲਏ ਗਏ ਹਨ ਜੋ ਪਹਿਲਾਂ ਕਦੇ ਨਹੀਂ ਹੋਏ।ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਤੇ ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚਾਉਣਾ ਵੱਡੀ ਉਪਲਬਧੀ ਹੈ, ਜਿਸ ਨਾਲ ਕਿਸਾਨ ਭਾਈਚਾਰੇ ਨੂੰ ਵੱਡਾ ਲਾਭ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਨਹਿਰੀ ਪਾਣੀ ਨੂੰ ਪੰਜਾਬ ਦੇ ਕੋਨੇ-ਕੋਨੇ ਤੱਕ ਪੁਚਾਉਣ ਲਈ ਸਰਕਾਰ ਨੇ ਜ਼ੋਰਦਾਰ ਯਤਨ ਕੀਤੇ ਹਨ।ਇਸ ਦੇ ਨਾਲ ਹੀ ਦਿਨ ਦੇ ਸਮੇਂ ਬਿਜਲੀ ਮੁਹੱਈਆ ਕਰਾਉਣ ਦਾ ਇਤਿਹਾਸਕ ਫੈਸਲਾ ਕਿਸਾਨਾਂ ਲਈ ਵੱਡੀ ਰਾਹਤ ਬਣਿਆ ਹੈ।

ਡਾ. ਬਲਜੀਤ ਕੌਰ ਨੇ ਆਪਣੇ ਵਿਭਾਗ ਦੀਆਂ ਉਪਲਬਧੀਆਂ ਬਾਰੇ ਦੱਸਦੇ ਹੋਏ ਕਿਹਾ ਕਿ ਐਸ.ਸੀ. ਸਕਾਲਰਸ਼ਿਪ ਯੋਜਨਾ, ਜੋ ਪਹਿਲਾਂ ਵਿਵਾਦਾਂ ਵਿੱਚ ਰਹਿੰਦੀ ਸੀ, ਹੁਣ ਪਾਰਦਰਸ਼ੀ ਢੰਗ ਨਾਲ ਚੱਲ ਰਹੀ ਹੈ।ਪਿਛਲੇ ਚਾਰ ਸਾਲਾਂ ਵਿੱਚ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਗਈ ਹੈ ਤੇ 2017 ਤੋਂ 2020 ਤੱਕ ਦੇ ਬਕਾਇਆ ਭੁਗਤਾਨ ਵੀ ਨਿਪਟਾਏ ਗਏ ਹਨ।ਇਸ ਕਾਰਗੁਜ਼ਾਰੀ ਨਾਲ ਪੰਜਾਬ ਦੇਸ਼ ਵਿੱਚ ਦੂਜੇ ਸਥਾਨ 'ਤੇ ਪਹੁੰਚ ਗਿਆ ਹੈ।ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ 20 ਸਾਲਾਂ ਤੋਂ ਐਸ.ਸੀ. ਭਾਈਚਾਰੇ ਦੇ ਲੰਬਿਤ ਕਰਜ਼ੇ, ਜੋ ਉਨ੍ਹਾਂ ਲਈ ਬੋਝ ਬਣ ਚੁੱਕੇ ਸਨ, ਵਿੱਚੋਂ 60 ਕਰੋੜ ਰੁਪਏ ਤੋਂ ਵੱਧ ਦੇ ਲੋਨ ਮਾਫ ਕੀਤੇ ਗਏ ਹਨ।ਗਰੰਟੀਆਂ ਦੇ ਸੰਦਰਭ ਵਿੱਚ ਉਨ੍ਹਾਂ ਦੱਸਿਆ ਕਿ 600 ਯੂਨਿਟ ਮੁਫ਼ਤ ਬਿਜਲੀ ਦੀ ਗਰੰਟੀ ਸਭ ਤੋਂ ਪਹਿਲਾਂ ਪੂਰੀ ਕੀਤੀ ਗਈ, ਜਿਸ ਨਾਲ 90% ਤੋਂ ਵੱਧ ਪਰਿਵਾਰਾਂ ਨੂੰ ਵੱਡਾ ਆਰਥਿਕ ਲਾਭ ਹੋਇਆ ਹੈ। ਇਸ ਤੋਂ ਇਲਾਵਾ ਨਸ਼ਿਆਂ ਦੇ ਖ਼ਿਲਾਫ਼ ਮੁਹਿੰਮ ਤਹਿਤ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਤ ਕੀਤਾ ਜਾ ਰਿਹਾ ਹੈ ਅਤੇ ਹਲਕਾ ਮਲੋਟ ਵਿੱਚ 30 ਤੋਂ ਵੱਧ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਨਵੈਸਟਮੈਂਟ ਨੂੰ ਵਧਾਉਣ ਲਈ ਸਰਕਾਰ ਵੱਲੋਂ ਜਪਾਨ ਤੇ ਕੋਰੀਆ ਦੇ ਨਿਵੇਸ਼ਕਾਂ ਨਾਲ ਸੰਪਰਕ ਕੀਤਾ ਗਿਆ ਹੈ, ਜਿਨ੍ਹਾਂ ਵੱਲੋਂ ਪੰਜਾਬ ਵਿੱਚ ਨਿਵੇਸ਼ ਦੀ ਸ਼ੁਰੂਆਤ ਵੀ ਕੀਤੀ ਗਈ ਹੈ।ਡਾ. ਬਲਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਕਿਹਾ ਕਿ ਔਰਤਾਂ ਦੀ ਆਰਥਿਕ ਮਜ਼ਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਅਪਗਰੇਡ ਕੀਤਾ ਗਿਆ ਹੈ, ਇਸੇ ਤਰ੍ਹਾਂ ਸਰਕਾਰੀ ਹਸਪਤਾਲਾਂ ਵਿੱਚ ਵੱਡੇ ਇਲਾਜ ਮੁਫ਼ਤ ਕੀਤੇ ਗਏ ਹਨ ਅਤੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਸੁਰੱਖਿਆ ਮੁਹੱਈਆ ਕਰਵਾਈ ਗਈ ਹੈ।ਅੰਤ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਰੈਲੀਆਂ ਦਾ ਮਕਸਦ ਪ੍ਰਚਾਰ ਨਹੀਂ, ਸਗੋਂ ਲੋਕਾਂ ਨੂੰ ਸਰਕਾਰੀ ਸਕੀਮਾਂ ਬਾਰੇ ਜਾਗਰੂਕ ਕਰਨਾ ਹੈ ਤਾਂ ਜੋ ਹਰ ਯੋਗ ਵਿਅਕਤੀ ਇਸਦਾ ਲਾਭ ਲੈ ਸਕੇ।

# ਸ਼ਰਾਰਤੀ ਅਨਸਰਾਂ ਖਿਲਾਫ ਨਿਰੰਤਰ ਕਾਰਵਾਈ ਜਾਰੀ : ਐੱਸ ਐੱਸ ਪੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਜ਼ਿਲ੍ਹਾ ਅੰਦਰ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਬਣਾਈ ਰੱਖਣ ਲਈ ਸਪੈਸ਼ਲ ਨਾਕਾਬੰਦੀ ਤੇ ਸਰਚ ਅਭਿਆਨ ਚਲਾਇਆ ਗਿਆ।ਇਸ ਮੁਹਿੰਮ ਦੀ ਅਗਵਾਈ ਐਸ.ਐਸ.ਪੀ ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐਸ) ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕੀਤੀ ਗਈ, ਜਿਸਦਾ ਮੁੱਖ ਉਦੇਸ਼ ਸ਼ਰਾਰਤੀ ਅਨਸਰਾਂ, ਗੈਂਗਸਟਰਾਂ, ਨਸ਼ਾ ਤਸਕਰਾਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਤੱਤਾਂ 'ਤੇ ਸਖ਼ਤ ਨਜ਼ਰ ਰੱਖਣਾ ਸੀ।ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹਾ ਭਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਇੱਕ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ।ਇਸ ਦੌਰਾਨ ਜ਼ਿਲ੍ਹੇ ਦੇ ਚਾਰੇ ਸਬ-ਡਵੀਜ਼ਨਾਂ ਵਿੱਚ ਕੁੱਲ 24 ਨਾਕੇ ਲਗਾ ਕੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਗਹਿਰੀ ਚੈਕਿੰਗ ਕੀਤੀ ਗਈ।ਨਾਕਾਬੰਦੀ ਤੇ ਤਲਾਸ਼ੀ ਦੀ ਵਿਸਥਾਰਤ ਜਾਣਕਾਰੀ ਜ਼ਿਲ੍ਹੇ ਦੇ ਚਾਰੇ ਸਬ-ਡਿਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਅਤੇ ਲੰਬੀ ਵਿੱਚ ਨਾਕਾਬੰਦੀ ਕੀਤੀ ਗਈ।ਜ਼ਿਲ੍ਹਾ ਪੁਲਸ ਦੀਆਂ ਵਿਸ਼ੇਸ਼ ਟੀਮਾਂ ਵੱਲੋਂ ਅਚਾਨਕ, ਸਰਚ ਅਭਿਆਨ ਚਲਾਇਆ ਗਿਆ।ਕੁੱਲ 200 ਦੇ ਕਰੀਬ ਪੁਲਸ ਅਧਿਕਾਰੀ ਅਤੇ ਕ੍ਰਮਚਾਰੀ ਡਿਊਟੀ 'ਤੇ ਤਾਇਨਾਤ ਰਹੇ।

ਇਸ ਸਪੈਸ਼ਲ ਅਪ੍ਰੇਸ਼ਨ ਦੀ ਸੁਪਰਵਿਜ਼ਨ ਐਸ.ਪੀ (ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ ਤੇ ਸਬੰਧਤ ਸਬ-ਡਵੀਜ਼ਨਾਂ ਦੇ ਡੀ.ਐਸ.ਪੀਜ਼ ਸ੍ਰੀ ਬਚਨ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ੍ਰੀ ਅਰਨ ਮੁੰਡਨ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਨਵੀਨ ਪਾਲ ਸਿੰਘ ਡੀ.ਐਸ.ਪੀ (ਮਲੋਟ) ਤੇ ਸ੍ਰੀ ਹਰਬੰਸ ਸਿੰਘ ਡੀ.ਐਸ.ਪੀ (ਲੰਬੀ) ਵੱਲੋਂ ਕੀਤੀ ਗਈ, ਤਾਂ ਜੁ ਨਾਕਾਬੰਦੀ ਤੇ ਚੈਕਿੰਗ ਦੌਰਾਨ ਹਰ ਪੱਧਰ 'ਤੇ ਪੂਰੀ ਸਖ਼ਤੀ ਬਣੀ ਰਹੇ।

ਆਧੁਨਿਕ ਤਕਨੀਕ ਦੀ ਵਰਤੋਂ ਐਪ ਰਾਹੀਂ ਸ਼ੱਕੀ ਵਿਅਕਤੀਆਂ ਦੀ ਪਛਾਣ ਤੇ ਵੈਰੀਫਿਕੇਸ਼ਨ ਕੀਤੀ ਗਈ।ਵਾਹਨ ਐਪ ਦੀ ਮਦਦ ਨਾਲ ਵਾਹਨਾਂ ਦੀ ਜਾਂਚ ਕੀਤੀ ਗਈ, ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਵਾਹਨ ਚੋਰੀਸ਼ੁਦਾ ਜਾਂ ਕਿਸੇ ਅਪਰਾਧਕ ਗਤੀਵਿਧੀ ਵਿੱਚ ਸ਼ਾਮਲ ਨਾ ਹੋਵੇ।

ਐਸ.ਪੀ (ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਜ਼ਿਲ੍ਹਾ ਅੰਦਰ ਸਿਟੀ ਨੂੰ ਪੂਰਾ ਸੀਲ ਕਰਕੇ ਹਰ ਇੱਕ ਵਹੀਕਲ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ ਤੇ ਨਾਕਿਆਂ ਦੀ ਸਖ਼ਤ ਚੈਕਿੰਗ ਕੀਤੀ ਜਾ ਰਹੀ ਹੈ।ਸ਼ੱਕੀ ਵਿਅਕਤੀਆਂ ਤੇ ਸ਼ੱਕੀ ਪੁਰਸ਼ਾਂ ਦੇ ਆਉਣ-ਜਾਣ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ।ਇਸ ਤੋਂ ਇਲਾਵਾ ਹਰ ਵਾਹਨ ਦੀ ਡੀਟੇਲ ਚੈੱਕ ਕਰਕੇ ਡਰਾਈਵਰਾਂ ਦੀ ਪਛਾਣ ਪੱਕੀ ਕੀਤੀ ਜਾ ਰਹੀ ਹੈ ਤੇ ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾ ਰਹੀ ਹੈ।ਪੁਲਸ ਟੀਮਾਂ ਵੱਲੋਂ ਨਾਕਿਆਂ 'ਤੇ ਆਧੁਨਿਕ ਉਪਕਰਣਾਂ ਦੀ ਵਰਤੋਂ ਕਰਦੇ ਹੋਏ ਸੰਦੇਹੀ ਸਮਾਨ ਦੀ ਤਲਾਸ਼ੀ ਲਈ ਜਾ ਰਹੀ ਹੈ।ਕਿਸੇ ਵੀ ਕਿਸਮ ਦੀ ਗੈਰਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਦਿਨ-ਰਾਤ ਮੁਹਿੰਮ ਜਾਰੀ ਰੱਖੀ ਗਈ ਹੈ।ਐਸ.ਐਸ.ਪੀ ਸ੍ਰੀ ਅਭਿਮੰਨਿਊ ਰਾਣਾ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਸ ਜ਼ਿਲ੍ਹੇ ਦੀ ਸ਼ਾਂਤੀ, ਸੁਰੱਖਿਆ ਤੇ ਕਾਨੂੰਨ-ਵਿਵਸਥਾ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਣ ਲਈ ਵਚਨਬੱਧ ਹੈ।

# ਠੁੱਲੀਵਾਲ 'ਚ ਬਣੇਗਾ ਨਮੂਨੇ ਦਾ ਖੇਡ ਸਟੇਡੀਅਮ : ਸੌਂਦ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪਿੰਡ ਠੁੱਲੀਵਾਲ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਦੌਰਾ ਕਰਦਿਆਂ ਸਮੱਸਿਆਵਾਂ ਸੁਣੀਆਂ ਤੇ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਕਈ ਅਹਿਮ ਐਲਾਨ ਕੀਤੇ।ਪ੍ਰਧਾਨ ਹਰਤੇਜ ਸਿੰਘ ਸਿੱਧੂ ਵੱਲੋਂ ਮੰਤਰੀ ਸੌਂਦ ਨੂੰ ਪਿੰਡ ਦੀਆਂ ਵੱਖ-ਵੱਖ ਲੋੜਾਂ ਤੇ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਾਇਆ ਗਿਆ।ਮੰਤਰੀ ਸੌਂਦ ਨੇ ਭਰੋਸਾ ਦਿੰਦਿਆਂ ਕਿਹਾ ਕਿ ਪਿੰਡ ਠੁੱਲੀਵਾਲ ਵਿੱਚ ਇੱਕ ਨਮੂਨੇ ਦਾ ਆਧੁਨਿਕ ਖੇਡ ਸਟੇਡੀਅਮ ਤਿਆਰ ਕੀਤਾ ਜਾਵੇਗਾ, ਜਿਸ ਨਾਲ ਨੌਜਵਾਨਾਂ ਨੂੰ ਉੱਚ ਪੱਧਰੀ ਖੇਡ ਸਹੂਲਤਾਂ ਪ੍ਰਾਪਤ ਹੋਣਗੀਆਂ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਤੇ ਉਸਾਰੂ ਗਤੀਵਿਧੀਆਂ ਵੱਲ ਪ੍ਰੇਰਿਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਹਲਕਾ ਮਹਿਲ ਕਲਾਂ ਅੰਦਰ 45 ਖੇਡ ਸਟੇਡੀਅਮ ਤਿਆਰ ਕੀਤੇ ਜਾ ਰਹੇ ਹਨ। ਇਹ ਉਪਰਾਲੇ ਪਿੰਡ ਪੱਧਰ 'ਤੇ ਨੌਜਵਾਨ ਵਰਗ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਜੀਵਨ ਵੱਲ ਲੈ ਕੇ ਜਾਣ 'ਚ ਮੀਲ ਪੱਥਰ ਸਾਬਤ ਹੋਣਗੇ।ਮੰਤਰੀ ਨੇ ਦੱਸਿਆ ਕਿ ਸਕੂਲਾਂ 'ਚ ਖੇਡਾਂ ਲਈ ਆਧੁਨਿਕ ਸਾਜ਼ੋ-ਸਾਮਾਨ ਮੁਹੱਈਆ ਕਰਾਇਆ ਜਾਵੇਗਾ।ਸਰਪੰਚ ਪਰਮਜੀਤ ਕੌਰ ਸਿੱਧੂ ਨੇ ਪਿੰਡ ਠੁੱਲੀਵਾਲ ਦੀ ਸ਼ਹੀਦੀ ਵਿਰਾਸਤ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਠੁੱਲੀਵਾਲ ਦੇ ਜੰਮਪਲ ਸੱਤ ਫੌਜੀ ਸੂਰਬੀਰ ਜੋਧਿਆਂ ਨੇ ਸਮੇਂ-ਸਮੇਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਿਆਂ ਸ਼ਹਾਦਤਾਂ ਦਾ ਜਾਮ ਪੀ ਕੇ ਨਾਂਅ ਉੱਚਾ ਕੀਤਾ ਹੈ।ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਅਜਿਹੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਦਾ ਕਾਇਮ ਰੱਖਣ ਲਈ ਭਗਵੰਤ ਮਾਨ ਸਰਕਾਰ ਵੱਲੋਂ ਸ਼ਹੀਦਾਂ ਦੇ ਜਨਮ ਭੋਇ ਪਿੰਡਾਂ ਦੇ ਪਹਿਲ ਦੇ ਵਿਕਾਸ ਕਾਰਜ ਕਰਾ ਕੇ ਨਮੂਨੇ ਦੇ ਪਿੰਡ ਬਨਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

## ਦਸਤਾਰ ਚੇਤਨਾ ਮਾਰਚ 12 ਨੂੰ, ਪੋਸਟਰ ਜਾਰੀ ਕੀਤਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰਦੁਆਰਾ ਸ੍ਰੀ ਨਾਮਦੇਵ ਭਵਨ ਵਿਖੇ ਦਸਤਾਰ ਚੇਤਨਾ ਮਾਰਚ ਕਮੇਟੀ ਦੀ ਮੀਟਿੰਗ ਹੋਈ। ਇਸ ਮੌਕੇ ਮੁੱਖ ਪ੍ਰਬੰਧਕ ਜਗਰੂਪ ਸਿੰਘ, ਹਰਦਿਆਲ ਸਿੰਘ ਨੇ ਦੱਸਿਆ ਕਿ 13ਵਾਂ ਦਸਤਾਰ ਚੇਤਨਾ ਮਾਰਚ 12 ਅਪ੍ਰੈਲ ਨੂੰ ਸਮੂਹ ਧਾਰਮਿਕ ਜਥੇਬੰਦੀਆਂ ਤੇ ਸੰਤਾਂ ਮਹਾਂਪੁਰਸ਼ਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕੱਢਿਆ ਜਾਵੇਗਾ। ਗੁਰਦੁਆਰਾ ਸ੍ਰੀ ਨਾਮ ਦੇ ਭਵਨ ਤੋਂ ਆਰੰਭ ਹੋ ਕੇ ਵੱਖ-ਵੱਖ ਇਲਾਕਿਆਂ ਵਿੱਚ ਹੁੰਦਾ ਹੋਇਆ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਸਮਾਪਤੀ ਹੋਵੇਗੀ। ਸਮਾਪਤੀ ਦੌਰਾਨ ਜਿਨ੍ਹਾਂ ਬੱਚਿਆਂ ਨੇ ਅੱਜ ਤੱਕ ਦਸਤਾਰ ਨਹੀਂ ਬੰਨ੍ਹੀ, ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਦਸਤਾਰਬੰਦੀ ਸਮਾਗਮ ਕਮੇਟੀ ਵੱਲੋਂ ਕਰਵਾਈ ਜਾਵੇਗੀ। ਮੀਟਿੰਗ ਦੀ ਸ਼ੁਰੂਆਤ ਅਰਦਾਸ ਕਰਨ ਉਪਰੰਤ ਸਟੇਜ ਸੈਕਟਰੀ ਦੀ ਸੇਵਾ ਗੁਰਪ੍ਰੀਤਮ ਸਿੰਘ ਚੀਮਾ ਜੀ ਨੇ ਕੀਤੀ, ਜਿਸ ਵਿੱਚ ਪੂਰੇ ਪ੍ਰੋਗਰਾਮ ਦਾ ਵੇਰਵਾ ਦਿੱਤਾ ਗਿਆ। ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆ ਨੇ ਵਿਚਾਰ ਸਾਂਝੇ ਕੀਤੇ ਅਤੇ 13ਵਾਂ ਦਸਤਾਰ ਚੇਤਨਾ ਮਾਰਚ ਦਾ ਪੋਸਟਰ ਰਿਲੀਜ਼ ਕੀਤਾ ਗਿਆ। ਨਿਰਮਲ ਸਿੰਘ ਖੀਵਾ ਅਤੇ ਕੁਲਵੰਤ ਸਿੰਘ ਦੱਸਿਆ ਕਿ ਪਤਿਤ ਹੋਏ ਨੌਜਵਾਨਾਂ ਨੂੰ ਬਚਾਉਣ ਲਈ ਹਮੇਸ਼ਾ ਯਤਨਸ਼ੀਲ ਤੇ ਦਸਤਾਰ ਸਿਖਲਾਈ ਤੇ ਹੋਰ ਵੀ ਨਿਵੇਕਲੇ ਉਪਰਾਲੇ ਕਰਨ ਦਾ ਯਤਨਸ਼ੀਲ ਰਹਿਣਗੇ ਤੇ ਸਾਡਾ ਮਕਸਦ ਕੇਵਲ ਬੱਚਿਆਂ ਨੂੰ ਦਸਤਾਰਾਂ ਟ੍ਰੇਨਿੰਗ ਦੇਣੀ ਸਗੋਂ ਉਹਨਾਂ ਨੂੰ ਉੱਚਾ ਸੁੱਚਾ ਕਿਰਦਾਰ ਰੱਖਣ ਲਈ ਪ੍ਰੇਰਿਤ ਕਰਨਾ ਸਾਡਾ ਮਕਸਦ ਹੈ। ਜਿਹੜੇ ਬੱਚੇ ਕੇਸ ਰੱਖਣ ਦਾਂ ਪ੍ਰਣ ਕਰਨਗੇ, ਉਨ੍ਹਾਂ ਨੂੰ ਦਸਤਾਰ ਮਾਰਚ ਦੌਰਾਨ ਵਿਸ਼ੇਸ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

## ਝਾੜ ਸਾਹਿਬ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੀ ਗਿਆਰ੍ਹਵੀਂ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਨੇ ਦੱਸਿਆ ਕਿ ਸਾਇੰਸ ਗਰੁੱਪ ਦੀ ਤਰਨਪ੍ਰੀਤ ਕੌਰ ਨੇ 93.27 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਮਨਮੀਤ ਕੌਰ ਨੇ 92.72 ਫੀਸਦੀ ਦੂਜਾ ਅਤੇ ਜਸਕਿਰਨ ਕੌਰ ਨੇ 89.09 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਕਾਮਰਸ ਗਰੁੱਪ ਵਿੱਚ ਦਮਨਪ੍ਰੀਤ ਕੌਰ ਨੇ 87.63 ਫੀਸਦੀ ਅੰਕ ਨਾਲ ਪਹਿਲਾ ਸਥਾਨ ਹਾਸਲ ਕੀਤਾ। ਨਵਨੀਤ ਕੌਰ ਨੇ 85.27 ਫੀਸਦੀ ਨਾਲ ਦੂਜਾ ਅਤੇ ਦਮਨਪ੍ਰੀਤ ਕੌਰ ਨੇ 80.72 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਆਰਟਸ ਗਰੁੱਪ ਵਿੱਚ ਗੁਰਅੰਮ੍ਰਿਤਪਾਲ ਕੌਰ ਅਤੇ ਸੁਖਦੀਪ ਕੌਰ ਨੇ 89.6 ਫੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ।ਮਹਿਕਪ੍ਰੀਤ ਕੌਰ ਨੇ 88.5 ਫੀਸਦੀ ਨਾਲ ਦੂਜਾ ਅਤੇ ਹਰਮਨਦੀਪ ਕੌਰ ਪੁੱਤਰੀ ਨੇ 88 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਵਿਦਿਆਰਥੀਆਂ ਦੇ ਮਾਤਾ-ਪਿਤਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਗਿਆਰ੍ਹਵੀਂ, ਬਾਰ੍ਹਵੀਂ (ਆਰਟਸ, ਕਾਮਰਸ, ਸਾਇੰਸ) ਦੇ ਨਾਲ-ਨਾਲ ਬੀ.ਏ., ਬੀ.ਕਾਮ., ਬੀ.ਸੀ.ਏ., ਬੀ.ਐੱਸਸੀ (ਐਫ.ਡੀ.), ਪੀ.ਜੀ.ਡੀ.ਸੀ.ਏ., ਪੀ.ਜੀ.ਡੀ.ਐਫ.ਡੀ., ਐਮ.ਐੱਸਸੀ (ਆਈ.ਟੀ.) ਅਤੇ ਐਮ.ਏ. (ਪੰਜਾਬੀ) ਕੋਰਸ ਸਫਲਤਾਪੂਰਵਕ ਚੱਲ ਰਹੇ ਹਨ।

## 8 ਅਪ੍ਰੈਲ ਨੂੰ ਪੇਂਡੂ ਤੇ ਖੇਤ ਮਜ਼ਦੂਰਾਂ ਵੱਲੋਂ ਜਲੰਧਰ ਵਿਖੇ ਹੋਵੇਗੀ ਵਿਸ਼ਾਲ ਸੂਬਾ ਪੱਧਰੀ ਰੈਲੀ : ਗੁਰਨਾਮ ਸਿੰਘ ਦਾਊਦ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁਕਤਸਰ ਸਾਹਿਬ ਇੱਥੋਂ ਦੇ ਮਹਾ ਸਿੰਘ ਹਾਲ ਵਿੱਚ ਦਿਹਾਤੀ ਮਜ਼ਦੂਰ ਸਭਾ ਨੇ ਚਾਰ ਜ਼ਿਲ੍ਹਿਆਂ ਦੇ ਮਜ਼ਦੂਰਾਂ ਦੀ ਮੀਟਿੰਗ ਕੀਤੀ ਜਿਸ ਵਿੱਚ ਜ਼ਿਲਾ ਮੁਕਤਸਰ ਸਾਹਿਬ, ਜ਼ਿਲਾ ਫਰੀਦਕੋਟ, ਜ਼ਿਲ੍ਹਾ ਫਾਜ਼ਿਲਕਾ ਅਤੇ ਜ਼ਿਲ੍ਹਾ ਬਠਿੰਡਾ ਦੇ ਸਰਗਰਮ ਵਰਕਰ ਸ਼ਾਮਲ ਹੋਏ। ਮੀਟਿੰਗ ਦੀ ਪ੍ਰਧਾਨਗੀ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਕਮੇਟੀ ਮੈਂਬਰ ਹਰਜੀਤ ਸਿੰਘ ਮਦਰੱਸਾ ਨੇ ਕੀਤੀ। ਮੀਟਿੰਗ 'ਚ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਉਚੇਚੇ ਤੌਰ 'ਤੇ ਸ਼ਾਮਲ ਹੋਏ। ਉਹਨਾਂ 8 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਦਿਹਾਤੀ ਮਜ਼ਦੂਰ ਸਭਾ ਦੀ ਰੈਲੀ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਅਤੇ ਮੀਟਿੰਗ ਵਿੱਚ ਮਜ਼ਦੂਰ ਮੰਗਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਨਰੇਗਾ ਦਾ ਕਾਨੂੰਨ ਬਦਲ ਕੇ ਜੀ ਰਾਮ ਜੀ ਕਾਨੂੰਨ ਪਾਸ ਕਰਨ ਬਾਰੇ ਕਿਹਾ ਕਿ ਇਸ ਕਾਨੂੰਨ ਵਿੱਚ ਮਜ਼ਦੂਰਾਂ ਨੂੰ ਕੰਮ ਤੋਂ ਵਾਂਝਾ ਕਰ ਦਿੱਤਾ ਗਿਆ ਜਿਸ ਵਿੱਚ ਕੰਮ ਦੇਣ ਦੀ ਕੋਈ ਗਰੰਟੀ ਨਹੀਂ। ਉਹਨਾਂ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਨਿੰਦਾ ਕੀਤੀ। ਉਹਨਾਂ ਕਿਹਾ ਮੋਦੀ ਸਰਕਾਰ ਵੀ ਵੋਟਾਂ ਸਮੇਂ ਝੂਠੇ ਲਾਰੇ ਲਾਉਂਦੀ ਰਹੀ ਅਤੇ ਪੰਜਾਬ ਸਰਕਾਰ ਨੇ ਵੀ ਝੂਠੇ ਲਾਰੇ ਲਾ ਕੇ ਹੀ ਸਾਢੇ ਚਾਰ ਸਾਲ ਮਜ਼ਦੂਰਾਂ ਨੂੰ ਕੁਝ ਨਹੀਂ ਦਿੱਤਾ। ਉਹਨਾਂ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਮਜ਼ਦੂਰਾਂ ਨੂੰ ਅੱਠ ਅਪ੍ਰੈਲ ਨੂੰ ਦੇਸ਼ ਭਗਤੀ ਯਾਦਗਾਰ ਹਾਲ ਵਿੱਚ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਆਗੂ ਜਗਜੀਤ ਸਿੰਘ ਜੱਸੇਆਣਾ, ਪ੍ਰਕਾਸ਼ ਸਿੰਘ ਨੰਦਗੜ੍ਹ, ਬਠਿੰਡਾ, ਜੱਗਾ ਸਿੰਘ ਫਾਜ਼ਿਲਕਾ, ਗੁਰਤੇਜ ਸਿੰਘ ਹਰੀਨੌ, ਬਲਕਾਰ ਸਿੰਘ ਔਲਖ ਫਰੀਦਕੋਟ ਆਗੂਆਂ ਨੇ ਵੀ ਸੰਬੋਧਨ ਕੀਤਾ।

## ਅਰੁਣਾ ਅਭੈ ਓਸਵਾਲ ਟਰੱਸਟ ਤੇ ਲਾਇਨਜ਼ ਕਲੱਬ ਵੱਲੋਂ ਮੈਡੀਕਲ ਕਾਲਜ ਨੂੰ ਮੋਬਾਈਲ ਵੈਨ ਦਾਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਮਾਜ ਸੇਵੀ ਗਤੀਵਿਧੀਆਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਅਰੁਣਾ ਅਭੈ ਓਸਵਾਲ ਟਰੱਸਟ ਅਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਮਰੀਜ਼ਾਂ ਦੀ ਬਿਹਤਰ ਸਹੂਲਤ ਲਈ ਆਪਣੀ ਮੋਬਾਈਲ ਵੈਨ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ, ਫ਼ਰੀਦਕੋਟ ਨੂੰ ਦਾਨ ਕੀਤੀ ਗਈ ਹੈ।ਡਾ. ਸੰਜੀਵ ਗੋਇਲ ਨੇ ਦੱਸਿਆ ਕਿ ਕੁਝ ਸਾਲ ਪਹਿਲਾਂ ਅਰੁਣਾ ਅਭੈ ਓਸਵਾਲ ਟਰੱਸਟ ਅਤੇ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋਂ ਸਾਂਝੇ ਤੌਰ 'ਤੇ ਮਧੂ ਨਰਸਿੰਗ ਹੋਮ ਫ਼ਰੀਦਕੋਟ ਨੂੰ ਇਕ ਅਸ਼ੋਕ ਲੇਲੈਂਡ ਮੋਬਾਈਲ ਵੈਨ ਦਾਨ ਕੀਤੀ ਗਈ ਸੀ।ਉਨ੍ਹਾਂ ਦੱਸਿਆ ਕਿ ਇਹ ਵੈਨ ਹਾਲੇ ਤੱਕ ਸਿਰਫ਼ 20,000 ਕਿਲੋਮੀਟਰ ਹੀ ਚੱਲੀ ਹੈ।ਵਰਤਮਾਨ ਵਿੱਚ ਇਸ ਦੀ ਵਰਤੋਂ ਘੱਟ ਹੋਣ ਕਾਰਨ ਟ੍ਰਸਟ ਨੇ ਫੈਸਲਾ ਕੀਤਾ ਕਿ ਇਸ ਕੀਮਤੀ ਸਾਧਨ ਦੀ ਵੱਧ ਤੋਂ ਵੱਧ ਵਰਤੋਂ ਲੋਕਾਂ ਦੀ ਸੇਵਾ ਲਈ ਹੋਣੀ ਚਾਹੀਦੀ ਹੈ।ਇਸੇ ਉਦੇਸ਼ ਨਾਲ ਹੁਣ ਇਹ ਵੈਨ ਮੈਡੀਕਲ ਕਾਲਜ ਨੂੰ ਸੌਂਪੀ ਗਈ ਹੈ।ਬੁੱਧਵਾਰ ਸ਼ਾਮ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਦਫ਼ਤਰ ਵਿਖੇ ਆਯੋਜਿਤ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਇਸ ਐਂਬੂਲੈਂਸ ਨੂੰ ਹਰੀ ਝੰਡੀ ਦਿਖਾ ਕੇ ਯੂਨੀਵਰਸਿਟੀ ਲਈ ਸਵੀਕਾਰ ਕੀਤਾ।ਇਸ ਇਤਿਹਾਸਕ ਪਲ ਦੌਰਾਨ ਯੂਨੀਵਰਸਿਟੀ ਦੇ ਅਧਿਕਾਰੀ, ਲਾਇਨਜ਼ ਕਲੱਬ ਦੇ ਮੈਂਬਰ ਅਤੇ ਪ੍ਰੈਸ ਪ੍ਰਤੀਨਿਧ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਡਾ. ਸੰਜੀਵ ਗੋਇਲ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

## ਰਾਮ ਨੌਮੀਂ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸ੍ਰੀ ਰਾਮ ਭਗਤ ਪਰਿਵਾਰ ਅਤੇ ਸ੍ਰੀ ਬਾਲਾ ਜੀ ਖਾਟੂ ਸ਼ਿਆਮ ਸੇਵਾ ਸੰਮਤੀ ਵੱਲੋਂ ਭਗਵਾਨ ਰਾਮ ਦੇ ਜਨਮ ਦਿਹਾੜੇ 'ਤੇ ਸ਼ਹਿਰ ਅੰਦਰ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ।ਇਹ ਸ਼ੋਭਾ ਯਾਤਰਾ ਸ੍ਰੀ ਸਨਾਤਨ ਧਰਮ ਆਸ਼ਰਮ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ 'ਚੋਂ ਗੁਜ਼ਰਦੇ ਹੋਏ ਸ੍ਰੀ ਸਨਾਤਨ ਧਰਮ ਆਸ਼ਰਮ ਪੁੱਜ ਕੇ ਸਮਾਪਤ ਹੋਈ।ਰਸਤੇ 'ਚ ਸ਼ੋਭਾ ਯਾਤਰਾ ਦਾ ਸ੍ਰੀ ਰਾਮ ਲੀਲਾ ਸਭਾ (ਨਗਰ ਕੌਂਸਲ) ਦੇ ਅਹੁਦੇਦਾਰਾਂ ਅਤੇ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਪੂਰਾ ਵਾਤਾਵਰਣ ਸ੍ਰੀ ਰਾਮ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਸ਼ੋਭਾ ਯਾਤਰਾ 'ਚ ਕਰੀਬ 1100 ਝੰਡੇ ਲਹਿਰਾਏ ਗਏ ਤੇ ਸ਼ੋਭਾ ਯਾਤਰਾ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਸ਼ੋਭਾ ਯਾਤਰਾ 'ਚ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਨੇ ਲੋਕਾਂ ਨੂੰ ਰਾਮ ਨੌਮੀ ਦੀ ਵਧਾਈ ਦਿੱਤੀ।ਹੋਰਨਾਂ 'ਚ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਕੌਮੀ ਪ੍ਰਧਾਨ ਆਲ ਇੰਡੀਆ ਐਫ਼ ਸੀ ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਸਤਿੰਦਰ ਸਿੰਘ ਚੱਠਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ, ਭਾਜਪਾ ਆਗੂ ਜਗਦੇਵ ਜਿੰਦਲ, ਅਕਾਲੀ ਆਗੂ ਰਣਜੀਤ ਸਿੰਘ ਕਾਤਰੋਂ, ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਸਮਾਜ ਸੇਵੀ ਸੁਰੇਸ਼ ਬਾਂਸਲ, ਰਾਜੇਸ਼ ਗੋਇਲ, ਬਸੰਤ ਕੁਮਾਰ, ਬਿਮਲ ਮਿੱਤਲ, ਯਸ਼ਪਾਲ ਮਿੱਤਲ ਵੀ ਮੌਜੂਦ ਸਨ।

## ਮੀਡੀਆ ਕਲੱਬ ਦੇ ਸਰਬਜੀਤ ਭੰਗੂ ਪ੍ਰਧਾਨ ਤੇ ਰਾਜਿੰਦਰ ਥਿੰਦ ਚੇਅਰਮੈਨ ਬਣੇ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਦੇ ਪੱਤਰਕਾਰਾਂ ਵੱਲੋਂ ਇਕਜੁਟ ਹੋ ਕੇ ਮੀਡੀਆ ਕਲੱਬ ਦੀ ਸਥਾਪਨਾ ਕੀਤੀ ਗਈ।ਮੀਟਿੰਗ ਦੌਰਾਨ ਪੰਜਾਬੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਭੰਗੂ ਨੂੰ ਸਹਿਮਤੀ ਨਾਲ ਕਲੱਬ ਦਾ ਪਹਿਲਾ ਪ੍ਰਧਾਨ ਤੇ ਸੀਨੀਅਰ ਪੱਤਰਕਾਰ ਰਾਜਿੰਦਰ ਸਿੰਘ ਥਿੰਦ ਨੂੰ ਕਲੱਬ ਦਾ ਸਰਪ੍ਰਸਤ ਚੁਣਿਆ ਗਿਆ। ਕਲੱਬ ਵਿੱਚ ਸਨੌਰ, ਭੁਨਰਹੇੜੀ, ਦੇਵੀਗੜ੍ਹ, ਬਲਬੇੜਾ, ਕੌਲੀ ਤੇ ਬਹਾਦੁਰਗੜ੍ਹ ਖੇਤਰਾਂ ਦੇ ਵੱਡੀ ਗਿਣਤੀ 'ਚ ਪੱਤਰਕਾਰਾਂ ਨੇ ਭਾਗ ਲਿਆ ਤੇ ਆਪਣੀ ਮੈਂਬਰਸ਼ਿਪ ਦਰਜ ਕਰਾਈ।ਕਲੱਬ ਦੀ ਬਣਤਰ ਅਧੀਨ ਹੋਰ ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ।ਰਜਿੰਦਰ ਸਿੰਘ ਥਿੰਦ ਨੂੰ ਸਰਪ੍ਰਸਤ, ਧਨਵੰਤ ਸਿੰਘ ਹੁਸੈਨਪੁਰ ਨੂੰ ਖ਼ਜ਼ਾਨਚੀ ਬਣਾਇਆ ਗਿਆ।ਸੁਰਿੰਦਰ ਸਿੰਘ ਚੌਹਾਨ ਨੂੰ ਸਕੱਤਰ ਜਨਰਲ ਅਤੇ ਰਕੇਸ਼ ਸ਼ਰਮਾ ਤੇ ਬਲਵਿੰਦਰ ਸਿੰਘ ਸੈਂਭੀ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਸੀਨੀਅਰ ਮੀਤ ਪ੍ਰਧਾਨ ਵਜੋਂ ਕੁਲਵੀਰ ਸਿੰਘ ਧਾਲੀਵਾਲ ਅਤੇ ਪਰਮਜੀਤ ਸਿੰਘ ਪਟਵਾਰੀ ਦੀ ਚੋਣ ਹੋਈ, ਜਦਕਿ ਮੀਤ ਪ੍ਰਧਾਨਾਂ 'ਚ ਰਵਿੰਦਰ ਸਿੰਘ ਪੰਜੇਟਾ ਤੇ ਰਾਮ ਸਰੂਪ ਪੰਜੋਲਾ ਸ਼ਾਮਲ ਹਨ।ਇਸ ਤੋਂ ਇਲਾਵਾ ਗੀਤਵਿੰਦਰ ਸਿੰਘ ਸੋਖਲ ਨੂੰ ਦਫ਼ਤਰ ਸਕੱਤਰ, ਹਰਜੀਤ ਸਿੰਘ ਨਿੱਜਰ ਅਤੇ ਰਜਿੰਦਰ ਸਿੰਘ ਮੌਜੀ ਨੂੰ ਸਕੱਤਰ ਬਣਾਇਆ ਗਿਆ। ਪ੍ਰਚਾਰ ਸਕੱਤਰ ਵਜੋਂ ਬਲਵਿੰਦਰ ਸਿੰਘ ਖੁੱਡਾ ਦੀ ਨਿਯੁਕਤੀ ਕੀਤੀ ਗਈ, ਜਦਕਿ ਮੋਹਨ ਸਿੰਘ ਭੱਟੀ ਤੇ ਭੁਪਿੰਦਰ ਸਿੰਘ ਗੋਲੂ ਨੂੰ ਵੀ ਸਕੱਤਰਾਂ ਦੀ ਟੀਮ ਵਿੱਚ ਸ਼ਾਮਲ ਕੀਤਾ ਗਿਆ। ਐਗਜ਼ੈਕਟਿਵ ਮੈਂਬਰਾਂ ਵਿੱਚ ਸੁਖਦੇਵ ਸਿੰਘ ਵਿਰਕ, ਸੁਰਜੀਤ ਸਿੰਘ ਗੋਗੀ ਤੇ ਜਗਜੀਤ ਸਿੰਘ ਜੱਗੀ ਦੇ ਨਾਮ ਸ਼ਾਮਲ ਹਨ।ਇਸ ਮੌਕੇ ਪ੍ਰਥਮ ਕੁਮਾਰ, ਜੱਪ ਅਨੰਤਪ੍ਰੀਤ ਸਿੰਘ ਤੇ ਰੋਹਿਤ ਪੰਜੋਲਾ ਸਮੇਤ ਕਈ ਹੋਰ ਪੱਤਰਕਾਰ ਵੀ ਹਾਜ਼ਰ ਰਹੇ।ਨਵੇਂ ਚੁਣੇ ਗਏ ਪ੍ਰਧਾਨ ਸਰਬਜੀਤ ਸਿੰਘ ਭੰਗੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੱਤਰਕਾਰ ਭਾਈਚਾਰਾ ਸਮਾਜ ਦਾ ਅਹਿਮ ਹਿੱਸਾ ਹੈ ਤੇ ਇਸ ਨੂੰ ਵੀ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

## ਗੈਸ, ਪੈਟਰੋਲ ਤੇ ਡੀਜ਼ਲ ਸਬੰਧੀ ਕੋਈ ਦਿੱਕਤ ਨਹੀਂ : ਡਿਪਟੀ ਕਮਿਸ਼ਨਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਵੱਲੋਂ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਦੀਆਂ ਸਮੱਸਿਆਵਾਂ ਨੂੰ ਜ਼ਮੀਨੀ ਪੱਧਰ 'ਤੇ ਜਾਂਚਣ ਲਈ ਬਠਿੰਡਾ ਸ਼ਹਿਰ ਵਿਖੇ ਪੈਟਰੋਲ ਪੰਪ ਦਾ ਦੌਰਾ ਕੀਤਾ ਗਿਆ।ਉਨ੍ਹਾਂ ਦੇ ਹੁਕਮਾਂ ਅਨੁਸਾਰ ਫੂਡ ਸਪਲਾਈ ਵਿਭਾਗ ਵੱਲੋਂ ਗੈਸ ਏਜੰਸੀਆਂ ਦੀ ਸ਼ਹਿਰ 'ਚ ਚੈਕਿੰਗ ਕੀਤੀ ਗਈ।ਬੀਬੀ ਵਾਲੇ ਰੋਡ ਵਿਖੇ ਸਥਿਤ ਪੈਟਰੋਲ ਪੰਪ ਵਿਖੇ ਚੈਕਿੰਗ ਲਈ ਪੁੱਜੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਪੰਪ ਤੇ ਮੌਜੂਦ ਆਮ ਖਪਤਕਾਰਾਂ ਨੂੰ ਵੀ ਸੁਣਿਆ ਗਿਆ।ਉਨ੍ਹਾਂ ਪਾਇਆ ਗਿਆ ਕਿ ਪੈਟਰੋਲ ਪੰਪ 'ਤੇ ਕੋਈ ਜ਼ਿਆਦਾ ਭੀੜ ਨਹੀਂ ਹੈ ਅਤੇ ਆਮ ਪਬਲਿਕ ਨੂੰ ਆਸਾਨੀ ਨਾਲ ਉਨ੍ਹਾਂ ਦੀ ਮੰਗ ਅਨੁਸਾਰ ਪੈਟਰੋਲ ਤੇ ਡੀਜ਼ਲ ਮਿਲ ਰਿਹਾ ਹੈ।ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਜਤਿੰਦਰ ਸਿੰਘ ਭੱਲਾ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਆਮ ਖਪਤਕਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਠਿੰਡਾ ਜ਼ਿਲ੍ਹੇ ਵਿੱਚ ਪੈਟਰੋਲ ਤੇ ਡੀਜ਼ਲ ਦਾ ਮੁਕੰਮਲ ਸਟਾਕ ਉੱਪਲਬਧ ਹੈ ਅਤੇ ਕਿਸੇ ਨੂੰ ਵੀ ਇਸ ਸਬੰਧੀ ਘਬਰਾਉਣ ਦੀ ਲੋੜ ਨਹੀਂ ਹੈ, ਜੇਕਰ ਫਿਰ ਵੀ ਕਿਸੇ ਖਪਤਕਾਰ ਨੂੰ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜ਼ਿਲ੍ਹੇ ਦੇ ਪ੍ਰਸ਼ਾਸਕ, ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਬਠਿੰਡਾ ਜਾਂ ਸਬੰਧਤ ਕੰਪਨੀ ਦੇ ਸੇਲਜ਼ ਅਫਸਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਦੇ ਆਦੇਸ਼ਾਂ ਤੇ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਬਠਿੰਡਾ ਅਤੇ ਐੱਚ.ਪੀ.ਸੀ.ਐੱਲ ਦੇ ਸੇਲਜ਼ ਅਫਸਰ ਸ੍ਰੀ ਆਯੂਸ਼ ਚੌਹਾਨ ਅਤੇ ਆਈ.ਓ.ਸੀ.ਐੱਲ. ਦੇ ਸੇਲਜ਼ ਅਫਸਰ ਸ੍ਰੀ ਸੰਚਿਤ ਸ਼ਰਮਾ ਵੱਲੋਂ ਮਾਨ ਗੈਸ ਸਰਵਿਸ ਅਤੇ ਜਗਦੀਪ ਗੈਸ ਦੀ ਪੜਤਾਲ ਕੀਤੀ ਗਈ।

## ਸ੍ਰੀ ਸ਼ਿਵ ਮੰਦਰ 'ਚ ਸ੍ਰੀ ਰਾਮ ਨੌਮੀ ਦਾ ਤਿਉਹਾਰ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਰਾਮ ਲੀਲਾ ਉਤਸਵ ਕਮੇਟੀ, ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਨਵਰਾਤਰਿਆਂ ਦੀ ਖੁਸ਼ੀ ਵਿਚ ਸ੍ਰੀ ਸ਼ਿਵ ਮੰਦਿਰ ਵਿਖੇ 8 ਰੋਜ਼ਾ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਅੱਠਵੇਂ ਦਿਨ ਸ੍ਰੀ ਦੁਰਗਾ ਅਸ਼ਟਮੀ ਤੇ ਸ੍ਰੀ ਰਾਮ ਨੌਮੀ ਉਤਸਵ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਪ੍ਰਧਾਨ ਅਰੁਣ ਬਾਂਸਲ ਦੀ ਅਗਵਾਈ ਵਿੱਚ ਮਨਾਇਆ ਗਿਆ, ਜਿਸ ਵਿਚ ਮਾਤਾ ਚਿੰਤਪੁਰਨੀ ਜੀ ਦੀ ਜੋਤੀ ਪੂਜਨ ਪ੍ਰਿੰਸ ਬੁਹੀ, ਮਾਤਾ ਜਵਾਲਾ ਜੀ ਦੀ ਜੋਤੀ ਪੂਜਨ ਸੂਰਜ ਪ੍ਰਕਾਸ਼ ਪ੍ਰੋਪਰਟੀ ਡੀਲਰ ਤੇ ਬਾਲਾ ਜੀ ਜੋਤੀ ਪੂਜਨ ਹਾਰਵਰਡ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜਗਦੀਪ ਸਿੰਘ ਬਰਾੜ, ਚੇਅਰਮੈਨ ਨਵਦੀਪ ਸਿੰਘ ਬਰਾੜ ਕੀਤਾ ਗਿਆ।

ਮਾਤਾ ਜਵਾਲਾ ਜੀ, ਮਾਤਾ ਚਿੰਤਪੁਰਨੀ ਜੀ ਤੇ ਸ੍ਰੀ ਸਾਲਾਸਰ ਧਾਮ ਤੋਂ ਆਈਆਂ ਪਵਿੱਤਰ ਜੋਤਾਂ ਦੇ ਸ਼ਰਧਾਲੂ ਰੋਜ਼ਾਨਾ ਦਰਸ਼ਨ ਕਰ ਕੇ ਮਹਾਂਮਾਈ ਦਾ ਅਸ਼ੀਰਵਾਦ ਲਿਆ।ਸਰਾਜਵੀਰ ਰਾਜ ਬਰਨਾਲਾ ਵਾਲਿਆਂ ਦੀ ਮੰਡਲੀ ਨੇ ਭਗਵਾਨ ਸ੍ਰੀ ਰਾਮ ਚੰਦਰ ਜੀ ਦਾ ਗੁਣਗਾਨ ਕਰ ਕੇ ਖ਼ੂਬ ਰੰਗ ਬੰਨ੍ਹਿਆ।ਇਸ ਮੌਕੇ ਸ੍ਰੀ ਰਾਮ ਲੀਲਾ ਉਤਸ਼ਵ ਕਮੇਟੀ ਦੇ ਡਾਇਰੈਕਟਰ ਅਸ਼ਵਨੀ ਸ਼ਰਮਾ, ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਦੀਪਕ ਗਰਗ ਬੱਬੀ, ਪ੍ਰਧਾਨ ਅਰੁਣ ਬਾਂਸਲ, ਉਪ ਪ੍ਰਧਾਨ ਬੰਟੀ ਜਿੰਦਲ, ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਵਿਜੇ ਸ਼ਰਮਾ, ਸੰਦੀਪ ਗੋਇਲ ਠੰਡੂ, ਭੂਸਨ ਜੈਨ, ਕੌਂਸਲਰ ਮਨਦੀਪ ਕੱਕੜ, ਟੋਨੀ ਗੋਇਲ, ਰਜਿੰਦਰ ਗੋਇਲ, ਚੇਅਰਮੈਨ ਪਵਨ ਗੋਇਲ, ਸੰਜੀਵ ਮਿੱਤਲ, ਰਾਕੇਸ਼ ਜਿੰਦਲ ਤੋਤਾ, ਕ੍ਰਿਸ਼ਨ ਗਰਗ, ਵਿਜੇ ਗੁਪਤਾ, ਵਰਿੰਦਰ ਕੁਮਾਰ ਕੱਦੂ, ਅਮਨ ਤਨੇਜਾ, ਮਨੋਜ, ਅਜੇ ਪੁਰੀ, ਯਾਦਵਿੰਦਰ ਬਾਂਸਲ, ਬਲਜਿੰਦਰ ਭੱਲਾ, ਸੁਨੀਲ ਸੋਮੀ, ਤੀਰਥ ਬਾਂਸਲ, ਦੀਪਾ ਸ਼ਾਹੀ, ਸ਼ਿਵਮ ਸਿੰਗਲਾ, ਤਿਲਕ ਰਾਜ ਸੋਨੀ, ਵਰਿੰਦਰ ਗਰਗ, ਯਾਦਵਿੰਦਰ ਬਾਂਸਲ, ਨੰਦੂ ਅਰੋੜਾ, ਸਤੀਸ਼ ਗੋਇਲ, ਟੋਨੀ ਗਰਗ, ਵਰਿੰਦਰ ਗਰਗ, ਮਨੋਹਰ ਲਾਲ ਪਾਂਧੀ, ਗੁਰਪ੍ਰੀਤ ਮਨਚੰਦਾ, ਦੀਪੂ ਗੋਇਲ, ਪਵਨ ਬਾਂਸਲ, ਮਾਤੂ ਰਾਮ, ਸੰਜੀਵ ਕੁਮਾਰ, ਗੁਰਪ੍ਰੀਤ ਕਾਲਾ, ਸੁਰਿੰਦਰ ਗਰਗ, ਵਿਕਰਮ ਬਾਂਸਲ, ਰਤਨ ਲਾਲ ਜਿੰਦਲ ਤੇ ਹੋਰ ਸ਼ਾਮਲ ਸਨ।

## ਰੇਜ਼ਿੰਗ ਐਂਡ ਐਕਸਲਰੇਟਿੰਗ ਪਰਫਾਰਮੈਂਟ ਸਕੀਮ ਅਧੀਨ ਵਰਕਸ਼ਾਪ ਲਾਈ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਸ਼ਵ ਬੈਂਕ ਦੀ ਸਹਾਇਤਾ ਪ੍ਰਾਪਤ ਪਹਿਲਕਦਮੀ ਰੇਜ਼ਿੰਗ ਐਂਡ ਐਕਸਲਰੇਟਿੰਗ ਐਮਐਸਐਮਈ ਪਰਫਾਰਮੈਂਸ (ਰੈਂਪ) ਸਕੀਮ ਅਧੀਨ ਐਮਐਸਐਮਈਜ਼ ਲਈ ਇੱਕ ਵਿਆਪਕ ਸਮਰੱਥਾ ਨਿਰਮਾਣ ਪ੍ਰੋਗਰਾਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਫ਼ਲਤਾਪੂਰਵਕ ਆਯੋਜਤ ਕੀਤਾ ਗਿਆ।

ਇਹ ਪ੍ਰੋਗਰਾਮ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਮੈਗਸੀਪਾ), ਪੰਜਾਬ ਸਰਕਾਰ ਦੁਆਰਾ, ਉਦਯੋਗ ਤੇ ਵਣਜ ਵਿਭਾਗ ਦੇ ਸਹਿਯੋਗ ਨਾਲ ਕਰਾਇਆ ਗਿਆ।ਸਿਖਲਾਈ ਸੈਸ਼ਨ ਦਾ ਰਸਮੀ ਉਦਘਾਟਨ ਸ਼੍ਰੀ ਨਿਰਵੈਰ ਸਿੰਘ, ਫੰਕਸ਼ਨਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਖੇਤਰ ਵਿੱਚ ਐਮਐਸਐਮਈ ਈਕੋ ਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਅਜਿਹੀਆਂ ਪਹਿਲਕਦਮੀਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਦਾ ਤਾਲਮੇਲ ਸ਼੍ਰੀ ਸੰਕੇਤ ਜੈਨ, ਰਿਸਰਚ ਐਸੋਸੀਏਟ, ਮੈਗਸਿਪਾ ਤੇ ਸ਼੍ਰੀ ਸੌਰਵ, ਸਲਾਹਕਾਰ, ਪੀਐਾਈਯੂ ਦੁਆਰਾ ਕੀਤਾ ਗਿਆ, ਜੋ ਉਦਯੋਗਿਕ ਹਿੱਸੇਦਾਰਾਂ ਨੂੰ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਤਕਨੀਕੀ ਸੈਸ਼ਨਾਂ ਦੇ ਨਿਰਵਿਘਨ ਸੰਚਾਲਨ ਨੂੰ ਯਕੀਨੀ ਬਣਾਉਂਦੇ ਹਨ।ਵਰਕਸ਼ਾਪ 'ਚ ਵਿਸ਼ਾ ਵਸਤੂ ਮਾਹਿਰਾਂ ਦੀ ਅਗਵਾਈ ਵਿੱਚ ਵਿਸ਼ੇਸ਼ ਸੈਸ਼ਨ ਸਨ।ਸ਼੍ਰੀ ਦਵਿੰਦਰ ਸਿੰਘ, ਸਰਟੀਫਾਈਡ ਐਨਰਜੀ ਆਡੀਟਰ ਤੇ ਜੀ.ਐਚ.ਜੀ. ਮਾਹਰ ਨੇ ਊਰਜਾ ਕੁਸ਼ਲਤਾ 'ਤੇ ਇੱਕ ਸੂਝਵਾਨ ਸੈਸ਼ਨ ਦਾ ਆਯੋਜਨ ਕੀਤਾ ਤੇ ਊਰਜਾ ਆਡਿਟ 'ਤੇ ਵਿਹਾਰਕ ਮਾਰਗਦਰਸ਼ਨ ਪ੍ਰਦਾਨ ਕੀਤਾ, ਜਿਸ ਨਾਲ ਭਾਗੀਦਾਰਾਂ ਨੂੰ ਸਰੋਤਾਂ ਦੀ ਖਪਤ ਨੂੰ ਕਿਵੇਂ ਅਨੁਕੂਲ ਬਣਾਇਆ ਜਾਵੇ, ਇਹ ਸਮਝਣ ਵਿੱਚ ਮਦਦ ਮਿਲੀ।ਸੂਰਿਆ ਜ਼ੀਰੋ ਵੇਸਟ ਦੇ ਸੀਈਓ ਸ਼੍ਰੀ ਗੌਤਮ ਸ਼ਰਮਾ ਨੇ ਇੱਕ ਸਰਕੂਲਰ ਅਰਥਵਿਵਸਥਾ ਦੇ ਅੰਦਰ ਰਹਿੰਦ-ਖੂੰਹਦ ਪ੍ਰਬੰਧਨ ਦੀ ਮਹੱਤਤਾ 'ਤੇ ਚਰਚਾ ਕੀਤੀ। ਆਧੁਨਿਕ ਉਦਯੋਗਾਂ ਲਈ ਟਿਕਾਊ ਅਭਿਆਸਾਂ ਨੂੰ ਉਜਾਗਰ ਕੀਤਾ।ਉਨ੍ਹਾਂ ਨੇ ਭਾਗੀਦਾਰਾਂ ਨੂੰ ਇਹ ਵੀ ਦੱਸਿਆ ਕਿ ਸੂਰਿਆ ਜ਼ੀਰੋ ਵੇਸਟ ਵਰਤੇ ਹੋਏ ਖਾਣਾ ਪਕਾਉਣ ਵਾਲੇ ਤੇਲ ਤੇ ਈ-ਕੂੜੇ ਦੇ ਸੰਗ੍ਰਹਿ ਅਤੇ ਰੀਸਾਈਕਲਿੰਗ ਦੀ ਸਹੂਲਤ ਦਿੰਦਾ ਹੈ ਤੇ ਦਰਵਾਜ਼ੇ 'ਤੇ ਸੰਗ੍ਰਹਿ ਸੇਵਾਵਾਂ ਪ੍ਰਦਾਨ ਕਰਦਾ ਹੈ, ਜਿਸ ਨਾਲ ਉਦਯੋਗਾਂ ਲਈ ਵਾਤਾਵਰਣ ਲਈ ਜ਼ਿੰਮੇਵਾਰ ਰਹਿੰਦ-ਖੂੰਹਦ ਦੇ ਨਿਪਟਾਰੇ ਦੇ ਅਭਿਆਸਾਂ ਨੂੰ ਅਪਣਾਉਣਾ ਸੁਵਿਧਾਜਨਕ ਹੁੰਦਾ ਹੈ।ਪ੍ਰੋਗਰਾਮ ਇੱਕ ਰਸਮੀ ਵਿਦਾਇਗੀ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਦੌਰਾਨ ਭਾਗੀਦਾਰਾਂ ਨੂੰ ਸਰਟੀਫਿਕੇਟ ਅਤੇ ਕਿੱਟਾਂ ਨਾਲ ਸਨਮਾਨਤ ਕੀਤਾ ਗਿਆ।

## ਰਾਈਸ ਮਿੱਲਰਾਂ ਵੱਲੋਂ ਇੱਕ-ਮੁਸ਼ਤ ਨਿਪਟਾਰਾ ਸਕੀਮ ਦਾ ਲਿਆ ਜਾ ਰਿਹਾ ਭਰਪੂਰ ਲਾਭ

**ਲੁਧਿਆਣਾ (ਰਾਜ ਸਿੰਗਲਾ)**-ਰਾਈਸ ਮਿੱਲਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਇੱਕ-ਮੁਸ਼ਤ ਨਿਪਟਾਰਾ ਸਕੀਮ 2025 ਦਾ ਭਰਪੂਰ ਲਾਹਾ ਲਿਆ ਜਾ ਰਿਹਾ ਹੈ। ਲੁਧਿਆਣਾ ਪੱਛਮੀ ਵਿੱਚ ਏਜੰਸੀ ਪਨਗਰੇਨ ਦੇ ਰਾਈਸ ਮਿੱਲਰ ਰਾਜੇਸ਼ ਕਾਂਸਲ ਦੀ ਮਿੱਲ ਸ੍ਰੀ ਗਣਪਤੀ ਰਾਈਸ ਐਂਡ ਜਨਰਲ ਮਿੱਲ, ਰਾਏਕੋਟ ਦਾ ਸਾਲ 2010-11 ਦਾ ਅਕਾਊਂਟ ਸੈਟਲ ਕਰਵਾ ਕੇ ਨੋ ਡਿਊ ਸਰਟੀਫਿਕੇਟ ਜਾਰੀ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਇੰਡਸਟਰੀ ਨੂੰ ਮੁੜ ਸੁਰਜੀਤ ਕਰਨ ਲਈ ਪੰਜਾਬ ਰਾਜ ਵਿੱਚ ਡਿਫਾਲਟਰ ਰਾਈਸ ਮਿੱਲਰਾਂ ਪਾਸੋਂ ਬਕਾਇਆਂ ਰਕਮ ਦੀ ਰਿਕਵਰੀ ਕਰਨ ਲਈ ਵਨ ਟਾਇਮ ਸੈਟਲਮੈਂਟ ਸਕੀਮ (ਓ ਟੀ ਐਸ) 2025 ਚਲਾਈ ਗਈ ਹੈ ਜਿਸ ਤਹਿਤ ਸਰਤਾਜ ਸਿੰਘ ਚੀਮਾ ਜ਼ਿਲ੍ਹਾ ਪ੍ਰਬੰਧਕ ਪਨਗੇਰਨ-ਕਮ-ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਲੁਧਿਆਣਾ ਪਾਸੋਂ ਸ੍ਰੀ ਗਣਪਤੀ ਰਾਈਸ ਐਂਡ ਜਨਰਲ ਮਿੱਲ, ਰਾਏਕੋਟ ਨੇ ਸੈਟਲਮੈਂਟ ਤੋਂ ਬਾਅਦ ਕੋਈ ਬਕਾਇਆ ਨਹੀਂ ਸਰਟੀਫਿਕੇਟ ਪ੍ਰਾਪਤ ਕੀਤਾ।ਜ਼ਿਲ੍ਹਾ ਕੰਟਰੋਲਰ ਲੁਧਿਆਣਾ ਪੱਛਮੀ ਚੀਮਾ ਨੇ ਦੱਸਿਆ ਕਿ ਇਸ ਰਾਈਸ ਮਿੱਲਰ ਨਾਲ ਵਿਭਾਗ/ਸਰਕਾਰ ਦਾ ਪਿਛਲੇ 15 ਸਾਲਾਂ ਤੋਂ ਕੋਰਟ ਕੇਸ ਚੱਲ ਰਿਹਾ ਸੀ, ਹੁਣ ਇਸ ਮਿੱਲਰ ਵੱਲੋਂ ਪਨਗਰੇਨ ਏਜੰਸੀ ਦੀ ਓ ਟੀ ਐਸ-2025 ਤਹਿਤ ਬਣਦੀ ਰਿਕਵਰੀ ਰਕਮ ਸਰਕਾਰੀ ਖਾਤੇ ਵਿੱਚ ਜਮ੍ਹਾ ਕਰਵਾ ਦਿੱਤੀ ਗਈ ਹੈ।

ਇਹ ਸਕੀਮ ਮਿੱਲਰਾਂ ਲਈ ਬਹੁਤ ਅਸਾਨ, ਪਾਰਦਰਸ਼ੀ ਅਤੇ ਲਾਹੇਵੰਦ ਹੈ ਜਿਸ ਵਿੱਚ ਮਿਲਰ ਪਾਸੋਂ ਅਪਲਾਈ ਕਰਨ ਤੋਂ ਲੈ ਕੇ ਨਾ ਬਕਾਇਆ ਸਰਟੀਫਿਕੇਟ ਜਾਰੀ ਹੋਣ ਤੱਕ ਦੀ ਸਾਰੀ ਪ੍ਰਕਿਰਿਆ ਆਨਲਾਇਨ ਹੈ। ਇਸ ਸਕੀਮ ਸਬੰਧੀ ਕਿਸੇ ਵੀ ਤਰ੍ਹਾਂ ਦੀ ਸੂਚਨਾ ਲੈਣ ਲਈ ਵਿਭਾਗੀ ਪੋਰਟਲ ਜਾਂ ਸਬੰਧਤ ਏਜੰਸੀਆਂ ਦੇ ਜਿਲ੍ਹਾ ਦਫਤਰਾਂ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

## ਹਨੂੰਮਾਨਗੜ੍ਹ ਜੰਕਸ਼ਨ ਡਾਕਘਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਸਿਰਸਾ (ਜਗਤਾਰ ਸਮਾਲਸਰ)**-ਰਾਜਸਥਾਨ ਦੇ ਹਨੂੰਮਾਨਗੜ੍ਹ ਜੰਕਸ਼ਨ ਦੇ ਮੁੱਖ ਡਾਕਘਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਇਹ ਧਮਕੀ ਈਮੇਲ ਰਾਹੀਂ ਦਿੱਤੀ ਗਈ। ਪੁਲਸ ਨੇ ਸਾਵਧਾਨੀ ਵਜੋਂ ਡਾਕਘਰ ਦੀ ਇਮਾਰਤ ਨੂੰ ਤੁਰੰਤ ਖਾਲੀ ਕਰਵਾ ਲਿਆ ਹੈ ਅਤੇ ਪੁਲਸ ਸੁਰੱਖਿਆ ਘੇਰਾਬੰਦੀ ਸਥਾਪਤ ਕਰਨ ਲਈ ਮੌਕੇ 'ਤੇ ਪਹੁੰਚੀ। ਜਾਣਕਾਰੀ ਅਨੁਸਾਰ ਡਾਕ ਵਿਭਾਗ ਦੇ ਅਧਿਕਾਰੀਆਂ ਨੂੰ ਇਮਾਰਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲਾ ਇੱਕ ਸ਼ੱਕੀ ਈਮੇਲ ਮਿਲਿਆ ਤਾਂ ਅਧਿਕਾਰੀਆਂ ਨੇ ਤੁਰੰਤ ਪੂਰੀ ਇਮਾਰਤ ਨੂੰ ਖਾਲੀ ਕਰਕੇ ਪੁਲਸ ਨੂੰ ਸੂਚਿਤ ਕੀਤਾ। ਥਾਣਾ ਹਨੂੰਮਾਨਗੜ੍ਹ ਜੰਕਸ਼ਨ ਦੇ ਇੰਚਾਰਜ ਪੁਲਸ ਟੀਮ ਨਾਲ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਪੂਰੇ ਖੇਤਰ ਦੀ ਘੇਰਾਬੰਦੀ ਕਰਕੇ ਡਾਕਘਰ ਦੇ ਅਹਾਤੇ ਦੀ ਪੂਰੀ ਤਲਾਸ਼ੀ ਲਈ। ਕਿਸੇ ਵੀ ਸੰਭਾਵੀ ਖਤਰੇ ਨੂੰ ਟਾਲਣ ਲਈ ਬੰਬ ਨਿਰੋਧਕ ਦਸਤੇ ਨੂੰ ਵੀ ਮੌਕੇ ਬੁਲਾਇਆ ਗਿਆ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਦੇ ਹਰ ਪਹਿਲੂ ਦੀ ਜਾਂਚ ਕੀਤੀ ਜਾ ਰਹੀ ਹੈ। ਈਮੇਲ ਭੇਜਣ ਵਾਲੇ ਦੀ ਪਛਾਣ ਕਰਨ ਲਈ ਸ਼ੱਕੀ ਈਮੇਲ ਦੀ ਤਕਨੀਕੀ ਜਾਂਚ ਵੀ ਸ਼ੁਰੂ ਕਰ ਦਿੱਤੀ ਗਈ ਹੈ। ਸ਼ੁਰੂਆਤੀ ਜਾਂਚ ਵਿੱਚ ਕੋਈ ਸ਼ੱਕੀ ਵਸਤੂ ਸਾਹਮਣੇ ਨਹੀਂ ਆਈ ਪਰ ਸਾਵਧਾਨੀ ਵਜੋਂ ਪੂਰੀ ਇਮਾਰਤ ਦੀ ਤਲਾਸ਼ੀ ਲਈ ਗਈ ਹੈ। ਲੰਘੀ 10 ਮਾਰਚ ਨੂੰ ਵੀ ਇਸ ਡਾਕਘਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ। ਇਹ ਦੂਜੀ ਵਾਰ ਹੈ ਜਦੋਂ ਡਾਕਘਰ ਨੂੰ ਅਜਿਹੀ ਧਮਕੀ ਮਿਲੀ ਹੈ।


# ਉਤਰ ਰੇਲਵੇ

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 16.04.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਨੂੰ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦੇ ਲਈ ਇਸ ਨਿਵਿਦਾ ਦੇ ਲਈ ਭੁਗਤਾਨ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁੱਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 24.03.2026 | 02.04.2026 | 16.04.2026 /15:00 ਵਜੇ |

| ਨਿਵਿਦਾ ਸੰਖਿਆ,ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|
| 263-2025-26- ADEN-LDH | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਨੁਭਾਗ ਵਿਚ ਲੇਵਲ ਕ੍ਰਾਸਿੰਗ ਦੀ ਮੁਰੰਮਤ ਅਤੇ ਰਖਰਖਾਅ। | | | |
| | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 49,97,868.22 | 1,00,000.00 | 60 ਦਿਨ | 08 ਮਹੀਨੇ |
| ਵਿਸ਼ੇਸ਼ ਤਕਨੀਕੀ ਮਾਨਦੰਡ: "ਕੋਈ ਕੰਮ ਨਹੀਂ।" | | | | |
| 264-2025-26- ADEN-LDH | ਸੀਨੀਅਰ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਲੁਧਿਆਣਾ ਦੀ ਕਲੋਨੀ ਨੰਬਰ 1 ਤੋਂ 13 ਵਿਚ ਪਾਣੀ ਸਪਲਾਈ ਪ੍ਰਬੰਧ ਜਿਵੇਂ ਵਖ-ਵਖ ਸਟਾਫ ਸਹੂਲਤਾਂ ਵਿਚ ਸੁਧਾਰ। | | | |
| | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 4,02,61,943.08 | 8,05,200.00 | 60 ਦਿਨ | 08 ਮਹੀਨੇ |
| ਵਿਸ਼ੇਸ਼ ਤਕਨੀਕੀ ਮਾਨਦੰਡ: "ਟ੍ਰੈਕ ਉਸਾਰੀ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 265-2025-26- ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਦੇ ਤਹਿਤ ਜਲੰਧਰ ਸ਼ਹਿਰ ਦੀ ਕਲੋਨੀ ਨੰਬਰ 1, 2 ਅਤੇ 3 ਵਿਚ ਪਾਣੀ ਸਪਲਾਈ ਪ੍ਰਬੰਧ ਜਿਵੇਂ ਵਖ-ਵਖ ਸਟਾਫ ਸਹੂਲਤਾਂ ਵਿਚ ਸੁਧਾਰ। | | | |
| | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 4,63,45,433.58 | 9,26,900.00 | 60 ਦਿਨ | 08 ਮਹੀਨੇ |
| ਸਮਾਨ ਨੇਚਰ ਦਾ ਕੰਮ: "ਟ੍ਰੈਕ ਉਸਾਰੀ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 266-2025-26- SrDEN-I-FZR | ਵੰਦੇ ਭਾਰਤ ਮਾਰਗ ਸਾਹਨੇਵਾਲ-ਜਲੰਧਰ ਕੈਂਟ-ਭੋਗਪੁਰ ਸਿਰਵਾਲ ਸੇਕਸ਼ਨ ਉਤੇ ਨਜਾਇਜ ਕਬਜੇ ਦੇ ਲਈ ਸੰਵੇਦਨਸ਼ੀਲ ਚੇਹਰੂ, ਫਗਵਾੜਾ, ਫਿਲੌਰ, ਲੋਦੋਵਾਲ ਅਤੇ ਜਲੰਧਰ ਵਿਚ ਆਰ.ਸੀ.ਸੀ. ਸੀਮਾ ਦੀਵਾਰ ਦਾ ਪ੍ਰਾਵਧਾਨ। | | | |
| | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 4,64,95,671.58 | 9,29,900.00 | 60 ਦਿਨ | 08 ਮਹੀਨੇ |
| ਸਮਾਨ ਨੇਚਰ ਦਾ ਕੰਮ: "ਟ੍ਰੈਕ ਉਸਾਰੀ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ.:- 263, 264-2025-26-ADEN-LDH & 265-2025-26-ADEN-JRC & 266-2025-26-SrDEN-I-FZR ਤਾਰੀਕ:25.03.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1032/2026


## ਉੱਤਰ ਪ੍ਰਦੇਸ਼ ਦੀ ਯੋਗੀ ਸਰਕਾਰ ਦਾ ਕਿਸਾਨ ਆਗੂਆਂ 'ਤੇ ਪੁਲਸ ਦਾ ਕਹਿਰ ਨਿੰਦਣਯੋਗ : ਏ ਆਈ ਕੇ ਐੱਸ

**ਲੁਧਿਆਣਾ (ਐਮ ਐਸ ਭਾਟੀਆ)**

ਆਲ ਇੰਡੀਆ ਕਿਸਾਨ ਸਭਾ ਦੇ ਪ੍ਰਧਾਨ ਰਾਜਨ ਕਸ਼ੀਰਸਾਗਰ ਤੇ ਜਨਰਲ ਸਕੱਤਰ ਰਵੁਲਾ ਵੈਂਕਈਆ ਨੇ ਕਿਹਾ ਕਿ ਅਸੀਂ ਜੌਨਪੁਰ, ਸੁਲਤਾਨਪੁਰ, ਮਊ ਤੇ ਯੂਪੀ ਦੇ ਹੋਰ ਸਥਾਨਾਂ 'ਤੇ ਗੈਰ-ਕਾਨੂੰਨੀ ਪੁਲਿਸ ਛਾਪਿਆਂ ਦੁਆਰਾ ਯੂਨੀਅਨ ਦੇ ਆਗੂਆਂ ਰਾਜੇਂਦਰ ਯਾਦਵ, ਜਨਾਰਦਨ ਰਾਮ, ਰਾਮ ਕੁਮਾਰ ਭਾਰਤੀ ਦੀ ਗੈਰ-ਕਾਨੂੰਨੀ ਗ੍ਰਿਫਤਾਰੀ ਦੀ ਨਿੰਦਾ ਕਰਦੇ ਹਾਂ। ਯੋਗੀ ਸਰਕਾਰ ਸ਼੍ਰੀ ਕਾਸ਼ੀ ਧਾਮ ਕੋਰੀਡੋਰ ਤੇ ਹੋਰ ਪ੍ਰੋਜੈਕਟਾਂ ਨੂੰ ਸੱਤਾ ਦੀ ਤਾਕਤ ਦੀ ਵਰਤੋਂ ਕਰਕੇ ਅਤੇ ਕਾਰਪੋਰੇਟ ਮੁਨਾਫ਼ੇ ਨੂੰ ਅੱਗੇ ਵਧਾ ਰਹੀ ਹੈ।ਮੋਦੀ ਸਰਕਾਰ 1.3 ਲੱਖ ਕਰੋੜ ਦੀ ਰੀਅਲ ਅਸਟੇਟ ਕਾਰੋਬਾਰੀ ਯੋਜਨਾ ਨੂੰ ਅੱਗੇ ਵਧਾ ਰਹੀ ਹੈ ।ਸ਼੍ਰੀ ਕਾਸ਼ੀ ਧਾਮ ਕੋਰੀਡੋਰ ਦਾ ਪ੍ਰੋਜੈਕਟ ਇੱਕ ਗੁਜਰਾਤੀ ਕੰਪਨੀ ਐਚਸੀਪੀ ਡਿਜ਼ਾਈਨ ਤੇ ਪ੍ਰਬੰਧਨ ਦੁਆਰਾ ਡਿਜ਼ਾਈਨ ਕੀਤਾ ਗਿਆ ਹੈ।ਇਸ ਰੀਅਲ ਅਸਟੇਟ ਕੋਰੀਡੋਰ ਲਈ ਯੋਗੀ ਦੀ ਅਗਵਾਈ ਵਾਲੀ ਯੂਪੀ ਸਰਕਾਰ ਵਾਰਾਣਸੀ ਦੇ 29 ਪਿੰਡਾਂ ਦੀ ਹਜ਼ਾਰਾਂ ਹੈਕਟੇਅਰ ਜ਼ਮੀਨ ਐਕੁਆਇਰ ਕਰ ਰਹੀ ਹੈ।ਏ.ਆਈ.ਕੇ.ਐਸ ਸ਼੍ਰੀ ਕਾਸ਼ੀ ਧਾਮ ਕੋਰੀਡੋਰ ਅਤੇ ਹੋਰ ਪ੍ਰੋਜੈਕਟਾਂ ਦੇ ਨਾਮ ਹੇਠ ਰੀਅਲ ਅਸਟੇਟ ਕਾਰੋਬਾਰ ਲਈ ਗੈਰ-ਕਾਨੂੰਨੀ ਜ਼ਮੀਨ ਐਕੁਆਇਰ ਕਰਨ ਦੇ ਇਸ ਮੁੱਦੇ ਨੂੰ ਲਗਾਤਾਰ ਉਠਾ ਰਹੀ ਹੈ।ਕਿਸਾਨ ਸਭਾ 2019 ਵਿੱਚ ਮੋਦੀ ਦੁਆਰਾ ਐਲਾਨ ਕੀਤੇ ਜਾਣ ਤੋਂ ਬਾਅਦ ਤੋਂ ਹੀ ਇਸ ਮੁੱਦੇ 'ਤੇ ਲੜ ਰਹੀ ਹੈ।ਏ.ਆਈ.ਕੇ.ਐਸ ਤੇ ਕਿਸਾਨਾਂ ਨੇ ਐਲਾਨ ਕੀਤਾ ਹੈ ਕਿ ਇੱਕ ਵੀ ਇੰਚ ਜ਼ਮੀਨ ਐਕੁਆਇਰ ਨਹੀਂ ਹੋਣ ਦਿੱਤੀ ਜਾਵੇਗੀ।

ਏ.ਆਈ.ਕੇ.ਐਸ ਨੇ 26 ਮਾਰਚ ਨੂੰ ਵਾਰਾਣਸੀ ਦੇ ਪਿੰਡਾਰੀ ਪਿੰਡ ਵਿਖੇ ਕਿਸਾਨ ਮਹਾਂਪੰਚਾਇਤ ਦਾ ਆਯੋਜਨ ਕੀਤਾ ਸੀ।ਕਿਸਾਨ ਤੇ ਪ੍ਰਭਾਵਤ ਲੋਕ ਏ.ਆਈ.ਕੇ.ਐਸ ਨਾਲ ਵੱਡੇ ਪੱਧਰ 'ਤੇ ਲਾਮਬੰਦ ਹੋ ਰਹੇ ਸਨ। ਵਧਦੇ ਵਿਰੋਧ ਦੇ ਡਰੋਂ ਉੱਤਰ ਪ੍ਰਦੇਸ਼ ਪੁਲਸ ਨੇ ਵਾਧੂ ਨਿਆਂਇਕ ਭੂਮਿਕਾ ਦੀ ਵਰਤੋਂ ਕਰਦੇ ਹੋਏ ਸੁਲਤਾਨਪੁਰ, ਮਊ, ਜੌਨਪੁਰ, ਗਾਜ਼ੀਪੁਰ ਤੇ ਪੂਰਵਾਂਚਲ ਦੇ ਹੋਰ ਸਥਾਨਾਂ 'ਤੇ ਕਈ ਏ.ਆਈ.ਕੇ.ਐਸ ਆਗੂਆਂ ਨੂੰ ਗੈਰ-ਕਾਨੂੰਨੀ ਤੌਰ 'ਤੇ ਗ੍ਰਿਫਤਾਰ ਕੀਤਾ।ਏ.ਆਈ.ਕੇ.ਐਸ ਦੇ ਉਪ-ਪ੍ਰਧਾਨ ਤੇ ਯੂਪੀ ਦੇ ਸਾਬਕਾ ਅਸੈਂਬਲੀ ਮੈਂਬਰ ਰਾਜੇਂਦਰ ਨੂੰ ਜੌਨਪੁਰ ਵਿਖੇ ਗ੍ਰਿਫਤਾਰ ਕੀਤਾ ਗਿਆ ਹੈ।ਜਨਾਰਦਨ ਰਾਮ ਦੇ ਨਾਲ ਮਊ ਤੋਂ ਰਾਮ ਕੁਮਾਰ ਭਾਰਤੀ ਨੂੰ ਦੇਰ ਰਾਤ ਉਨ੍ਹਾਂ ਦੇ ਘਰ 'ਤੇ ਗੈਰ-ਕਾਨੂੰਨੀ ਪੁਲਿਸ ਛਾਪੇਮਾਰੀ ਨਾਲ ਗ੍ਰਿਫਤਾਰ ਕੀਤਾ ਗਿਆ।ਗਾਜ਼ੀਪੁਰ, ਸੁਲਤਾਨਪੁਰ ਤੇ ਪੂਰਵਾਂਚਲ ਦੇ ਹੋਰ ਜ਼ਿਲ੍ਹਿਆਂ ਦੇ ਹੋਰ ਏ.ਆਈ.ਕੇ.ਐਸ ਆਗੂਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ।ਇਸ ਦਮਨ ਦੇ ਬਾਵਜੂਦ ਏ.ਆਈ.ਕੇ.ਐਸ ਲੋਕਾਂ ਦੇ ਵਿਸ਼ਵਾਸ ਦੀ ਵਰਤੋਂ ਕਰਦੇ ਹੋਏ ਭਾਜਪਾ ਸਰਕਾਰ ਦੀ ਵਪਾਰਕ ਯੋਜਨਾ ਨਾਲ ਲੜਨ ਲਈ ਦ੍ਰਿੜ ਹੈ।


**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਸ੍ਰੀਮਤੀ ਜਰਨੈਲ ਕੌਰ ਵਿਧਵਾ ਸ੍ਰੀ ਬਲਰਾਜ ਕੁਮਾਰ ਵਾਸੀ ਮਕਾਨ ਨੰ. 330, ਨੂਰਮਹਿਲ ਰੋਡ, ਵਾਰਡ ਨੰ. 15, ਮੁਹੱਲਾ ਰਵਿਦਾਸਪੁਰਾ, ਫਿਲੌਰ, ਜਲੰਧਰ, ਪੰਜਾਬ-144410 2. ਸ੍ਰੀ ਗਗਨਦੀਪ ਪੁੱਤਰ ਸ੍ਰੀ ਬਲਰਾਜ ਕੁਮਾਰ ਵਾਸੀ ਮਕਾਨ ਨੰ. ਬੀ/8/65/ਬੀ, ਨੂਰਮਹਿਲ ਰੋਡ, ਰਵਿਦਾਸਪੁਰਾ, ਫਿਲੌਰ, ਜਲੰਧਰ, ਪੰਜਾਬ-144410, 3. ਸ੍ਰੀ ਸੰਦੀਪ ਕੁਮਾਰ ਪੁੱਤਰ ਸ੍ਰੀ ਬਲਰਾਜ ਕੁਮਾਰ ਵਾਸੀ ਮਕਾਨ ਨੰ. 330, ਨੂਰਮਹਿਲ ਰੋਡ, ਵਾਰਡ ਨੰ. 15, ਮੁਹੱਲਾ ਰਵਿਦਾਸਪੁਰਾ, ਫਿਲੌਰ, ਜਲੰਧਰ, ਪੰਜਾਬ-144410 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ ਅਤੇ ਗਰੰਟਰ) 4. ਸ੍ਰੀ ਸੁਰਿੰਦਰ ਪਾਲ ਪੁੱਤਰ ਗਰੀਬ ਦਾਸ ਵਾਸੀ ਬੀ-8/252, ਤਲਵਣ ਰੋਡ, ਮੁਹੱਲਾ ਰਵਿਦਾਸਪੁਰਾ, ਵਾਰਡ ਨੰ. 15, ਫਿਲੌਰ, ਜਲੰਧਰ, ਪੰਜਾਬ-144410 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/012611000030 'ਚ ਰੁਪਏ 21,15,802.78 ਅਤੇ ਐੱਲ ਏ ਪੀ/012602000068 'ਚ ਰੁਪਏ 7,45,656.92/- ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ 'ਚ ਮੋੜਨ ਲਈ ਮਿਤੀ 12.12.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ/012611000030 'ਚ ਰੁਪਏ 21,15,802.78 ਅਤੇ ਐੱਲ ਏ ਪੀ/012602000068 'ਚ ਰੁਪਏ 7,45,656.92/- ਮਿਤੀ 01.12.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2021-22/180/1/280 ਮਿਤੀ 17.06.2021 ਅਨੁਸਾਰ ਸ੍ਰੀਮਤੀ ਜਰਨੈਲ ਕੌਰ ਵਿਧਵਾ ਸ੍ਰੀ ਬਲਰਾਜ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 6 ਮਰਲਾ 1 ਸਰਸਾਈ, ਪਿੰਡ ਨੰਗਲ ਵਿਖੇ ਸਥਿਤ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 27-03-2026, ਸਥਾਨ : ਫਿਲੌਰ ਸਹੀ/- (ਅਧਿਕਾਰਤ ਅਫਸਰ)



**AXIS BANK**

**Retail Assets Center:** AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001.
**Corporate Office:** 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025
**Registered Office:** 'Trishul', 3rd Floor, Opposite Samartheswar Temple, Law Garden, Ellisbridge, Ahmedabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | 1. ਮੈਸਰਜ਼ ਐੱਸ ਐੱਨ ਫੂਡਜ਼ (ਰਾਹੀਂ ਇਸ ਦੇ ਭਾਈਵਾਲ) ਪਿੰਡ ਹਾਜੀਪੁਰ ਸਲੈਚਾਂ, ਸ਼ਾਹਕੋਟ, ਜਲੰਧਰ, ਪੰਜਾਬ-144702, 2. ਸ੍ਰੀਮਤੀ ਸ਼ਵੇਤਾ ਮਲਹੋਤਰਾ ਪਤਨੀ ਮਨੀਸ਼ ਮਲਹੋਤਰਾ (ਭਾਈਵਾਲ) #1506 ਨੇੜੇ ਹਨੂੰਮਾਨ ਮੰਦਰ, ਵਾਰਡ ਨੰ. 6, ਸ਼ਾਹਕੋਟ, ਜਲੰਧਰ 144702, 3. ਸ੍ਰੀਮਤੀ ਨੀਰਾ ਮਲਹੋਤਰਾ ਪਤਨੀ ਰਿਪੂ ਦਮਨ ਮਲਹੋਤਰਾ (ਭਾਈਵਾਲ) #1033 ਨੇੜੇ ਹਨੂੰਮਾਨ ਮੰਦਿਰ, ਵਾਰਡ ਨੰ. 6 ਸ਼ਾਹਕੋਟ, ਜਲੰਧਰ 144702 | 29-Nov-2024 | 16-Dec-2024 | 25-Mar-2026 | ਰੁਪਏ 1,16,53,611.38/- (ਇੱਕ ਕਰੋੜ ਸੋਲਾਂ ਲੱਖ ਤਰਿਵੰਜਾ ਹਜ਼ਾਰ ਛੇ ਸੌ ਗਿਆਰਾਂ ਰੁਪਏ ਅਤੇ ਅਠੱਤੀ ਪੈਸੇ ਕੇਵਲ) |

**ਰਹਿਣ ਕੀਤੀ ਜਾਇਦਾਦ ਦਾ ਵੇਰਵਾ**

ਤਬਾਦਲਾ ਬੈਨਾਮਾ ਨੰ. 2023-24/177/1/1382 ਮਿਤੀ 29 ਨਵੰਬਰ 2023 ਅਨੁਸਾਰ ਸ੍ਰੀਮਤੀ ਸ਼ਵੇਤਾ ਮਲਹੋਤਰਾ ਦੇ ਨਾਂਅ ਰਜਿਸਟਰਡ ਜ਼ਮੀਨ ਸਮੇਤ ਸਾਰੀਆਂ ਇਮਾਰਤਾਂ ਅਤੇ ਢਾਂਚਾ ਇਸ 'ਤੇ ਫਿਕਸਰ, ਫਿਟਿੰਗਜ਼ ਅਤੇ ਸਾਰਾ ਪਲਾਂਟ ਅਤੇ ਮਸ਼ੀਨਰੀ ਜੋ ਧਰਤੀ ਦੇ ਨਾਲ ਲਗਦੀ ਹੈ ਜਾਂ ਪੱਕੇ ਤੌਰ 'ਤੇ ਧਰਤੀ ਨਾਲ ਜੁੜੀ ਹੋਈ ਦੋਵੇਂ ਮੌਜੂਦਾ ਅਤੇ ਭਵਿੱਖ 'ਚ ਉਸਾਰੀ ਜਾਣ ਵਾਲੀ ਜਾਇਦਾਦ ਰਕਬਾ 3 ਕਨਾਲ 13 ਮਰਲੇ, ਖੇਵਟ ਖਤੌਨੀ ਨੰ. 91/94 ਕਿਲਾ ਨੰ. 11//12(8-0), 13/1 (2-19) ਕੁੱਲ ਜ਼ਮੀਨ ਰਕਬਾ 290/876 ਦਾ 10-19 ਹਿੱਸਾ, ਜਮ੍ਹਾਂਬੰਦੀ ਸਾਲ 2021-2022, ਹੱਦਬਸਤ ਨੰ. 81, ਹਾਜ਼ੀਪੁਰ ਵਿਖੇ ਸਥਿਤ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 28.03.2026 ਸਹੀ/-
ਸਥਾਨ : ਪੰਜਾਬ (ਅਧਿਕਾਰਤ ਅਫ਼ਸਰ), ਐਕਸਿਸ ਬੈਂਕ ਲਿਮਟਿਡ



**AXIS BANK LTD.** ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਉਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੁਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ/ਪਤਾ | ਡਿਮਾਂਡ ਨੋਟਿਸ ਦੀ ਮਿਤੀ / ਐੱਨ ਪੀ ਏ ਦੀ ਮਿਤੀ / ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 1 | 1. ਮੈਸਰਜ਼ ਸ੍ਰੀ ਬਾਲਾ ਜੀ ਟਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀ ਸੁਮਿਤ ਜੈਨ ਪੁੱਤਰ ਜੀਵਨ ਕੁਮਾਰ ਬੀ-1-678/2-ਐੱਚ ਪ੍ਰੇਮ ਨਗਰ ਸਿਵਲ ਲਾਈਨਜ਼ ਲੁਧਿਆਣਾ-141001 | 27 ਨਵੰਬਰ 2025 / 22 ਅਗਸਤ 2025 / 16 ਮਾਰਚ 2026 | ਰੁਪਏ : 4,12,69,328/- (ਚਾਰ ਕਰੋੜ ਬਾਰਾਂ ਲੱਖ ਉਨੱਤਰ ਹਜ਼ਾਰ ਤਿੰਨ ਸੌ ਅਠਾਈ ਰੁਪਏ ਕੇਵਲ) |
| | ਸ੍ਰੀ ਸੁਮਿਤ ਜੈਨ ਪੁੱਤਰ ਜੀਵਨ ਕੁਮਾਰ 1105/2 ਸਿਵਲ ਲਾਈਨ ਵਰਿੰਦਰ ਨਗਰ, ਸਤਿਸੰਗ ਰੋਡ, ਲੁਧਿਆਣਾ-141001, ਸ੍ਰੀਮਤੀ ਰਸ਼ਮੀ ਜੈਨ ਪਤਨੀ ਸੁਮਿਤ ਜੈਨ 1105/2 ਸਿਵਲ ਲਾਈਨਜ਼ ਵਰਿੰਦਰ ਨਗਰ, ਸਤਿਸੰਗ ਰੋਡ, ਲੁਧਿਆਣਾ-141001 | | |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ-1 ਵਪਾਰਕ ਜਾਇਦਾਦ ਪਲਾਟ ਨੰ. 72-ਬੀ, ਰਕਬਾ 110 ਵਰਗ ਗਜ਼, ਮਿਉਂਸਪਲ ਨੰ. ਬੀ-1-702, (ਯੂ ਆਈ ਡੀ ਨੰ. ਬੀ-001-02031) ਪ੍ਰੇਮ ਨਗਰ ਵਿਖੇ ਸਥਿਤ, ਗਲੀ ਨੰ. 3, ਸਿਵਲ ਲਾਈਨਜ਼, ਪਿੰਡ ਮਾਹਲ ਬਗਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਖੱਤਾ ਨੰ. 2117/2683, ਖਸਰਾ ਨੰ. 4578/886-887-888-889/2349/891-893-2350/891-893, ਜਮ੍ਹਾਂਬੰਦੀ ਸਾਲ 2014-2015, ਹੱਦਬਸਤ ਨੰ. 164 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਰਾਮ ਸਰੂਪ ਮਿਲਗਾਨੀ 55'-00" ਤੱਕ, ਪੱਛਮ : ਕੋਮਲ ਕਪੂਰ 55'-0" ਤੱਕ, ਉੱਤਰ : ਐੱਸ ਕੇ ਵਰਮਾ 18'-0" ਤੱਕ, ਦੱਖਣ : ਗਲੀ 18'-0" ਤੱਕ। ਜਾਇਦਾਦ-2, ਵਪਾਰਕ ਜਾਇਦਾਦ ਰਕਬਾ 150 ਵਰਗ ਗਜ਼ ਮਿਉਂਸਪਲ ਨੰ. ਬੀ-34-189 (ਪੁਰਾਣਾ) ਅਤੇ ਬੀ-34-1645 (ਨਵਾਂ) ਚੰਦਰ ਨਗਰ ਵਿਖੇ ਸਥਿਤ, ਪਿੰਡ ਤਰਫ ਪੀਰੂਬੰਦਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਖੱਤਾ ਨੰ. 2038/2415, 2045/2423, ਖਸਰਾ ਨੰ. 2887/661-662, 5300/2886/661-662, ਜਮ੍ਹਾਂਬੰਦੀ ਸਾਲ 2006-2007, ਪਿੰਡ ਤਰਫ ਪੀਰੂਬੰਦਾ, ਹੱਦਬਸਤ ਨੰ. 167 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ 27'-00", ਪੱਛਮ : ਗਲੀ 20' ਚੌੜੀ 27'-00" ਤੱਕ, ਉੱਤਰ : ਸੁਰੇਸ਼ ਕੁਮਾਰ 50'-0" ਤੱਕ, ਦੱਖਣ : ਸ਼ਿਵਵਤੀ 50'-0" | | |
| 2 | ਮੈਸਰਜ਼ ਐਵਰਸ਼ਾਈਨ ਇੰਪੈਕਸ ਇੰਡੀਆ ਰਾਹੀਂ ਇਸ ਦੇ ਮਾਲਕ ਸ੍ਰੀ ਵਿਸ਼ਾਲ ਅੱਗਰਵਾਲ 384, ਇੰਡਸਟਰੀਅਲ ਏਰੀਆ-ਏ, ਲੁਧਿਆਣਾ-141001, ਸ੍ਰੀ ਵਿਸ਼ਾਲ ਅੱਗਰਵਾਲ | 24 ਨਵੰਬਰ 2025 / 18 ਨਵੰਬਰ 2025 / 25 ਮਾਰਚ 2026 | ਰੁਪਏ : 6,42,78,948/- (ਛੇ ਕਰੋੜ ਬਤਾਲੀ ਲੱਖ ਅਠੱਤਰ ਹਜ਼ਾਰ ਨੌਂ ਸੌ ਅਠਤਾਲੀ ਰੁਪਏ ਕੇਵਲ) |
| | ਪੁੱਤਰ ਵਿਪਨ ਅੱਗਰਵਾਲ ਮਕਾਨ ਨੰ. 12, ਵਾਰਡ ਨੰ. 58, ਰੱਖ ਬਾਗ, ਸਿਵਲ ਲਾਈਨਜ਼ ਲੁਧਿਆਣਾ-141001, ਸ੍ਰੀਮਤੀ ਰਚਨਾ ਅਰੋੜਾ ਪਤਨੀ ਵਿਸ਼ਾਲ ਅੱਗਰਵਾਲ, -ਮਕਾਨ ਨੰ. 12, ਵਾਰਡ ਨੰ. 58, ਰੱਖ ਬਾਗ, ਸਿਵਲ ਲਾਈਨਜ਼ ਲੁਧਿਆਣਾ-141001, ਮੈਸਰਜ਼ ਮੋਹਨ ਲਾਲ ਐਂਡ ਸੰਨਜ਼ ਰਾਹੀਂ ਇਸ ਦੇ ਭਾਈਵਾਲ ਸ੍ਰੀ ਵਿਸ਼ਾਲ ਅੱਗਰਵਾਲ ਅਤੇ ਰਚਨਾ ਅੱਗਰਵਾਲ-384, ਇੰਡਸਟਰੀਅਲ ਏਰੀਆ-ਏ, ਲੁਧਿਆਣਾ-141001 | | |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ-1, ਇੰਡਸਟਰੀਅਲ ਜਾਇਦਾਦ ਨਾਲ ਸੰਬੰਧਤ ਪਲਾਟ ਨੰ. 384 ਵਿਖੇ ਸਥਿਤ, ਐੱਮ ਸੀ-ਐੱਲ ਨੰ. ਬੀ-23-731 (ਪੁਰਾਣਾ) ਅਤੇ ਨਵਾਂ ਬੀ-23-2223, ਰਕਬਾ 352.8 ਵਰਗ ਗਜ਼, ਬੈਨਾਮਾ ਵਸੀਕਾ ਨੰ. 29 ਮਿਤੀ 02-04-1973 ਅਨੁਸਾਰ, 'ਇੰਡਸਟਰੀਅਲ ਏਰੀਆ-ਏ' ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐੱਨ/ਏ, ਦੱਖਣ : ਐੱਨ/ਏ। ਜਾਇਦਾਦ-2, ਇੰਡਸਟਰੀਅਲ ਜਾਇਦਾਦ ਨਾਲ ਸੰਬੰਧਤ ਅਤੇ ਪਲਾਟ ਨੰ. 384 ਵਿਖੇ ਸਥਿਤ, ਐੱਮ ਸੀ ਐੱਲ ਨੰ. ਬੀ 23-731 (ਪੁਰਾਣਾ) ਅਤੇ ਨਵਾਂ ਬੀ-23-2223, ਰਕਬਾ 117.6 ਵਰਗ ਗਜ਼, ਬੈਨਾਮਾ ਵਸੀਕਾ ਨੰ. 4235 ਮਿਤੀ 06-08-1971, 'ਇੰਡਸਟਰੀਅਲ ਏਰੀਆ-ਏ' ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐੱਨ/ਏ, ਦੱਖਣ : ਐੱਨ/ਏ, ਜਾਇਦਾਦ-3, ਇੰਡਸਟਰੀਅਲ ਜਾਇਦਾਦ ਨਾਲ ਸੰਬੰਧਤ ਅਤੇ ਪਲਾਟ ਨੰ. 384 ਵਿਖੇ ਸਥਿਤ ਐੱਮ ਸੀ ਐੱਲ ਨੰ. ਬੀ-23-731 (ਪੁਰਾਣਾ) ਅਤੇ ਨਵਾਂ ਬੀ-23-2223, ਰਕਬਾ 117.6 ਵਰਗ ਗਜ਼, ਬੈਨਾਮਾ ਵਸੀਕਾ ਨੰ. 5430 ਮਿਤੀ 16-10-1975, 'ਇੰਡਸਟਰੀਅਲ ਏਰੀਆ-ਏ' ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐੱਨ/ਏ, ਦੱਖਣ : ਐੱਨ/ਏ, । ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਸਾਰੇ ਤਿੰਨੇ ਬੈਨਾਮੇ ਇੱਕੋ ਜਾਇਦਾਦ ਨਾਲ ਸੰਬੰਧਤ ਹਨ। ਕੁੱਲ ਜਾਇਦਾਦ 588 ਵਰਗ ਗਜ਼, ਪਲਾਟ ਨੰ. 384 ਵਿਖੇ ਸਥਿਤ, ਇੰਡਸਟਰੀਅਲ ਏਰੀਆ-ਏ, ਲੁਧਿਆਣਾ, ਪੰਜਾਬ। | | |

ਮਿਤੀ : 28-03-2026, ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**PUNJAB NATIONAL BANK**
Branch Office:- Basti Jodhewal,
Distt. Ludhiana

**ਲਾਕਰ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠ ਦਰਸਾਏ ਵਿਅਕਤੀਆਂ ਨੇ ਬੈਂਕ ਤੋਂ ਲਾਕਰ ਸਹੂਲਤ ਪ੍ਰਾਪਤ ਕੀਤੀ ਹੈ।

| ਲੜੀ ਨੰ. | ਲਾਕਰ ਨੰ. | ਗਾਹਕ ਦਾ ਨਾਂਅ | ਪਤਾ | ਬਕਾਇਆ ਰਕਮ | ਤੋਂ ਬਕਾਇਆ ਰਕਮ |
|---|---|---|---|---|---|
| 1. | AA00035 | ਰਾਕੇਸ਼ ਦੇਵੀ ਅਤੇ ਵਿਪਨ ਕੁਮਾਰ | ਪਤਾ : ਮਕਾਨ ਨੰ. 325/1, ਗਲੀ ਨੰ. 4, ਮਾਧੋਪੁਰੀ ਲੁਧਿਆਣਾ-141007 | Rs. 6000/- Only | 07/02/2024 |
| 2. | AB 00029 | ਮੇਘਾ ਮਲਹੋਤਰਾ ਪਤਨੀ ਸ੍ਰੀ ਲੱਕੀ ਮਲਹੋਤਰਾ | ਪਤਾ : 5637 ਡੀ ਟੀ, 7-8, ਨਿਊ ਸ਼ਿਵਾਜੀ ਨਗਰ, ਲੁਧਿਆਣਾ-141002 | Rs. 8000/- Only | 19.01.2023 |
| 3. | AB 00066 | ਦਰਸ਼ਨ ਲਾਲ ਅਤੇ ਕਿਰਨ ਜੈਨ | ਪਤਾ : ਡੀ-67, ਸੁੰਦਰ ਨਗਰ, ਲੁਧਿਆਣਾ-141007 | Rs. 6946/- Only | 28/08/2022 |
| 4. | AB 00071 | ਸੁਭਾਸ਼ ਤਾਂਗੜੀ ਅਤੇ ਰੇਸ਼ਮਾ ਰਾਣੀ | ਪਤਾ : 3068, ਮਹਾਵੀਰ ਕਾਲੋਨੀ, ਗਲੀ ਨੰ. 1, ਸੁੰਦਰ ਨਗਰ, ਲੁਧਿਆਣਾ-141007 | Rs. 6132/- Only | 22.01.2023 |
| 5. | AC 00090 | ਕ੍ਰਿਸ਼ਨਾ ਦੇਵੀ ਪਤਨੀ ਮਦਨ ਲਾਲ | ਪਤਾ : ਮਕਾਨ ਨੰ. 2416, ਗਲੀ ਨੰ. 4, ਬਸਤੀ ਜੋਧੇਵਾਲ, ਲੁਧਿਆਣਾ-141007 | Rs. 7994/- Only | 12/02/2023 |

ਇਹ ਵਿਅਕਤੀ ਬੈਂਕ ਦੇ ਕਿਰਾਏ 'ਤੇ ਲਏ ਲਾਕਰਾਂ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ ਜਾਂ ਪਿਛਲੇ 3 ਸਾਲਾਂ ਤੋਂ ਵਰਤੋਂ ਨਹੀਂ ਕੀਤੀ। ਬੈਂਕ ਨੇ ਪੱਤਰ ਰਾਹੀਂ ਉਨ੍ਹਾਂ ਦੇ ਬੈਂਕ ਕੋਲ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਹਨ ਤੇ ਕਿਰਾਏ ਦੇ ਲਾਕਰਾਂ ਦੀ ਉਨ੍ਹਾਂ ਨੂੰ ਅਦਾਇਗੀ ਕਰਨ ਦੀ ਸਲਾਹ ਦਿੱਤੀ ਹੈ ਜਾਂ ਜੇਕਰ ਪਿਛਲੇ 3 ਸਾਲਾਂ 'ਚ ਲਾਕਰਾਂ ਨੂੰ ਉਪਰੇਟ ਨਹੀਂ ਕੀਤਾ ਤਾਂ ਉਪਰੇਟ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਇਹ ਨੋਟਿਸ ਨੋਟੀਫਾਈ ਕਰਨ ਲਈ ਅੰਤਮ ਹੈ ਕਿ ਜੇਕਰ ਉਪਰੋਕਤ ਦਰਸਾਏ ਵਿਅਕਤੀ ਬੈਂਕ ਦੇ ਕਿਰਾਏ 'ਤੇ ਲਏ ਲਾਕਰਾਂ ਦੇ ਬਕਾਏ ਅਦਾ ਕਰਨ 'ਚ 01-07-2026 ਨੂੰ ਜਾਂ ਪਹਿਲਾਂ ਲਾਕਰ ਉਪਰੇਟ ਕਰਨ 'ਚ ਨਾਕਾਮ ਰਹਿੰਦੇ ਹਨ ਤਾਂ ਬੈਂਕ ਲਾਕਰ ਦੇ ਕਿਰਾਏਦਾਰ ਦੇ ਜ਼ੋਖਮ ਅਤੇ ਜ਼ਿੰਮੇਵਾਰੀ 'ਤੇ, ਬੈਂਕਿੰਗ ਲਾਅ ਅਤੇ ਪ੍ਰੈਕਟਿਸ ਅਨੁਸਾਰ ਲਾਕਰ ਤੋੜ ਕੇ ਖੋਲ੍ਹ ਦੇਵੇਗਾ ਅਤੇ ਇਸ 'ਚ ਪਈਆਂ ਵਸਤਾਂ ਲੈ ਲਵੇਗਾ, ਜੇਕਰ ਲਾਕਰ 'ਚ ਕੋਈ ਵਸਤ ਪਈ ਹੋਵੇਗੀ ਅਤੇ ਉਨ੍ਹਾਂ ਨੂੰ ਬੈਂਕ ਦੀ ਹਿਫਾਜ਼ਤ 'ਚ ਉਸ ਵੇਲੇ ਤੱਕ ਰੋਕਿਆ ਜਾਵੇਗਾ, ਜਦ ਤਕ ਕਿਰਾਏ ਦਾ ਬਕਾਇਆ ਸਮੇਤ ਵਿਆਜ, ਖਰਚੇ, ਚਾਰਜਿਜ਼ ਆਦਿ ਬੈਂਕ ਨੂੰ ਅਦਾ ਨਹੀਂ ਕਰ ਦਿੱਤੇ ਜਾਂਦੇ।

ਬੈਂਕ ਨੂੰ ਕੈਸ਼ ਐਡਜਸਟ ਕਰਨ ਦਾ ਅਧਿਕਾਰ ਪ੍ਰਾਪਤ ਹੈ, ਜੇਕਰ ਉਪਰੋਕਤ ਵਿਅਕਤੀਆਂ ਦਾ ਲਾਕਰ ਵਿਰੁੱਧ ਕੋਈ ਬਕਾਇਆ ਮਿਲਦਾ ਹੈ ਅਤੇ ਦਾਅਵੇ ਵਿਰੁੱਧ ਸਹੀ ਡਿਸਚਾਰਜ ਮੰਨ ਲਿਆ ਜਾਵੇਗਾ ਅਤੇ ਉਸ ਤੋਂ ਬਾਅਦ ਵਿਚਾਰ ਕੀਤਾ ਜਾਵੇਗਾ। ਬੈਂਕ ਦੇ ਕਿਰਾਏ ਦੇ ਬਾਕੀ ਰਹਿੰਦੇ ਬਕਾਏ ਦੀ ਵਸੂਲੀ ਲਈ ਬੈਂਕ ਲਾਕਰ ਦੇ ਕਿਰਾਏਦਾਰ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦਾ ਹੱਕ ਰੱਖਦਾ ਹੈ।

ਮਿਤੀ : 27-03-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਡਾ. ਰਵਜੋਤ ਸਿੰਘ ਨੇ ਜੇਲ੍ਹ ਮੰਤਰੀ ਦਾ ਅਹੁਦਾ ਸੰਭਾਲਿਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵਿੱਚ ਨਵੇਂ ਜੇਲ੍ਹ ਮੰਤਰੀ ਵਜੋਂ ਡਾ. ਰਵਜੋਤ ਸਿੰਘ ਨੇ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ। ਇਸ ਤੋਂ ਇਲਾਵਾ ਉਹ ਐੱਨ ਆਰ ਆਈ ਤੇ ਸੰਸਦੀ ਮਾਮਲੇ ਆਦਿ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਨਿਭਾ ਰਹੇ ਹਨ।ਚਾਰਜ ਸੰਭਾਲਣ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਦੇ ਕੇ, ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਖਰੇ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।ਇਸ ਮੌਕੇ ਉਨ੍ਹਾਂ ਨੇ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ, ਜਿਸ ਵਿੱਚ ਵਿਭਾਗ ਦੇ ਚੱਲ ਰਹੇ ਕੰਮਾਂ,



ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ 'ਤੇ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਕਿਹਾ ਕਿ ਜੇਲ੍ਹ ਵਿਭਾਗ ਨੂੰ ਹੋਰ ਸੁਧਾਰਿਆ ਜਾਵੇਗਾ ਤੇ ਕੈਦੀਆਂ ਲਈ ਬਿਹਤਰ ਸੁਵਿਧਾਵਾਂ ਅਤੇ ਸੁਧਾਰਾਤਮਕ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਕੇਂਦਰ ਨਹੀਂ, ਸਗੋਂ ਸੁਧਾਰ ਦੇ ਕੇਂਦਰ ਬਣਾਉਣ 'ਤੇ ਖਾਸ ਧਿਆਨ ਦਿੱਤਾ ਜਾਵੇਗਾ।ਨਵੇਂ ਜੇਲ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਵਿਭਾਗ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਮਨੁੱਖੀ ਅਧਿਕਾਰਾਂ ਦੀ ਪਾਲਣਾ ਅਤੇ ਜੇਲ ਪ੍ਰਣਾਲੀ ਨੂੰ ਆਧੁਨਿਕ ਅਤੇ ਪ੍ਰਭਾਵਸ਼ਾਲੀ ਬਣਾਉਣਾ ਯਕੀਨੀ ਬਣਾਉਣ ਲਈ ਵੀ ਕਿਹਾ।

# ਅੱਖਾਂ ਦਾ ਫਰੀ ਚੈੱਕਅੱਪ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਵੱਲੋਂ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 5 ਵਾਂ ਅੱਖਾਂ ਦਾ ਫਰੀ ਚੈੱਕਅੱਪ ਕੈਂਪ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਟੋਡਰਪੁਰ ਵਿਖੇ ਲਗਾਇਆ ਗਿਆ। ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅੱਪ ਕਰਕੇ ਦਵਾਈਆਂ ਫਰੀ ਵਿੱਚ ਦਿੱਤੀਆਂ ਗਈਆਂ। ਹਸਪਤਾਲ ਦੀ ਡਾਕਟਰਾਂ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅੱਪ 85 ਮਰੀਜ਼ਾਂ ਨੂੰ ਅੱਖਾਂ ਦੇ ਆਪਰੇਸ਼ਨ ਲਈ ਲਾਇਨਜ਼ ਆਈ ਹਸਪਤਾਲ ਆਦਪੁਰ ਵਿਖੇ ਬੁਲਾਇਆ ਗਿਆ । ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਸਥਾ ਦੀ ਅਤੇ ਹਸਪਤਾਲ ਦੀ ਡਾਕਟਰਾਂ ਦੀ ਟੀਮ ਨੂੰ ਗੁਰੂ ਘਰ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ



ਗੁਰੂ ਘਰ ਵਜ਼ੀਰ ਭਾਈ ਸਰਵਣ ਸਿੰਘ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਰਸ਼ਪਾਲ ਸਿੰਘ ਖਾਲਸਾ ਟੋਡਰਪੁਰ, ਆਈ ਡੋਨੇਟ ਚੇਅਰਮੈਨ ਹਰਵਿੰਦਰ ਸਿੰਘ ਪਰਹਾਰ,ਪ੍ਰਧਾਨ ਬਲਵੀਰ ਸਿੰਘ, ਬਲਜੀਤ ਸਿੰਘ ਬਿੱਲਾ ਅਜਨੋਹਾ, ਡਾਕਟਰ ਕੁਲਦੀਪ ਸਿੰਘ, ਜਤਿੰਦਰ ਸਿੰਘ ਰਾਣਾ ਖਾਲਸਾ ਮੁਖਲਿਆਣਾ, ਸੁਰਿੰਦਰ ਪਾਲ ਸਿੰਘ ਅਜਨੋਹਾ,ਲੰਬੜਦਾਰ ਪਰਮਜੀਤ ਸਿੰਘ ਜਲਵੇਹੜਾ, ਬਰਿੰਦਰ ਸਿੰਘ ਬਿੰਦਰ ਪੰਜੋੜ, ਅਮਰਜੀਤ ਸਿੰਘ ਕੁਕੋਵਾਲ, ਅਮਰਜੀਤ ਸਿੰਘ ਕਾਲਰਾ,ਲਖਵਿੰਦਰ ਸਿੰਘ,ਗੁਰਪਾਲ ਸਿੰਘ ਨਡਾਲੋਂ, ਅਵਤਾਰ ਸਿੰਘ ਕੁਕੋਵਾਲ, ਅਰਸ਼ਦੀਪ ਸਿੰਘ, ਮਨਜੀਤ ਕੌਰ, ਤੇਜਿੰਦਰ ਕੌਰ,ਸਰਨਜੀਤ ਕੌਰ, ਏਕਮ ਸਿੰਘ, ਨਿਮਰਤਾ ਕੌਰ, ਜਪਨੂਰ ਸਿੰਘ,ਗੁਰਪ੍ਰੀਤ ਸਿੰਘ, ਕੁਲਜਿੰਦਰ ਕੌਰ, ਜਸਪ੍ਰੀਤ ਕੌਰ ਪਰਮਜੀਤ ਕੌਰ, ਕੁਲਵਿੰਦਰ ਕੌਰ, ਬਲਜੀਤ ਕੌਰ, ਬਲਵੀਰ ਸਿੰਘ ,ਗੁਰਦੇਵ ਸਿੰਘ,ਬਤਨਵੀਰ ਸਿੰਘ, ਜਸਵੰਤ ਕੌਰ,ਇੰਦਰਜੀਤ ਕੌਰ, ਬਲਵੀਰ ਕੌਰ,ਮਨਜੀਤ ਕੌਰ ਗੁਰਲੀਨ ਕੌਰ, ਸ਼ਰਨਦੀਪ ਕੌਰ,ਹਰਸ਼ਦੀਪ ਸਿੰਘ ਤੇ ਹਰਜੀਤ ਸਿੰਘ ਆਦਿ ਹਾਜ਼ਰ ਸਨ।

# ਏ ਆਈ ਡਾਟਾ ਸੈਂਟਰ ਬਣਾਉਣਾ ਵਾਤਾਵਰਣ ਲਈ ਗੰਭੀਰ ਖਤਰਾ ਬਣ ਸਕਦਾ : ਸ਼ਰਮਾ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਹਾਊਸਿੰਗ ਐਂਡ ਅਰਬਨ ਡਿਵੈਲਪਮੈਂਟ ਵਿਭਾਗ ਵੱਲੋਂ 3 ਮਾਰਚ 2026 ਨੂੰ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਤਹਿਤ ਮੋਹਾਲੀ ਤਹਿਸੀਲ ਦੇ ਪਿੰਡ ਸਫੀਪੁਰ, ਨਡਿਆਲੀ, ਧਰਮਗੜ੍ਹ ਅਤੇ ਰੁੜਕਾ ਵਿੱਚ ਗਮਾਡਾ ਵੱਲੋਂ ਪ੍ਰਸਤਾਵਿਤ ਐਕਸਪੋ ਸਿਟੀ ਪ੍ਰੋਜੈਕਟ ਲਈ ਸੋਸ਼ਲ ਇੰਪੈਕਟ ਅਸੈਸਮੈਂਟ ਕਰਨ ਦੀ ਗੱਲ ਕੀਤੀ ਗਈ ਹੈ। ਇਸ ਮਾਮਲੇ 'ਤੇ ਇਕ ਪ੍ਰੈਸ ਕਾਨਫਰੰਸ ਦੌਰਾਨ ਡੇਰਾਬੱਸੀ ਦੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵਪਾਰ ਤੇ ਉਦਯੋਗ ਵਿੰਗ ਅਤੇ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦਲ ਮੋਹਾਲੀ ਦੇ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਸਰਕਾਰ 'ਤੇ ਕਈ ਗੰਭੀਰ ਇਲਜ਼ਾਮ ਲਗਾਏ। ਉਨ੍ਹਾਂ ਕਿਹਾ ਕਿ ਇਹ ਨੋਟੀਫਿਕੇਸ਼ਨ ਨਿਆਇਕ ਮੁਆਵਜ਼ਾ ਅਤੇ ਪਾਰਦਰਸ਼ਤਾ ਨਾਲ ਜ਼ਮੀਨ ਅਧਿਗ੍ਰਹਿਣ, ਪੁਨਰਵਾਸ ਅਤੇ ਪੁਨਰਸਥਾਪਨਾ ਅਧਿਨਿਯਮ 2013 ਦੀ ਧਾਰਾ 4(1) ਅਧੀਨ ਜਾਰੀ ਕੀਤੀ ਗਈ ਹੈ, ਪਰ ਸਰਕਾਰ ਨੇ ਧਾਰਾ 2(1)(ਈ) ਨੂੰ ਗਲਤ ਢੰਗ ਨਾਲ ਦਰਸਾ ਕੇ ਗ੍ਰਾਮ ਸਭਾਵਾਂ ਅਤੇ ਜ਼ਮੀਨ ਮਾਲਕਾਂ ਦੀ ਪੂਰਵ ਸਹਿਮਤੀ ਦੀ ਲਾਜ਼ਮੀ



ਸ਼ਰਤ ਨੂੰ ਨਜ਼ਰਅੰਦਾਜ਼ ਕਰਨ ਦੀ ਕੋਸ਼ਿਸ਼ ਕੀਤੀ ਹੈ। ਐੱਨ ਕੇ ਸ਼ਰਮਾ ਨੇ ਕਿਹਾ ਕਿ ਕਾਨੂੰਨ ਵਿੱਚ ਸਪਸ਼ਟ ਤੌਰ 'ਤੇ ਯੋਜਨਾਬੱਧ ਵਿਕਾਸ ਦੇ ਨਾਲ ਨਾਲ ਪਿੰਡਾਂ ਦੀ ਵਿਕਾਸ ਯੋਜਨਾ, ਅਰਬਨ ਇਲਾਕਿਆਂ ਵਿੱਚ ਸਾਈਟ ਸੁਧਾਰ ਅਤੇ ਕਮਜ਼ੋਰ ਵਰਗਾਂ ਲਈ ਰਿਹਾਇਸ਼ੀ ਜ਼ਮੀਨ ਦੇ ਪ੍ਰਬੰਧ ਦੀ ਗੱਲ ਵੀ ਦਰਜ ਹੈ। ਪਰ ਨੋਟੀਫਿਕੇਸ਼ਨ ਵਿੱਚ ਇਸ ਦਾ ਹਿੱਸਾ ਹਟਾ ਕੇ ਲੋਕਾਂ ਦੀ ਸਹਿਮਤੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸੋਸ਼ਲ ਇੰਪੈਕਟ ਅਸੈਸਮੈਂਟ ਦੀ ਗੱਲ ਤਾਂ ਕੀਤੀ ਗਈ ਹੈ, ਪਰ ਇਹ ਸਿਰਫ਼ ਇਕ ਰਸਮੀ ਕਾਰਵਾਈ ਜਾਪਦੀ ਹੈ ਕਿਉਂਕਿ ਸ਼ੁਰੂ ਤੋਂ ਹੀ ਗ੍ਰਾਮ ਸਭਾਵਾਂ ਦੀ ਭੂਮਿਕਾ ਘਟਾਈ ਜਾ ਰਹੀ ਹੈ। ਇਸਦੇ ਨਾਲ ਹੀ ਨੋਟੀਫਿਕੇਸ਼ਨ ਵਿੱਚ ਲੈ ਕੇ ਆਏ ਇਨਵਾਇਰਮੈਂਟਲ ਇੰਪੈਕਟ ਅਸੈਸਮੈਂਟ ਦਾ ਕੋਈ ਜ਼ਿਕਰ ਨਹੀਂ ਹੈ, ਜੋ ਕਿ ਇਸ ਤਰ੍ਹਾਂ ਦੇ ਵੱਡੇ ਪ੍ਰੋਜੈਕਟ ਲਈ ਲਾਜ਼ਮੀ ਹੁੰਦਾ ਹੈ। ਐੱਨ ਕੇ ਸ਼ਰਮਾ ਨੇ ਦੱਸਿਆ ਕਿ ਇਸ ਐਕਸਪੋ ਸਿਟੀ ਦਾ ਇਕ ਵੱਡਾ ਹਿੱਸਾ ਏ ਆਈ ਡਾਟਾ ਸੈਂਟਰ ਬਣਾਉਣ ਦੀ ਯੋਜਨਾ ਹੈ, ਜੋ ਵਾਤਾਵਰਣ ਲਈ ਗੰਭੀਰ ਖਤਰਾ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਨੇ ਵੀ 2024 ਦੀ ਰਿਪੋਰਟ ਵਿੱਚ ਚੇਤਾਵਨੀ ਦਿੱਤੀ ਹੈ ਕਿ ਏ ਆਈ ਦੇ ਵਧਦੇ ਇਸਤੇਮਾਲ ਨਾਲ ਊਰਜਾ, ਪਾਣੀ ਅਤੇ ਕੁਦਰਤੀ ਸਰੋਤਾਂ ਦੀ ਖਪਤ ਕਾਫ਼ੀ ਵਧ ਰਹੀ ਹੈ ਅਤੇ ਇਸ ਨਾਲ ਪ੍ਰਦੂਸ਼ਣ ਅਤੇ ਈ-ਵੇਸਟ ਦਾ ਖਤਰਾ ਵੀ ਵਧਦਾ ਹੈ।

# ਪ੍ਰਦੇਸ਼ ਵਿੱਚ 1 ਹਜ਼ਾਰ 719 ਕਿਲੋਮੀਟਰ ਲੰਬੇ ਰਾਸ਼ਟਰੀ ਰਾਜਮਾਰਗਾਂ ਦਾ ਕੀਤਾ ਨਿਰਮਾਣ : ਨਾਇਬ ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਦੇਸ਼ ਵਿੱਚ ਸੜਕ ਨੈੱਟਵਰਕ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸੜਕ ਸੁਰੱਖਿਆ ਲਈ ਕਈ ਠੋਸ ਕਦਮ ਚੁੱਕੇ ਗਏ ਹਨ। ਬਲੈਕ ਸਪਾਟਸ ਦੀ ਪਛਾਣ ਤੇ ਸੁਧਾਰ, ਟ੍ਰੈਫਿਕ ਮੈਨੇਜਮੈਂਟ ਸਿਸਟਮ ਦਾ ਆਧੁਨਿਕੀਕਰਨ, ਜਾਗਰੂਕਤਾ ਮੁਹਿੰਮਾਂ ਅਤੇ ਨਵੀਆਂ ਤਕਨੀਕਾਂ ਦੀ ਵਰਤੋਂ ਰਾਹੀਂ ਸੜਕ ਹਾਦਸਿਆਂ ਨੂੰ ਘੱਟ ਕਰਨ ਦੇ ਯਤਨ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਭਾਰਤੀ ਸੜਕ ਕਾਂਗਰਸ (ਆਈ ਆਰ ਸੀ) ਅਤੇ ਲੋਕ ਨਿਰਮਾਣ ਵਿਭਾਗ ਹਰਿਆਣਾ ਵੱਲੋਂ ਸੜਕ ਸੁਰੱਖਿਆ ਹੱਲ ਵਿਸ਼ੇ 'ਤੇ ਆਯੋਜਿਤ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਦੇ ਉਦਘਾਟਨ ਤੋਂ ਬਾਅਦ ਆਪਣਾ ਸੰਬੋਧਨ ਦੇ ਰਹੇ ਸਨ। ਪ੍ਰੋਗਰਾਮ ਵਿੱਚ ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ ਵੀ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮੰਤਰੀ ਨੇ ਦੀਪ ਜਗਾ ਕੇ ਕੀਤੀ। ਮੁੱਖ ਮੰਤਰੀ ਨੇ ਇਸ ਦੌਰਾਨ ਰਾਮ ਨੌਮੀ ਅਤੇ ਨਵਰਾਤਰਿਆਂ ਦੀ ਵਧਾਈ ਤੇ ਸ਼ੁਭਕਾਮਨਾਵਾਂ ਵੀ ਦਿੱਤੀਆਂ।

# ਮੋਬਾਇਲ ਦੀ ਦੁਨੀਆਂ ਚ ਗੁਮਰਾਹ ਹੋ ਰਿਹਾ ਅੱਜ ਦਾ ਬਚਪਨ : ਰਾਹੁਲ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਅਜੋਕੇ ਯੁੱਗ ਵਿੱਚ ਮੋਬਾਇਲ ਤਕਨੀਕ ਨੇ ਜਿੱਥੇ ਇਨਸਾਨੀ ਜ਼ਿੰਦਗੀ ਨੂੰ ਕਈ ਪ੍ਰਕਾਰ ਦੀਆਂ ਸਹੂਲਤਾਂ ਮੁਹੱਈਆ ਕਰਵਾ ਦਿੱਤੀਆਂ ਹਨ ਉਥੇ ਹੀ ਇਸਦੇ ਕੁਝ ਅਜਿਹੇ ਮਾੜੇ ਪ੍ਰਭਾਵ ਵੀ ਸਾਹਮਣੇ ਆ ਰਹੇ ਹਨ ਜੋ ਕਿ ਆਉਣ ਵਾਲੀ ਪੀੜੀ ਲਈ ਬਹੁਤ ਹੀ



ਘਾਤਕ ਸਿੱਧ ਹੋ ਸਕਦੇ ਹਨ। ਮੋਬਾਈਲ ਫੋਨ ਜਿਹੜਾ ਕਿ ਪਹਿਲਾਂ ਸਿਰਫ ਆਪਸੀ ਸੰਪਰਕ ਦਾ ਹੀ ਸਾਧਨ ਹੁੰਦਾ ਸੀ ਪਰ ਅੱਜ ਕੱਲ ਦੇ ਦੌਰ ਵਿੱਚ ਬੱਚਿਆਂ ਦੇ ਹੱਥਾਂ ਵਿੱਚ ਆਉਣ ਕਾਰਨ ਇਹ ਉਨ੍ਹਾਂ ਦੇ ਭਵਿੱਖ ਨੂੰ ਅੰਧਕਾਰ ਦੀਆਂ ਗਹਿਰਾਈਆਂ ਵਿੱਚ ਡੁਬੋ ਰਿਹਾ ਹੈ। ਬੱਚਿਆਂ ਦੇ ਭਵਿੱਖ ਨੂੰ ਬਚਾਉਣ ਅਤੇ ਆਮ ਜਨਤਾ ਨੂੰ ਇਸ ਸਬੰਧੀ ਜਾਗ੍ਰਿਤ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ਼ਾਮਿਲ ਉੱਘੇ ਸਮਾਜ ਸੇਵੀ ਗੋਪਾ ਬੜਿਆਲ, ਜ਼ਿਲਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲਾ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲਾ ਵਾਈਸ ਚੇਅਰਮੈਨ ਸੰਜੀਵ ਖੰਨਾ, ਗੁਰਨਾਮ ਸਿੰਘ ਗੋਣੀ, ਗੌਰਵ ਬੇਦੀ ਅਤੇ ਪਰਮਜੀਤ ਬਾਬੂ ਤੋਂ ਇਲਾਵਾ ਹੋਰ ਸੰਸਥਾਵਾਂ ਦੇ ਆਗੂਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਬੱਚਿਆਂ ਵੱਲੋਂ ਮੋਬਾਇਲ ਫੋਨ ਦਾ ਜਿਆਦਾ ਅਤੇ ਗਲਤ ਕੀਤਾ ਗਿਆ ਇਸਤੇਮਾਲ ਇੱਕ ਕਿਸਮ ਦਾ ਸਲੋਅ-ਪੋਆਇਜਨ ਦਾ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਇੱਕ ਜਗ੍ਹਾ ਤੇ ਬੈਠ ਕੇ ਮੋਬਾਈਲ ਦੀ ਬਹੁਤ ਜਿਆਦਾ ਵਰਤੋਂ ਕਰਨ ਕਾਰਨ ਬੱਚਿਆਂ ਦੀ ਸਰੀਰਕ ਹਿਲਜੁਲ ਲਗਭਗ ਖ਼ਤਮ ਹੋ ਚੁੱਕੀ ਹੈ ਜਦਕਿ ਪਹਿਲਾਂ ਬੱਚੇ ਆਪਸ ਵਿੱਚ ਕਈ ਪ੍ਰਕਾਰ ਦੀਆਂ ਖੇਡਾਂ ਖੇਡਦੇ ਰਹਿੰਦੇ ਸਨ। ਉਨ੍ਹਾਂ ਕੇਂਦਰ ਸਰਕਾਰ ਨੂੰ ਪੁਰਜੋਰ ਅਪੀਲ ਕੀਤੀ ਕਿ ਆਉਣ ਵਾਲੀ ਪੀੜੀ ਦੇ ਭਵਿੱਖ ਨੂੰ ਧਿਆਨ 'ਚ ਰੱਖਦੇ ਹੋਏ ਉਹ ਵੀ ਭਾਰਤ ਵਿੱਚ 14 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੇ ਇੰਟਰਨੈਟ ਦੀ ਵਰਤੋਂ ਤੇ ਬੈਨ ਲਗਾ ਦੇਵੇ। ਉਨ੍ਹਾਂ ਕਿਹਾ ਕਿ ਸਾਡੀ ਸ਼ਿਵ ਸੈਨਾ ਹਿੰਦੁਸਤਾਨ ਪਿੰਡ-ਪਿੰਡ ਜਾ ਕੇ ਸੈਮੀਨਾਰ ਆਯੋਜਿਤ ਕਰਕੇ ਲੋਕਾਂ ਨੂੰ ਜਾਗ੍ਰਿਤ ਕਰ ਰਹੀ ਹੈ ਤਾਂ ਜੋ ਬੱਚਿਆਂ ਨੂੰ ਮੋਬਾਇਲ ਦੀ ਵਰਤੋਂ ਕਰਨ ਤੇ ਰੋਕਿਆ ਜਾ ਸਕੇ।

# ਗ੍ਰਾਮ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 1 ਲੱਖ ਦੀ ਗਰਾਂਟ ਜਾਰੀ



**ਪੋਜੇਵਾਲ (ਰਾਮ ਲਾਲ)**- ਜ਼ਿਲ੍ਹਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਪਿੰਡ ਕੌਲਗੜ੍ਹ ਦੀ ਗ੍ਰਾਮ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 1 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ। ਇਹ ਰਾਸ਼ੀ ਚੇਅਰਮੈਨ ਜਲਾਲਪੁਰ ਨੇ ਆਪਣੇ ਜ਼ਿਲ੍ਹਾ ਯੋਜਨਾ ਬੋਰਡ ਦੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਦੇ ਸ਼ਮਸ਼ਾਨ ਘਾਟ ਦੀ ਉਸਾਰੀ ਅਤੇ ਮੁਰੰਮਤ ਲਈ ਦਿੱਤੀ ਹੈ। ਇਸ ਮੌਕੇ ਮਾਰਕੀਟ ਕਮੇਟੀ ਬਲਾਚੌਰ ਦੇ ਚੇਅਰਮੈਨ ਸੇਠੀ ਉਧਨੋਵਾਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਗਰਾਂਟ ਦਾ ਚੈੱਕ ਸੌਂਪਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਸ਼ਮਸ਼ਾਨ ਘਾਟ ਦੀ ਉਸਾਰੀ ਸਬੰਧੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ। ਪਿੰਡ ਦੀ ਇਸ ਜ਼ਰੂਰੀ ਲੋੜ ਨੂੰ ਮੁੱਖ ਰੱਖਦਿਆਂ ਹੀ ਇਹ ਰਾਸ਼ੀ ਜਾਰੀ ਕੀਤੀ ਗਈ ਹੈ ਤਾਂ ਜੋ ਵਿਕਾਸ ਕਾਰਜਾਂ ਵਿੱਚ ਕੋਈ ਰੁਕਾਵਟ ਨਾ ਆਵੇ। ਉਨ੍ਹਾਂ ਭਰੋਸਾ ਦਿੱਤਾ ਕਿ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਪਿੰਡ ਕੌਲਗੜ੍ਹ ਦੇ ਸਾਬਕਾ ਸਰਪੰਚ ਗੁਰਦੇਵ ਸਿੰਘ, ਦਵਿੰਦਰ ਸਿੰਘ ਬਿੰਦੂ ਲੰਡਨ, ਬਲਕਾਰ ਸਿੰਘ ਚੌਧਰੀ, ਗੁਰਵਿੰਦਰ ਸਿੰਘ ਨੰਬਰਦਾਰ ਅਤੇ ਜੁਝਾਰ ਸਿੰਘ ਸਾਬਕਾ ਸਰਪੰਚ ਨੇ ਚੇਅਰਮੈਨ ਜਲਾਲਪੁਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਗਰਾਂਟ ਨਾਲ ਪਿੰਡ ਦੀ ਇੱਕ ਵੱਡੀ ਸਮੱਸਿਆ ਹੱਲ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਫੌਜੀ, ਜਸਕਰਨ ਸਿੰਘ, ਸੁਖਦੇਵ ਸਿੰਘ, ਪਰਮਜੀਤ ਸਿੰਘ ਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਕੁਸ਼ਟ ਆਸ਼ਰਮ ਵਿਖੇ ਮਨਾਇਆ ਰਾਮ ਨੌਮੀ ਦਾ ਤਿਉਹਾਰ

**ਫਿਲੌਰ, (ਨਿਰਮਲ)**- ਫਿਲੌਰ ਦੇ ਨਜ਼ਦੀਕੀ ਹਾਈਵੇ ਸਥਿਤ ਸਤਲੁਜ ਕੁਸਟ ਆਸ਼ਰਮ ਵਿਖੇ ਧੂਮਧਾਮ ਨਾਲ ਰਾਮ ਨੌਮੀ ਦਾ ਤਿਉਹਾਰ ਮਨਾਇਆ ਗਿਆ। ਕੁਸ਼ਟ ਆਸ਼ਰਮ ਵਿਚ ਰਹਿ ਰਹੇ ਸ਼ਰਧਾਲੂਆਂ ਤੇ ਇਲਾਕੇ ਦੇ ਸ਼ਰਧਾਲੂਆਂ ਨੇ ਰਾਮ ਭਜਨ ਗਾਇਨ ਕੀਤੇ।ਸ਼ਰਧਾਲੂਆਂ ਲਈ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ। ਰਾਮ ਨੌਮੀ ਦੇ ਪਵਿੱਤਰ ਤਿਉਹਾਰ ਤੇ ਕੁਸ਼ਟ ਆਸ਼ਰਮ ਦੀ ਕਮੇਟੀ ਪ੍ਰਧਾਨ ਲੋਬੋ ਪ੍ਰਧਾਨ, ਉੱਪ ਪ੍ਰਧਾਨ ਰਾਮੇਸ਼ਵਰ, ਸੈਕਟਰੀ ਦੇਵ, ਉੱਪ ਸੇਕਟਰੀ ਰਣਜੀਤ, ਕੈਸ਼ੀਅਰ ਮਨਿਕ ਲਾਲ, ਉੱਪ ਕੈਸ਼ੀਅਰ ਗਣੇਸ਼, ਸਾਧੂ ਪ੍ਰਧਾਨ, ਸੋਮਨਾਥ, ਕੌਂਤਵਾਲ



ਸ਼ਿਵ ਮਹੰਤੋ, ਉੱਪ ਕੌਂਤਵਾਲ ਗੋਬਿੰਦ, ਮੁਕੇਸ਼ , ਸੰਦਾਮ ਅਤੇ ਹੋਰ ਮੈਂਬਰਾਂ ਵੱਲੋਂ ਸਮੂਹ ਸੰਗਤਾਂ ਨੂੰ ਰਾਮ ਨੌਮੀ ਦੀਆਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਵੱਲੋਂ ਦਿੱਤੇ ਮਾਨਵਤਾ ਦੇ ਸੰਦੇਸ਼ ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਖ਼ੂਨਦਾਨ ਕੈਂਪ 14 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਵਿਸਾਖੀ ਦੇ ਪਵਿੱਤਰ ਤਿਉਹਾਰ ਤੇ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਡਰੋਲੀ ਕਲਾਂ ਵਿਖੇ 14 ਅਪ੍ਰੈਲ ਦਿਨ ਮੰਗਲਵਾਰ ਨੂੰ ਸਵੇਰੇ 7 ਵਜੇ ਤੋਂ ਸ਼ਾਮ ਪੰਜ ਵਜੇ ਤੱਕ ਮਾਣਯੋਗ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਜੀ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਤੁਹਾਡੀ ਆਪਣੀ ਐਨ ਜੀ ਓ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਖਾਲਸਾ ਬਲੱਡ ਯੂਨਿਟ ਸ੍ਰੀ ਅੰਮ੍ਰਿਤਸਰ ਜੀ ਦੇ ਵੱਡੇ ਸਹਿਯੋਗ ਨਾਲ 61 ਵਾ ਸਵੈਂ ਇੱਛਕ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ।

## ਐਨ ਆਰ ਆਈਜ਼ ਨੇ ਸਕੂਲ ਦੇ ਵਿਕਾਸ ਲਈ ਨਕਦ ਰਾਸ਼ੀ ਦਾਨ ਕੀਤੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬੀਤੇ ਦਿਨੀਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ ਕਲਾਂ, ਚੀਮਾ ਖੁਰਦ ਦੇ ਸਰਬਪੱਖੀ ਵਿਕਾਸ ਲਈ ਅਤੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਲਈ ਐਨ ਆਰ ਆਈ ਵੱਲੋਂ ਨਕਦ ਰਾਸ਼ੀ ਦਿੱਤੀ ਗਈ। ਜਿਵੇਂ ਕਿ ਗੁਰਮੁੱਖ ਸਿੰਘ ਚੀਮਾ ਨੇ ਇੱਕ ਲੱਖ ਰੁਪਏ, ਸੁਰਿੰਦਰ ਸਿੰਘ ਇੰਗਲੈਂਡ ਨਿਵਾਸੀ ਨੇ ਇੱਕ ਲੱਖ ਰੁਪਏ, ਕਰਨੈਲ ਸਿੰਘ ਚੀਮਾ ਨੇ ਇੱਕ ਲੱਖ ਰੁਪਏ, ਸਾਈਮਨ ਚੀਮਾ ਨੇ ਇੱਕ ਲੱਖ ਰੁਪਏ ਸਕੂਲ ਦੇ ਵਿਕਾਸ ਲਈ ਦਾਨ ਵਜੋਂ ਦਿੱਤੇ। ਇਸ ਮੌਕੇ ਪਰਮਜੀਤ ਕੌਰ ਸਰਪੰਚ ਚੀਮਾ ਕਲਾਂ, ਪਰਮਜੀਤ ਕੌਰ ਸਰਪੰਚ ਚੀਮਾ ਖੁਰਦ, ਜਗਦੀਸ਼ ਸਿੰਘ ਸਾਬਕਾ ਸਰਪੰਚ, ਕੁਲਦੀਪ ਸਿੰਘ ਸਾਬਕਾ ਸਰਪੰਚ, ਇਕਬਾਲ ਸਿੰਘ ਚੀਮਾ, ਹਰਨੇਕ ਸਿੰਘ ਚੀਮਾ, ਸਰਵਣ ਸਿੰਘ, ਸਕੂਲ ਇੰਚਾਰਜ ਕੁਮਾਰੀ ਸੁਨੀਤਾ ਅਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ । ਖੁਸ਼ਪਾਲ ਚੀਮਾ ਅਤੇ ਪ੍ਰਿੰਸੀਪਲ ਗੀਨਾ ਸ਼ਰਮਾ ਨੇ ਐਨ ਆਰ ਆਈਜ਼ ਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।

# ਹਰਜੋਤ ਬੈਂਸ ਨੇ ਵਕੀਲ ਭਾਈਚਾਰੇ ਲਈ ਤਿਆਰ ਹੋਏ ਚੈਂਬਰਾਂ ਨੂੰ ਬਿਜਲੀ ਤੇ ਹੋਰ ਸਹੂਲਤਾਂ ਦੇਣ ਦਾ ਕੀਤਾ ਐਲਾਨ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਬੀ ਬੀ ਐੱਮ ਬੀ ਤੇ ਵਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਸ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਹਮੇਸ਼ਾ ਨੰਗਲ ਦਾ ਉਜਾੜਾ ਕਰਨ ਵਾਲੀ ਬੀ ਬੀ ਐੱਮ ਬੀ ਹੁਣ ਵਕੀਲ ਭਾਈਚਾਰੇ ਨੂੰ ਵੀ ਬੁਨਿਆਦੀ ਸਹੂਲਤਾਂ ਦੇਣ ਤੋਂ ਪਾਸਾ ਵੱਟ ਰਹੀ ਹੈ। ਪੰਜਾਬ ਸਰਕਾਰ ਵੱਲੋਂ ਵਕੀਲਾਂ ਦੇ ਚੈਂਬਰਾਂ ਤੱਕ ਬਿਜਲੀ ਪਹੁੰਚਾਉਣ ਅਤੇ ਵਕੀਲ ਭਾਈਚਾਰੇ ਨੂੰ 300 ਯੂਨਿਟ ਤੱਕ ਮੁਫਤ ਬਿਜਲੀ ਦੇਣ ਦਾ ਵਾਅਦਾ ਜਲਦੀ ਪੂਰਾ ਹੋਵੇਗਾ। ਨੰਗਲ ਵਿੱਚ ਤਿਆਰ ਚੈਂਬਰਾਂ ਨੂੰ ਅਰਦਾਸ ਉਪਰੰਤ ਸ਼ੁਰੂ ਕਰਨ ਮੌਕੇ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਿਛਲੇ 6 ਮਹੀਨੇ ਤੋਂ ਵਕੀਲ ਆਪਣੀਆਂ ਬੁਨਿਆਦੀ ਲੋੜਾਂ ਬਿਜਲੀ, ਪਾਣੀ ਲਈ ਚੱਕਰ ਕੱਟ ਰਹੇ ਹਨ, ਪ੍ਰੰਤੂ ਬੀ ਬੀ ਐੱਮ ਬੀ ਟਾਲ ਮਟੋਲ ਦਾ ਰਵੱਈਆਂ ਅਪਨਾ ਰਹੀ ਹੈ। ਅਸੀ ਹੁਣ ਇਹ ਫੈਸਲਾ ਕੀਤਾ ਹੈ ਕਿ ਵਕੀਲਾ ਅਤੇ ਆਉਣ ਵਾਲੇ ਨਾਗਰਿਕਾਂ ਨੂੰ ਹੁਣ ਸੜਕਾਂ ਤੇ ਖੜ ਕੇ ਦਸਤਾਵੇਜ ਨਹੀ ਤਿਆਰ ਕਰਨੇ ਪੈਣਗੇ, ਸਗੋਂ ਹੁਣ ਉਨ੍ਹਾਂ ਦੇ ਆਪਣੇ ਚੈਂਬਰਾਂ ਵਿਚ ਸਹੂਲਤਾਂ ਉਪਲੱਬਧ ਹੋਣਗੀਆਂ। ਇਸ ਨਾਲ ਇਸ ਇਲਾਕੇ ਵਿੱਚ ਨਿਆਂ ਪ੍ਰਣਾਲੀ ਨਾਲ ਸਬੰਧਿਤ ਰੋਜ਼ਗਾਰ ਉਪਲੱਬਧ ਹੋਣਗੇ। ਉਨ੍ਹਾਂ ਨੇ ਕਿਹਾ ਕਿ ਨੰਗਲ



ਵਿਚ ਦੋ ਥਾਵਾਂ ਨੂੰ ਸ਼ਾਰਟ ਲਿਸਟ ਕੀਤਾ ਗਿਆ ਹੈ, ਜਿੱਥੇ ਨਵਾ ਜੁਡੀਸ਼ੀਅਲ ਕੋਰਟ ਕੰਪਲੈਕਸ ਉਸਾਰਿਆ ਜਾਵੇਗਾ। ਇਸ ਦੇ ਲਈ ਮਾਣਯੋਗ ਹਾਈਕੋਰਟ ਦੇ ਨਿਯਮਾਂ ਅਨੁਸਾਰ 5 ਏਕੜ ਜ਼ਮੀਨ ਦੀ ਚੋਣ ਕੀਤੀ ਜਾ ਰਹੀ ਹੈ। ਇਸ ਮੌਕੇ ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਰੂਪਨਗਰ ਆਮ ਆਦਮੀ ਪਾਰਟੀ, ਐਡਵੋਕੇਟ ਮਨੀਸ਼ ਮਹਿਰਾ ਵਾਈਸ ਪ੍ਰੈਸੀਡੈਂਟ ਬਾਰ ਨੰਗਲ, ਅਮਨਦੀਪ, ਅਭਿਸ਼ੇਕ ਸ਼ਰਮਾ ਨੀਰਜ ਸ਼ਰਮਾ , ਨਿਸ਼ਾਂਤ ਗੁਪਤਾ, ਉਮੇਸ , ਨਿਖਿਲ ਭਾਰਦਵਾਜ ਸੈਕਟਰੀ ਬਾਰ ਅਨੰਦਪੁਰ ਸਾਹਿਬ, ਨਰੇਸ਼ ਬਿੱਟੂ, ਅਰਵਿੰਦਰ ਸਿੰਘ ਵਾਲੀਆ, ਵਿਸ਼ਾਲ ਚੰਦੇਲ ਵਾਈਸ ਪ੍ਰੈਸੀਡੈਂਟ ਬਾਰ ਅਨੰਦਪੁਰ ਸਾਹਿਬ , ਵਿਕਰਾਂਤ ਸਿੰਘ, ਪਰਮਿੰਦਰ ਸਿੰਘ , ਚਰਨਜੀਤ ਸਿੰਘ , ਹਰਦੀਪ ਵਾਲੀਆ , ਰਾਜੇਸ਼ , ਕੇਵਲ ਕ੍ਰਿਸ਼ਨ, ਸੰਜੇ ਰਾਜਪੂਤ, ਅਭਿਸ਼ੇਕ ਕੁਮਾਰ, ਸੁਰੇਸ਼ ਚੌਧਰੀ, ਅਰੁਣ ਕੌਸ਼ਲ, ਐਡਵੋਕੇਟ ਰਜਿਤ ਬੇਦੀ ਹਾਜ਼ਰ ਸਨ।

## ਗ਼ਜ਼ਲਗੋ ਗੁਰਦਿਆਲ ਰੌਸ਼ਨ ਨੂੰ ਬਾਵਾ ਬਲਵੰਤ ਯਾਦਗਾਰੀ ਐਵਾਰਡ

**ਚੰਡੀਗੜ੍ਹ (ਸੁਰਜੀਤ ਸੁਮਨ)**- ਉਸਤਾਦ ਗ਼ਜ਼ਲਗੋ ਗੁਰਦਿਆਲ ਰੌਸ਼ਨ ਨੂੰ ਬਾਵਾ ਬਲਵੰਤ ਯਾਦਗਾਰੀ ਐਵਾਰਡ 28 ਮਾਰਚ, 2026 ਨੂੰ ਸਵੇਰੇ 9.30 ਵਜੇ ਤੋਂ 1.00 ਵਜੇ ਤੱਕ, ਚੰਡੀਗੜ੍ਹ ਮਿਊਜ਼ੀਅਮ ਐਂਡ ਆਰਟ ਗੈਲਰੀ, ਆਡੀਟੋਰੀਅਮ ਹਾਲ, ਸੈਕਟਰ 10, ਚੰਡੀਗੜ੍ਹ ਵਿਖੇ ਹੋ ਰਹੇ ਸਮਾਗਮ ਦੌਰਾਨ



ਪ੍ਰਦਾਨ ਕੀਤਾ ਜਾਵੇਗਾ। ਇਸ ਸਬੰਧੀ ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ (ਰਜਿ.) ਦੇ ਚੇਅਰਮੈਨ ਇੰਜ. ਜਸਪਾਲ ਸਿੰਘ ਦੇਸੂਵੀ ਅਤੇ ਜਨਰਲ ਸਕੱਤਰ ਭਗਤ ਰਾਮ ਰੰਗਾਰਾ ਨੇ ਕਿਹਾ ਕਿ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਾ. ਸਰਬਜੀਤ ਸਿੰਘ ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਲਖਵਿੰਦਰ ਜੌਹਲ ਸ਼ਿਰਕਤ ਕਰ ਰਹੇ ਹਨ। ਉਨ੍ਹਾਂ ਵੱਲੋਂ ਸਾਹਿਤ ਪ੍ਰੇਮੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਨਿੱਘਾ ਸੱਦਾ ਦਿੱਤਾ ਹੈ।

# ਮਹਿਫਲ ਮਿੱਤਰਾਂ ਦੀ ਸਾਹਿਤਕ ਪ੍ਰੋਗਰਾਮ 'ਚ ਸ਼ਾਇਰਾਂ ਨੇ ਰੰਗ ਬੰਨ੍ਹੇ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਕੱਤਰੇਤ ਸਾਹਿਤ ਸਭਾ ਦੇ ਪ੍ਰਧਾਨ ਮਲਕੀਅਤ ਸਿੰਘ ਔਜਲਾ ਵੱਲੋਂ 'ਮਹਿਫਲ ਮਿੱਤਰਾਂ ਦੀ' ਸਾਹਿਤਕ ਸਮਾਗਮ ਕਰਵਾਇਆ ਗਿਆ। ਗੀਤ, ਕਵਿਤਾਵਾਂ ਤੇ ਗ਼ਜ਼ਲਾਂ ਦੇ ਸੁਮੇਲ ਵਿੱਚ ਰੰਗੀ ਇਸ ਮਹਿਫਲ ਵਿੱਚ ਵੀਹ ਦੇ ਕਰੀਬ ਨਵੇਂ ਅਤੇ ਹੰਢੇ ਵਰਤੇ ਨਾਮਵਰ ਸ਼ਾਇਰਾਂ ਵੱਲੋਂ ਵੰਨ-ਸੁਵੰਨੀਆਂ ਰਚਨਾਵਾਂ ਪੇਸ਼ ਕੀਤੀਆਂ। ਇਸ ਸਬੰਧੀ ਔਜਲਾ ਨੇ ਦੱਸਿਆ ਕਿ ਉਹਨਾਂ ਵੱਲੋਂ ਨੌਜਵਾਨਾਂ ਨੂੰ ਆਪਣੇ ਸਾਹਿਤਕ ਵਿਰਸੇ ਅਤੇ ਪੰਜਾਬੀ ਮਾਂ ਬੋਲੀ



ਨਾਲ ਜੋੜਨ ਲਈ ਅਜਿਹੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ ਤੇ ਨਵੇਂ ਲੇਖਕਾਂ ਨੂੰ ਪੁਰਾਣੇ ਹੰਢੇ-ਵਰਤੇ ਸਾਹਿਤਕਾਰਾਂ ਨਾਲ ਮਿਲਣ ਦਾ ਮੌਕਾ ਵੀ ਮਿਲਦਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਉੱਘੇ ਗਾਇਕ ਅਮਰ ਵਿਰਦੀ ਵੱਲੋਂ ਧਾਰਮਿਕ ਰਚਨਾ ਗਾ ਕੇ ਕੀਤੀ। ਉਸ ਤੋਂ ਬਾਅਦ ਸਕੱਤਰੇਤ ਸਾਹਿਤ ਸਭਾ ਦੇ ਸਾਬਕਾ ਪ੍ਰਧਾਨ ਬਾਬੂ ਰਾਮ ਦੀਵਾਨਾ, ਸੁਰਜੀਤ ਸੁਮਨ, ਜਸਪਾਲ ਸਿੰਘ ਦੇਸੂਵੀ, ਪ੍ਰਤਾਪ ਪਾਰਸ ਗੁਰਦਾਸਪੁਰੀ, ਭਗਤ ਰਾਮ ਰੰਗਾੜਾ, ਧਿਆਨ ਸਿੰਘ ਕਾਹਲੋਂ, ਸੁਖਵਿੰਦਰ ਦੁਰਾਲੀ, ਪਿਆਰਾ ਸਿੰਘ ਰਾਹੀ, ਭੁਪਿੰਦਰ ਮਟੌਰੀਆ, ਗਗਨ ਝੱਜ ਦੁਰਾਲੀ, ਇੰਦਰਜੀਤ ਪ੍ਰੇਮੀ, ਮੰਦਰ ਸਿੰਘ ਗਿੱਲ ਸਾਹਿਬਚੰਦੀਆ ਤੇ ਸਰਬਜੀਤ ਸਿੰਘ ਪੱਡਾ ਨੇ ਖੂਬਸੂਰਤ ਰਚਨਾਵਾਂ ਸੁਣਾਈਆਂ। ਰਾਜ ਕੁਮਾਰ ਸਾਹੋਵਾਲੀਆ ਨੇ ਮੰਚ ਸੰਚਾਲਨ ਦੇ ਨਾਲ ਨਾਲ ਆਪਣੀ ਕਵਿਤਾ ਵੀ ਪੇਸ਼ ਕੀਤੀ। ਇਸੇ ਤਰ੍ਹਾਂ ਮਲਕੀਅਤ ਔਜਲਾ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਆਪਣੀ ਇੱਕ ਰਚਨਾ ਵੀ ਪੇਸ਼ ਕੀਤੀ। ਪ੍ਰੋਗਰਾਮ ਦੇ ਅਖੀਰ ਵਿੱਚ ਜਿੱਥੇ ਅਮਰ ਵਿਰਦੀ, ਗੁਰਿੰਦਰ ਗੁਰੀ, ਭੁਪਿੰਦਰ ਝੱਜ ਤੇ ਮਲਕੀਅਤ ਔਜਲਾ ਨੇ ਮਿਲਕੇ ਇਹ ਰੌਣਕ ਦੋ ਘੜੀਆਂ ਜਾਣਾ ਵਿੱਛੜ ਭਰਾਵੋ ਮੇਲਾ ਅਤੇ ਜੱਗ ਜੰਕਸ਼ਨ ਰੇਲਾਂ ਦਾ ਗੱਡੀ ਇੱਕ ਆਵੇ ਇੱਕ ਜਾਵੇ, ਸੁਣਾ ਕੇ ਮਹਿਫਲ ਲੁੱਟੀ।

## ਪੈਟਰੋਲ ਤੇ ਡੀਜ਼ਲ ਲਈ ਭਾਰੀ ਭੀੜ 'ਤੇ ਲੱਗੀਆਂ ਲੰਮੀਆਂ ਲਾਈਨਾਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਮਹਾਨਗਰ ਵਿਚ ਪੈਟਰੋਲ ਤੋਂ ਡੀਜ਼ਲ ਨੂੰ ਲੈ ਕੇ ਪੰਪਾਂ ਉੱਤੇ ਭਾਰੀ ਇਕੱਠ ਦੇਖਣ ਨੂੰ ਮਿਲ ਰਿਹਾ ਹੈ। ਇਸ ਕਾਰਨ ਸ਼ਹਿਰ ਦੀ ਜਨਤਾ ਨੂੰ ਭਾਰੀ ਪਰੇਸ਼ਾਨੀ ਦਾ



ਸਾਹਮਣਾ ਕਰਨਾ ਪੈ ਰਿਹਾ ਹੈ। ਪੰਪਾਂ ਉੱਤੇ ਪੈਟਰੋਲ ਖਤਮ ਹੋਣ ਵਰਗੀਆਂ ਅਫਵਾਹਾਂ ਫੈਲਣ ਕਾਰਨ ਲੋਕ ਰਾਤ ਤੇ ਦਿਨ ਲੰਮੀਆਂ ਲਾਈਨਾਂ ਵਿਚ ਲੱਗਣ ਲੱਗ ਪਏ ਹਨ। ਕਈ ਘੰਟਿਆਂ ਦੀ ਉਡੀਕ ਤੋਂ ਬਾਅਦ ਲੋਕ ਆਪਣੇ ਵਾਹਨਾਂ ਵਿਚ ਤੇਲ ਭਰਵਾਉਣ ਵਿਚ ਸਫਲ ਹੋ ਰਹੇ ਹਨ। ਸ਼ਹਿਰ ਦੇ ਕਈ ਪੈਟਰੋਲ ਪੰਪਾਂ ਉੱਤੇ ਪੂਰਾ ਦਿਨ ਸਿਰਫ ਪ੍ਰੀਮੀਅਮ ਪੈਟਰੋਲ ਹੀ ਉਪਲਬਧ ਰਿਹਾ, ਜਦਕਿ ਆਮ ਪੈਟਰੋਲ ਵਿਚ ਥੋੜ੍ਹੀ ਘਾਟ ਵੀ ਨਜ਼ਰ ਆਈ ਪਰ ਪੰਪ ਵਾਲਿਆਂ ਵੱਲੋਂ ਇਸ ਗੱਲ ਦੀ ਕੋਈ ਪੁਸ਼ਟੀ ਨਹੀਂ ਕੀਤੀ ਗਈ।ਦਿਨ ਚੜ੍ਹਦੇ ਹੀ ਸ਼ਹਿਰ ਦੇ ਵੱਖ ਵੱਖ ਪੈਟਰੋਲ ਪੰਪਾਂ ਉੱਤੇ ਲਾਈਨਾਂ ਲੱਗਣੀਆਂ ਸ਼ੁਰੂ ਹੋ ਗਈਆਂ।ਸਵਿਧਾਨ ਚੌਕ, ਵਰਕਸ਼ਾਪ ਚੌਕ ਤੇ ਪਟੇਲ ਚੌਕ ਨੇੜੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਬਣ ਗਈਆਂ। ਲੋਕਾਂ ਵਿਚ ਪੈਟਰੋਲ ਖਤਮ ਹੋਣ ਦੀ ਆਸ਼ੰਕਾ ਕਾਰਨ ਅਫਰਾ ਤਫਰੀ ਵਾਲਾ ਮਾਹੌਲ ਬਣ ਗਿਆ ਤੇ ਕਈ ਲੋਕ ਘਬਰਾ ਕੇ ਬਾਰ ਬਾਰ ਆਪਣੇ ਵਾਹਨਾਂ ਵਿਚ ਤੇਲ ਭਰਵਾਉਂਦੇ ਨਜ਼ਰ ਆਏ। ਇਸ ਨਾਲ ਟਰੈਫਿਕ ਵੀ ਜਾਮ ਹੋ ਗਿਆ ਤੇ ਆਮ ਲੋਕਾਂ ਨੂੰ ਆਉਣ ਜਾਣ ਵਿਚ ਬਹੁਤ ਮੁਸ਼ਕਿਲ ਆਈ।

# ਗ੍ਰਿਫ਼ਤਾਰ ਤਰਵਿੰਦਰ ਸਿੰਘ ਰਾਜ ਨੂੰ ਪੁਲਸ ਨੇ ਪੁੱਛਗਿੱਛ ਤੋਂ ਬਾਅਦ ਛੱਡਿਆ

**ਜਲੰਧਰ (ਸ਼ੈਲੀ ਐਲਬਰਟ)** ਜਲੰਧਰ ਦੇ ਡਿਪਸ ਇੰਟਰਨੈਸ਼ਨਲ ਸਕੂਲ ਦੇ ਮਾਲਕ ਤਰਵਿੰਦਰ ਸਿੰਘ ਰਾਜੂ ਨੂੰ ਪੁਲਸ ਨੇ ਪੁੱਛਗਿੱਛ ਤੋਂ ਬਾਅਦ ਰਿਹਾਅ ਕਰ ਦਿੱਤਾ ਹੈ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਜਲਾਲਾਬਾਦ ਪੁਲਸ ਦੀ ਟੀਮ ਸਵੇਰੇ ਤਰਵਿੰਦਰ ਰਾਜੂ ਅਤੇ ਉਸ ਦੀ ਪਤਨੀ ਨੂੰ ਪੁੱਛਗਿੱਛ ਲਈ ਆਪਣੇ ਨਾਲ ਲੈ ਗਈ ਸੀ। ਪਤਾ ਲੱਗਾ ਕਿ ਜਲਾਲਾਬਾਦ ਵਿੱਚ ਕਿਸੇ ਜ਼ਮੀਨ ਨੂੰ ਲੈ ਕੇ ਵਿਵਾਦ ਸੀ। ਸੂਤਰਾਂ ਅਨੁਸਾਰ ਜਲੰਧਰ 'ਚ



ਸਕੂਲ ਮਾਲਕ ਦੇ ਘਰ 'ਤੇ ਪੁਲਸ ਵੱਲੋਂ ਛਾਪੇਮਾਰੀ ਅਤੇ ਪੁਲਸ ਵੱਲੋਂ ਸਕੂਲ ਮਾਲਕ ਨੂੰ ਪੁਲਸ ਵੱਲੋਂ ਚੁੱਕ ਕੇ ਲੈ ਗਈ ਸੀ। ਪੁਲਿਸ ਨੇ ਇਸ ਪੂਰੇ ਮਾਮਲੇ ਵਿਚ 9 ਧਾਰਾਵਾਂ ਲਗਾਈਆਂ ਹਨ ਜਿਨ੍ਹਾਂ ਵਿਚ ਧੋਖਾਧੜੀ ਤੇ ਹੋਰ ਗੰਭੀਰ ਇਲਜ਼ਾਮ ਸ਼ਾਮਲ ਹਨ। ਪੁਲਿਸ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ ਤੇ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਵਾਈ ਪੂਰੀ ਤਰ੍ਹਾਂ ਕਾਨੂੰਨ ਅਨੁਸਾਰ ਕੀਤੀ ਗਈ।

# ਐੱਲ ਪੀ ਯੂ ਨੇ ਏ ਆਈ ਯੂ ਈ-ਸਪੋਰਟਸ ਚੈਂਪੀਅਨਸ਼ਿਪ 'ਚ ਓਵਰਆਲ ਚੈਂਪੀਅਨ ਖਿਤਾਬ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**- ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਨੋਇਡਾ ਵਿੱਚ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ (ਏ ਆਈ ਯੂ) ਦੀ ਅਗਵਾਈ ਹੇਠ ਆਯੋਜਿਤ ਆਲ ਇੰਡੀਆ ਇੰਟਰ-ਯੂਨੀਵਰਸਿਟੀ (ਏ ਆਈ ਯੂ) ਈ-ਸਪੋਰਟਸ ਚੈਂਪੀਅਨਸ਼ਿਪ 2025-26 ਐਡੀਸ਼ਨ ਵਿੱਚ ਓਵਰਆਲ ਚੈਂਪੀਅਨ ਖਿਤਾਬ ਹਾਸਲ ਕੀਤਾ। ਦੇਸ਼ ਭਰ ਦੀਆਂ 16 ਯੂਨੀਵਰਸਿਟੀਆਂ ਅਤੇ 400 ਤੋਂ ਵੱਧ ਭਾਗੀਦਾਰਾਂ ਦੇ ਵਿਰੁੱਧ ਮੁਕਾਬਲਾ ਕਰਦੇ ਹੋਏ, ਐੱਲ ਪੀਯੂ ਦੀ ਜਿੱਤ ਨੇ ਇੱਕ ਸ਼ਾਨਦਾਰ ਮੁਹਿੰਮ ਨੂੰ ਸਮਾਪਤ ਕੀਤਾ। ਯੂਨੀਵਰਸਿਟੀ ਨੇ ਪੁਰਸ਼ ਅਤੇ ਮਹਿਲਾ ਦੋਵਾਂ ਸ਼੍ਰੇਣੀਆਂ ਵਿੱਚ ਜਿੱਤ ਪ੍ਰਾਪਤ ਕੀਤੀ, ਅਤੇ ਰਾਸ਼ਟਰੀ ਈ-ਸਪੋਰਟਸ ਖੇਤਰ ਵਿੱਚ ਆਪਣਾ ਸਪੱਸ਼ਟ ਦਬਦਬਾ ਸਥਾਪਿਤ ਕੀਤਾ। ਵੈਲੋਰੈਂਟ ਅਤੇ ਬੀ ਜੀ ਐੱਮ ਆਈ ਵਰਗੀਆਂ ਮੁੱਖ ਸ਼੍ਰੇਣੀਆਂ ਵਿੱਚ ਮੁਕਾਬਲਾ ਕਰਦੇ ਹੋਏ, ਐੱਲਪੀਯੂ ਟੀਮਾਂ ਨੇ ਬੀ ਜੀ ਐੱਮ ਆਈ (ਪੁਰਸ਼), ਬੀ ਜੀ ਐੱਮ ਆਈ (ਮਹਿਲਾ), ਵੈਲੋਰੈਂਟ (ਪੁਰਸ਼), ਅਤੇ ਵੈਲੋਰੈਂਟ (ਮਹਿਲਾ) ਵਿੱਚ ਜੇਤੂ ਸਥਾਨ



ਪ੍ਰਾਪਤ ਕੀਤੇ। ਇਹ ਵਿਆਪਕ ਜਿੱਤ ਨਾ ਸਿਰਫ ਵਿਅਕਤੀਗਤ ਉੱਤਮਤਾ ਨੂੰ ਦਰਸਾਉਂਦੀ ਹੈ ਬਲਕਿ ਸਾਰੀਆਂ ਟੀਮਾਂ ਵਿੱਚ ਮਜ਼ਬੂਤ ਤਾਲਮੇਲ, ਤਿਆਰੀ ਅਤੇ ਪ੍ਰਤੀਯੋਗੀ ਇਕਸਾਰਤਾ ਨੂੰ ਵੀ ਉਜਾਗਰ ਕਰਦੀ ਹੈ।

ਚੈਂਪੀਅਨਸ਼ਿਪ ਵਿੱਚ ਜ਼ਬਰਦਸਤ ਮੁਕਾਬਲਾ ਹੋਇਆ, ਜਿੱਥੇ ਐਲਪੀਯੂ ਖਿਡਾਰੀਆਂ ਨੇ ਦਬਾਅ ਹੇਠ ਰਣਨੀਤਕ ਸੋਚ, ਤੇਜ਼ ਫੈਸਲਾ ਲੈਣ ਅਤੇ ਸੰਜਮ ਦਾ ਪ੍ਰਦਰਸ਼ਨ ਕੀਤਾ। ਸਾਰੀਆਂ ਸ਼੍ਰੇਣੀਆਂ ਵਿੱਚ ਸਫਲਤਾ ਵਿਅਕਤੀਗਤ ਪ੍ਰਾਪਤੀਆਂ ਦੀ ਬਜਾਏ ਯੂਨੀਵਰਸਿਟੀ ਦੇ ਸਿਖਲਾਈ, ਟੀਮ ਵਰਕ ਅਤੇ ਸ਼ਾਨਦਾਰ ਵਾਤਾਵਰਣ ਨੂੰ ਦਰਸਾਉਂਦੀ ਹੈ।ਈ-ਖੇਡਾਂ ਇੱਕ ਸੰਰਚਿਤ ਅਤੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਮੁਕਾਬਲੇ ਵਿੱਚ ਵਿਕਸਤ ਹੋਈਆਂ ਹਨ, ਜਿਸ ਵਿੱਚ ਤੇਜ਼ੀ ਨਾਲ ਵਧ ਰਹੀ ਦਰਸ਼ਕ ਸੰਖਿਆ ਅਤੇ ਭਾਗੀਦਾਰੀ ਅਧਾਰ ਹੈ। ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਡਿਜੀਟਲ ਯੁੱਗ ਖੇਡਾਂ ਦੇ ਦ੍ਰਿਸ਼ ਨੂੰ ਮੁੜ ਪਰਿਭਾਸ਼ਿਤ ਕਰ ਰਿਹਾ ਹੈ, ਅਤੇ ਰਵਾਇਤੀ ਵਿਸ਼ਿਆਂ ਦੇ ਨਾਲ-ਨਾਲ ਈ-ਸਪੋਰਟਸ ਨੂੰ ਮਾਨਤਾ ਮਿਲ ਰਹੀ ਹੈ।

# ਵਾਘਾ ਬਾਰਡਰ ਵਪਾਰ ਦੇ ਖੋਲਣ ਦੇ ਪੱਖ 'ਚ ਕਾਨਫਰੰਸ ਅੱਜ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਆਪਣੀ ਪੱਕੀ ਅਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਦੁਹਰਾਉਂਦਾ ਹੈ ਕਿ ਵਾਘਾ ਬਾਰਡਰ ਰਾਹੀਂ ਸਰਹੱਦੀ ਵਪਾਰ ਨੂੰ ਤੁਰੰਤ ਦੁਬਾਰਾ ਸ਼ੁਰੂ ਕੀਤਾ ਜਾਵੇ। ਪਾਰਟੀ ਇਸ ਨੂੰ ਆਰਥਿਕ ਪੁਨਰਜਾਗਰਣ, ਖੇਤਰੀ ਸਹਿਯੋਗ ਅਤੇ ਟਿਕਾਊ ਅਮਨ ਲਈ ਬਹੁਤ ਜ਼ਰੂਰ ਮੰਨਦੀ ਹੈ। ਪਾਰਟੀ ਇਹ ਵੀ ਜ਼ੋਰ ਦੇ ਕੇ ਕਹਿੰਦੀ ਹੈ ਕਿ ਇਹ ਸਿਰਫ਼ ਆਰਥਿਕ ਮਸਲਾ ਨਹੀਂ, ਸਗੋਂ ਪੰਜਾਬ ਦੇ ਲੋਕਾਂ ਲਈ ਇਤਿਹਾਸਕ ਅਤੇ ਰਣਨੀਤਿਕ ਲੋੜ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਾਘਾ ਬਾਰਡਰ ਤੇ 28 ਮਾਰਚ ਨੂੰ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੀ ਜਾ ਰਹੀ ਵੱਡੀ ਕਾਨਫਰੰਸ ਸਬੰਧੀ ਗੱਲਬਾਤ ਕਰਦਿਆਂ ਕੀਤਾ ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਚੜਦੇ ਅਤੇ ਲਹਿੰਦੇ ਪੰਜਾਬ ਵਿਚਕਾਰ ਵਪਾਰ ਦੀ ਦੁਬਾਰਾ ਸ਼ੁਰੂਆਤ ਨਾਲ ਖਿੱਤੇ ਦੇ ਕਿਸਾਨਾਂ ਨੂੰ ਵੱਡਾ ਲਾਭ ਹੋਵੇਗਾ, ਜੋ ਇਸ ਵੇਲੇ ਸੀਮਿਤ ਮਾਰਕੀਟ ਪਹੁੰਚ, ਕੀਮਤਾਂ ਵਿੱਚ ਉਤਾਰ-ਚੜ੍ਹਾਅ ਅਤੇ ਵਧ ਰਹੀਆਂ ਲਾਗਤਾਂ ਦਾ ਸਾਹਮਣਾ ਕਰ ਰਹੇ ਹਨ। ਨਜ਼ਦੀਕੀ ਅਤੇ ਵੱਡੀ ਮਾਰਕੀਟ ਤੱਕ ਪਹੁੰਚ ਨਾਲ ਉਨ੍ਹਾਂ ਨੂੰ ਆਪਣੇ ਉਤਪਾਦਾਂ ਦੀ ਵਧੀਆ ਕੀਮਤ ਮਿਲੇਗੀ ਅਤੇ ਘਰੇਲੂ ਮੰਡੀਆਂ 'ਤੇ ਨਿਰਭਰਤਾ ਘਟੇਗੀ। ਸਿੰਗੜੀਵਾਲਾ ਨੇ ਕਿਹਾ ਕਿ ਲੋਕਾਂ ਦਾ ਸਮਰਥਨ ਪ੍ਰਾਪਤ ਕਰਨ ਲਈ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ 28 ਮਾਰਚ 2026 ਨੂੰ ਅਟਾਰੀ-ਵਾਘਾ ਸਰਹੱਦ 'ਤੇ ਬੋਰਡਰ ਓਪਨ ਰੈਲੀ ਦਾ ਐਲਾਨ ਕੀਤਾ ਹੈ।

## ਡਾ. ਅੰਬੇਡਕਰ ਦਾ ਜਨਮ ਦਿਵਸ ਮੁੱਖ ਸਮਾਗਮ ਅੰਬੇਡਕਰ ਭਵਨ 'ਚ 14 ਨੂੰ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਉਤਸਵ ਸਮਾਗਮ ਬਾਬਾ ਸਾਹਿਬ ਦੀ ਚਰਨ-ਛੋਹ ਪ੍ਰਾਪਤ ਇਤਿਹਾਸਿਕ ਭੂਮੀ ਅੰਬੇਡਕਰ ਭਵਨ, ਡਾ.ਅੰਬੇਡਕਰ ਮਾਰਗ, ਜਲੰਧਰ ਵਿਖੇ 14 ਅਪ੍ਰੈਲ ਨੂੰ ਬੜੇ ਉਤਸ਼ਾਹ ਅਤੇ ਸ਼ਰਧਾ ਪੂਰਵਕ ਮਨਾਇਆ



ਜਾ ਰਿਹਾ ਹੈ। ਇਸ ਸਮਾਗਮ ਵਿੱਚ ਪ੍ਰੋਫੈਸਰ ਅਨਵਰ ਪਾਸ਼ਾ - ਸਾਬਕਾ ਚੇਅਰਪਰਸਨ, ਭਾਰਤੀ ਭਾਸ਼ਾਵਾਂ ਕੇਂਦਰ, ਜੇ ਐਨ ਯੂ, ਨਵੀਂ ਦਿੱਲੀ ਬਤੌਰ ਮੁੱਖ ਮਹਿਮਾਨ ਪਹੁੰਚ ਰਹੇ ਹਨ ਅਤੇ ਕਾਮਰੇਡ ਮੰਗਤ ਰਾਮ ਪਾਸਲਾ - ਪ੍ਰਸਿੱਧ ਸਮਾਜਿਕ ਚਿੰਤਕ ਅਤੇ ਮਜ਼ਦੂਰ ਨੇਤਾ, ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ। ਇਨ੍ਹਾਂ ਤੋਂ ਇਲਾਵਾ ਡਾ. ਰਾਹੁਲ ਜੱਸੀ - ਚੇਅਰਮੈਨ, ਅੰਬੇਡਕਰ ਭਵਨ ਟਰੱਸਟ ਜਲੰਧਰ (ਰਜਿ.), ਸੰਨੀ ਥਾਪਰ - ਜਨਰਲ ਸਕੱਤਰ, ਆਲ ਇੰਡੀਆ ਸਮਤਾ ਸੈਨਿਕ ਦਲ (ਰਜਿ.), ਪੰਜਾਬ ਇਕਾਈ ਅਤੇ ਹੋਰ ਬੁੱਧੀਜੀਵੀ ਬੁਲਾਰੇ ਵੀ ਬਾਬਾ ਸਾਹਿਬ ਦੇ ਜੀਵਨ ਅਤੇ ਸੰਘਰਸ਼ ਤੇ ਆਪਣੇ ਵਿਚਾਰ ਪੇਸ਼ ਕਰਨਗੇ। ਮਿਸ਼ਨਰੀ ਸਿੰਗਰ ਵਿੱਕੀ ਬਹਾਦਰਕੇ ਐਂਡ ਪਾਰਟੀ, ਲੁਧਿਆਣਾ ਬਾਬਾ ਸਾਹਿਬ ਦੇ ਮਿਸ਼ਨਰੀ ਗੀਤ ਪੇਸ਼ ਕਰਨਗੇ। ਯਾਦ ਰਹੇ ਅੰਬੇਡਕਰ ਮਿਸ਼ਨ ਸੁਸਾਇਟੀ 1978 ਤੋਂ ਲਗਾਤਾਰ ਅੰਬੇਡਕਰ ਭਵਨ ਵਿੱਚ ਅੰਬੇਡਕਰ ਜੈਅੰਤੀ ਸਮਾਗਮ ਮਨਾਉਂਦੀ ਆ ਰਹੀ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਪ੍ਰੋ. ਬਲਬੀਰ, ਮੁੱਖ-ਸਲਾਹਕਾਰ ਚਰਨ ਦਾਸ ਸੰਧੂ, ਸਰਪ੍ਰਸਤ ਡਾ. ਜੀ. ਸੀ. ਕੌਲ ਅਤੇ ਡਾ.ਮਹਿੰਦਰ ਸੰਧੂ ਹਾਜ਼ਰ ਸਨ।

## ਸ਼ਹੀਦਾਂ ਦੇ ਬੁੱਤ ਲਗਾਉਣ ਤੇ ਮੁਹੱਲਾ ਸੰਤੋਖਪੁਰਾ ਦੇ ਬੰਦ ਰਸਤੇ ਦੀ ਮੰਗ ਨੂੰ ਲੈਕੇ ਰੋਸ ਪ੍ਰਦਰਸ਼ਨ 30 ਨੂੰ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਬੁੱਤ ਲਗਵਾਉਣ ਦੀ ਅਤੇ ਮੁਹੱਲਾ ਸੰਤੋਖਪੁਰਾ ਦੇ ਜ਼ਬਰੀ ਬੰਦ ਕੀਤੇ ਰਾਸਤੇ ਦੀ ਮੰਗ ਨੂੰ ਲੈ ਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵਲੋ 30 ਮਾਰਚ ਨੂੰ ਰੋਸ ਪ੍ਰਦਰਸ਼ਨ ਮੁਜਾਹਰਾ ਕੀਤਾ ਜਾਵੇਗਾ। ਇਹ ਜਾਣਕਾਰੀ ਸਭਾ ਦੇ ਤਹਿਸੀਲ ਪ੍ਰੈਸ ਸਕੱਤਰ ਐਡਵੋਕੇਟ ਬਲਦੇਵ ਸਾਹਨੀ ਨੇ ਦੱਸਿਆ ਕਿ ਨਗਰ ਕੌਂਸਲ ਫਿਲੋਰ ਨੇ ਸ਼ਹੀਦਾ ਦੇ ਬੁੱਤ ਲਗਾਉਣ ਸੰਬੰਧੀ ਪਾਏ ਮਤੇ ਬਾਰੇ ਦੱਸਿਆ ਸੀ ਅਤੇ ਚੌਂਕ ਲਈ ਥਾਂ ਵੀ ਦਿਖਾਇਆ ਗਿਆ ਸੀ। ਪਰ ਇਸ ਦੇ ਬਾਵਜੂਦ ਵੀ ਬੁੱਤ ਨਹੀ ਲਗਾਏ ਗਏ ਅਤੇ ਇਸ ਦੇ ਨਾਲ ਹੀ ਮੁਹੱਲਾ ਸੰਤੋਖਪੁਰਾ ਦੇ ਲੋਕਾਂ ਦਾ ਕਈ ਸਾਲਾ



ਤੋ ਘਰਾਂ ਨੂੰ ਜਾਣ ਵਾਲਾ ਰਸਤਾ ਧੱਕੇ ਨਾਲ ਬੰਦ ਕੀਤਾ ਹੈ। ਜਿਸ ਦੇ ਨਾਲ ਮੁਹੱਲੇ ਨਿਵਾਸੀਆਂ ਨੂੰ ਕਾਫੀ ਮੁਸ਼ਕਿਲਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸੰਬੰਧੀ ਕਈ ਬਾਰ ਮੰਗ ਪੱਤਰ ਵੀ ਦਿੱਤੇ ਗਏ ਸਨ ਪਰ ਪ੍ਰਸ਼ਾਸਨ ਨੇ ਇਨਾਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਅਤੇ ਰਸਤਾ ਨਾ ਹੋਣ ਕਾਰਨ ਨੌਜਵਾਨਾਂ ਅਤੇ ਮੁਹੱਲਾ ਨਿਵਾਸੀਆਂ ਵਿਚ ਕਾਫੀ ਰੋਸ ਹੈ। ਇਸ ਲਈ ਨੌਜਵਾਨ ਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ 30 ਮਾਰਚ ਨੂੰ ਰੋਸ ਪ੍ਰਦਰਸ਼ਨ ਵਿਚ ਸ਼ਾਮਿਲ ਹੋਣਗੇ।

# ਪਾਰਟੀ ਨੂੰ ਬੂਥ ਪੱਧਰ ਤੇ ਮਜ਼ਬੂਤ ਕਰਕੇ ਅਕਾਲੀ ਦਲ ਦੀ ਸਰਕਾਰ ਬਣਾਵਾਂਗੇ : ਲਾਲੀ ਬਾਜਵਾ

**ਹੁਸ਼ਿਆਰਪੁਰ (ਓ ਪੀ ਰਾਣਾ)** ਸ਼੍ਰੋਮਣੀ ਅਕਾਲੀ ਦਲ (ਬ) ਦੇ ਜ਼ਿਲ੍ਹਾ ਆਗੂਆਂ ਵਲੋਂ ਪਾਰਟੀ ਦੇ ਨਵ ਨਿਯੁਕਤ ਸੀਨੀ.ਮੀਤ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਕੌਮੀ ਵਫਾਦਾਰੀ ਅਤੇ ਮਿਹਨਤ ਨਾਲ ਕੰਮ ਕੀਤਾ ਹੈ, ਉਨਾਂ ਦੇ ਲੰਬੇ ਸਿਆਸੀ ਤਜਰਬੇ ਨੂੰ ਦੇਖਦਿਆਂ ਪਾਰਟੀ ਨੇ ਸੀਨੀ. ਕੌਮੀ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ, ਜਿਸ ਨਾਲ ਸਾਰੇ



ਸੀਨੀ. ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਣਨ ਤੇ ਸਮੂਹ ਲੀਡਰਸ਼ਿਪ ਵੱਲੋਂ ਉਹਨਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪਾਰਟੀ ਆਗੂ ਇਕਵਾਲ ਸਿੰਘ ਖੇੜਾ ਅਤੇ ਰਾਣਾ ਰਣਵੀਰ ਸਿੰਘ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੀ ਚੜਦੀਕਲਾ ਵਾਸਤੇ ਜਿਲੇ ਅੰਦਰ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਪਾਰਟੀ ਨੇ ਉਹਨਾਂ ਤੇ ਭਰੋਸਾ ਕਰਦਿਆਂ ਇਹ ਜਿੰਮੇਵਾਰੀ ਸੰਭਾਲੀ ਹੈ,ਉਹ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਬੂਥ ਅਤੇ ਜਿਲਾ ਪੱਧਰ ਤੇ ਮਜਬੂਤ ਕਰਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਦਿਨ ਰਾਤ ਇਕ ਕਰ ਦੇਣਗੇ। ਉਨਾਂ ਕਿਹਾ ਕਿ ਪੰਜਾਬ ਦਾ ਜਿੰਨਾ ਵੀ ਵਿਕਾਸ ਹੋਇਆ ਹੈ ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਇਆ ਹੈ। ਪੰਜਾਬ ਦੀ ਆਪ ਸਰਕਾਰ ਕਿਸਾਨਾਂ,ਮਜਦੂਰਾਂ, ਵਪਾਰੀ ਵਰਗ ਅਤੇ ਪੰਜਾਬ ਵਿਰੋਧੀ ਸਾਬਤ ਹੋਈ ਹੈ। ਇਸ ਮੌਕੇ ਬਰਿੰਦਰ ਸਿੰਘ ਪਰਮਾਰ ਜ਼ਿਲਾ ਜਨਰਲ ਸਕੱਤਰ ਨੇ ਸਮੂਹ ਜ਼ਿਲਾ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਸਾਈਕਲਿਸਟ ਬਲਰਾਜ ਸਿੰਘ ਚੌਹਾਨ, ਦਵਿੰਦਰ ਸਿੰਘ ਬੈਂਸ ਬਾਹੋਵਾਲ, ਹਰਪ੍ਰੀਤ ਸਿੰਘ ਰਿੰਕੂ ਬੇਦੀ, ਸਨੀ ਗਿਲ ਝਿੰਜਰ, ਰਣਧੀਰ ਸਿੰਘ ਭਾਰਜ,ਸੰਤ ਸਿੰਘ ਜੰਡੋਰ, ਸੁਖਜਿੰਦਰ ਸਿੰਘ ਔਜਲਾ ਪ੍ਰਧਾਨ ਐੱਸ ਓ ਆਈ ਦੁਆਬਾ ਜੋਨ, ਸਤਵਿੰਦਰ ਸਿੰਘ ਆਹਲੂਵਾਲੀਆ, ਸਰਬਜੀਤ ਸਿੰਘ ਬਡਵਾਲ, ਲਖਵਿੰਦਰ ਸਿੰਘ ਠੱਕਰ, ਕੁਲਦੀਪ ਸਿੰਘ ਬਜਵਾੜਾ, ਹਰਭਜਨ ਸਿੰਘ ਧਾਲੀਵਾਲ, ਰਵਿੰਦਰ ਪਾਲ ਸਿੰਘ ਮਿੰਟੂ, ਗੁਰਪ੍ਰੀਤ ਸਿੰਘ ਕੋਹਲੀ, ਪ੍ਰਭਜੋਤ ਸੈਬ, ਕੁਲਵੀਰ ਸਿੰਘ, ਸਰਬਜੀਤ ਸਿੰਘ ਸਾਬੀ, ਜਤਿੰਦਰ ਸਿੰਘ ਰੀਹਲ ਆਦਿ ਹਾਜ਼ਰ ਸਨ।

# ਧਾਰਮਿਕ ਸਮਾਗਮ ਸਾਡੇ ਧਰਮ ਤੇ ਸੰਸਕ੍ਰਿਤੀ ਦੀ ਪਹਿਚਾਣ : ਰਾਕੇਸ਼ ਧੀਰ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਰਾਮ ਨੌਮੀ ਦਾ ਉਤਸਵ ਐੱਸ ਡੀ ਸਭਾ ਵੱਲੋਂ ਪ੍ਰਧਾਨ ਰਾਕੇਸ਼ ਧੀਰ ਦੀ ਅਗਵਾਈ ਹੇਠ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ। ਸਵੇਰੇ ਪਹਿਲਾਂ ਸ੍ਰੀ ਰਮਾਇਣ ਦੇ ਪਾਠ ਦਾ ਭੋਗ ਵਿਧੀ ਪੂਰਵਕ ਪਾਇਆ ਗਿਆ । ਪੰਡਿਤ ਤਿਵਾੜੀ ਨੇ ਰਮਾਇਣ ਦੇ ਪਾਠ ਉਪਰੰਤ ਸਮੂਹ ਭਗਤਾਂ ਨੂੰ ਰਾਮ ਨੌਮੀ ਦੀ ਵਧਾਈ ਦਿੱਤੀ ਤੇ ਕਿਹਾ ਕਿ ਰਮਾਇਣ ਪਾਠ ਦੇ ਭੋਗ ਤੇ ਸਮਾਪਤੀ ਸਮੇਂ ਧਾਰਮਿਕ ਸਮਾਗਮ ਹਿੰਦੂ ਧਰਮ ਵਿੱਚ ਇੱਕ ਬਹੁਤ ਪਵਿੱਤਰ ਤੇ ਖੁਸ਼ੀਆਂ ਵਾਲਾ ਹੁੰਦਾ ਹੈ। ਇਸ ਮੌਕੇ ਸ੍ਰੀ ਰਾਮਾਇਣ ਦੀ ਮਹਿਮਾ ਤੇ ਭਗਤੀ ਦਾ ਮਾਹੌਲ ਹੁੰਦਾ ਹੈ। ਇਹ ਧਾਰਮਿਕ ਸਮਾਗਮ ਨਾ ਸਿਰਫ ਅਧਿਆਤਮਕ ਸ਼ਾਂਤੀ ਪ੍ਰਦਾਨ ਕਰਦਾ ਹੈ ਬਲਕਿ ਸਮਾਜ ਵਿੱਚ ਪ੍ਰੇਮ ਏਕਤਾ ਦਾ ਵੀ ਸੰਦੇਸ਼ ਦਿੰਦਾ ਹੈ। ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਉਪਰੰਤ ਲਾਰਡ ਕ੍ਰਿਸ਼ਨਾ ਇੰਟਰਨੈਸ਼ਨਲ ਸਕੂਲ ਦੇ ਬੱਚਿਆਂ ਵੱਲੋਂ ਹਨੂਮਾਨ ਚਾਲੀਸਾ ਸੁਣਾਇਆ । ਰਮਾਇਣ ਦੀ ਆਰਤੀ ਐੱਸ ਡੀ ਸਭਾ ਦੇ ਪ੍ਰਧਾਨ ਰਾਕੇਸ਼ ਧੀਰ ਅਤੇ ਸਮੂਹ ਮੈਂਬਰਾਂ ਨੇ ਕੀਤੀ ਅਤੇ ਪ੍ਰਭੂ ਸ੍ਰੀ ਰਾਮ ਦੇ ਕੋਲੋਂ ਸੰਸਥਾ ਦੀ ਤਰੱਕੀ ਲਈ



ਪ੍ਰਾਰਥਨਾ ਕੀਤੀ। ਭਗਤਾਂ ਨੂੰ ਪ੍ਰਸ਼ਾਦ ਵੰਡਣ ਉਪਰੰਤ ਐਸਡੀ ਕਾਲਜ ਫਾਰ ਵੂਮੈਨ ਦੇ ਕੈਂਪਸ ਵਿੱਚ ਧਾਰਮਿਕ ਸੰਕੀਰਤਨ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਭਜਨ ਗਾਇਕਾ ਪੂਨਮ ਸ਼ਰਮਾ ਨੇ ਸਮਾਗਮ ਦੀ ਸ਼ੁਰੂਆਤ ਜੈ ਸ੍ਰੀ ਰਾਮ, ਜੈ ਸ੍ਰੀ ਰਾਮ ਦੇ ਜੈਕਾਰਿਆਂ ਨਾਲ ਕੀਤੀ ਅਤੇ ਕਿਹਾ ਕਿ ਰਾਮ ਨਾਮ ਦੇ ਬਿਨਾਂ ਕੋਈ ਸਹਾਰਾ ਨਹੀਂ ।ਪ੍ਰਧਾਨ ਰਾਕੇਸ਼ ਧੀਰ, ਦਿਨੇਸ਼ ਧੀਰ ਸਾਬਕਾ ਪ੍ਰਧਾਨ ਨਗਰ ਕੌਂਸਲ, ਉਮਾ ਦੱਤ ਸ਼ਰਮਾ, ਪ੍ਰਿੰਸੀਪਲ ਬਲਦੇਵ ਰਾਜ ਵਧਵਾ, ਸ਼ਸ਼ੀ ਚੋਪੜਾ, ਰਵਿੰਦਰ ਠਾਕੁਰ, ਰਚਿਤ ਕੋਛੜ, ਵਿਜੇ ਧੀਰ ,ਪ੍ਰਿੰਸੀਪਲ ਮੈਡਮ ਵੰਦਨਾ ਸ਼ੁਕਲਾ ਐੱਸ ਡੀ ਕਾਲਜ ਫਾਰ ਵੋਮੈਨ, ਪ੍ਰਿੰਸੀਪਲ ਕਰਨਜੀਤ ਸਿੰਘ ਐੱਸ ਡੀ ਮਾਡਲ ਸਕੂਲ ,ਪ੍ਰਿੰਸੀਪਲ ਪਿੰਦਰਜੀਤ ਸਿੰਘ, ਪ੍ਰਿੰਸੀਪਲ ਰੂਬੀ ਭਗਤ, ਸੁਮੀ ਧੀਰ ,ਅਨਿਲ ਭੋਲਾ, ਕਮਲ ਕਿਸ਼ੋਰ ਚਾਵਲਾ ,ਰਜਿੰਦਰ ਸਿੰਘ ਸਾਬਕਾ ਕੌਂਸਲਰ, ਵਿੱਕੀ ਚੌਹਾਨ ਸਾਬਕਾ ਕੌਂਸਲਰ, ਰਾਜੀਵ ਧੀਰ , ਸ਼ਕਤੀ ਸ਼ਰਮਾ, ਰਜੀਵ ਕੁਮਾਰ, ਭਜਨ ਭਗਤ, ਸੁਰਿੰਦਰ ਛਿੰਦਾ ਆਦਿ ਵੀ ਹਾਜ਼ਰ ਸਨ।

## ਹਰਨੀਆ 'ਤੇ ਦੋ-ਰੋਜ਼ਾ ਕਾਨਫਰੰਸ ਅੱਜ ਤੋਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਯੰਗ ਹਰਨੀਆ ਸੋਸਾਇਟੀ ਆਫ਼ ਇੰਡੀਆ ਕਾਨਫਰੰਸ ਸੀਰੀਜ਼, ਜੋ ਕਿ ਹਰਨੀਆ ਸਰਜਰੀ ਦੇ ਖੇਤਰ ਵਿੱਚ ਇੱਕ ਵੱਕਾਰੀ ਅਕਾਦਮਿਕ ਪਲੇਟਫਾਰਮ ਹੈ, ਆਪਣੀ ਦੋ-ਰੋਜ਼ਾ ਚੌਥੀ ਦੋ-ਸਾਲਾ ਰਾਸ਼ਟਰੀ ਕਾਨਫਰੰਸ-ਯੰਗ ਐੱਚ ਐੱਸ ਆਈ ਸੀ ਓ ਐੱਨ 2026 ਦਾ ਆਯੋਜਨ ਕਰਨ ਜਾ ਰਹੀ ਹੈ। ਇਹ ਕਾਨਫਰੰਸ ਹਰਨੀਆ ਸੋਸਾਇਟੀ ਆਫ਼ ਇੰਡੀਆ ਦੀ ਅਗਵਾਈ ਹੇਠ ਐਸੋਸੀਏਸ਼ਨ ਆਫ਼ ਸਰਜਨਜ਼ ਆਫ਼ ਇੰਡੀਆ ਦੇ ਪੰਜਾਬ ਚੈਪਟਰ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ। ਜਾਣਕਾਰੀ ਦਿੰਦੇ ਹੋਏ, ਕਾਨਫਰੰਸ ਦੇ ਪ੍ਰਬੰਧਕੀ ਚੇਅਰਮੈਨ ਡਾ. ਅਨੁਪਮ ਗੋਇਲ ਨੇ ਕਿਹਾ, ਸਾਨੂੰ ਚੰਡੀਗੜ੍ਹ ਵਿੱਚ ਚੌਥੀ ਦੋ-ਸਾਲਾ ਕਾਨਫਰੰਸ ਦੀ ਮੇਜ਼ਬਾਨੀ ਕਰਨ ਦਾ ਮਾਣ ਪ੍ਰਾਪਤ ਹੈ, ਜਿਸ ਵਿੱਚ ਦੇਸ਼ ਭਰ ਦੇ ਕੁਝ ਸਭ ਤੋਂ ਵਧੀਆ ਸਰਜੀਕਲ ਦਿਮਾਗ ਇਕੱਠੇ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਪਲੇਟਫਾਰਮ ਨਾ ਸਿਰਫ਼ ਸਿੱਖਣ ਦੀ ਜਗ੍ਹਾ ਹੈ, ਸਗੋਂ ਸਹਿਯੋਗ, ਨਵੀਨਤਾ ਅਤੇ ਸਾਂਝੀ ਮੁਹਾਰਤ ਰਾਹੀਂ ਹਰਨੀਆ ਸਰਜਰੀ ਦੇ ਭਵਿੱਖ ਨੂੰ ਆਕਾਰ ਦੇਣ ਲਈ ਇੱਕ ਪਲੇਟਫਾਰਮ ਵੀ ਹੈ। ਕਾਨਫਰੰਸ ਵਿੱਚ 400 ਤੋਂ ਵੱਧ ਪ੍ਰਮੁੱਖ ਸਰਜਨ ਹਿੱਸਾ ਲੈਣਗੇ, ਜਿਨ੍ਹਾਂ ਵਿੱਚ 250 ਖੇਤਰੀ ਪ੍ਰਤੀਨਿਧੀ,100 ਰਾਸ਼ਟਰੀ ਮਾਹਰ ਅਤੇ 75 ਉਦਯੋਗ ਪੇਸ਼ੇਵਰ ਸ਼ਾਮਲ ਹਨ। ਇਹ ਕਾਨਫਰੰਸ ਹਰਨੀਆ ਸਰਜਰੀ ਦੇ ਖੇਤਰ ਵਿੱਚ ਸਭ ਤੋਂ ਮਹੱਤਵ ਪੂਰਨ ਕਾਨਫਰੰਸਾਂ ਵਿੱਚੋਂ ਇੱਕ ਹੈ। ਇਸ ਪ੍ਰੋਗਰਾਮ ਵਿੱਚ ਇੱਕ ਵਿਆਪਕ ਵਿਗਿਆਨਕ ਪ੍ਰੋਗਰਾਮ ਹੋਵੇਗਾ, ਜਿਸ ਵਿੱਚ ਮਾਸਟਰ ਵੀਡੀਓ ਸਰਜੀਕਲ ਸੈਸ਼ਨ, ਪੈਨਲ ਚਰਚਾਵਾਂ, ਖੋਜ ਪੇਸ਼ਕਾਰੀਆਂ,ਅਤੇ ਲੈਪਰੋਸਕੋਪਿਕ ਅਤੇ ਰੋਬੋਟਿਕ ਹਰਨੀਆ ਸਰਜਰੀ ਵਿੱਚ ਨਵੀਨਤਮ ਤਰੱਕੀਆਂ 'ਤੇ ਚਰਚਾਵਾਂ ਸ਼ਾਮਲ ਹਨ।

# ਪੰਜਾਬ 'ਵਰਸਿਟੀ 'ਚ ਹੋਈ ਗੋਲੀਬਾਰੀ ਦੀ ਘਟਨਾ 'ਚ ਸ਼ਾਮਲ ਮੁੱਖ ਸ਼ੂਟਰ ਗੋਲੀਬਾਰੀ ਉਪਰੰਤ ਕਾਬੂ, ਪਿਸਤੌਲ ਬਰਾਮਦ

## ਗ੍ਰਿਫ਼ਤਾਰ ਮੁਲਜ਼ਮ ਡੌਨੀ ਬੱਲ/ਬੰਬੀਹਾ ਗਰੁੱਪ ਦਾ ਇੱਕ ਮੁੱਖ ਮੈਂਬਰ : ਡੀ ਜੀ ਪੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐਫ) ਵੱਲੋਂ ਚੰਡੀਗੜ੍ਹ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਵਿਦਿਆਰਥੀ ਆਗੂ ਜਸ਼ਨਪ੍ਰੀਤ ਸਿੰਘ ਜਵੰਦਾ 'ਤੇ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਸ਼ਾਮਲ ਮੁੱਖ ਸ਼ੂਟਰ ਨੂੰ .32 ਬੋਰ ਦਾ ਦੇਸੀ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਹ ਜਾਣਕਾਰੀ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਜਸਪ੍ਰੀਤ ਸਿੰਘ ਉਰਫ਼ ਜਸ ਵਾਸੀ ਖੇੜੀ ਨੌਧ ਸਿੰਘ, ਕੋਟਲਾ ਮਸੂੰਦ, ਫਤਿਹਗੜ੍ਹ ਸਾਹਿਬ ਵਜੋਂ ਹੋਈ ਹੈ। ਪਿਸਤੌਲ ਬਰਾਮਦ ਕਰਨ ਤੋਂ ਇਲਾਵਾ, ਪੁਲਸ ਟੀਮਾਂ ਨੇ ਮੈਗਜ਼ੀਨ, ਦੋ ਜ਼ਿੰਦਾ ਕਾਰਤੂਸ ਤੇ ਚਾਰ ਖਾਲੀ ਖੋਲ ਵੀ ਬਰਾਮਦ ਕੀਤੇ ਹਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਡੌਨੀ ਬੱਲ/ਬੰਬੀਹਾ ਗਰੁੱਪ ਦਾ ਇੱਕ ਮੁੱਖ ਮੈਂਬਰ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਹਮਲਾ ਇਸ ਗਰੁੱਪ ਦੇ ਇਸ਼ਾਰੇ 'ਤੇ ਕੀਤਾ ਗਿਆ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ ਡੀ ਜੀ ਪੀ) ਏ ਜੀ ਟੀ ਐਫ ਪ੍ਰਮੋਦ ਬਾਨ ਨੇ ਦੱਸਿਆ ਕਿ ਏ ਜੀ ਟੀ ਐਫ ਪੰਜਾਬ ਦੇ ਇੰਸਪੈਕਟਰ ਵਿਕਰਮਜੀਤ ਸਿੰਘ ਅਤੇ ਐੱਸ ਆਈ ਅਮਨਦੀਪ ਸਿੰਘ ਦੀ ਸਮਰਪਿਤ ਟੀਮ ਵੱਲੋਂ ਏ ਐੱਸ ਆਈ ਹਰਭਜਨ ਸਿੰਘ (ਜ਼ਿਲ੍ਹਾ ਕ੍ਰਾਈਮ ਸੈੱਲ) ਅਤੇ ਏ ਐੱਸ ਆਈ ਪ੍ਰਦੀਪ ਸਿੰਘ (ਏਜੀਟੀਐਫ ਚੰਡੀਗੜ੍ਹ) ਸਮੇਤ, ਘਟਨਾ ਵਾਲੇ ਦਿਨ ਤੋਂ ਹੀ ਚੰਡੀਗੜ੍ਹ, ਫਤਿਹਗੜ੍ਹ ਸਾਹਿਬ ਅਤੇ ਅਮਲੋਹ ਖੇਤਰ ਵਿੱਚ ਲਗਾਤਾਰ ਸੁਰਾਗਾਂ ਦੀ ਜਾਂਚ ਕੀਤੀ ਜਾ ਰਹੀ ਸੀ। ਏ ਡੀ ਜੀ ਪੀ ਨੇ ਕਿਹਾ ਕਿ ਆਪਰੇਸ਼ਨ ਦੌਰਾਨ, ਦੋਸ਼ੀ ਨੂੰ ਅਮਲੋਹ-ਪਾਤੜਾਂ ਸੜਕ 'ਤੇ ਰੋਕਿਆ ਗਿਆ, ਜਿੱਥੇ ਉਸਨੇ ਪੁਲਿਸ ਟੀਮ 'ਤੇ ਗੋਲੀਬਾਰੀ ਕੀਤੀ। ਜਵਾਬੀ ਕਾਰਵਾਈ ਦੌਰਾਨ, ਦੋਸ਼ੀ ਜ਼ਖ਼ਮੀ ਹੋ ਗਿਆ ਅਤੇ ਉਸਨੂੰ ਤੁਰੰਤ ਇਲਾਜ ਲਈ ਨੇੜਲੇ ਹਸਪਤਾਲ ਵਿੱਚ ਭੇਜ ਦਿੱਤਾ ਗਿਆ। ਇਸ ਸਬੰਧ ਵਿੱਚ ਐਫ ਆਈ ਆਰ ਅਸਲਾ ਐਕਟ ਦੀ ਧਾਰਾ 25 ਤਹਿਤ ਫਤਿਹਗੜ੍ਹ ਸਾਹਿਬ ਦੇ ਥਾਣਾ ਅਮਲੋਹ ਵਿਖੇ ਦਰਜ ਕੀਤੀ ਗਈ ਹੈ।

# ਮਹਿਲਾਵਾਂ ਨੂੰ 28 ਕਰੋੜ ਦੇ ਮੁਫ਼ਤ ਸੈਨਟਰੀ ਪੈਡ ਵੰਡੇ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਸਿਹਤ, ਸਵੱਛਤਾ ਅਤੇ ਸਨਮਾਨ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਲੋਕ-ਕੇਂਦਰਿਤ ਕਦਮ ਚੁੱਕੇ ਜਾ ਰਹੇ ਹਨ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੰਦਿਆਂ ਦੱਸਿਆ ਕਿ ਗਰੀਬ ਅਤੇ ਲੋੜਵੰਦ ਮਹਿਲਾਵਾਂ ਨੂੰ ਮੁਫ਼ਤ ਸੈਨਟਰੀ ਪੈਡ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਹੋਰ ਸੁਰੱਖਿਅਤ, ਸਿਹਤਮੰਦ ਅਤੇ ਸਨਮਾਨਤ ਬਣਾਇਆ ਜਾ ਰਿਹਾ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਚਾਲੂ ਸਾਲ ਦੌਰਾਨ ਪੰਜਾਬ ਸਰਕਾਰ ਵੱਲੋਂ ਲਗਭਗ ?28 ਕਰੋੜ ਦੀ ਲਾਗਤ ਨਾਲ 7.37 ਕਰੋੜ ਤੋਂ ਵੱਧ ਸੈਨਟਰੀ ਪੈਡ ਮੁਫ਼ਤ ਵੰਡੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲ ਮਹਿਲਾਵਾਂ ਵਿੱਚ ਮਹਾਵਾਰੀ ਸਫ਼ਾਈ ਬਾਰੇ ਜਾਗਰੂਕਤਾ ਵਧਾਉਣ ਦੇ ਨਾਲ-ਨਾਲ ਮਹਿਲਾਵਾਂ ਦੀ ਸਿਹਤ ਸੁਰੱਖਿਆ ਨੂੰ ਵੀ ਮਜ਼ਬੂਤ ਕਰ ਰਹੀ ਹੈ, ਖ਼ਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਵਿੱਚ।ਉਨ੍ਹਾਂ ਹੋਰ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੀਆਂ 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਪਿੱਛੜੇ ਵਰਗਾਂ ਦੀਆਂ ਮਹਿਲਾਵਾਂ ਨੂੰ ਨਾ ਸਿਰਫ਼ ਆਰਥਿਕ ਰਾਹਤ ਮਿਲੀ ਹੈ, ਸਗੋਂ ਉਹ ਆਪਣੀ ਸਿਹਤ ਅਤੇ ਸਵੱਛਤਾ ਪ੍ਰਤੀ ਹੋਰ ਜਾਗਰੂਕ ਹੋਈਆਂ ਹਨ, ਜਿਸ ਨਾਲ ਉਹ ਹੋਰ ਸਿਹਤਮੰਦ ਅਤੇ ਸਨਮਾਨਤ ਜੀਵਨ ਬਤੀਤ ਕਰ ਰਹੀਆਂ ਹਨ।ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ 'ਨਵੀਂ ਦਿਸ਼ਾ' ਸਕੀਮ ਤਹਿਤ ਸੂਬੇ ਦੇ 27,314 ਆਂਗਨਵਾੜੀ ਸੈਂਟਰਾਂ ਰਾਹੀਂ ਹਰ ਮਹੀਨੇ ਲੋੜਵੰਦ ਮਹਿਲਾਵਾਂ ਨੂੰ 9 ਸੈਨਟਰੀ ਪੈਡ ਮੁਫ਼ਤ ਪ੍ਰਦਾਨ ਕੀਤੇ ਜਾ ਰਹੇ ਹਨ।

ਇਸ ਨਾਲ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਮਹਿਲਾਵਾਂ ਨੂੰ ਇਹ ਜ਼ਰੂਰੀ ਸਹੂਲਤ ਨਿਯਮਿਤ ਅਤੇ ਆਸਾਨੀ ਨਾਲ ਮਿਲਦੀ ਰਹੇ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਪਹਿਲ ਮਹਾਵਾਰੀ ਸੰਬੰਧੀ ਝਿਜਕ ਅਤੇ ਸਮਾਜਿਕ ਧਾਰਨਾਵਾਂ ਨੂੰ ਤੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀ ਹੈ ਅਤੇ ਮਹਿਲਾਵਾਂ ਅਤੇ ਕਿਸ਼ੋਰੀਆਂ ਨੂੰ ਬੁਨਿਆਦੀ ਸਿਹਤ ਸਹੂਲਤਾਂ ਤੱਕ ਆਸਾਨ ਪਹੁੰਚ ਯਕੀਨੀ ਬਣਾ ਰਹੀ ਹੈ।ਭਵਿੱਖੀ ਯੋਜਨਾਵਾਂ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ?14.60 ਕਰੋੜ ਦੀ ਲਾਗਤ ਨਾਲ 3.68 ਕਰੋੜ ਤੋਂ ਵੱਧ ਸੈਨਟਰੀ ਪੈਡ ਵੰਡਣ ਦਾ ਟੀਚਾ ਰੱਖਿਆ ਗਿਆ ਹੈ, ਜਿਸ ਨਾਲ ਹੋਰ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੂੰ ਇਸ ਯੋਜਨਾ ਨਾਲ ਜੋੜਿਆ ਜਾਵੇਗਾ।

# ਲਵਲੀ ਪ੍ਰੋਫੈਸ਼ਨਲ 'ਵਰਸਿਟੀ 'ਚ ਡਾਕਘਰ ਦਾ ਉਦਘਾਟਨ

**ਫਗਵਾੜਾ (ਡਾ ਰਮਨ)** ਕਪੂਰਥਲਾ ਡਾਕ ਵਿਭਾਗ ਰਾਹੀਂ ਭਾਰਤ ਸਰਕਾਰ ਦੇ ਡਾਕ ਵਿਭਾਗ ਨੇ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਕੈਂਪਸ ਵਿੱਚ ਪੰਜਾਬ ਪੱਛਮੀ ਖੇਤਰ ਦੇ ਪਹਿਲੇ ਐਨ-ਜਨਰਲ




ਡਾਕਘਰ ਦੇ ਉਦਘਾਟਨ ਨਾਲ ਆਧੁਨਿਕੀਕਰਨ ਅਤੇ ਡਿਜੀਟਲ ਪਰਿਵਰਤਨ ਵੱਲ ਆਪਣੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਥਾਪਤ ਕੀਤਾ ਹੈ।ਡਾ. (ਕਰਨਲ) ਰਸ਼ਮੀ ਮਿੱਤਲ, ਮਾਨਯੋਗ ਪ੍ਰੋ-ਚਾਂਸਲਰ, ਐਲਪੀਯੂ ਨੇ ਐਨ-ਜਨਰਲ ਪੀ ਓ ਦਾ ਉਦਘਾਟਨ ਕੀਤਾ ਤੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੀਡੀਆ ਨਾਲ ਗੱਲਬਾਤ ਕਰਦੇ ਹੋਏ, ਮੁੱਖ ਮਹਿਮਾਨ ਨੇ ਡਾਕ ਵਿਭਾਗ ਵੱਲੋਂ ਨਵੀਨਤਾ ਨੂੰ ਅਪਣਾਉਣ ਅਤੇ ਅਜਿਹੀਆਂ ਅਗਾਂਹਵਧੂ ਪਹਿਲਕਦਮੀਆਂ ਰਾਹੀਂ ਆਖਰੀ-ਮੀਲ ਸੰਪਰਕ ਨੂੰ ਮਜ਼ਬੂਤ ਕਰਨ ਦੇ ਨਿਰੰਤਰ ਯਤਨਾਂ ਲਈ ਸ਼ਲਾਘਾ ਕੀਤੀ। ਉਹਨਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਐਨ-ਜਨਰਲ ਡਾਕਘਰ ਖੇਤਰ ਵਿੱਚ ਭਵਿੱਖ ਲਈ ਤਿਆਰ ਡਾਕ ਸੇਵਾਵਾਂ ਲਈ ਇੱਕ ਮਾਡਲ ਵਜੋਂ ਕੰਮ ਕਰੇਗਾ।ਡਾ. ਪਰਵੀਨ ਕੁਮਾਰ ਮਾਨਯੋਗ ਡਾਇਰੈਕਟਰ ਡਾਕ ਸੇਵਾਵਾਂ, ਪੰਜਾਬ ਪੱਛਮੀ ਖੇਤਰ, ਚੰਡੀਗੜ੍ਹ ਨੇ ਇਸ ਸਮਾਗਮ ਵਿੱਚ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਨ ਲਈ ਡਾਕ ਵਿਭਾਗ ਵੱਲੋਂ ਡਾਕ ਸੇਵਾਵਾਂ ਨੂੰ ਵਧੇਰੇ ਤਕਨਾਲੋਜੀ-ਅਧਾਰਤ, ਕੁਸ਼ਲ ਅਤੇ ਗਾਹਕ-ਕੇਂਦ੍ਰਿਤ ਬਣਾਉਣ ਲਈ ਕੀਤੇ ਜਾ ਰਹੇ ਪਰਿਵਰਤਨਸ਼ੀਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ। ਇਹ ਪਹਿਲ ਵਿਭਾਗ ਦੀ ਇੰਡੀਆ ਪੋਸਟ ਨੂੰ ਇੱਕ ਗਤੀਸ਼ੀਲ ਅਤੇ ਡਿਜੀਟਲ ਤੌਰ 'ਤੇ ਸਸ਼ਕਤ ਸੇਵਾ ਸੰਗਠਨ ਵਿੱਚ ਬਦਲਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਵਿਕਾਸ ਸ਼ਰਮਾ ਐਸਪੀਓਜ਼ ਕਪੂਰਥਲਾ ਡਿਵੀਜ਼ਨ ਨੇ ਚਾਨਣਾ ਪਾਇਆ ਕਿ ਐਲਪੀਯੂ ਕੈਂਪਸ ਦੇ ਅੰਦਰ ਐਨ-ਜਨਰਲ ਪੋਸਟ ਆਫਿਸ ਦੀ ਸਥਾਪਨਾ ਵਿਦਿਆਰਥੀਆਂ, ਫੈਕਲਟੀ ਅਤੇ ਆਲੇ ਦੁਆਲੇ ਦੇ ਭਾਈਚਾਰੇ ਨੂੰ ਆਧੁਨਿਕ ਡਾਕ, ਵਿੱਤੀ ਅਤੇ ਡਿਜੀਟਲ ਸੇਵਾਵਾਂ ਤੱਕ ਨਿਰਵਿਘਨ ਪਹੁੰਚ ਪ੍ਰਦਾਨ ਕਰਕੇ ਬਹੁਤ ਲਾਭ ਪਹੁੰਚਾਏਗੀ।

# ਕਾਕੋਰੀ ਕੇਸ ਦੇ ਕ੍ਰਾਂਤੀਕਾਰੀ ਸ਼ਹੀਦਾਂ ਦੇ ਬੁੱਤ ਢਾਹੁਣ ਦੀ ਨਿਖੇਧੀ




**ਫਗਵਾੜਾ (ਡਾ ਰਮਨ)**- ਸ਼ਾਹਜਹਾਂਪੁਰ (ਉੱਤਰ ਪ੍ਰਦੇਸ਼) ਵਿੱਚ ਕਾਕੋਰੀ ਕੇਸ ਦੇ ਕ੍ਰਾਂਤੀਕਾਰੀਆਂ ਰਾਮ ਪ੍ਰਸਾਦ ਬਿਸਮਿਲ, ਅਸ਼ਫਾਕ ਉੱਲਾ ਖਾਂ, ਠਾਕੁਰ ਰੋਸ਼ਨ ਸਿੰਘ ਅਤੇ ਇੱਕ ਹੋਰ ਅਜ਼ਾਦੀ ਘੁਲਾਟੀਏ ਪ੍ਰੇਮ ਕ੍ਰਿਸ਼ਨ ਖੰਨਾ ਦੇ ਨਗਰ ਨਿਗਮ ਦਫ਼ਤਰ ਅੱਗੇ 50 ਸਾਲਾਂ ਤੋਂ ਲੱਗੇ ਬੁੱਤਾਂ ਨੂੰ ਸੁੰਦਰੀਕਰਨ ਦੇ ਨਾਂਅ ਤੇ ਯੂ ਪੀ ਸਰਕਾਰ ਵਲੋਂ ਬੁਲਡੋਜ਼ਰ ਨਾਲ ਢਾਹ ਦਿੱਤਾ ਗਿਆ। ਯੂ ਪੀ ਸਰਕਾਰ ਦੇ ਇਸ ਕਾਰਨਾਮੇ ਦੀ ਸਖ਼ਤ ਸ਼ਬਦਾਂ ਵਿੱਚ ਤਿੱਖੀ ਨਿਖੇਧੀ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਣ ਸਿੰਘ ਭੱਟੀ,ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਜਸਵਿੰਦਰ ਸਿੰਘ ਫ਼ਗਵਾੜਾ, ਹਰਭਜਨ ਲਾਲ ਕੌਲ,ਕੇ ਕੇ ਪਾਂਡੇ, ਸੁਖਦੇਵ ਸਿੰਘ, ਬਲਵਿੰਦਰ ਕੁਮਾਰ ਆਦਿ ਨੇ ਕਿਹਾ ਕਿ ਇਹਨਾਂ ਸ਼ਹੀਦਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ, ਦੇ ਬੁੱਤਾਂ ਦੀ ਇਸ ਤਰ੍ਹਾਂ ਦੀ ਬੇਹੁਰਮਤੀ ਅਤਿਅੰਤ ਨਿੰਦਣਯੋਗ ਹੈ।ਇਹ ਉੱਤਰ ਪ੍ਰਦੇਸ਼ ਸਰਕਾਰ ਦੀ ਇਹਨਾਂ ਕ੍ਰਾਂਤੀਕਾਰੀਆਂ ਪ੍ਰਤੀ ਗਹਿਰੀ ਸੰਵੇਦਨਹੀਣਤਾ ਨੂੰ ਦਰਸਾਉਂਦਾ ਹੈ।

# ਪਲੇਸਮੈਂਟ ਕੈਂਪ 1 ਤੋਂ 16 ਤੱਕ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ/ਮਾਡਲ ਕਰੀਅਰ ਸੈਂਟਰ ਵੱਲੋਂ ਐੱਸ ਆਈ ਐੱਸ ਸਕਿਊਰਿਟੀ ਵਿੱਚ ਭਰਤੀ ਲਈ 1 ਅਪ੍ਰੈਲ ਤੋਂ 16 ਅਪ੍ਰੈਲ ਤੱਕ ਜ਼ਿਲ੍ਹੇ ਵਿੱਚ ਬਲਾਕ ਪੱਧਰ 'ਤੇ ਪਲੇਸਮੈਂਟ ਕੈਂਪ ਲਾਏ ਜਾ ਰਹੇ ਹਨ। ਇਹ ਪਲੇਸਮੈਂਟ ਕੈਂਪ 1 ਅਪ੍ਰੈਲ ਨੂੰ ਬੀ ਡੀ ਪੀ ਓ ਦਫ਼ਤਰ ਗੜ੍ਹਸ਼ੰਕਰ, 2 ਨੂੰ ਬੀ ਡੀ ਪੀਓ. ਦਫ਼ਤਰ ਮਾਹਿਲਪੁਰ, 6 ਨੂੰ ਬੀ ਡੀ ਪੀ ਓ ਦਫ਼ਤਰ ਹੁਸ਼ਿਆਰਪੁਰ-2, 7 ਨੂੰ ਬੀ ਡੀ ਪੀਓ. ਦਫ਼ਤਰ ਹੁਸਿਆਰਪੁਰ-1, 8 ਨੂੰ ਬੀ ਡੀ ਪੀਓ. ਦਫ਼ਤਰ ਹਾਜ਼ੀਪੁਰ, 9 ਨੂੰ ਬੀ ਡੀ ਪੀ ਓ. ਦਫ਼ਤਰ ਦਸੂਹਾ, 10 ਨੂੰ ਬੀ ਡੀ ਪੀ ਓ ਦਫ਼ਤਰ ਮੁਕੇਰੀਆਂ, 13 ਨੂੰ ਬੀ ਡੀ ਪੀ ਓ ਦਫ਼ਤਰ ਤਲਵਾੜਾ, 15 ਨੂੰ ਬੀ ਡੀ ਪੀਓ. ਦਫ਼ਤਰ ਭੂੰਗਾ ਅਤੇ 16 ਅਪ੍ਰੈਲ ਨੂੰ ਬੀ ਡੀ ਪੀ ਓ ਦਫ਼ਤਰ ਟਾਂਡਾ ਵਿਖੇ ਸਵੇਰੇ 10:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਲਗਾਏ ਜਾਣਗੇ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਵਿੱਚ ਐੱਸ ਆਈ ਐੱਸ ਸਕਿਊਰਿਟੀ ਵਲੋਂ ਕੇਵਲ ਲੜਕਿਆਂ ਦੀ ਸਕਿਊਰਿਟੀ ਗਾਰਡ ਦੀਆਂ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ, ਜਿਨ੍ਹਾਂ ਨੂੰ ਤਨਖਾਹ 18000 ਤੋਂ 20000 ਰੁਪਏ ਮਿਲਣਯੋਗ ਹੋਵੇਗੀ।

ਇਸ ਭਰਤੀ ਲਈ ਪੜ੍ਹਾਈ ਘੱਟੋ-ਘੱਟ ਦਸਵੀਂ ਪਾਸ, ਉਮਰ 19 ਤੋਂ 40 ਸਾਲ , ਕੱਦ 168 ਸੈਂਟੀਮੀਟਰ ਹੋਣਾ ਲਾਜ਼ਮੀ ਹੈ। ਕੰਪਨੀ ਵਲੋਂ ਤਨਖਾਹ ਤੋਂ ਇਲਾਵਾ ਕਈ ਹੋਰ ਵਾਧੂ ਸਹੂਲਤਾਂ ਜਿਵੇਂ ਕਿ ਪੀ ਐਫ ਤੇ ਈ ਐੱਸ ਆਈ ਸੀ ਆਦਿ ਮੁਹੱਈਆਂ ਕਰਵਾਈਆ ਜਾਣਗੀਆ।

# ਪੰਜਾਬ ਬਚਾਓ ਰੈਲੀ 'ਚ ਸ਼ਾਮਲ ਹੋਇਆ ਸ਼੍ਰੋਮਣੀ ਅਕਾਲੀ ਦਲ (ਬ) ਦੇ ਆਗੂਆਂ ਦਾ ਜੱਥਾ



**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਸੂਬੇ ਦੀ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਅਤੇ ਸੂਬੇ 'ਚ ਵਿਗੜਦੀ ਕਾਨੂੰਨ ਵਿਵਸਥਾ ਨਾਲ ਆਮ ਲੋਕਾਂ ਨੂੰ ਜਾਣੂ ਕਰਵਾਉਣ ਦੇ ਮਨੋਰਥ ਨਾਲ ਹਲਕਾ ਫਿਲੌਰ ਦੇ ਗੁਰਾਇਆ ਦਾਣਾ ਮੰਡੀ ਵਿਖੇ ਕੀਤੀ ਗਈ 'ਪੰਜਾਬ ਬਚਾਓ' ਰੈਲੀ 'ਚ ਸ਼ਾਮਲ ਹੋਣ ਲਈ ਅਕਾਲੀ ਵਰਕਰਾਂ ਦਾ ਇੱਕ ਵੱਡਾ ਜੱਥਾ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਦੀ ਅਗਵਾਈ ਹੇਠ ਫਗਵਾੜਾ ਤੋਂ ਰਵਾਨਾ ਹੋਇਆ। ਇਸ ਦੌਰਾਨ ਗੱਲਬਾਤ ਕਰਦਿਆਂ ਖੁਰਾਣਾ ਨੇ ਕਿਹਾ ਕਿ ਸੂਬੇ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ ਅਤੇ ਕਾਨੂੰਨ ਵਿਵਸਥਾ ਦੀ ਹਾਲਤ ਦਿਨੋਂ-ਦਿਨ ਖਰਾਬ ਹੋ ਰਹੀ ਹੈ, ਜਿਸ ਕਾਰਨ ਆਮ ਜਨਤਾ ਬਹੁਤ ਪਰੇਸ਼ਾਨ ਹੈ। ਸਰਕਾਰ ਦਾ ਇੱਕ ਭਗੌੜਾ ਮੰਤਰੀ ਪਠਾਨਮਾਜਰਾ ਬਲਾਤਕਾਰ ਦੇ ਕੇਸ ਵਿੱਚ ਅੰਦਰ ਹੈ ਤੇ ਦੂਸਰਾ ਲਾਲਜੀਤ ਭੁੱਲਰ ਭ੍ਰਿਸ਼ਟਾਚਾਰ 'ਚ ਸਾਥ ਨਾ ਦੇਣ ਵਾਲੇ ਵੇਅਰ ਹਾਊਸ ਦੇ ਡੀ ਐੱਮ ਨੂੰ ਆਤਮ ਹੱਤਿਆ ਲਈ ਉਕਸਾਉਣ ਦੇ ਮਾਮਲੇ ਵਿੱਚ ਗ੍ਰਿਫਤਾਰ ਹੋ ਚੁੱਕਾ ਹੈ। ਇਸੇ ਕਰਕੇ ਸ਼੍ਰੋਮਣੀ ਅਕਾਲੀ ਦਲ ਵਲੋਂ ਪੰਜਾਬ ਬਚਾਓ ਰੈਲੀ ਰਾਹੀਂ ਲੋਕਾਂ ਦੀ ਆਵਾਜ਼ ਬੁਲੰਦ ਕਰਕੇ ਸਰਕਾਰ ਦੀਆਂ ਨਾਕਾਮੀਆਂ ਨੂੰ ਬੇਨਕਾਬ ਕੀਤਾ ਜਾ ਰਿਹਾ ਹੈ। ਇਸ ਮੌਕੇ ਅਵਤਾਰ ਸਿੰਘ ਭੁੰਗਰਨੀ, ਸਰੂਪ ਸਿੰਘ ਖਲਵਾੜਾ, ਬਹਾਦਰ ਸਿੰਘ ਸੰਗਤਪੁਰ, ਸੁਖਬੀਰ ਸਿੰਘ ਕਿੰਨੜਾ, ਗੁਰਮੀਤ ਸਿੰਘ ਬਡਵਾਲ, ਬਲਜਿੰਦਰ ਸਿੰਘ ਠੇਕੇਦਾਰ, ਗੁਰਮੁਖ ਸਿੰਘ ਚਾਨਾ, ਝਿਰਮਲ ਸਿੰਘ ਭਿੰਡਰ, ਰਣਜੀਤ ਸਿੰਘ ਸੰਧਲ, ਪਰਮਿੰਦਰ ਸਿੰਘ ਜੰਡੂ, ਸਰਬਜੀਤ ਸਿੰਘ ਕਾਕਾ, ਜਸਵਿੰਦਰ ਸਿੰਘ ਭਗਤਪੁਰਾ, ਬਲਵੀਰ ਸਿੰਘ ਖਲਵਾੜਾ, ਸੁਖਦੀਪ ਸਿੰਘ ਵਾਲੀਆਂ, ਅਤੇ ਅਕਾਸ਼ਦੀਪ ਸਿੰਘ ਪਾਹਵਾ ਤੋ ਇਲਾਵਾ ਹੋਰ ਵੀ ਹਾਜ਼ਰ ਸਨ।

## ਸ਼ਾਨਦਾਰ ਚਾਰ ਸਾਲ-ਭਗਵੰਤ ਮਾਨ ਦੇ ਨਾਲ ਸੰਵਾਦ ਪ੍ਰੋਗਰਾਮ ਕਰਵਾਇਆ

**ਫਿਲੌਰ, (ਨਿਰਮਲ)**- ਵਾਰਡ ਨੰਬਰ 4 ਫਿਲੌਰ ਵਿੱਚ ਆਮ ਆਦਮੀ ਪਾਰਟੀ ਵੱਲੋਂ 'ਸ਼ਾਨਦਾਰ ਚਾਰ ਸਾਲ - ਭਗਵੰਤ ਮਾਨ ਦੇ ਨਾਲ ਸੰਵਾਦ' ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਲੋਕਾਂ ਨੂੰ ਸਰਕਾਰ ਦੇ ਚਾਰ ਸਾਲਾਂ ਦੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ



ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਆਪਣੇ ਚੋਣੀ ਵਾਅਦੇ ਪੂਰੇ ਕੀਤੇ ਹਨ ਤੇ ਪੰਜਾਬ ਦੇ ਵਿਕਾਸ ਲਈ ਕਈ ਵੱਡੇ ਕਦਮ ਚੁੱਕੇ ਗਏ ਹਨ। ਉਨ੍ਹਾਂ ਨੇ ਲੋਕਾਂ ਨੂੰ ਸਰਕਾਰ ਦੀਆਂ ਉਪਲਬਧੀਆਂ ਨਾਲ ਜਾਣੂ ਕਰਵਾਇਆ ਅਤੇ ਪਾਰਟੀ ਦੀਆਂ ਨੀਤੀਆਂ ਬਾਰੇ ਵੀ ਚਰਚਾ ਕੀਤੀ।ਇਸ ਮੌਕੇ ਵਾਰਡ ਨੰਬਰ 4 ਦੇ ਐੱਮ ਸੀ ਸ਼ੰਕਰ ਸੰਧੂ, ਸੀਨੀਅਰ ਆਗੂ ਅਮਰਜੀਤ ਅਤੇ ਪ੍ਰਮੋਦ ਗਾਬਾ (ਗਾਬਾ ਫਾਰਮੈਸੀ ਦੇ ਮਾਲਕ) ਵੀ ਮੌਜੂਦ ਸਨ। ਇਸ ਤੋਂ ਇਲਾਵਾ ਰੋਹਿਤ ਗਾਬਾ ਸਮੇਤ ਸੈਂਕੜੇ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਇਲਾਕਾ ਵਾਸੀਆਂ ਨੇ ਭਾਗ ਲਿਆ।

## ਘਰੇਲੂ ਗੈਸ ਨੇ ਲੋਕਾਂ ਨੂੰ ਪਾਇਆ ਚਿੰਤਾ 'ਚ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੈਟਰੋਲੀਅਮ ਪਦਾਰਥ ਪੈਟਰੋਲ-ਡੀਜ਼ਲ,ਘਰੇਲੂ ਗੈਸ ਅਤੇ ਵਪਾਰਕ ਗੈਸ ਤੇ 5 ਕਿਲੋਂ ਵਾਲੇ ਸਿਲੰਡਰਾਂ ਪ੍ਰਤੀ ਕੇਂਦਰ ਸਰਕਾਰ ਦੀਆਂ ਗਲਤੀਆਂ ਦਾ ਖਮਿਆਜਾ ਆਮ ਨਾਗਰਿਕਾਂ ਨੂੰ ਸਜਾ ਦੇ ਰੂਪ ਵਿਚ ਭੁਗਤਣ ਦੀ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ,ਮੀਤ ਪ੍ਰਧਾਨ ਜਸਵਿੰਦਰ ਕੁਮਾਰ ਨੇ ਸਖ਼ਤ



ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਨ੍ਹਾਂ ਸਰਕਾਰੀ ਤਰੁੱਟੀਆਂ ਨੇ ਆਮ ਲੋਕਾਂ ਨੂੰ ਚਿੰਤਾ ਵਿਚ ਪਾ ਦਿਤਾ ਕਿ ਅਜ਼ਾਦੀ ਤੋਂ ਬਾਅਦ ਅਸੀਂ ਕਿਥੇ ਖੜੇ ਹਾਂ।ਧੀਮਾਨ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਗੈਸ ਦੀ ਰਾਸ਼ਲਿੰਗ ਬੰਦ ਕਰਕੇ ਫਰੀ ਗੈਸ ਮੁਹਈਆ ਕਰਵਾਈ ਜਾਵੇ ਤੇ ਗੈਸ ਦੀਆਂ ਵਧਾਈਆਂ ਕੀਮਤਾਂ ਤੁਰੰਤ ਵਾਪਿਸ ਲਈਆਂ ਜਾਣ।

# ਕਾਂਗਰਸ ਵਿਧਾਨ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ : ਚੌ: ਮੀਨਾ ਸੂੰਢ



**ਬੰਗਾ (ਅਵਤਾਰ ਕਲੇਰ)**- ਪਿੰਡ ਮੁਕੰਦਪੁਰ ਵਿਖੇ ਡਾ ਨਿਰੰਜਣ ਹੀਉਂ ਤੇ ਪਰਵਾਰ ਵੱਲੋ ਸ੍ਰੀ ਗੁਰੂ ਰਵਿਦਾਸ ਮਹਾਰਾਜ ਗੁਰਦੁਆਰਾ ਸਾਹਿਬ ਵਿਖੇ ਕਾਂਗਰਸ ਪਾਰਟੀ ਦਾ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਹੋਣ ਉਪਰੰਤ ਸ਼ੁਕਰਾਨਾ ਸਮਾਗਮ ਕਰਵਾਇਆ। ਇਸ ਮੌਕੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਚੌਧਰੀ ਮੀਨਾ ਸੂੰਢ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

ਪਿੰਡ ਵਾਸੀਆਂ ਵੱਲੋਂ ਡਾ ਨਿਰੰਜਣ ਹੀਉਂ ਦਾ ਕਾਂਗਰਸ ਪਾਰਟੀ ਦਾ ਜ਼ਿਲ੍ਹਾ ਮੀਤ ਪ੍ਰਧਾਨ ਬਣਨ ਤੇ ਸਨਮਾਨ ਕੀਤਾ। ਚੌਧਰੀ ਮੀਨਾ ਸੂੰਢ ਨੇ ਸੰਬੋਧਨ ਕਰਦਿਆਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਚੋਣਾਂ ਵਿੱਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰ ਕੇ ਸਰਕਾਰ ਬਣਾਏਗੀ ਅਤੇ ਪੰਜਾਬ ਨੂੰ ਨਸ਼ਾ ਮੁਕਤ,ਭ੍ਰਿਸ਼ਟਾਚਾਰ ਮੁਕਤ, ਸੁਰੱਖਿਅਤ ਅਤੇ ਖੁਸ਼ਹਾਲ ਪੰਜਾਬ ਸਿਰਜਣ ਦਾ ਤਹੱਈਆ ਕੀਤਾ ਜਾਵੇਗਾ।ਡਾ ਨਿਰੰਜਣ ਹੀਉਂ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਕਾਂਗਰਸ ਪਾਰਟੀ ਨਾਲ ਜੁੜਨ ਤਾਂ ਜੋ ਕਿ ਦੇਸ਼ ਦੇ ਲੋਕਤੰਤਰ ਨੂੰ ਬਚਾਇਆ ਜਾ ਸਕੇ ਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਜਿਵੇਂ ਕਿ ਭਾਰਤ-ਅਮਰੀਕਾ ਵਪਾਰ ਡੀਲ ਦੇ ਕਿਸਾਨਾਂ ਤੇ ਹੋਰ ਵਰਗਾਂ ਉੱਪਰ ਪੈਣ ਵਾਲੇ ਘਾਤਕ ਪ੍ਰਭਾਵਾਂ ਤੋਂ ਆਮ ਜਨਤਾ ਨੂੰ ਜਾਗਰੂਕ ਕੀਤਾ ਜਾ ਸਕੇ ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਕੁਲਦੀਪ ਚੰਦ ਕਟਾਰੀਆ, ਰਾਮਦਾਸ ਸਿੰਘ ਕਾਂਗਰਸ ਬਲਾਕ ਪ੍ਰਧਾਨ ਔੜ, ਐਡਵੋਕੇਟ ਅਮਨਦੀਪ ਗੁਰੂ ,ਰਮਨ ਕੇਸਰ, ਜਗਦੀਸ਼ ਕਟਾਰੀਆ,ਪ੍ਰਸ਼ੋਤਮ ਲਾਲ,ਹਰਜਿੰਦਰ ਪਾਲ ਕੌਰ, ਅੰਜੂ ਰਾਣਾ ਗੁਰੂ, ਤਜਿੰਦਰ ਸਿੰਘ, ਵਿਜੇ ਕਟਾਰੀਆ,ਆਸ਼ਾ ਰਾਣੀ ਹਾਜ਼ਰ ਰਹੇ ਅਤੇ ਚੌਧਰੀ ਮੀਨਾ ਸੂੰਢ ਦਾ ਪਤਵੰਤੇ ਸੱਜਣਾਂ ਵੱਲੋਂ ਸਿਰਪਾਓ ਦੀ ਬਖ਼ਸ਼ਿਸ਼ ਨਾਲ ਸਨਮਾਨ ਕੀਤਾ ਗਿਆ।




# ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਰਾਮ ਨੌਮੀ ਦਾ ਤਿਉਹਾਰ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਸ੍ਰੀ ਅਨਿਲ ਕੁਮਾਰ ਸ਼ਰਮਾ ਦੀ ਪ੍ਰਧਾਨਗੀ ਹੇਠ ਰਾਮਨੌਮੀ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਆਰੰਭ ਵਿਚ ਚਾਰਾਂ ਸਦਨਾਂ ਦੇ ਵਿਦਿਆਰਥੀਆਂ ਦੁਆਰਾ ਭਗਵਾਨ ਸ੍ਰੀ ਰਾਮ, ਮਾਤਾ ਸੀਤਾ, ਲਕਸ਼ਮਣ ਤੇ ਹਨੂੰਮਾਨ ਜੀ ਦਾ ਰੂਪ ਧਾਰਨ ਕਰਕੇ ਨਾਚ, ਸ਼ਲੋਕ, ਝਾਕੀਆਂ ਪੇਸ਼ ਕੀਤੀਆਂ, ਜਿਸ ਨੇ ਸਭ ਦਾ ਮਨ ਮੋਹ ਲਿਆ। ਅੰਤ ਵਿੱਚ ਪ੍ਰਿੰਸੀਪਲ ਜੋਧ ਸਿੰਘ ਡੋਗਰਾ ਦੇ ਦੁਆਰਾ ਇਸ ਪਵਿੱਤਰ ਤਿਉਹਾਰ ਦੀਆਂ ਸ਼ੁਭ ਕਾਮਨਾਵਾਂ ਦਿੰਦੇ ਹੋਏ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਦੱਸਿਆ ਕਿ ਬੱਚਿਆਂ ਨੂੰ ਆਪਣੇ ਦੇਸ਼ ਦੇ ਸੱਭਿਆਚਾਰ ਅਤੇ ਮਹਾਂਪੁਰਖਾਂ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਚ ਦੇ ਮਾਰਗ ਉਤੇ ਚੱਲਣ ਲਈ ਪ੍ਰੇਰਿਤ ਕੀਤਾ।

# ਆਰ ਬੀ ਯੂ ਵਿੱਚ ਮਾਹਿਰਾਂ ਨੇ ਯੂ ਪੀ ਐੱਸ ਸੀ ਦੇ ਚਾਹਵਾਨਾਂ ਲਈ ਸਫਲਤਾ ਮੰਤਰ ਸਾਂਝੇ ਕੀਤੇ

**ਮੋਹਾਲੀ, (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ (ਆਰ ਬੀ ਯੂ) ਵੱਲੋਂ ਆਪਣੇ ਅਲਫਾ ਸਕੂਲ ਰਾਹੀਂ ਕੈਂਪਸ ਵਿੱਚ




ਯੂ ਪੀ ਐੱਸ ਸੀ ਤਿਆਰੀ ਰਣਨੀਤੀ: ਬੁਨਿਆਦ ਤੋਂ ਸਫਲਤਾ ਤੱਕ ਵਿਸ਼ੇ 'ਤੇ ਇੱਕ ਮਾਹਿਰ ਲੈਕਚਰ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਇਸ ਸੈਸ਼ਨ ਵਿੱਚ ਨੈਕਸਟ ਆਈ ਏ ਐਸ ਦੇ ਪ੍ਰਸਿੱਧ ਬੁਲਾਰੇ ਸ਼ਾਮਲ ਸਨ, ਜਿਨ੍ਹਾਂ ਵਿੱਚ ਵਿਕਾਸ ਸਿੰਘ ਪੰਵਾਰ (ਏਆਈਆਰ 159, ਸਿਵਲ ਸੇਵਾਵਾਂ ਪ੍ਰੀਖਿਆ), ਨੀਰਜ ਸਿੰਘ (ਮੁਖੀ - ਮਨੁੱਖੀ ਸਰੋਤ) ਅਤੇ ਮਯੰਕ ਸਿੰਘ (ਸਹਾਇਕ ਫੈਕਲਟੀ) ਸ਼ਾਮਲ ਸਨ। ਉਨ੍ਹਾਂ ਨੇ ਪ੍ਰਭਾਵਸ਼ਾਲੀ ਤਿਆਰੀ ਰਣਨੀਤੀਆਂ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫਲਤਾ ਹਾਸਲ ਕਰਨ ਲਈ ਸਹੀ ਪਹੁੰਚ ਬਾਰੇ ਕੀਮਤੀ ਜਾਣਕਾਰੀਆਂ ਸਾਂਝੀਆਂ ਕੀਤੀਆਂ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਵਿਕਾਸ ਸਿੰਘ ਪੰਵਾਰ ਨੇ ਆਪਣੀ ਪ੍ਰੇਰਨਾਦਾਇਕ ਯਾਤਰਾ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਪ੍ਰਸਿੱਧ ਕੁਇਜ਼ ਸ਼ੋਅ ਕੌਣ ਬਣੇਗਾ ਕਰੋੜਪਤੀ ਦੇ ਜੇਤੂ ਵਜੋਂ ਆਪਣੀ ਉਪਲਬਧੀ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ 50 ਲੱਖ ਜਿੱਤੇ ਸਨ।

## ਵਿਧਾਇਕ ਨੇ ਨਵੀਆਂ ਬਣਨ ਵਾਲੀਆਂ ਗਲੀਆਂ ਦੇ ਕੰਮ ਦੀ ਕੀਤੀ ਸ਼ੁਰੂਆਤ



**ਦਸੂਹਾ (ਕਰਨੈਲ ਮਾਂਗਟ)** ਦਸੂਹਾ ਦੀ ਕ੍ਰਿਸ਼ਨਾ ਕਾਲੋਨੀ ਵਿੱਚ ਨਵੀਆਂ ਬਣਨ ਵਾਲੀਆਂ ਗਲੀਆਂ ਦੇ ਕੰਮ ਸ਼ੁਰੂਆਤ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਕੀਤੀ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਕਰੀਬ 30 ਲੱਖ ਦੀ ਲਾਗਤ ਨਾਲ ਗਲੀਆ ਬਨਣਗੀਆ । ਉਨਾਂ ਕਿਹਾ ਕਿ ਦਸੂਹਾ ਸਹਿਰ ਵਿੱਚ ਲਗਾਤਾਰ ਵਿਕਾਸ ਦੇ ਕੰਮ ਚੱਲ ਰਹੇ ਅਤੇ ਲੋਕ ਆਮ ਆਦਮੀ ਪਾਰਟੀ ਦੇ ਕੰਮਾਂ ਤੋ ਖੁਸ਼ ਹਨ। ਇਸ ਮੌਕੇ ਤੇ ਮਨਜੀਤ ਸੰਧੂ , ਅਮਰਪ੍ਰੀਤ ਸਿੰਘ ਸੋਨੂ ਖਾਲਸਾ ਮੀਤ ਪ੍ਰਧਾਨ ਨਗਰ ਕੌਂਸਲ ਦਸੂਹਾ, ਕਮਲਪ੍ਰੀਤ ਸਿੰਘ ਹੈਪੀ ਦਸੂਹਾ , ਫਕੀਰ ਸਿੰਘ ਸਹੋਤਾ ,ਮਾਸਟਰ ਪਰਮਿੰਦਰ ਸਿੰਘ, ਡਾ ਦੀਦਾਰ ਸਿੰਘ, ਬੇਅੰਤ ਸਿੰਘ, ਮੈਨੇਜਰ ਸੁਖਵਿੰਦਰ ਸਿੰਘ, ਪ੍ਰਿੰਸੀਪਲ ਫ਼ਕੀਰ ਸਿੰਘ, ਈ ਓ ਕਮਲਪ੍ਰੀਤ ਸਿੰਘ, ਕੌਂਸਲਰ ਸੰਤੋਖ ਕੁਮਾਰ ਤੋਖੀ, ਕੌਂਸਲ ਸੇਖਰ ਬੰਟੀ , ਮਾਸਟਰ ਜਸਵੰਤ ਪ੍ਰਧਾਨ ਐਜੂਕੇਸ਼ਨ ਵਿੰਗ ਤੇ ਹੋਰ ਹਾਜ਼ਰ ਸਨ।

## ਪਿੰਡ ਖ਼ਮਾਚੋਂ ਦੇ ਅਰਸ਼ ਜੱਸੀ ਕੈਨੇਡਾ ਪੁਲਸ 'ਚ ਬਣੇ ਪੀਸ ਅਫਸਰ



**ਬੰਗਾ (ਅਵਤਾਰ ਕਲੇਰ)**- ਪੰਜਾਬੀ ਦੁਨੀਆਂ ਦੇ ਹਰ ਇੱਕ ਕੋਨੇ ਵਿੱਚ ਵਸੇ ਹੋਏ ਹਨ। ਪੰਜਾਬੀ ਆਪਣੀ ਮਿਹਨਤ ਨਾਲ ਵਧੀਆ ਸੁਭਾਅ ਅਤੇ ਇਮਾਨਦਾਰੀ ਨਾਲ ਵਧੀਆ ਮੁਕਾਮ ਹਾਸਲ ਕਰਕੇ ਆਪਣਾ ਅਤੇ ਆਪਣੇ ਦੇਸ਼ ਦਾ ਨਾਂਅ ਚਮਕਾ ਰਹੇ ਹਨ। ਬੰਗਾ ਦੇ ਨਜਦੀਕ ਪੈਂਦੇ ਪਿੰਡ ਖਮਾਚੋਂ ਦੇ ਕੰਵਲਜੀਤ ਜੱਸੀ ਜੋ ਅੱਜ ਕਲ ਕਨੇਡਾ ਵਿੱਚ ਪੱਕੇ ਤੌਰ ਤੇ ਰਹਿ ਰਹੇ ਹਨ। ਕੰਵਲਜੀਤ ਜੱਸੀ ਅਤੇ ਹਰਜੀਤ ਕੌਰ ਦੀ ਮਿਹਨਤ ਸਦਕਾ ਉਹਨਾਂ ਦਾ ਬੇਟਾ ਅਰਸ਼ ਜੱਸੀ ਲਾਅ ਆਫ ਕ੍ਰਿਮਿਨਲ ਦੀ ਡਿਗਰੀ ਕਰਕੇ ਕੈਨੇਡਾ ਦੀ ਪੁਲਸ ਵਿੱਚ ਪੀਸ ਅਫਸਰ ਦੀ ਪਦਵੀ ਤੇ ਨਿਯੁਕਤ ਹੋਏ ਹਨ। ਇਹਨਾਂ ਦੀ ਨਿਯੁਕਤੀ ਨਾਲ ਪਿੰਡ ਖਮਾਚੋਂ ਅਤੇ ਪੰਜਾਬ ਦਾ ਨਾਂਅ ਰੌਸ਼ਨ ਹੋਇਆ ਹੈ।

# ਬਦਲਦੇ ਮੌਸਮ ਵਿੱਚ ਬੁਖਾਰ ਹੋਣ ਤੇ ਟੈਸਟ ਕਰਵਾਉਣਾ ਚਾਹੀਦਾ : ਐੱਸ ਐੱਮ ਓ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਗਰਮੀ ਰੁੱਤ ਦੀ ਦਸਤਕ ਹੋਣ ਅਤੇ ਬਦਲਦੇ ਮੌਸਮ ਵਿੱਚ ਕਈ ਪ੍ਰਕਾਰ ਦੀਆਂ ਬਿਮਾਰੀਆਂ ਜਿਵੇਂ ਕਿ ਬੁਖਾਰ, ਮਲੇਰੀਆ, ਡੇਂਗੂ, ਆਈ ਫਲੂ, ਨੱਕ ਵਗਣਾ ਅਤੇ ਖਾਂਸੀ ਬਲਗਮ ਤੋਂ



ਇਲਾਵਾ ਸਰੀਰ ਦਾ ਟੁੱਟਣਾ ਆਦੀ ਪੈਦਾ ਹੋ ਜਾਂਦੀਆਂ ਹਨ। ਅਜਿਹੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਬਚਾਅ ਸਬੰਧੀ ਆਮ ਜਨਤਾ ਨੂੰ ਜਾਗ੍ਰਿਤ ਕਰਨ ਲਈ ਸਰਕਾਰੀ ਹਸਪਤਾਲ ਟਾਂਡਾ ਦੇ ਐੱਸ ਐੱਮ ਓ ਡਾ. ਕਰਨ ਸੈਣੀ ਦੀ ਅਗਵਾਈ ਹੇਠ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਮੂਹ ਸਟਾਫ ਸ਼ਾਮਿਲ ਹੋਇਆ। ਇਸ ਮੌਕੇ 'ਤੇ ਐੱਸ ਐੱਮ ਓ ਡਾਕਟਰ ਕਰਨ ਸੈਣੀ ਨੇ ਕਿਹਾ ਕਿ ਬਦਲਦੇ ਮੌਸਮ ਤੇ ਗਰਮੀਆਂ ਸ਼ੁਰੂ ਹੁੰਦਿਆਂ ਹੀ ਕਈ ਲੋਕਾਂ ਨੂੰ ਜ਼ੁਕਾਮ, ਖਾਂਸੀ ਅਤੇ ਬੁਖਾਰ ਆਦਿ ਤੋਂ ਇਲਾਵਾ ਹੋਰ ਕਈ ਪ੍ਰਕਾਰ ਦੀਆਂ ਬਿਮਾਰੀਆਂ ਹੋ ਜਾਂਦੀਆਂ ਹਨ ਅਤੇ ਇਹ ਬਿਮਾਰੀ ਇੱਕ ਦੂਜੇ ਤੋਂ ਵੀ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਰੁਤ ਵਿੱਚ ਕਿਸੇ ਨੂੰ ਕੋਈ ਬਿਮਾਰੀ ਹੋ ਜਾਂਦੀ ਹੈ ਤਾਂ ਉਸ ਨਾਲ ਹੱਥ ਮਿਲਾਉਣ ਅਤੇ ਬਿਨ੍ਹਾਂ ਮੂੰਹ ਢੱਕੇ ਉਸ ਕੋਲ ਬੈਠਣ ਤੋਂ ਵੀ ਗੁਰੇਜ ਕਰਨੀ ਚਾਹੀਦੀ ਹੈ ਕਿਉਂਕਿ ਅਜਿਹਾ ਪਰਹੇਜ ਨਾ ਕਰਨ ਤੇ ਇਹ ਬਿਮਾਰੀ ਇੱਕ ਤੋਂ ਦੂਸਰੇ ਨੂੰ ਵੀ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬਦਲਦੇ ਮੌਸਮ ਵਿੱਚ ਹਰ ਵਿਅਕਤੀ ਨੂੰ ਠੰਡ ਤੋਂ ਬਚਾਅ ਕਰਨਾ ਚਾਹੀਦਾ ਹੈ ਅਤੇ ਪਾਣੀ ਉਬਾਲ ਕੇ ਪੀਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਪ੍ਰਕਾਰ ਦੀ ਬਿਮਾਰੀ ਹੋ ਜਾਵੇ ਤਾਂ ਜਲਦ ਹੀ ਆਪਣੇ ਨਜ਼ਦੀਕੀ ਸਰਕਾਰੀ ਹਸਪਤਾਲ ਦੇ ਡਾਕਟਰ ਦੀ ਸਲਾਹ ਲੈ ਕੇ ਟੈਸਟ ਜਰੂਰ ਕਰਵਾਉਣਾ ਚਾਹੀਦਾ ਹੈ ਤਾਂ ਜੋ ਬਿਮਾਰੀ ਦਾ ਸਮੇਂ ਸਿਰ ਪੂਰਾ ਇਲਾਜ ਹੋ ਸਕੇ। ਉਨ੍ਹਾਂ ਕਿਹਾ ਕਿ ਜਿਆਦਾਤਰ ਲੋਕ ਬਿਮਾਰੀ ਹੋਣ ਤੇ ਇਲਾਜ ਪੱਖੋਂ ਅਣਗਹਿਲੀਆਂ ਕਰ ਜਾਂਦੇ ਹਨ ਅਤੇ ਇਹ ਅਣਗਹਿਲੀ ਬਿਮਾਰੀ ਨੂੰ ਜਿਆਦਾ ਵਧਾ ਦਿੰਦੀ ਹੈ ਜਿਸ ਕਾਰਨ ਮਰੀਜ਼ ਨੂੰ ਕਾਫੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਜਾਂਦਾ ਹੈ।

# ਕੈਬਨਿਟ ਮੰਤਰੀ ਨੇ ਦੱਸੀਆਂ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਸ਼ਾਮ ਚੁਰਾਸੀ ਹਲਕੇ ਦੇ ਨੂਰਪੁਰ ਪਿੰਡ ਵਿੱਚ ਕਰਵਾਏ ਗਏ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਸਮਾਗਮ ਨੂੰ



ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਜਨਤਾ ਨਾਲ ਸਿੱਧਾ ਸੰਪਰਕ ਕਰਦੇ ਹੋਏ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਦੱਸਿਆ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਆਮ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਵੱਲ ਇਤਿਹਾਸਕ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਜੋ ਕਿ 10 ਲੱਖ ਰੁਪਏ ਤੱਕ ਕਵਰ ਕਰਦੀ ਹੈ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਅਤੇ ਸਕੂਲ ਆਫ਼ ਐਮੀਨੈਂਸ ਪਹਿਲਕਦਮੀਆਂ ਵਰਗੇ ਉਪਰਾਲੇ ਸੂਬੇ ਦੇ ਨਾਗਰਿਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਾਗੂ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਔਰਤਾਂ ਦਾ ਸਨਮਾਨ ਕਰਨ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ, ਜਿਸ ਵਿੱਚ ਯੋਗ ਜਨਰਲ ਸ਼੍ਰੇਣੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਅਤੇ ਯੋਗ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਪ੍ਰਦਾਨ ਕੀਤੇ ਜਾਣਗੇ। ਇਸ ਤੋਂ ਇਲਾਵਾ ਸੂਬੇ ਦੇ ਲਗਭਗ 90 ਪ੍ਰਤੀਸ਼ਤ ਘਰੇਲੂ ਖਪਤਕਾਰਾਂ 600 ਯੂਨਿਟ ਤੱਕ ਮੁਫ਼ਤ ਬਿਜਲੀ ਦਾ ਲਾਭ ਮਿਲ ਰਿਹਾ ਹੈ । ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਦੇ ਹੋਏ, ਹੁਣ ਤੱਕ ਯੋਗਤਾ ਦੇ ਆਧਾਰ 'ਤੇ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਚੱਲ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦਾ ਹਵਾਲਾ ਦਿੰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਗਿਆ ਹੈ, ਜਿਸ ਨਾਲ ਸਮਾਜ ਵਿੱਚ ਸਕਾਰਾਤਮਕ ਬਦਲਾਅ ਆਏ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਦੇ ਸੜਕੀ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਸੜਕਾਂ ਦੀ ਮੁਰੰਮਤ ਕੀਤੀ ਜਾ ਰਹੀ ਹੈ। ਕਿਸਾਨਾਂ ਦੇ ਹਿੱਤਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਪਹਿਲੀ ਵਾਰ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਦੇ ਖੇਤਾਂ ਤੱਕ ਪਾਣੀ ਪਹੁੰਚਾਉਣ ਲਈ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਬਜ਼ੁਰਗਾਂ ਲਈ ਇੱਕ ਮੁਫ਼ਤ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ ਅਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦਿੱਤਾ ਜਾ ਰਿਹਾ ਹੈ ਤਾਂ ਜੋ ਹਰ ਘਰ ਆਪਣੀਆਂ ਰਸੋਈਆਂ ਨੂੰ ਬਲਦਾ ਰੱਖ ਸਕੇ।

## ਮਾਹਿਲਪੁਰ ਤੋਂ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ ਦਾ ਦੂਜਾ ਦਿਨ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਮਾਹਿਲਪੁਰ ਤੋ ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨਾ ਲਈ ਜਾ ਰਹੀਆਂ ਸੰਗਤਾਂ ਨੇ ਕਿਲਾ ਚਿਤੌੜਗੜ੍ਹ ( ਰਾਜਸਥਾਨ ) ਵਿਖੇ ਦੂਜੀ ਰਾਤ ਗੁਜਾਰੀ। ਸਵੇਰੇ ਸਭ ਤੋਂ ਪਹਿਲਾਂ ਗੁਰਦੁਆਰਾ ਸਿੰਘ ਸਭਾ ਰਾਜਾ ਪਾਰਕ ਜੈਪੁਰ ਵਿਖੇ ਸਾਰੀਆਂ ਹੀ ਸੰਗਤਾਂ ਨੇ ਮੱਥਾ ਟੇਕਿਆ । ਉਸ ਤੋਂ ਬਾਅਦ ਹਵਾ ਮਹਿਲ, ਜਲ ਮਹਿਲ ਅਤੇ ਜੈਪੁਰ ਪਿੰਕ ਸਿਟੀ ਦੇ ਹੋਰ ਦਿਲਕਸ਼ ਨਜ਼ਾਰੇ ਦੇਖ ਕੇ ਆਨੰਦ ਮਾਣਿਆ। ਇਸ ਤੋਂ ਬਾਅਦ ਸਾਰੇ ਸਾਥੀ ਦਰਗਾਹ ਅਜਮੇਰ ਸ਼ਰੀਫ ਪਹੁੰਚੇ। ਵੀਰਵਾਰ ਹੋਣ ਕਰਕੇ ਇਸ ਜਗ੍ਹਾ ਤੇ



ਸੰਗਤਾਂ ਦੀ ਬਹੁਤ ਇਕੱਤਰਤਾ ਸੀ। ਸਾਰਿਆਂ ਨੇ ਆਪਣੀ ਆਸਥਾ ਮੁਤਾਬਕ ਉਥੇ ਚਾਦਰ ਚੜਾਈ। ਰੋਜ਼ਾਨਾ ਬਨਦੀ ਦੇਗ ਵਿੱਚ ਆਪਣਾ ਮਾਇਕ ਸਹਿਯੋਗ ਪਾਇਆ। ਚਿਤੌੜਗੜ ਵਿਖੇ ਰਾਤ ਦਾ ਸਟੇ ਕੀਤਾ। ਯਾਤਰਾ ਵਿੱਚ ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣ ਕੁਟੀਆ ਮਾਹਿਲਪੁਰ, ਪਰਮਜੀਤ ਕੌਰ ਮੁੱਗੋਵਾਲ, ਰਿਟਾਇਰਡ ਥਾਣੇਦਾਰ ਸੁਖਦੇਵ ਸਿੰਘ, ਨਿਰਮਲ ਕੌਰ ਬੋਧ, ਥਾਣੇਦਾਰ ਬਲਵਿੰਦਰ ਸਿੰਘ, ਅਮਰਜੀਤ ਕੌਰ, ਵਿਸ਼ਵਜੀਤ, ਅੰਜਲੀ, ਕਮਲਜੀਤ ਕੌਰ, ਕੁਲਵੰਤ ਕੌਰ, ਜੋਗਿੰਦਰ ਸਿੰਘ,ਸੁਖਵਿੰਦਰ ਕੌਰ ਸ਼ਾਮਿਲ ਹਨ।

# ਸ੍ਰੀ ਰਾਮ ਨੌਮੀ ਮੌਕੇ ਸਾਲਾਨਾ ਧਾਰਮਿਕ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਪ੍ਰਚੀਨ ਠਾਕਰ ਦੁਆਰਾ ਵਿਖੇ ਸਮੂਹ ਨਗਰ ਨਿਵਾਸੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਮੰਦਰ ਸੁਧਾਰ ਸਭਾ ਠਾਕਰ ਦੁਆਰਾ ਵੱਲੋਂ ਹਰ ਸਾਲ ਦੀ



ਤਰ੍ਹਾਂ ਇਸ ਸਾਲ ਵੀ ਸ੍ਰੀ ਰਾਮ ਨੌਮੀ ਦਿਹਾੜੇ ਮੌਕੇ ਸਾਲਾਨਾ ਧਾਰਮਿਕ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਮੰਦਰ ਦੇ ਮੁੱਖ ਸੇਵਾਦਾਰ ਸਵ. ਜੋਗਿੰਦਰ ਪਾਲ ਦੇ ਪਰਿਵਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਸ੍ਰੀ ਰਾਮ ਨੌਮੀ ਦਿਹਾੜੇ ਮੌਕੇ ਹਵਨ ਯੱਗ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸ੍ਰੀ ਰਾਮ ਨੌਮੀ ਦਿਹਾੜੇ ਮੌਕੇ ਬੀਬੀਆਂ ਵੱਲੋਂ ਕੀਰਤਨ ਕੀਤਾ ਗਿਆ। ਉਪਰੰਤ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਝੰਡੇ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸ੍ਰੀ ਰਾਮ ਨੌਮੀ ਦਿਹਾੜੇ ਮੌਕੇ ਧਾਰਮਿਕ ਸਮਾਗਮ ਦੌਰਾਨ ਸੇਵਾਦਾਰ ਸੰਤੋਸ਼ ਕੁਮਾਰ ਪੱਪੂ ਰਾਜਪੁਰ ਭਾਈਆਂ, ਚਰਨਜੀਤ ਸ਼ਰਮਾ, ਚਾਹਤ ਸ਼ਰਮਾ, ਜੋਨੂ ਸ਼ਰਮਾ, ਵਿਜੇ, ਅਜੇ, ਸੋਨੀ, ਇੰਦਰਜੀਤ ਸ਼ਰਮਾ, ਸੁਮਨ, ਸਨੇਹ, ਇਸ਼ੀ, ਸੁਨੀਲ ਕੁਮਾਰ ਸ਼ਰਮਾ, ਰਮੇਸ਼ ਕੁਮਾਰ ਸ਼ਰਮਾ, ਹਰਮਨ, ਗੀਤਾ, ਕ੍ਰਿਸ਼ਨ ਦੱਤ, ਕਮਲਾ ਦੇਵੀ, ਕੇਸ਼ਵ, ਕੋਮਲ ਤੋ ਇਲਾਵਾ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਲੰਗਰ ਅਤੁੱਟ ਵਰਤਿਆ ਗਿਆ। ਇਸ ਪ੍ਰੋਗਰਾਮ ਦੀ ਜਾਣਕਾਰੀ ਸੰਤੋਸ਼ ਕੁਮਾਰ ਪੱਪੂ ਰਾਜਪੁਰ ਭਾਈਆਂ ਨੇ ਪ੍ਰੈੱਸ ਨੂੰ ਦਿੱਤੀ।

# ਡਿਪਟੀ ਸਪੀਕਰ ਨੇ ਸਰਕਾਰ ਦੀਆਂ ਪ੍ਰਾਪਤੀਆਂ ਤੇ ਚਾਨਣਾ ਪਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਹਲਕਾ ਗੜ੍ਹਸ਼ੰਕਰ ਦੇ ਵੱਖ-ਵੱਖ ਪਿੰਡਾਂ ਵਿੱਚ ਕਰਵਾਏ ਗਏ ਸ਼ਾਨਦਾਰ




ਚਾਰ ਸਾਲ, ਭਗਵੰਤ ਮਾਨ ਦੇ ਨਾਲ ਸਮਾਗਮਾਂ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਐੱਮ.ਐੱਲ.ਏ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਜਨਤਾ ਨਾਲ ਸਿੱਧਾ ਸੰਪਰਕ ਕਰਦਿਆਂ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵੱਲ ਇਤਿਹਾਸਕ ਕਦਮ ਚੁੱਕੇ ਹਨ। ਰੌੜੀ ਨੇ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੇ ਆਮ ਆਦਮੀ ਦੀ ਜ਼ਿੰਦਗੀ ਵਿੱਚ ਵੱਡਾ ਬਦਲਾਅ ਲਿਆਂਦਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਇਲਾਜ ਕਵਰ ਮਿਲ ਰਿਹਾ ਹੈ, ਜਦ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸਕੂਲ ਆਫ਼ ਐਮੀਨੈਂਸ ਵਰਗੀਆਂ ਪਹਿਲਕਦਮੀਆਂ ਨਾਲ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਿਆ ਗਿਆ ਹੈ। ਮਹਿਲਾਵਾਂ ਦੇ ਸਸ਼ਕਤੀਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਅਧੀਨ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਪ੍ਰਤੀ ਮਹੀਨਾ ਦਿੱਤੇ ਜਾਣਗੇ। ਬਿਜਲੀ ਖੇਤਰ ਵਿੱਚ ਵੱਡੀ ਰਾਹਤ ਦਿੰਦਿਆਂ ਉਨ੍ਹਾਂ ਦੱਸਿਆ ਕਿ ਸੂਬੇ ਦੇ ਲਗਭਗ 90 ਫੀਸਦੀ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਮਿਲ ਰਹੀ ਹੈ। ਇਸਦੇ ਨਾਲ ਹੀ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵਧਾਉਂਦਿਆਂ ਹੁਣ ਤੱਕ 65,000 ਤੋਂ ਵੱਧ ਸਰਕਾਰੀ ਨੌਕਰੀਆਂ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਅਤੇ ਓ. ਐਸ.ਡੀ ਸ.ਚਰਨਜੀਤ ਸਿੰਘ ਚੰਨੀ, ਬਲਾਕ ਪ੍ਰਧਾਨ ਗੁਲਸ਼ਨ ਠਾਕੁਰ, ਬਲਾਕ ਪ੍ਰਧਾਨ ਜਗਤਾਰ ਕਿੱਤਣਾ, ਇਲਾਕੇ ਦੇ ਸਰਪੰਚ, ਪੰਚ, ਪਤਵੰਤੇ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ, ਜਿਸ ਨਾਲ ਸਮਾਗਮ ਨੇ ਲੋਕਾਂ ਵਿੱਚ ਵੱਡਾ ਉਤਸ਼ਾਹ ਪੈਦਾ ਕੀਤਾ।

# ਛਿੰਝ ਮੇਲਾ ਭਲਕੇ

**ਮਹਿਤਪੁਰ (ਰਾਜਾ)** ਸ੍ਰੀ ਗੁਰੂ ਅੰਗਦ ਦੇਵ ਜੀ ਛਿੰਝ ਕਮੇਟੀ ਮਹੇੜੂ ਵੱਲੋਂ 29 ਮਾਰਚ ਨੂੰ ਪਿੰਡ ਮਹੇੜੂ ਵਿਖੇ ਛਿੰਝ ਮੇਲਾ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਹਿੰਦੁਸਤਾਨ ਦੇ ਨਾਮੀ ਪਹਿਲਵਾਨ ਹਿੱਸਾ ਲੈ ਰਹੇ ਹਨ ਕਮੇਟੀ ਪ੍ਰਧਾਨ ਕੁਲਦੀਪ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਪਟਕੇ ਦੀ ਕੁਸ਼ਤੀ ਦਿਨੇਸ਼ ਗੁਲੀਆ ਹਰਿਆਣਾ ਤੇ ਨਿਸ਼ਾਂਤ ਅਖਾੜਾ ਬਾਬਾ ਫਲਾਹੀ ਵਿੱਚਕਾਰ ਹੋਵੇਗੀ।ਇਸੇ ਹੀ ਤਰ੍ਹਾਂ ਰਵੀ ਵੇਹਰਾ ਤੇ ਜੋਨਟੀ ਗੁਜਰਾ, ਕਲਵਾ ਗੁੱਜਰ ਤੇ ਅਵਿਨਾਇਕ ਯੂ.ਪੀ ਆਪਣੀਆਂ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ। ਇਹ ਛਿੰਝ ਮੇਲਾ ਐਨ ਆਰ ਆਈ ਵੀਰਾਂ ਦਸਮੇਸ਼ ਸਪੋਰਟਸ ਕਲੱਬ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ । ਇਸ ਮੌਕੇ ਕੁਲਵੰਤ ਸਿੰਘ ਪ੍ਰਧਾਨ ਸਪੋਰਟਸ ਕਲੱਬ, ਸੁਖਵਿੰਦਰ ਸਿੰਘ ਔਲਖ, ਗੁਰਪ੍ਰੀਤ ਸਿੰਘ ਮਾਨ, ਦਵਿੰਦਰ ਪਾਲ ਸਿੰਘ ਸਬ ਰਜਿਸਟਰਾਰ ਮਹਿਤਪੁਰ, ਮੁਖਤਿਆਰ ਸਿੰਘ, ਹਰਮੇਸ਼ ਲਾਲ, ਸੰਤੋਖ ਸਿੰਘ ਲੰਬੜਦਾਰ, ਕੁਲਵੰਤ ਸਿੰਘ, ਸਾਬੀ ਧਾਰੀਵਾਲ, ਘੁੱਗਾ ਮਾਨ, ਰਣਜੀਤ ਸਿੰਘ ਲਾਡੀ, ਅੰਮ੍ਰਿਤ ਪਾਲ ਸਿੰਘ, ਹੈਪੀ ਪੰਜਾਬ ਪੁਲਿਸ, ਸੁਰਜੀਤ ਸਿੰਘ ਸੀਤਾ, ਦਿਲਜੀਤ ਸਿੰਘ ਆਦਿ ਹਾਜ਼ਰ ਸਨ।

## ਸੰਤ ਬਾਬਾ ਮੰਗਲ ਦਾਸ ਦਾ ਸਾਲਾਨਾ ਬਰਸੀ ਸਮਾਗਮ ਮਨਾਇਆ



**ਬੰਗਾ (ਅਵਤਾਰ ਕਲੇਰ)** ਡੇਰਾ 108 ਸੰਤ ਬਸਾਊ ਦਾਸ ਜੀ ਸੱਚਖੰਡ ਦੁੱਧਾਧਾਰੀ ਈਸਪੁਰ ਵਿਖੇ, ਸੰਤ ਬਾਬਾ ਮੰਗਲ ਦਾਸ ਜੀ ਦਾ ਸਾਲਾਨਾ ਬਰਸੀ ਸਮਾਗਮ ਸੰਤ ਬੀਬੀ ਪ੍ਰਕਾਸ਼ ਕੌਰ, ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਨਿਰਮਲ ਸਿੰਘ ਬਘਾਣਾ, ਸੰਤ ਜਸਵਿੰਦਰ ਪਾਲ ਪੰਡਵਾ, ਸੰਤ ਰਣਜੀਤ ਸਿੰਘ ਮਾਛੀਵਾੜਾ, ਸੰਤ ਅਰਜਨ ਦਾਸ ਮੰਨਣਹਾਣਾ, ਸੰਤ ਅਵਤਾਰ ਦਾਸ, ਸੰਤ ਰਾਮ ਦਾਸ ਕੰਗ ਜਗੀਰ, ਸੰਤ ਸਤਨਾਮ ਦਾਸ ਪੰਡੋਰੀ, ਗਿਆਨੀ ਓਂਕਾਰ ਸਿੰਘ ਗੜ੍ਹਪਧਾਣਾ, ਸੰਤ ਮਨਦੀਪ ਦਾਸ ਨਕੋਦਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਨਾਮਵਰ ਕਲਾਕਾਰ ਸਰਦਾਰ ਅਲੀ ਅਤੇ ਢਾਡੀ ਜਥਾ ਗਿਆਨੀ ਸੁਖਦੇਵ ਸਿੰਘ ਨਡਾਲੋਂ ਵਲੋਂ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮਿਸ਼ਨਰੀ ਲੇਖਕ ਸੱਤਪਾਲ ਸਾਹਲੋਂ, ਅਖਿਲ ਭਾਰਤੀ ਰਵਿਦਾਸ ਸੰਗਠਨ ਪ੍ਰਧਾਨ ਰਾਮ ਸਿੰਘ ਨਵਾਂ ਸ਼ਹਿਰ, ਤਰਸੇਮ ਲਾਲ, ਪਰਗਣ ਰਾਮ,ਹੀਰਾ ਲਾਲ ਸਾਬਕਾ ਸਬ ਇੰਸਪੈਕਟਰ,ਸਾਧੂ ਰਾਮ ਜੰਡਿਆਲੀ, ਸ਼ਰਧਾ ਰਾਮ ਜੰਡਿਆਲੀ,ਨਰੈਣ ਦਾਸ,ਧੰਨਾ ਰਾਮ ਜੰਡਿਆਲੀ, ਰੂਪ ਲਾਲ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਵਿਧਾਇਕ ਕੋਹਲੀ ਵੱਲੋਂ ਵਾਰਡ 54 ਬਡੂੰਗਰ ਤੋਂ ਤੀਰਥ ਯਾਤਰਾ ਬੱਸ ਰਵਾਨਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਪ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਵਾਰਡ ਨੰਬਰ 54 ਬਡੂੰਗਰ ਤੋਂ ਕੌਂਸਲਰ ਜਗਮੋਹਨ ਸਿੰਘ ਚੌਹਾਨ, ਅਸ਼ੋਕ ਬੰਗੜ ਅਤੇ ਗੋਬਿੰਦ ਬਡੂੰਗਰ ਦੀ ਦੇਖ ਰੇਖ ਹੇਠ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ ਯਾਤਰੀਆਂ ਨਾਲ ਭਰੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦਿਆਂ ਕੀਤਾ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਬੱਸ ਵੱਖ ਵੱਖ ਧਾਰਮਿਕ ਅਸਥਾਨਾਂ 'ਤੇ ਜਾਏਗੀ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਇਸ ਦਿਸ਼ਾ ਵਿੱਚ ਇੱਕ ਵਿਸ਼ੇਸ਼ ਅਤੇ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਆਮ ਜਨਤਾ, ਖ਼ਾਸ ਕਰਕੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।

## ਮਾਤਾ ਭੱਦਰਕਾਲੀ ਮੰਦਰ ਵਿਖੇ ਚੇਤ ਦੀ ਅਸ਼ਟਮੀ ਦਾ ਮੇਲਾ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਚੇਤ ਮਹੀਨੇ ਮਾਤਾ ਦੇ ਨਰਾਤਿਆਂ ਦੇ ਸਬੰਧ ਵਿਚ ਅਸ਼ਟਮੀ ਦਾ ਤਿਉਹਾਰ ਸ਼ਰਧਾਲੂਆਂ ਵਲੋਂ ਸ਼ਰਧਾ ਨਾਲ ਮਨਾਇਆ ਗਿਆ। ਸਵੇਰੇ ਮਾਤਾ ਦੇ ਭਗਤਾਂ ਵਲੋਂ ਘਰਾਂ 'ਚ ਕੰਜਕ ਪੂਜਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਪ੍ਰਸ਼ਾਦ ਭੇਟ ਕੀਤਾ। ਇਸ ਤੋਂ ਇਲਾਵਾ ਸਥਾਨਕ ਰਤੀਪੁਰ ਰੋਡ 'ਤੇ ਸਥਿਤ ਪੁਰਾਤਨ ਅਤੇ ਇਤਿਹਾਸਕ ਮਾਤਾ ਭੱਦਰਕਾਲੀ ਦੇ ਮੰਦਰ ਵਿਖੇ ਵੀ ਚੇਤ ਮਹੀਨੇ ਦੇ ਅਸ਼ਟਮੀ ਦਾ ਪਵਿੱਤਰ ਦਿਹਾੜਾ 'ਤੇ ਸੰਗਤਾਂ ਭਾਰੀ ਗਿਣਤੀ 'ਚ ਦਰਸ਼ਨ ਕਰਨ ਪੁੱਜੀਆਂ। ਸਵੇਰ ਤੋਂ ਹੀ ਸ਼ਰਧਾਲੂ ਮਾਤਾ ਭੱਦਰਕਾਲੀ ਦੇ ਦਰਸ਼ਨ ਕਰਨ ਲਈ ਕਤਾਰਾਂ ਵਿਚ ਲੱਗੇ ਦਿਖਾਈ ਦਿੱਤੇ ਜਿਨ੍ਹਾਂ ਆਪਣੀਆਂ ਮਨੋਕਾਮਨਾਵਾਂ ਪੂਰਨ ਕੀਤੀਆਂ। ਧਾਰਮਿਕ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਸ਼ਮੂਲੀਅਤ ਕੀਤੀ ਜਿਨ੍ਹਾਂ ਕੰਜਕ ਪੂਜਨ ਕਰ ਲੰਗਰ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਸ਼ਰਧਾਲੂ ਔਰਤਾਂ ਅਤੇ ਕਲਾਕਾਰਾਂ ਵੱਲੋਂ ਮਾਤਾ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਆਈਆਂ ਸੰਗਤਾਂ ਲਈ ਅਨੇਕਾਂ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਡੀ.ਡੀ. ਵਰਮਾ, ਅਨਿਲ ਸ਼ਰਮਾ, ਸੰਦੀਪ ਸ਼ਰਮਾ, ਸੌਰਵ ਸ਼ਰਮਾ, ਸ਼ੈਂਕੀ ਸ਼ਰਮਾ, ਪੰਡਿਤ ਪ੍ਰਮੋਦ ਸ਼ਰਮਾ ਹਾਜ਼ਰ ਸਨ।

## ਸ੍ਰੀ ਰਾਮ ਨੌਮੀ ਮੌਕੇ ਧੂਰੀ 'ਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ੍ਰੀ ਰਾਮ ਨੌਮੀ ਦੇ ਮੌਕੇ ਸ੍ਰੀ ਰਾਮ ਭਗਤ ਪਰਵਾਰ ਅਤੇ ਸ੍ਰੀ ਬਾਲਾ ਜੀ ਸ੍ਰੀ ਖਾਟੂ ਸ਼ਿਆਮ ਸੇਵਾ ਸੰਮਤੀ ਵੱਲੋਂ ਸਾਂਝੇ ਤੌਰ 'ਤੇ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ।ਇਹ ਸ਼ੋਭਾ ਯਾਤਰਾ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਵੱਖ-ਵੱਖ ਮਾਰਗਾਂ ਤੋਂ ਹੁੰਦੀ ਹੋਈ ਗੁਜ਼ਰੀ। ਯਾਤਰਾ ਦੇ ਰਸਤੇ ਵਿੱਚ ਥਾਂ-ਥਾਂ 'ਤੇ ਸ਼ਹਿਰ ਵਾਸੀਆਂ ਅਤੇ ਵੱਖ-ਵੱਖ ਸਮਾਜਿਕ ਜਥੇਬੰਦੀਆਂ ਵੱਲੋਂ ਸ਼ੋਭਾ ਯਾਤਰਾ ਦਾ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ, ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ ਸ਼ੁਭੀ, ਭਾਜਪਾ ਦੇ ਜਿਲ੍ਹਾ ਕਾਰਜਕਾਰਨੀ ਪ੍ਰਧਾਨ ਸਰਜੀਵਨ ਜਿੰਦਲ, ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ, ਆਮ ਆਦਮੀ ਪਾਰਟੀ ਦੇ ਆਗੂ ਸੰਦੀਪ ਬਾਂਸਲ ਸੋਨੀ, ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ, ਸੁਰੇਸ਼ ਬਾਂਸਲ, ਸਾਬਕਾ ਨਗਰ ਕੌਂਸਲ ਪ੍ਰਧਾਨ ਸੰਦੀਪ ਤਾਇਲ, ਅਗਰਵਾਲ ਸਮਾਜ ਸਭਾ ਦੇ ਪ੍ਰਧਾਨ ਮਦਨ ਲਾਲ ਬਾਂਸਲ, ਅਤੇ ਗੁਰਪਿਆਰ ਧੂਰਾ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣਾਂ ਨੇ ਪ੍ਰਭੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਸ਼ੋਭਾ ਯਾਤਰਾ ਦੀ ਸਫ਼ਲਤਾ ਲਈ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਅਸ਼ਵਨੀ ਗੋਇਲ, ਅਮਿਤ ਗਰਗ, ਸੰਜੀਵ ਸ਼ਰਮਾ, ਭੁਪਿੰਦਰ ਪਾਲ ਮਿੱਠਾ ਅਤੇ ਯਸ਼ਪਾਲ ਮਿੱਤਲ ਨੇ ਦਿਨ-ਰਾਤ ਇੱਕ ਕਰ ਦਿੱਤੀ। ਇਸ ਮੌਕੇ ਭਾਜਪਾ ਆਗੂ ਬ੍ਰਿਜੇਸ਼ਵਰ ਗੋਇਲ, ਪਰਦੀਪ ਗਰਗ, ਅਸ਼ੀਸ਼ ਗਰਗ, ਕੌਂਸਲਰ ਮਹਾਂਵੀਰ ਫੌਜੀ, ਰਾਜੀਵ ਚੌਧਰੀ, ਪ੍ਰੇਮ ਕੁਮਾਰ ਠੇਕੇਦਾਰ, ਦਰਸ਼ਨ ਕੁਮਾਰ ਦਰਸ਼ੀ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਅਸ਼ਵਨੀ ਕੁਮਾਰ ਮਿੱਠੂ, ਕਾਂਵੜ ਸੰਘ ਦੇ ਪ੍ਰਧਾਨ ਅਵਨੀਸ਼ ਗਰਗ, ਆਸ਼ੂਤੋਸ਼ ਬਾਂਸਲ, ਭੀਮ ਗਰਗ, ਅਸ਼ੋਕ ਸਿੰਗਲਾ, ਜਨਕ ਰਾਜ ਮੀਮਸਾ ਵੀ ਹਾਜ਼ਰ ਸਨ।

## ਵਾਹਗਾ ਬਾਰਡਰ ਖੁਲ੍ਹਾਉਣ ਲਈ ਅੱਜ ਹੋਵੇਗਾ ਵੱਡਾ ਇਕੱਠ : ਭੁੱਲਰ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਅਤੇ ਪੀਏਸੀ ਮੈਂਬਰ ਗੁਰਚਰਨ ਸਿੰਘ ਭੁੱਲਰ ਨੇ ਦੱਸਿਆ ਕਿ ਉਹਨਾਂ ਦੀ ਪਾਰਟੀ ਵੱਲੋਂ 28 ਮਾਰਚ ਨੂੰ ਵਾਹਗਾ ਅਟਾਰੀ ਬਾਰਡਰ ਮੁਕੰਮਲ ਖੁਲ੍ਹਾਉਣ ਵਾਸਤੇ ਬਹੁਤ ਵੱਡਾ ਇਕੱਠ ਕੀਤਾ ਜਾ ਰਿਹਾ ਹੈ।ਪਿਛਲੇ ਲੰਮੇ ਸਮੇਂ ਤੋਂ ਸੈਂਟਰ ਦੀ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ ਅਤੇ ਸਾਡੇ ਪੰਜਾਬ ਦੇ ਹੁਸੈਨੀਵਾਲਾ ਬਾਰਡਰ, ਸੁਲੇਮਾਨ ਕੀ ਬਾਰਡਰ ਅਤੇ ਵਾਹਗਾ ਅਟਾਰੀ ਬਾਰਡਰਾਂ ਨੂੰ ਸੀਲ ਕਰਕੇ ਰੱਖਿਆ ਹੋਇਆ ਹੈ। ਸੈਂਟਰ ਸਰਕਾਰ ਵੱਲੋਂ ਸਦਾ ਪੰਜਾਬ ਦੇ ਲੋਕਾਂ ਨੂੰ ਕਿਹਾ ਜਾਂਦਾ ਹੈ ਪਾਕਿਸਤਾਨ ਨਾਲ ਸਾਡੇ ਸੰਬੰਧ ਨਾਜ਼ੁਕ ਹਨ। ਸਾਨੂੰ ਦੱਸਿਆ ਜਾਵੇ ਕਿ ਜੇ ਪੰਜਾਬ ਦੀਆਂ ਵਸਤੂਆਂ ਗੁਜਰਾਤ ਅਤੇ ਹੋਰ ਬੰਦਰਗਾਹਾਂ ਰਾਹੀਂ ਸਾਡੇ ਨਜ਼ਦੀਕ ਲਾਹੌਰ ਤੱਕ ਹਜ਼ਾਰਾਂ ਕਿਲੋਮੀਟਰ ਵੱਲ ਦੀ ਘੁਮਾ ਕੇ ਭੇਜੀਆਂ ਜਾਦੀਆਂ ਹਨ ਅਤੇ ਚੋਗੁਣਾ ਖਰਚਾ ਕੀਤਾ ਜਾਦਾ ਹੈ ਫਿਰ ਪਾਕਿਸਤਾਨ ਨਾਲ ਸਬੰਧ ਸਹੀ ਹੋ ਜਾਂਦੇ ਹਨ। ਸੈਂਟਰ ਸਰਕਾਰ ਨੇ ਪੰਜਾਬ ਦਾ ਵਪਾਰੀ ਖਤਮ ਕਰ ਦਿੱਤਾ ਹੈ ਅਤੇ ਗੁਜਰਾਤ ਦੇ ਵਪਾਰੀਆਂ ਨੂੰ ਪ੍ਰਫੁੱਲਿਤ ਕੀਤਾ ਜਾ ਰਿਹਾ ਹੈ। ਜੇਕਰ ਪੰਜਾਬ ਦੇ ਬਾਰਡਰ ਖੋਲ੍ਹੇ ਜਾਂਦੇ ਹਨ ਤਾਂ ਇਧਰ ਦੀ ਤੇਲ, ਗੈਸ, ਖਣਿਜ ਪਦਾਰਥ ਆਦਿ ਆਉਂਦੇ ਹਨ ਤਾਂ ਪੰਜਾਬ ਨੂੰ ਰੇਟ ਵੀ ਸਸਤੇ ਵਿੱਚ ਹਰ ਚੀਜ਼ ਮਿਲੇਗੀ ਅਤੇ ਪੰਜਾਬ ਅਤੇ ਪੰਜਾਬ ਦੇ ਵਪਾਰੀ, ਦੁਕਾਨਦਾਰ, ਟਰਾਂਸਪੋਰਟਰ, ਮਜ਼ਦੂਰ, ਹੋਟਲ, ਕਿਸਾਨ ਆਦਿ ਖੁਸ਼ਹਾਲ ਹੋਣਗੇ। ਇਸ ਲਈ ਸਮੂਹ ਜਥੇਬੰਦੀਆਂ ਵਪਾਰੀਆਂ, ਦੁਕਾਨਦਾਰਾਂ, ਮਜ਼ਦੂਰਾਂ, ਹੋਟਲ ਮਾਲਕਾਂ, ਕਿਸਾਨ ਜਥੇਬੰਦੀਆਂ, ਸਾਰੀਆਂ ਪਾਰਟੀਆਂ ਦੇ ਲੀਡਰ ਸਾਹਿਬਾਨ ਅਤੇ ਸਮੂਹ ਪੰਜਾਬ ਹਿਤੈਸ਼ੀਆਂ ਨੂੰ ਬੇਨਤੀ ਹੈ ਕਿ 28 ਮਾਰਚ ਨੂੰ ਆਪਣੇ ਸਾਧਨਾਂ ਰਾਹੀਂ ਪਹੁੰਚ ਕੇ ਸੈਂਟਰ ਸਰਕਾਰ ਤੱਕ ਅਵਾਜ਼ ਪਹੁੰਚਾਈਏ ਤਾਂ ਕਿ ਪੰਜਾਬ ਦੇ ਬਾਰਡਰ ਖੁਲਵਾਏ ਜਾ ਸਕਣ।ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਦੋਂ ਦਾ ਹੋਂਦ ਵਿੱਚ ਆਇਆ ਹੈ ਹਮੇਸ਼ਾ ਪੰਜਾਬ ਦੇ ਬਾਰਡਰਾਂ ਨੂੰ ਖੁਲ੍ਹਾਉਣ ਵਾਸਤੇ ਅਵਾਜ਼ ਉਠਾਉਂਦਾ ਆ ਰਿਹਾ ਹੈ।

## ਗਿੱਦੜਬਾਹਾ 'ਚ ਵਪਾਰੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਆਯੋਜਿਤ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਅਸੈਂਬਲੀ ਟਰੇਡ ਕਮਿਸ਼ਨ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਬੁੱਟਰ ਦੀ ਅਗਵਾਈ ਹੇਠ ਗਿੱਦੜਬਾਹਾ ਵਿਖੇ ਵਪਾਰੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਲੱਭਣਾ ਅਤੇ ਵਪਾਰਕ ਮਾਹੌਲ ਨੂੰ ਹੋਰ ਸੁਧਾਰਨਾ ਸੀ।ਮੀਟਿੰਗ ਦੌਰਾਨ ਵੱਖ-ਵੱਖ ਵਪਾਰਕ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਆਪਣੇ ਮੁੱਦੇ ਰੱਖੇ ਗਏ, ਜਿਨ੍ਹਾਂ ਵਿੱਚ ਟੈਕਸ ਸੰਬੰਧੀ ਸਮੱਸਿਆਵਾਂ, ਬੁਨਿਆਦੀ ਢਾਂਚੇ ਦੀ ਕਮੀ ਅਤੇ ਸਰਕਾਰੀ ਸੇਵਾਵਾਂ ਨਾਲ ਜੁੜੀਆਂ ਦਿੱਕਤਾਂ ਸ਼ਾਮਲ ਸਨ।ਚੇਅਰਮੈਨ ਅਸ਼ੋਕ ਬੁੱਟਰ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਨੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਅਤੇ ਵਪਾਰਕ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇ।ਮੀਟਿੰਗ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵੀ ਵਪਾਰੀਆਂ ਨੂੰ ਸਰਕਾਰੀ ਨੀਤੀਆਂ ਅਤੇ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਇਨ੍ਹਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਚੇਅਰਮੈਨ ਵੱਲੋਂ ਸਭ ਨੂੰ ਆਪਸੀ ਸਹਿਯੋਗ ਨਾਲ ਇਲਾਕੇ ਦੇ ਵਪਾਰਕ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦੀ ਅਪੀਲ ਕੀਤੀ ਗਈ।

ਇਸ ਮੌਕੇ ਜਿਲਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੋਟੀ, ਪੈਵੀ ਢਿੱਲੋਂ, ਐਸ ਡੀ ਐਮ ਗਿੱਦੜਬਾਹਾ ਜਸਪਾਲ ਸਿੰਘ, ਕਾਰਜ ਸਾਧਕ ਅਫਸਰ ਗਿੱਦੜਬਾਹਾ ਸੁਨੀਲ ਦੱਤ ਵਰਮਾ, ਈ ਟੀ ਓ ਗੁਰਿੰਦਰ ਸਿੰਘ, ਐਸ ਡੀ ਓ ਪੀਐਸਪੀਸੀਐਲ ਗੁਰਵਿੰਦਰ ਸਿੰਘ, ਜੀ ਐਸ ਟੀ ਇੰਸਪੈਕਟਰ ਰਵਿੰਦਰ, ਜੀ ਐਸ ਟੀ ਇੰਸਪੈਕਟਰ ਅੰਮ੍ਰਿਤ ਪਾਲ, ਲੇਬਰ ਇੰਸਪੈਕਟਰ ਪ੍ਰਿੰਸ ਕੰਬੋਜ, ਬਲਾਕ ਖੇਤੀਬਾੜੀ ਅਫਸਰ, ਜੇ ਈ ਪੀਐਸਪੀਸੀਐਲ ਭੁਪਿੰਦਰ ਸਿੰਘ, ਬਲਾਕ ਲੈਵਲ ਐਕਸਟੈਂਸ਼ਨ ਅਫਸਰ, ਵਿਧਾਨ ਸਭਾ ਟਰੇਡਰ ਕਮਿਸ਼ਨ ਦੇ ਮੈਂਬਰ ਸ਼ਿਵਮ ਬੁੱਟਰ, ਵਪਾਰ ਮੰਡਲ ਦੀ ਸੱਤ ਮੈਂਬਰੀ ਕਮੇਟੀ ਦੇ ਮੈਂਬਰ ਓ ਪੀ ਕਾਕਾ, ਰਜੇਸ਼ ਬਾਂਸਲ ਤੋਂ ਇਲਾਵਾ ਵਪਾਰ ਮੰਡਲ ਦੇ ਸਾਬਕਾ ਪ੍ਰਧਾਨ ਵਰਿੰਦਰ ਅਗਰਵਾਲ, ਹਰਵਿੰਦਰ ਕਾਕਾ, ਰੇਸ਼ਟੀ ਰੰਧਾਵਾ, ਧਰਮਿੰਦਰ, ਸੰਦੀਪ ਸ਼ਰਮਾ, ਨਵੀਨ ਮਿੱਤਲ, ਭੂਸ਼ਣ ਸ਼ਰਮਾ, ਐਡਵੋਕੇਟ ਸੁਰੇਸ਼, ਨਾਜੀ, ਅਸ਼ੋਕ ਸਿਡਾਨਾ ਆਦੀ ਵੀ ਮੌਜੂਦ ਸਨ।

# ਨਰਸਿੰਗ ਸਟਾਫ ਵੱਲੋਂ ਰਾਜਿੰਦਰਾ ਹਸਪਤਾਲ 'ਚ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਭਰ ਦੇ ਮੈਡੀਕਲ ਸਿੱਖਿਆ ਵਿਭਾਗ ਦੇ ਨਰਸਿੰਗ ਸਟਾਫ ਵੱਲੋਂ 4600 ਗ੍ਰੇਡ ਪੇ ਦੀ ਬਹਾਲੀ ਦੀ ਮੰਗ ਦੇ ਹੱਕ ਵਿਚ ਸੂਬਾ-ਪੱਧਰੀ ਹੜਤਾਲ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਸਰਕਾਰੀ ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਨਰਸਿੰਗ ਸਟਾਫ ਵੱਲੋਂ ਸਵੇਰੇ 10 ਵਜੇ ਤੋਂ ਹੀ ਓਪੀਡੀ ਬਿਲਡਿੰਗ ਸਾਹਮਣੇ ਅਮਮਿੱਥੇ ਸਮੇਂ ਲਈ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਹੜਤਾਲ ਦੇ ਪਹਿਲਾਂ ਤੋਂ ਦਿੱਤੇ ਅਲਟੀਮੇਟਮ ਦੇ ਮੱਦੇਨਜ਼ਰ 25 ਮਾਰਚ ਨੂੰ ਮੈਡੀਕਲ ਸਿੱਖਿਆ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਵੱਲੋਂ ਇਕ ਆਰਡਰ ਜਾਰੀ ਕਰਕੇ ਐਸਮਾ ਐਕਟ ਲਾਗੂ ਕੀਤਾ ਗਿਆ ਪਰ ਇਸ ਦਾ ਨਰਸਿੰਗ ਸਟਾਫ 'ਤੇ ਕੋਈ ਅਸਰ ਨਹੀਂ ਦਿਖਿਆ ਤੇ ਨਰਸਿੰਗ ਸਟਾਫ ਧਰਨੇ 'ਤੇ ਬੈਠ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਸਰਪ੍ਰਸਤ ਜੁਝਾਰ ਸਿੰਘ ਨੇ ਆਖਿਆ ਕਿ ਇਹ ਹੜਤਾਲ ਅਚਾਨਕ ਨਹੀਂ ਕੀਤੀ ਗਈ, ਬਲਕਿ ਪਿਛਲੇ ਲਗਭਗ 5-6 ਸਾਲਾਂ ਤੋਂ ਨਰਸਿੰਗ ਸਟਾਫ ਵੱਲੋਂ ਆਪਣੀ ਜਾਇਜ਼ ਮੰਗ ਅਤੇ ਸਰਕਾਰ ਵੱਲੋਂ ਗੈਰ-ਸੰਵਿਧਾਨਕ ਢੰਗ ਨਾਲ ਘਟਾਏ ਗਏ ਗ੍ਰੇਡ ਪੇ ਸਬੰਧੀ ਵੱਖ-ਵੱਖ ਸਰਕਾਰਾਂ ਅੱਗੇ ਵਾਰ-ਵਾਰ ਬੇਨਤੀਆਂ ਕੀਤੀਆਂ ਜਾ ਰਹੀਆਂ ਸਨ ਪਰ ਨਾ ਪਿਛਲੀਆਂ ਸਰਕਾਰਾਂ ਅਤੇ ਨਾ ਹੀ ਮੌਜੂਦਾ ਸਰਕਾਰ ਨੇ ਇਸ ਮੰਗ ਵੱਲ ਕੋਈ ਧਿਆਨ ਦਿੱਤਾ।

ਉਨ੍ਹਾਂ ਕਿਹਾ ਕਿ ਸਰਕਾਰ ਪਹਿਲਾਂ ਹੋ ਚੁੱਕੀਆਂ ਕਈ ਮੀਟਿੰਗਾਂ ਵਿੱਚ ਮੰਨ ਚੁੱਕੀ ਹੈ ਕਿ ਨਰਸਿੰਗ ਕੈਡਰ ਦੀ 4600 ਗ੍ਰੇਡ ਪੇ ਦੀ ਮੰਗ ਪੂਰੀ ਤਰ੍ਹਾਂ ਜਾਇਜ਼ ਹੈ, ਪਰ ਇਸ ਦੇ ਬਾਵਜੂਦ ਹੱਲ ਕਰਨ ਦੀ ਬਜਾਏ ਸਰਕਾਰ ਐਸਮਾ ਵਰਗੇ ਕਦਮ ਚੁੱਕ ਰਹੀ ਹੈ।ਜੁਝਾਰ ਸਿੰਘ ਮਾਨ ਨੇ ਦੱਸਿਆ ਕਿ ਅਸੀਂ ਹੜਤਾਲ ਤੋਂ ਪਹਿਲਾਂ ਤਿੰਨ ਰਿਮਾਈਂਡਰ ਦਿੱਤੇ ਅਤੇ 19 ਮਾਰਚ ਨੂੰ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਪ੍ਰਮੁੱਖ ਸਕੱਤਰ ਸਿਹਤ ਕੁਮਾਰ ਰਾਹੁਲ ਨਾਲ ਮੀਟਿੰਗ ਵੀ ਕੀਤੀ ਪਰ ਕੋਈ ਹੱਲ ਨਹੀਂ ਨਿਕਲਿਆ।ਉਨ੍ਹਾਂ ਨੇ ਬੁੱਧਵਾਰ ਦੇਰ ਰਾਤ ਸਾਡੇ 'ਤੇ 'ਐਸਮਾ' ਵੀ ਲਗਾਇਆ ਹੈ। ਮਾਨ ਨੇ ਕਿਹਾ ਕਿ ਪੰਜਾਬ ਦੀਆਂ ਨਰਸਾਂ ਹਰਿਆਣਾ ਵਰਗੇ ਗੁਆਂਢੀ ਰਾਜਾਂ ਦੇ ਮੁਕਾਬਲੇ ਪ੍ਰਤੀ ਮਹੀਨਾ 15,000-20,000 ਰੁਪਏ ਘੱਟ ਕਮਾ ਰਹੀਆਂ ਹਨ ਪਰ ਕੰਮ ਬਰਾਬਰ ਕੀਤਾ ਜਾ ਰਿਹਾ ਹੈ। ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਸ਼ੁੱਕਰਵਾਰ ਨੂੰ ਮੀਟਿੰਗ ਲਈ ਬੁਲਾਇਆ ਗਿਆ ਹੈ ਤੇ ਜੇਕਰ ਕੋਈ ਸਾਰਥਕ ਹੱਲ ਨਾ ਨਿਕਲਿਆ ਤਾਂ ਧਰਨਾ ਵੱਡਾ ਸੰਘਰਸ ਦਾ ਰੂਪ ਲਵੇਗਾ।

## ਕੇਂਦਰ ਦਾ ਪੈਟਰੋਲ ਤੇ ਡੀਜ਼ਲ 'ਤੇ ਐਕਸਾਈਜ਼ ਘਟਾਉਣਾ ਲੋਕ ਹਿਤੂ : ਦਿਓਲ

**ਧੂਰੀ (ਮਨੋਹਰ ਸਿੰਘ ਸੱਗੂ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਣਦੀਪ ਸਿੰਘ ਦਿਓਲ ਨੇ ਕੇਂਦਰ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਉਣ ਦੇ ਕੀਤੇ ਐਲਾਨ ਦਾ ਸਵਾਗਤ ਕੀਤਾ।ਭਾਜਪਾ ਆਗੂ ਰਣਦੀਪ ਦਿਓਲ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਘਟਾਉਣ ਲਈ ਕੀਤੇ ਗਏ ਤਾਜ਼ਾ ਐਲਾਨ ਦਾ ਸਵਾਗਤ ਕਰਦਿਆਂ ਕਿਹਾ ਕਿ ਅੱਜ ਜਦੋਂ ਦੁਨੀਆਂ ਪੱਧਰ 'ਤੇ ਪੈਟਰੋਲ ਤੇ ਡੀਜ਼ਲ ਨੂੰ ਲੈਕੇ ਹਾਹਾਕਾਰ ਮੱਚੀ ਹੋਈ ਹੈ, ਅਜਿਹੇ ਸਮੇਂ ਕੇਂਦਰ ਸਰਕਾਰ ਨੇ ਪੈਟਰੋਲ ਤੇ ਡੀਜ਼ਲ 'ਤੇ 10 ਰੁਪਏ ਪ੍ਰਤੀ ਲੀਟਰ ਐਕਸਾਈਜ਼ ਡਿਊਟੀ ਘਟਾ ਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ।ਉਨ੍ਹਾਂ ਕੇਂਦਰ ਸਰਕਾਰ ਦੇ ਇਸ ਐਲਾਨ ਨੂੰ ਲੋਕ ਹਿਤੂ ਕਰਾਰ ਦਿੰਦਿਆਂ ਕਿਹਾ ਕਿ ਲੋਕ ਹਿਤੂ ਸਰਕਾਰਾਂ ਓਹੋ ਹੁੰਦੀਆਂ ਹਨ ਜੋ ਲੋਕਾਂ ਦਾ ਭਲਾ ਸੋਚਣ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਵੀ ਚਾਹੀਦਾ ਹੈ ਕਿ ਪੈਟਰੋਲ ਤੇ ਡੀਜ਼ਲ 'ਤੇ ਸੂਬਾਈ ਟੈਕਸ ਘਟਾ ਕੇ ਲੋਕਾਂ ਨੂੰ ਸਸਤਾ ਪੈਟਰੋਲ ਤੇ ਡੀਜ਼ਲ ਮੁਹੱਈਆ ਕਰਾਏ।

## ਪੰਜਾਬੀ ਯੂਨੀਵਰਸਿਟੀ ਵਿਖੇ 12ਵਾਂ ਰਬਾਬੀ ਭਾਈ ਮਰਦਾਨਾ ਸ਼ਾਸਤਰੀ ਸੰਗੀਤ ਸੰਮੇਲਨ ਸੰਪੰਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੀ ਗੁਰਮਤਿ ਸੰਗੀਤ ਚੇਅਰ ਵੱਲੋਂ ਉਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਅਗਵਾਈ ਵਿੱਚ ਕਰਵਾਇਆ ਗਿਆ 12ਵਾਂ ਰਬਾਬੀ ਭਾਈ ਮਰਦਾਨਾ ਸ਼ਾਸਤਰੀ ਸੰਗੀਤ ਸੰਮੇਲਨ ਸਫਲਤਾਪੂਰਵਕ ਸੰਪੰਨ ਹੋ ਗਿਆ। ਇਹ ਸਮਾਗਮ ਯੂਨੀਵਰਸਿਟੀ ਦੇ ਸੰਗੀਤ ਵਿਭਾਗ, ਗੁਰਮਤਿ ਸੰਗੀਤ ਵਿਭਾਗ ਅਤੇ ਗੁਰਮਤਿ ਗਿਆਨ ਆਨਲਾਈਨ ਸਟੱਡੀ ਸੈਂਟਰ ਦੇ ਸਹਿਯੋਗ ਨਾਲ ਨੇਪਰੇ ਚੜ੍ਹਿਆ।ਸੰਮੇਲਨ ਦਾ ਅੰਤਿਮ ਦਿਨ ਪਟਿਆਲਾ ਦੇ ਦਿੱਗਜ ਸੰਗੀਤਕਾਰ ਪ੍ਰਿੰਸੀਪਲ ਸ਼ਮਸ਼ੇਰ ਸਿੰਘ ਕਰੀਰ ਨੂੰ ਸਮਰਪਿਤ ਰਿਹਾ।ਫ਼ਰੀਦਕੋਟ ਤੋਂ ਆਏ ਸ੍ਰੀ ਮਾਧਵ ਅਰੋੜਾ ਵੱਲੋਂ ਰਾਗ ਜੋਗ ਵਿਚ ਕੀਤੇ ਸ਼ਾਸਤਰੀ ਗਾਇਨ ਉਪਰੰਤ ਜਲੰਧਰ ਤੋਂ ਆਲ ਇੰਡੀਆ ਰੇਡੀਓ ਦੇ ਟੌਪ ਗਰੇਡ ਕਲਾਕਾਰ ਉਸਤਾਦ ਸ਼ਮਿੰਦਰਪਾਲ ਸਿੰਘ ਅਤੇ ਉਹਨਾਂ ਦੀ ਸਪੁੱਤਰੀ ਪਰਮਿੰਦਰ ਕੌਰ ਨੇ ਸਾਰੰਗੀ 'ਤੇ ਰਾਗ ਮੀਆਂ ਕੀ ਤੋੜੀ ਜੁਗਲਬੰਦੀ ਰਾਹੀਂ ਪੇਸ਼ ਕੀਤਾ। ਪੰਜਾਬ ਪਬਲਿਕ ਸਕੂਲ ਨਾਭਾ ਦੇ ਸੰਗੀਤ ਅਧਿਆਪਕ ਗੁਰਸ਼ਰਨ ਸਿੰਘ ਨੇ ਪ੍ਰਿੰਸੀਪਲ ਕਰੀਰ ਦੀਆਂ ਸਿਮ੍ਰਤੀਆਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ।ਮੁੱਖ ਮਹਿਮਾਨ ਵਜੋਂ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਸ਼ਿਰਕਤ ਕੀਤੀ। ਉੱਘੇ ਰੰਗਕਰਮੀ ਸ੍ਰੀ ਪ੍ਰਾਣ ਸਭਰਵਾਲ (ਪਦਮ ਸ਼੍ਰੀ) ਨੇ ਗੁਰਮਤਿ ਸੰਗੀਤ ਚੇਅਰ ਵਲੋਂ ਕਰਵਾਏ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਵੱਖ-ਵੱਖ ਪੇਸ਼ਕਾਰੀਆਂ ਦੌਰਾਨ ਤਬਲੇ 'ਤੇ ਜੈਦੇਵ, ਨਰਿੰਦਰ ਪਾਲ ਸਿੰਘ ਅਤੇ ਹਾਰਮੋਨੀਅਮ 'ਤੇ ਜਨਾਬ ਅਲੀ ਅਕਬਰ ਨੇ ਸੰਗਤ ਕੀਤੀ।ਸਮਾਗਮ ਦੇ ਸ਼ੁਰੂ ਵਿਚ ਚੇਅਰ ਦੇ ਇੰਚਾਰਜ ਡਾ. ਅਲੰਕਾਰ ਸਿੰਘ ਨੇ ਸਭ ਦਾ ਸਵਾਗਤ ਕੀਤਾ। ਅੰਤ ਵਿੱਚ ਸੰਗੀਤ ਵਿਭਾਗ ਦੇ ਪ੍ਰੋਫ਼ੈਸਰ ਡਾ. ਨਿਵੇਦਿਤਾ ਸਿੰਘ ਨੇ ਧੰਨਵਾਦੀ ਸ਼ਬਦ ਕਹੇ। ਪ੍ਰੋਗਰਾਮ ਦੇ ਕੋਆਰਡੀਨੇਟਰ ਜਸਬੀਰ ਸਿੰਘ ਵੱਲੋਂ ਕਲਾਕਾਰਾਂ ਅਤੇ ਮਹਿਮਾਨਾਂ ਦਾ ਮਾਨ-ਸਨਮਾਨ ਕਰਵਾਇਆ ਗਿਆ ਅਤੇ ਉਸਤਾਦ ਸ਼ਮਿੰਦਰਪਾਲ ਸਿੰਘ ਨੂੰ 'ਪ੍ਰਿੰਸੀਪਲ ਸ਼ਮਸ਼ੇਰ ਸਿੰਘ ਕਰੀਰ ਸਿਮ੍ਰਤੀ ਅਵਾਰਡ' ਪ੍ਰਦਾਨ ਕੀਤਾ ਗਿਆ।

## ਹਰੀ ਨੌਂ ਦੇ ਸਕੇ ਭਰਾਵਾਂ ਦੀ ਖੁਦਕੁਸ਼ੀ ਭਾਰਤੀ ਹਾਕਮਾਂ ਦੇ ਮੂੰਹ 'ਤੇ ਚਪੇੜ : ਕਿਸਾਨ ਆਗੂ

**ਜਗਰਾਉਂ (ਨਛੱਤਰ ਸੰਧੂ)**-ਫ਼ਰੀਦਕੋਟ ਦੇ ਪਿੰਡ ਹਰੀ ਨੌਂ ਦੇ ਦੋ ਸਕੇ ਭਰਾਵਾਂ ਜਸਕਰਨ ਸਿੰਘ ਤੇ ਜਸਵਿੰਦਰ ਸਿੰਘ ਵੱਲੋਂ ਰੇਲਗੱਡੀ ਹੇਠਾਂ ਆਕੇ ਅਪਣੇ ਆਪ ਨੂੰ ਖਤਮ ਕਰ ਲੈਣ ਦੀ ਹਿਰਦੇਵੇਦਕ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਘਟਨਾ ਕਿਸੇ ਵੀ ਮਾੜੇ ਮੋਟੇ ਦਿਲ ਗੁਰਦੇ ਦੇ ਮਾਲਕ ਦੇ ਦਿਲ ਨੂੰ ਵਲੂੰਧਰਣ ਦੀ ਕਾਫੀ ਹੈ।ਆਲੂ ਦੀ ਫ਼ਸਲ ਦੀ ਬਰਬਾਦੀ ਤੇ ਪੰਜਾਹ ਲੱਖ ਕਰਜ਼ੇ ਦੀ ਮਾਰ ਨਾ ਸਹਾਰਦੇ ਹੋਏ ਦੋਵੇਂ ਭਰਾਵਾਂ ਵਲੋਂ ਕੀਤੀ ਖੁਦਕੁਸ਼ੀ ਅਜੋਕੇ ਖੇਤੀ ਮਾਡਲ ਦੇ ਬੁਰੀ ਤਰ੍ਹਾਂ ਫੈਲ ਹੋਣ ਦੀ ਚੁਣੌਤੀ ਭਰਪੂਰ ਗਾਥਾ ਹੈ।ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਅਤੇ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਪ੍ਰੈਸ ਨਾਲ ਸਾਂਝੇ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਨੂੰ ਇਨ੍ਹਾਂ ਮੌਤਾਂ ਲਈ ਜ਼ਿੰਮੇਵਾਰ ਠਹਿਰਾਉਂਦਿਆਂ ਕਿਹਾ ਕਿ ਕਿਸਾਨ ਜਥੇਬੰਦੀਆਂ ਵਲੋਂ ਪਿਛਲੇ ਕਈ ਸਾਲਾਂ ਤੋਂ ਨਵੀਂ ਹੰਢਣਸਾਰ ਕਿਸਾਨਾਂ ਅਤੇ ਲੋਕਾਂ ਦੇ ਪੱਖ ਦੀ ਖੇਤੀ ਨੀਤੀ ਲਿਆਉਣ ਦੀ ਮੰਗ ਕੀਤੀ ਜਾ ਰਹੀ ਹੈ ਤਾਂ ਜੁ ਪੰਜਾਬ ਅਤੇ ਦੇਸ਼ ਦੀ ਉਜੜ ਰਹੀ ਕਿਸਾਨੀ ਨੂੰ ਬਚਾਇਆ ਜਾ ਸਕੇ।ਹਾਲਾਤ ਦੀ ਸਿਤਮਜ਼ਰੀਫੀ ਇਹ ਹੈ ਕਿ ਪੰਜਾਬ ਸਰਕਾਰ ਵੱਲੋਂ ਥਾਪੇ ਫਾਰਮਰ ਕਮਿਸ਼ਨ ਵਲੋਂ ਕਿਸਾਨ ਜਥੇਬੰਦੀਆਂ ਨਾਲ ਵਿਚਾਰ ਵਟਾਂਦਰੇ ਕਰਕੇ ਤਿਆਰ ਕੀਤੀ ਖੇਤੀ ਨੀਤੀ ਭਗਵੰਤ ਮਾਨ ਸਰਕਾਰ ਦੀ ਅਲਮਾਰੀ 'ਚ ਬੰਦ ਪਈ ਹੈ।ਦਿੱਲੀ ਅੰਦੋਲਨ ਤੋਂ ਬਾਅਦ ਹੋਈ ਸਹਿਮਤੀ ਸਮੇਂ ਲਿਖਤੀ ਐਲਾਨੀ ਐਮ ਐਸ ਪੀ ਠੰਡੇ ਬਸਤੇ 'ਚ ਪਾ ਦਿੱਤੀ ਗਈ ਹੈ।ਸੂਬੇ ਭਰ 'ਚ ਆਲੂ ਉਤਪਾਦਕ ਕਿਸਾਨਾਂ ਦੀ ਪੈਦਾਵਾਰ ਕੀਮਤ ਨਾ ਮਿਲਣ ਕਾਰਨ ਰੁਲ ਰਹੀ ਹੈ।ਐਮ ਐਸ ਪੀ ਨਾ ਹੋਣਾ ਤਾਂ ਇੱਕ ਕਾਰਨ ਹੈ, ਪਰ ਇਸ ਵਾਰ ਲੇਬਰ ਨਾ ਮਿਲਣ ਅਤੇ ਮਹਿੰਗੀ ਮਿਲਣ ਕਾਰਨ ਆਲੂ ਉਤਪਾਦਕਾਂ ਦੀ ਰਾਤਾਂ ਦੀ ਨੀਂਦ ਹਰਾਮ ਹੋਈ ਹੈ।

## ਹੈਰੋਇਨ ਸਮੇਤ ਮਹਿਲਾ ਸਣੇ 6 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 23 ਗ੍ਰਾਮ ਹੈਰੋਇਨ ਸਮੇਤ ਇਕ ਮਹਿਲਾ ਸਣੇ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਪੁਲਿਸ ਨੇ ਵੱਖ ਵੱਖ ਥਾਣਿਆਂ ਵਿਚ ਐਨਡੀਪੀਐਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਗੌਰਵ ਉਰਫ ਗੋਗੀ ਪੁੱਤਰ ਚੰਨਾ ਉਰਫ ਧਾਲਾ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਨੂੰ ਕਾਬੂ ਕਰਕੇ ਉਸ ਪਾਸੋਂ 4 ਗ੍ਰਾਮ ਹੈਰੋਇਨ ਸਮੇਤ ਪਾਰਦਰਸ਼ੀ ਮੋਮੀ ਲਿਫਾਫਾ ਬਰਾਮਦ ਕੀਤਾ। ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੂੰਗੀ ਨੰਬਰ 7 ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਨੀਸ਼ਾ ਪਤਨੀ ਅਮਰ ਉਰਫ ਕੰਬੀ ਅਤੇ ਅਸ਼ੋਕ ਉਰਫ ਸੋਨੂੰ ਉਰਫ ਚੂਹਾ ਪੁੱਤਰ ਸ਼ਾਮ ਲਾਲ ਵਾਸੀਅਨ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਹੈਰੋਇਨ ਵੇਚਣ ਦੇ ਆਦੀ ਹਨ ਤੇ ਇਸ ਵਕਤ ਵੀ ਗੁਰੂ ਨਾਨਕ ਕਾਲਜ ਦੇ ਸਾਹਮਣੇ ਤੋਂ ਚਮਰੰਗ ਮੰਡੀ ਨੂੰ ਜਾਂਦੀ ਸੜਕ 'ਤੇ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਹਨ। ਪੁਲਸ ਨੇ ਦੱਸਿਆ ਕਿ ਛਾਪੇਮਾਰੀ ਕਰਕੇ ਨੀਸ਼ਾ ਅਤੇ ਅਸ਼ੋਕ ਉਰਫ ਸੋਨੂੰ ਉਰਫ ਚੂਹਾ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਦੋਸ਼ੀ ਪਵਨ ਉਰਫ ਬੱਘੀ ਪੁੱਤਰ ਰੂੜ ਸਿੰਘ ਵਾਸੀ ਦਾਣਾ ਮੰਡੀ ਬਾਰੇ ਕੇ ਨੂੰ ਹੁਸੈਨੀਵਾਲਾ ਹੈੱਡ ਵੱਲ ਜਾਂਦੀਆਂ ਨਹਿਰਾਂ ਸਾਹਮਣੇ ਕੱਚੇ ਰਸਤੇ ਤੋਂ 4 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਇਸੇ ਹੀ ਥਾਣੇ ਦੇ ਐੱਚ ਸੀ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਦੋਸ਼ੀ ਸੂਰਜ ਪੁੱਤਰ ਅਨੈਤ ਵਾਸੀ ਪਿੰਡ ਪੱਲਾ ਮੇਘਾ ਨੂੰ ਸੀ ਆਰ ਪੀ ਐੱਫ ਗਰਾਊਂਡ ਫਿਰੋਜ਼ਪੁਰ ਪਾਸ ਤੋਂ 4 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਉਸ ਖਿਲਾਫ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਤਲਵੰਡੀ ਭਾਈ ਪੁਲਸ ਦੇ ਐਸਐਚਓ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਦੋਸ਼ੀ ਪ੍ਰਭਜੋਤ ਸਿੰਘ ਉਰਫ ਜੋਤਾ ਪੁੱਤਰ ਮੋਹਨ ਸਿੰਘ ਵਾਸੀ ਨੇੜੇ ਪਾਣੀ ਵਾਲੀ ਟੈਂਕੀ ਮਾਹਲਾ ਕਲਾਂ, ਥਾਣਾ ਸਦਰ ਮੋਗਾ, ਜ਼ਿਲ੍ਹਾ ਮੋਗਾ ਜੋ ਦਾਣਾ ਮੰਡੀ ਕੋਟ ਕਰੋੜ ਕਲਾਂ ਵਿਚ ਖੜ੍ਹਾ ਆਪਣੇ ਕਬਜ਼ੇ ਵਿਚਲੀ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਪੁਲਸ ਨੇ ਛਾਪੇਮਾਰੀ ਕਰਕੇ ਉਕਤ ਦੋਸ਼ੀ ਨੂੰ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਆਪ ਨੇ ਚਾਰ ਸਾਲਾਂ 'ਚ ਸਾਰੇ ਵਾਅਦੇ ਪੂਰੇ ਕੀਤੇ : ਚੱਠਾ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ ਨੇ ਕਿਹਾ ਕਿ ਸੱਤਾ ਵਿਚ ਆਉਣ ਤੋਂ ਬਾਅਦ ਸਰਕਾਰ ਨੇ ਸਿਹਤ, ਸਿੱਖਿਆ, ਬਿਜਲੀ, ਰੁਜ਼ਗਾਰ ਅਤੇ ਕਿਸਾਨੀ ਸਮੇਤ ਹਰ ਖੇਤਰ ਵਿਚ ਮਿਸਾਲੀ ਕੰਮ ਕੀਤੇ ਹਨ।ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਨੁਹਾਰ ਬਦਲ ਕੇ ਲੋਕਾਂ ਨੂੰ ਵਧੀਆ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਲੋਕ ਕਾਫੀ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਬਿਨਾਂ ਰਿਸ਼ਵਤ ਅਤੇ ਸਿਫਾਰਿਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।ਪਿਛਲੇ 4 ਸਾਲਾਂ ਵਿਚ 65 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਮਹਿਲਾਵਾਂ ਲਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਦੇ ਹਨ।ਇਸ ਦੇ ਨਾਲ ਹੀ ਮਹਿਲਾਵਾਂ ਲਈ ਮੁਫਤ ਬੱਸ ਯਾਤਰਾ ਦੀ ਸਹੂਲਤ ਵੀ ਜਾਰੀ ਹੈ।ਸਿਹਤ ਖੇਤਰ ਵਿਚ 881 ਆਮ ਆਦਮੀ ਕਲੀਨਿਕ ਬਣਾਏ ਗਏ ਹਨ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫਤ ਅਤੇ ਕੈਸ਼ਲੈੱਸ ਇਲਾਜ ਦਿੱਤਾ ਜਾ ਰਿਹਾ ਹੈ।ਸਿੱਖਿਆ ਖੇਤਰ ਵਿਚ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ, ਇਹ ਪ੍ਰਾਈਵੇਟ ਸਕੂਲਾਂ ਨਾਲ ਮੁਕਾਬਲਾ ਕਰ ਰਹੇ ਹਨ। ਲੋਕਾਂ ਨੂੰ 600 ਯੂਨਿਟ ਮੁਫਤ ਬਿਜਲੀ ਦਿੱਤੀ ਜਾ ਰਹੀ ਹੈ।ਕਿਸਾਨਾਂ ਨੂੰ ਦਿਨ ਦੇ ਸਮੇਂ ਬਿਜਲੀ ਅਤੇ ਨਹਿਰਾਂ ਰਾਹੀਂ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ।ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ।3000 ਆਧੁਨਿਕ ਖੇਡ ਮੈਦਾਨ ਬਣ ਰਹੇ ਹਨ।ਸੜਕ ਹਾਦਸਿਆਂ ਵਿਚ ਮੌਤਾਂ 'ਚ ਲਗਭਗ 50 ਫੀਸਦੀ ਕਮੀ ਆਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਮੁੱਖ ਉਦੇਸ਼ ਸਿਰਫ ਵਿਕਾਸ ਹੈ।

## ਫ਼ਤਿਹਗੜ੍ਹ ਸਾਹਿਬ ਨੂੰ ਸਭ ਤੋਂ ਵੱਧ ਕੱਚੇ ਮਕਾਨਾਂ ਦੇ ਪੈਸੇ ਮੁਹੱਈਆ ਹੋਏ : ਰਾਏ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਹਲਕਾ ਫ਼ਤਿਹਗੜ੍ਹ ਸਾਹਿਬ ਦੇ ਅਧੀਨ ਆਉਂਦੇ ਬਲਾਕ ਖੇੜਾ ਵਿਖੇ ਚੇਅਰ ਪਰਸਨ ਪਰਮਿੰਦਰ ਕੌਰ ਪਤਨੀ ਹਰਮੇਸ਼ ਸਿੰਘ ਪੂਨੀਆ ਨੇ ਆਪਣਾ ਕਾਰਜ ਭਾਰ ਸੰਭਾਲ ਲਿਆ ਹੈ।ਉਨ੍ਹਾਂ ਦਾ ਸਨਮਾਨ ਕਰਨ ਲਈ ਹਲਕਾ ਫ਼ਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਕਾਰਜ ਤੋਂ ਪਹਿਲਾਂ ਬਲਾਕ ਸੰਮਤੀ ਖੇੜਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸੁਖਮਨੀ ਸਾਹਿਬ ਦੇ ਪਾਠ ਕਰਾਏ ਗਏ, ਕੀਰਤਨ ਉਪਰੰਤ ਅਟੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਇਲਾਕੇ ਦੇ ਪੰਚ, ਸਰਪੰਚ, ਬਲਾਕ ਸੰਮਤੀ ਮੈਂਬਰਾਂ ਤੋਂ ਇਲਾਵਾ ਮੋਹਤਬਰ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਹਾਜ਼ਰੀ ਲਵਾਈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਨਵ ਨਿਯੁਕਤ ਚੇਅਰਪਰਸਨ ਪਰਮਿੰਦਰ ਕੌਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਬਲਾਕ ਸੰਮਤੀ ਵੱਲੋਂ ਜਿਹੜੀ ਨਵੀਂ ਟੀਮ ਚੁਣੀ ਗਈ ਹੈ ਇਹ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ।ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ, ਜਿਸ ਦੇ ਨਾਲ ਹਲਕੇ ਦੇ ਲੋਕਾਂ ਨੂੰ ਵਧੀਆ ਅਤੇ ਸੁਖਾਵਾਂ ਮਾਹੌਲ ਮੁਹੱਈਆ ਕਰਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿਛਲੇ ਚਾਰ ਸਾਲਾਂ ਤੋਂ ਸੂਬੇ ਦੇ ਲੋਕਾਂ ਦੀ ਸੇਵਾ ਦੇ ਵਿੱਚ ਦਿਨ-ਰਾਤ ਕੰਮ ਕਰ ਰਹੀ ਹੈ, ਜਿਸ ਦੀ ਬਦੌਲਤ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ। ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਸਰਕਾਰੀ ਹਸਪਤਾਲਾਂ ਦੀ ਹਾਲਤ ਚ ਸੁਧਾਰ ਕੀਤਾ ਗਿਆ ਹੈ। ਆਮ ਲੋਕਾਂ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਨਾਲ ਜੋੜਿਆ ਗਿਆ ਹੈ। ਹਰ ਪਰਿਵਾਰ ਨੂੰ 300 ਯੂਨਿਟ ਬਿਜਲੀ ਮੁਫਤ ਪ੍ਰਤੀ ਮਹੀਨਾ ਮੁਹੱਈਆ ਕਰਾਈ ਜਾ ਰਹੀ ਹੈ।ਨਹਿਰੀ ਪਾਣੀ ਨੂੰ ਵਰਤੋਂ ਯੋਗ ਬਣਾਉਣ ਦੇ ਲਈ ਬਹੁਤ ਸਾਰੇ ਪਿੰਡਾਂ ਦੇ ਵਿੱਚ ਮੋਗੇ ਲਾਏ ਗਏ ਹਨ, ਜਿਸ ਦੀ ਬਦੌਲਤ ਸੂਬੇ ਭਰ ਦੇ ਵਿੱਚ 78 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ।ਹਲਕਾ ਫਤਿਹਗੜ੍ਹ ਸਾਹਿਬ ਦੀਆਂ 90 ਫੀਸਦੀ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ, ਜਿੱਥੇ ਪਾਣੀ ਦੀ ਨਿਕਾਸੀ ਦੇ ਲਈ ਸੀਵਰੇਜ ਸਿਸਟਮ ਪਾਇਆ ਜਾ ਰਿਹਾ ਹੈ, ਉੱਥੇ ਹੀ ਕੱਚੇ ਰਸਤਿਆਂ ਨੂੰ ਇੰਟਰਲੌਕ ਟਾਈਲਾਂ ਦੇ ਨਾਲ ਪੱਕਾ ਕੀਤਾ ਜਾ ਰਿਹਾ ਹੈ।

## ਸਿੱਖਿਆ ਮਾਹਰ ਅਸ਼ੋਕ ਸਦਿਉੜਾ ਅੱਜ ਵਿਦਿਆਰਥੀਆਂ ਦੇ ਹੋਣਗੇ ਰੂਬਰੂ

**ਮਾਨਸਾ (ਆਤਮਾ ਸਿੰਘ ਪਮਾਰ)**



ਵਿਦਿਆਰਥੀਆਂ ਦੇ ਰਾਹ ਦਸੇਰੇ ਵਜੋਂ ਜਾਣੇ ਜਾਂਦੇ ਸਿੱਖਿਆ ਮਾਹਿਰ ਸਭਿਆਚਾਰ ਚੇਤਨਾ ਮੰਚ ਦੇ ਸੱਦੇ 'ਤੇ 28 ਮਾਰਚ ਨੂੰ ਐਸ ਡੀ ਕੰਨਿਆਂ ਮਹਾਂਵਿਦਿਆਲਾ ਮਾਨਸਾ ਵਿਖੇ ਵਿਦਿਆਰਥੀਆਂ ਦੇ ਰੂਬਰੂ ਹੋਣਗੇ।ਸ੍ਰੀ ਸਦਿਓੜਾ ਬਰਿਲਜ਼ ਐਕਸਪਰੈੱਸ ਦੇ ਚੀਫ਼ ਐਡੀਟਰ ਵੀ ਹਨ, ਉਨ੍ਹਾਂ ਦੀ ਅਗਵਾਈ 'ਚ ਦੇਸ਼ ਦੇ ਵੱਖ-ਵੱਖ ਰਾਜਾਂ ਅੰਦਰ ਸਿੱਖਿਆ ਕੇਂਦਰ ਚੱਲ ਰਹੇ ਹਨ, ਜਿਥੋਂ ਸੈਂਕੜੇ ਵਿਦਿਆਰਥੀ ਉਨ੍ਹਾਂ ਤੋਂ ਸੁਚੱਜੀ ਅਗਵਾਈ ਹਾਸਲ ਕਰ ਰਹੇ ਹਨ।ਮੰਚ ਦੇ ਪ੍ਰਧਾਨ ਹਰਿੰਦਰ ਮਾਨਸ਼ਾਹੀਆ ਤੇ ਪ੍ਰੋਗਰਾਮ ਦੇ ਸੰਚਾਲਕ ਰਾਜ ਜੋਸ਼ੀ ਨੇ ਦੱਸਿਆ ਕਿ ਚਾਨਣ ਦੇ ਵਣਜਾਰੇ ਬੈਨਰ ਹੇਠ ਹੋ ਰਹੇ ਇਸ ਪ੍ਰੇਰਨਾਦਾਇਕ ਸੈਮੀਨਾਰ ਦੌਰਾਨ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਵੱਖ-ਵੱਖ ਨੁਕਤਿਆਂ ਤੋਂ ਇਲਾਵਾ ਉਹ ਆਪਣੀ ਜੀਵਨ ਯਾਤਰਾ ਤੇ ਸਫ਼ਲਤਾ ਦੇ ਅਨੁਭਵਾਂ ਨੂੰ ਵੀ ਸਾਂਝਾ ਕਰਨਗੇ।ਮੰਚ ਦੇ ਜਨਰਲ ਸਕੱਤਰ ਹਰਦੀਪ ਸਿੱਧੂ, ਵਿੱਤ ਸਕੱਤਰ ਪ੍ਰਿਤਪਾਲ ਸਿੰਘ, ਕੋਆਰਡੀਨੇਟਰ ਬਲਰਾਜ ਨੰਗਲ ਨੇ ਸਮੂਹ ਵਿਦਿਆਰਥੀਆਂ, ਅਧਿਆਪਕਾਂ, ਸਿੱਖਿਆ ਪ੍ਰੇਮੀਆਂ ਨੂੰ ਇਸ ਸਮਾਗਮ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ।

## ਪੰਜਾਬ ਸਾਫਟ ਟੈਨਿਸ ਟੀਮ ਨੇ ਬਿਹਾਰ ਨੂੰ ਹਰਾ ਕੇ ਸੈਮੀਫਾਈਨਲ 'ਚ ਬਣਾਈ ਜਗ੍ਹਾ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਗੁਜਰਾਤ ਦੇ ਸ਼ਹਿਰ ਅਹਿਮਦਾਬਾਦ ਵਿੱਚ ਚੱਲ ਰਹੇ 6ਵੇਂ ਸਾਫਟ ਟੈਨਿਸ ਫੈਡਰੇਸ਼ਨ ਕੱਪ ਵਿਚ ਪੰਜਾਬ ਦੀ ਟੀਮ ਨੇ ਆਪਣੀ ਖੇਡ ਦਾ ਲੋਹਾ ਮਨਵਾਉਂਦਿਆਂ ਸੈਮੀਫਾਈਨਲ ਵਿੱਚ ਪ੍ਰਵੇਸ਼ ਕਰ ਲਿਆ ਹੈ।ਕੁਆਰਟਰ ਫਾਈਨਲ ਦੇ ਸਖ਼ਤ ਮੁਕਾਬਲੇ ਵਿੱਚ ਪੰਜਾਬ ਨੇ ਬਿਹਾਰ ਦੀ ਟੀਮ ਨੂੰ ਕਰਾਰੀ ਸ਼ਿਕਸਤ ਦੇ ਕੇ ਟੂਰਨਾਮੈਂਟ ਦੇ ਅਗਲੇ ਪੜਾਅ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਮੈਚ ਦੌਰਾਨ ਪੰਜਾਬ ਦੇ ਖਿਡਾਰੀਆਂ ਵਿੱਚ ਗਜ਼ਬ ਦਾ ਤਾਲਮੇਲ ਅਤੇ ਜਿੱਤ ਲਈ ਦ੍ਰਿੜ੍ਹਤਾ ਦੇਖਣ ਨੂੰ ਮਿਲੀ।ਖੇਡ ਦੇ ਮੈਦਾਨ ਵਿੱਚ ਪੰਜਾਬੀ ਗੱਭਰੂਆਂ ਨੇ ਆਪਣੇ ਵਿਰੋਧੀਆਂ ਨੂੰ ਹਰ ਪੱਖੋਂ ਪਛਾੜਿਆ ਅਤੇ ਸ਼ਾਨਦਾਰ ਤਕਨੀਕੀ ਹੁਨਰ ਦਾ ਪ੍ਰਦਰਸ਼ਨ ਕਰਦਿਆਂ ਮੈਚ ਆਪਣੇ ਨਾਮ ਕੀਤਾ।ਇਸ ਜਿੱਤ ਨਾਲ ਪੰਜਾਬ ਹੁਣ ਖਿਤਾਬੀ ਜਿੱਤ ਦੇ ਬਹੁਤ ਨੇੜੇ ਪਹੁੰਚ ਗਿਆ ਹੈ।ਪੰਜਾਬ ਸਾਫਟ ਟੈਨਿਸ ਐਸੋਸੀਏਸ਼ਨ ਦੇ ਸਕੱਤਰ ਨਰਿੰਦਰਪਾਲ ਸਿੰਘ ਨੇ ਟੀਮ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਸੈਮੀਫਾਈਨਲ ਵਿੱਚ ਵੀ ਟੀਮ ਇਸੇ ਜਜ਼ਬੇ ਨਾਲ ਖੇਡੇਗੀ।ਟੀਮ ਦੇ ਕੋਚ ਅਮਰੀਕ ਸਿੰਘ ਨੇ ਖਿਡਾਰੀਆਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਟੀਮ ਨੇ ਇਸ ਟੂਰਨਾਮੈਂਟ ਲਈ ਦਿਨ-ਰਾਤ ਪਸੀਨਾ ਵਹਾਇਆ ਹੈ।ਟੀਮ ਦੇ ਮੁੱਖ ਖਿਡਾਰੀ ਇਸ ਜਿੱਤ ਵਿਚ ਪ੍ਰਤੀਕ ਸਿੰਘ, ਸਹਿਜਪ੍ਰੀਤ ਸਿੰਘ ਬਾਜਵਾ, ਪ੍ਰਦੀਪ ਕੁਮਾਰ, ਜਸਰਾਜਨ ਸਿੰਘ, ਅਰਮਾਨ ਸਿੰਘ, ਜੈਵੰਤ ਸਿੰਘ ਗਰੇਵਾਲ, ਕ੍ਰਿਸ਼ਨਾ ਛਾਬੜਾ ਅਤੇ ਮਨਪਰਵੇਜ਼ ਸਿੰਘ ਨੇ ਅਹਿਮ ਭੂਮਿਕਾ ਨਿਭਾਈ।

## ਪੀ ਜੀ ਆਈ 'ਚ ਦਿਮਾਗੀ ਚੋਟ ਸੰਬੰਧੀ ਜਾਗਰੂਕਤਾ ਪ੍ਰੋਗਰਾਮ

**ਸਮਰਾਲਾ (ਸੁਰਜੀਤ ਸਿੰਘ)**-ਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਐਜੂਕੇਸ਼ਨ 'ਨਾਈਨ' ਵੱਲੋਂ ਪੀ ਜੀ ਆਈ, ਚੰਡੀਗੜ੍ਹ ਦੇ ਨਿਊਰੋਸਰਜਰੀ ਵਿਭਾਗ ਦੇ ਸਹਿਯੋਗ ਨਾਲ ਬ੍ਰੇਨ ਅਵੇਅਰਨੈੱਸ ਵੀਕ ਅਤੇ ਹੈਡ ਇੰਜਰੀ ਡੇ ਮੌਕੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਜਿਸ ਦਾ ਥੀਮ 'ਆਧੁਨਿਕ ਜੀਵਨ ਦੇ ਡਰ : ਇਸ ਦਾ ਦਿਮਾਗੀ ਸਿਹਤ 'ਤੇ ਅਸਰ ਸੀ। ਇਹ ਪ੍ਰੋਗਰਾਮ ਡਾ. ਮੰਜੂ ਧੰਡਾਪਾਣੀ, ਐਸੋਸੀਏਟ ਪ੍ਰੋਫੈਸਰ, ਨਾਈਨ ਦੀ ਰਹਿਨੁਮਾਈ ਅਤੇ ਕੋਆਰਡੀਨੇਸ਼ਨ ਹੇਠ ਕਰਵਾਇਆ ਗਿਆ।ਡਾ. ਸੁਖਪਾਲ ਕੌਰ, ਪ੍ਰਿੰਸੀਪਲ, ਨਾਈਨ ਨੇ ਆਧੁਨਿਕ ਸਿਹਤ ਪ੍ਰਣਾਲੀ ਵਿੱਚ ਨਿਊਰੋਲੋਜੀਕਲ ਜਾਗਰੂਕਤਾ ਅਤੇ ਰੋਕਥਾਮੀ ਰਣਨੀਤੀਆਂ ਦੀ ਵਧ ਰਹੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰੋਗਰਾਮ ਦੇ ਥੀਮ ਨੂੰ ਡਾ. ਮਨੀਸ਼ਾ ਨਾਗੀ, ਫੈਕਲਟੀ, ਨਾਈਨ ਵੱਲੋਂ ਜਾਰੀ ਕੀਤਾ ਗਿਆ।

ਇਸ ਮੌਕੇ ਮੁੱਖ ਮਹਿਮਾਨ ਡਾ. ਐਸ.ਕੇ. ਗੁਪਤਾ, ਮੁਖੀ, ਨਿਊਰੋਸਰਜਰੀ ਵਿਭਾਗ ਅਤੇ ਗੈਸਟ ਆਫ ਆਨਰ ਡਾ. ਸਵਪਨਜੀਤ ਸਾਹੂ, ਐਸੋਸੀਏਟ ਪ੍ਰੋਫੈਸਰ, ਸਾਈਕਿਆਟਰੀ ਵਿਭਾਗ, ਪੀ ਜੀ ਆਈ ਵੀ ਹਾਜ਼ਰ ਸਨ।ਪ੍ਰੋਗਰਾਮ ਦੀ ਖਾਸ ਵਿਸ਼ੇਸ਼ਤਾ ਇੱਕ ਮਲਟੀਜਨਰੇਸ਼ਨਲ ਟਾਕ ਸ਼ੋਅ ਸੀ, ਜਿਸ ਦੀ ਮੋਡਰੇਸ਼ਨ ਡਾ. ਮੰਜੂ ਧੰਡਾਪਾਣੀ ਨੇ ਕੀਤੀ। ਇਸ ਵਿਚ ਡਾ. ਸੁਖਪਾਲ ਕੌਰ, ਡਾ. ਸੁਨੀਤਾ ਸ਼ਰਮਾ, ਡਾ. ਆਸਥਾ ਟੱਕਰ (ਐਡੀਸ਼ਨਲ ਪ੍ਰੋਫੈਸਰ, ਨਿਊਰੋਲੋਜੀ) ਅਤੇ ਡਾ. ਸ਼ਾਲਿਨੀ ਨਾਇਕ (ਐਸੋਸੀਏਟ ਪ੍ਰੋਫੈਸਰ, ਸਾਈਕਿਆਟਰੀ) ਨੇ ਵੱਖ-ਵੱਖ ਪੀੜ੍ਹੀਆਂ ਦੇ ਜੀਵਨ ਅੰਦਾਜ਼, ਟੈਕਨੋਲੋਜੀ ਦੇ ਇਸਤੇਮਾਲ, ਮਾਨਸਿਕ ਸਿਹਤ ਜਾਗਰੂਕਤਾ ਅਤੇ ਨਜਿੱਠਣ ਦੇ ਤਰੀਕਿਆਂ 'ਤੇ ਚਰਚਾ ਕੀਤੀ। ਮਿਸ ਰੇਨੂ, ਨਿਊਰੋਸਰਜਰੀ ਕੋਆਰਡੀਨੇਟਰ, ਡਾ. ਚੰਦਰ ਸ਼ੇਖਰ, ਐਸੋਸੀਏਟ ਪ੍ਰੋਫੈਸਰ, ਨਿਊਰੋਸਰਜਰੀ ਅਤੇ ਡਾ. ਮਨੀਸ਼ਾ ਨਾਗੀ ਨੇ ਵੀ ਜਾਣਕਾਰੀ ਦਿੱਤੀ।ਅੰਤ ਵਿੱਚ ਡਾ. ਮੀਨਾਕਸ਼ੀ ਅਗਨਿਹੋਤਰੀ, ਫੈਕਲਟੀ, ਨਾਈਨ ਵੱਲੋਂ ਧੰਨਵਾਦ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਰਾਸ਼ਟਰੀ ਗੀਤ ਨਾਲ ਪ੍ਰੋਗਰਾਮ ਦਾ ਸਮਾਪਨ ਹੋਇਆ।

## ਗਿੰਨੀਜ਼ ਬੁੱਕ 'ਚ ਡਾ. ਸੁਬੋਧ ਗੁਪਤਾ ਤੇ ਨਿਸ਼ਾਂਤ ਗੁਪਤਾ ਦਾ ਨਾਂਅ ਹੋਵੇਗਾ ਸ਼ੁਮਾਰ



**ਮਾਨਸਾ (ਆਤਮਾ ਸਿੰਘ ਪਮਾਰ)**-ਮਨੁੱਖ ਦੇ ਇਲਾਜ, ਬਿਮਾਰੀ ਨੂੰ ਸਮਝਣ ਅਤੇ ਏ.ਆਈ ਨੂੰ ਇਲਾਜ ਲਈ ਕਿੱਥੇ ਵਰਤਿਆ ਜਾਣਾ ਹੈ, ਕਿੱਥੇ ਨਹੀਂ, ਇਸ ਸਬੰਧੀ ਦੇਸ਼ 'ਚ ਪਹਿਲੀ ਵਾਰ ਮੈਡੀਕਲ ਖੇਤਰ 'ਚ ਨੈਸ਼ਨਲ ਬੋਰਡ ਆਫ ਪ੍ਰੀਖਿਆ ਨਵੀਂ ਦਿੱਲੀ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਮਾਨਸਾ ਦੇ ਡਾ. ਸੁਬੋਧ ਗੁਪਤਾ ਅਤੇ ਉਨ੍ਹਾਂ ਦੇ ਪੁੱਤਰ ਸਿਵਲ ਹਸਪਤਾਲ ਮਾਨਸਾ 'ਚ ਚਮੜੀ ਰੋਗਾਂ ਦੇ ਡਾ. ਨਿਸ਼ਾਂਤ ਗੁਪਤਾ ਨੇ ਸਰਟੀਫਿਕੇਟ ਜਿੱਤਿਆ ਹੈ।ਏ.ਆਈ ਮੈਡੀਕਲ ਖੇਤਰ ਵਜੋਂ ਪਿਓ-ਪੁੱਤਰ ਦਾ ਨਾਮ ਗਿੰਨੀਜ਼ ਆਫ ਬੁਕਸ 'ਚ ਦਰਜ ਹੋਵੇਗਾ।ਨਵੀਂ ਦਿੱਲੀ 'ਚ ਇਹ ਸਮਾਗਮ ਲਗਾਤਾਰ 20 ਹਫ਼ਤੇ ਚੱਲੇਗਾ।ਨੈਸ਼ਨਲ ਬੋਰਡ ਆਫ ਪ੍ਰੀਖਿਆ ਨਵੀਂ ਦਿੱਲੀ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਮਨੁੱਖ ਦੇ ਇਲਾਜ, ਬਿਮਾਰੀਆਂ ਨੂੰ ਸਮਝਣ ਲਈ ਏ.ਆਈ ਦੀ ਵਰਤੋਂ ਬਾਰੇ ਜਾਣਕਾਰੀ, ਸੋਧ ਅਤੇ ਉਸ ਸਬੰਧੀ ਵਿਚਾਰ ਲਏ ਜਾ ਰਹੇ ਹਨ।ਡਾ. ਸੁਬੋਧ ਗੁਪਤਾ ਨੇ ਦੱਸਿਆ ਕਿ ਯੁੱਗ ਤਬਦੀਲੀ ਅਤੇ ਨਵੀਆਂ ਖੋਜਾਂ ਮੈਡੀਕਲ ਖੇਤਰ ਵਿੱਚ ਵੀ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਏ.ਆਈ ਨਾਲ ਬਹੁਤ ਅਸੰਭਵ ਕੰਮ ਸੰਭਵ ਹੋਣ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮਨੁੱਖ ਦੇ ਇਲਾਜ ਵਿੱਚ ਏ.ਆਈ ਕਿੱਥੇ ਸੰਭਵ ਅਤੇ ਕਿੱਥੇ ਅਸੰਭਵ ਹੈ, ਇਸ ਰਾਹੀਂ ਕੀਤਾ ਗਿਆ ਇਲਾਜ ਕਿੰਨਾ ਤੰਦਰੁਸਤ ਹੈ, ਇਸ ਬਾਰੇ ਇਸ ਸਮਾਗਮ ਵਿੱਚ ਅਨੋਖੀ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲਾ ਸਮਾਂ ਏ.ਆਈ ਦਾ ਹੈ, ਡਾਕਟਰੀ ਪੇਸ਼ਾ ਦੌਰਾਨ ਏ.ਆਈ ਦੀ ਵਰਤੋਂ ਹੋਣੀ ਸੰਭਵ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਪਿਓ-ਪੁੱਤ ਨੇ ਇਸ ਸਮਾਗਮ 'ਚ ਹਿੱਸਾ ਲਿਆ ਅਤੇ ਏ.ਆਈ ਨਾਲ ਮੈਡੀਕਲ ਖੇਤਰ ਦੀਆਂ ਨਵੀਂਆਂ ਅਨੋਖੀਆਂ ਅਤੇ ਵਿਲੱਖਣ, ਜਾਣਕਾਰੀ ਹਾਸਲ ਕੀਤੀ ਹੈ।ਡਾ. ਗੁਪਤਾ ਨੇ ਕਿਹਾ ਕਿ ਇਹ ਸਮਾਗਮ ਸੰਪਨ ਹੋਣ ਉਪਰੰਤ ਇਸ ਦੀ ਪ੍ਰੀਖਿਆ ਵੀ ਲਈ ਜਾਵੇਗੀ।।ਉਨ੍ਹਾਂ ਦੱਸਿਆ ਕਿ ਨੈਸ਼ਨਲ ਬੋਰਡ ਆਫ ਇਗਜ਼ਾਮੀਨੇਸ਼ਨ ਵੱਲੋਂ ਕਰਵਾਏ ਸਮਾਗਮ ਵਿੱਚ ਦਿੱਲੀ, ਪੰਜਾਬ, ਕੇਰਲਾ, ਪੱਛਮੀ ਬੰਗਾਲ, ਮਹਾਂਰਾਸ਼ਟਰ ਆਦਿ ਤੋਂ ਚੋਣਵੇਂ ਮੈਡੀਕਲ ਖੇਤਰ ਨਾਲ ਜੁੜੇ ਵਿਅਕਤੀਆਂ ਨੇ ਹਿੱਸਾ ਲਿਆ ਹੈ। ਉਨ੍ਹਾਂ ਦਾ ਨਾਮ ਗਿੰਨੀਜ਼ ਬੁੱਕ ਵਿੱਚ ਦਰਜ ਹੋਵੇਗਾ। ਡਾ. ਗੁਪਤਾ ਬੱਚਿਆਂ ਦੀਆਂ ਬਿਮਾਰੀਆਂ ਦੇ ਮਾਹਿਰ ਹਨ ਅਤੇ ਸਿਹਤ ਵਿਭਾਗ 'ਚ ਸਿਵਲ ਸਰਜਨ ਵਜੋਂ ਨੌਕਰੀ ਕਰਨ ਉਪਰੰਤ ਸੇਵਾ ਮੁਕਤ ਹੋ ਚੁੱਕੇ ਹਨ।

## ਬਾਦਲ ਵਿਖੇ ਬੌਧਿਕ ਸੰਪਦਾ ਅਧਿਕਾਰ ਜਾਗਰੂਕਤਾ ਪ੍ਰੋਗਰਾਮ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਟੇਟ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾਮੈਡੀਕਲ ਸਾਇੰਸਿਜ਼, ਬਾਦਲ ਵਿੱਚ ਬੌਧਿਕ ਸੰਪਦਾ ਅਧਿਕਾਰ (ਆਈ ਪੀ ਆਰ ਐਸ)-2026 ਸਬੰਧੀ ਇੱਕ ਖੇਤਰੀ ਜਾਗਰੂਕਤਾ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਵੱਲੋਂ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ, ਚੰਡੀਗੜ੍ਹ ਦੇ ਸਹਿਯੋਗ ਨਾਲ ਇੰਟੈਲੈਕਚੁਅਲ ਪ੍ਰਾਪਰਟੀ ਮੈਨੇਜਮੈਂਟ ਐਂਡ ਕਮਰਸ਼ੀਅਲਾਈਜ਼ੇਸ਼ਨ ਸੈੱਲ ਰਾਹੀਂ ਕਰਵਾਇਆ ਗਿਆ।ਇਹ ਸਮਾਗਮ ਵਾਈਸ-ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਅਤੇ ਰਜਿਸਟਰਾਰ ਅਰਵਿੰਦ ਕੁਮਾਰ ਦੀ ਅਗਵਾਈ ਹੇਠ ਅਤੇ ਡਾ. ਪ੍ਰਭਜੋਤ ਕੌਰ, ਪ੍ਰਿੰਸੀਪਲ ਦੀ ਰਹਿਨੁਮਾਈ ਵਿੱਚ ਆਯੋਜਿਤ ਕੀਤਾ ਗਿਆ। ਡਾ. ਰਾਜੀਵ ਮਿਨਹਾਸ, ਨੋਡਲ ਅਫਸਰ, ਆਈ.ਪੀ.ਐਮ.ਸੀ.ਸੀ ਵੱਲੋਂ ਇਸ ਪ੍ਰੋਗਰਾਮ ਦਾ ਸੁਚਾਰੂ ਸੰਚਾਲਨ ਕੀਤਾ ਗਿਆ।ਇਸ ਮੌਕੇ ਡਾ. ਪ੍ਰੀਤੀ ਖੇਤਰਪਾਲ ਵੱਲੋਂ ਹੈਲਥਕੇਅਰ ਰਿਸਰਚ ਅਤੇ ਇਨੋਵੇਸ਼ਨ ਵਿੱਚ ਬੌਧਿਕ ਸੰਪਦਾ ਅਧਿਕਾਰਾਂ ਦੀ ਮਹੱਤਤਾ ਬਾਰੇ ਵਿਸ਼ੇਸ਼ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਦੱਸਿਆ ਕਿ ਬੌਧਿਕ ਸੰਪਦਾ ਅਧਿਕਾਰਾਂ ਰਾਹੀਂ ਨਵੀਆਂ ਖੋਜਾਂ ਅਤੇ ਇਜਾਦਾਂ ਦੀ ਸੁਰੱਖਿਆ ਹੋਣ ਦੇ ਨਾਲ ਨਾਲ ਰਿਸਰਚ ਨੂੰ ਪ੍ਰੋਤਸਾਹਨ ਮਿਲਦਾ ਹੈ।ਇਸ ਪ੍ਰੋਗਰਾਮ ਵਿੱਚ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਹੈਲਥਕੇਅਰ ਪ੍ਰੋਫੈਸ਼ਨਲਜ਼ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ।ਪ੍ਰੋਗਰਾਮ ਨੂੰ ਸਫਲ ਬਨਾਉਣ ਵਿੱਚ ਡਾ. ਪ੍ਰਭਜੋਤ ਕੌਰ ਪ੍ਰਿੰਸੀਪਲ, ਡਾ. ਆਸ਼ਾ ਐਸੋਸੀਏਟ ਪ੍ਰੋਫੈਸਰ ਅਤੇ ਲੋਕਲ ਆਰਗਨਾਈਜ਼ਿੰਗ ਸਕੱਤਰ; ਅਤੇ ਉਨ੍ਹਾਂ ਦੀ ਆਯੋਜਕ ਟੀਮ ਨੇ ਪੂਰਾ ਯੋਗਦਾਨ ਪਾਇਆ। ਜਿਸ ਵਿੱਚ ਮਿਸਟਰ ਗਿਆਂਦਰ ਪਾਲ ਸਿੰਘ, ਅਸਿਸਟੈਂਟ ਪ੍ਰੋਫੈਸਰ (ਰੇਡੀਓਗ੍ਰਾਫੀ) ਸ਼ਾਮਲ ਹਨ।ਅੰਤ ਵਿੱਚ ਆਯੋਜਕਾਂ ਵੱਲੋਂ ਸਭ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ।

# ਐਸ ਡੀ ਐਮ ਵੱਲੋਂ ਅਧਿਆਪਕ ਨੂੰ ਕੀਤਾ ਜਾ ਰਿਹਾ ਨਜਾਇਜ਼ ਪ੍ਰੇਸ਼ਾਨ : ਡੀ ਟੀ ਐੱਫ



**ਧੂਰੀ (ਸੁਖਦੇਵ ਧੂਰੀ)**

ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦਾ ਵਫ਼ਦ ਸਕੱਤਰ ਸਕੂਲ ਸਿੱਖਿਆ ਦੀਆਂ ਹਦਾਇਤਾਂ ਤੇ ਡਿਪਟੀ ਕਮਿਸ਼ਨਰ ਸੰਗਰੂਰ ਦੇ ਹੁਕਮਾਂ ਤਹਿਤ ਸਾਇੰਸ ਵਿਸ਼ੇ ਦੇ ਅਧਿਆਪਕ ਦੀ ਬੀ.ਐੱਲ.ਓ. ਡਿਊਟੀ ਕਟਵਾਉਣ ਲਈ ਐੱਸ.ਡੀ.ਐੱਮ. ਨੂੰ ਮਿਲਿਆ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ ਤੇ ਪ੍ਰੈੱਸ ਸਕੱਤਰ ਜਸਬੀਰ ਨਮੋਲ ਨੇ ਦੱਸਿਆ ਕਿ ਇਸ ਮਸਲੇ ਉੱਤੇ ਐੱਸ.ਡੀ.ਐੱਮ. ਦਾ ਰਵੱਈਆ ਪੂਰੀ ਤਰ੍ਹਾਂ ਨਾਂਹਪੱਖੀ ਸੀ ਅਤੇ ਉਸ ਵੱਲੋਂ ਵਫ਼ਦ ਵੱਲੋਂ ਬਾਦਲੀਲ ਰੱਖੀ ਗਈ ਗੱਲ ਦਾ ਕੋਈ ਜਵਾਬ ਦੇਣ ਦੀ ਥਾਂ ਸਬੰਧਤ ਅਧਿਆਪਕ ਨੂੰ ਡਰਾਉਣ ਧਮਕਾਉਣ ਤੇ ਉਸ 'ਤੇ ਮਾਨਸਿਕ ਦਬਾਅ ਪਾਉਣ ਦੀ ਨੀਤੀ ਅਪਣਾਈ ਗਈ।ਵਿੱਤ ਸਕੱਤਰ ਯਾਦਵਿੰਦਰ ਪਾਲ ਤੇ ਸੀਨੀਅਰ ਆਗੂ ਬਲਬੀਰ ਲੌਂਗੋਵਾਲ ਨੇ ਦੱਸਿਆ ਕਿ ਸਿੱਖਿਆ ਸਕੱਤਰ ਦੇ ਪੱਤਰ ਵਿੱਚ ਸਪੱਸ਼ਟ ਲਿਖਿਆ ਹੈ ਕਿ ਮੁੱਖ ਵਿਸ਼ਿਆਂ ਜਿਵੇਂ ਸਾਇੰਸ, ਗਣਿਤ ਆਦਿ ਦੇ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖ ਕੇ ਬੀ.ਐੱਲ.ਓ. ਡਿਊਟੀ ਤੋਂ ਛੋਟ ਦਿੱਤੀ ਜਾਵੇ।ਉਨ੍ਹਾਂ ਬੀਤੀ 10 ਫਰਵਰੀ ਨੂੰ ਇਸ ਸਬੰਧੀ ਡੀਸੀ ਸੰਗਰੂਰ ਨੂੰ ਮੰਗ ਪੱਤਰ ਵੀ ਦਿੱਤਾ ਸੀ, ਜਿਸ 'ਤੇ ਡੀਸੀ ਨੇ ਸਹਿਮਤੀ ਪ੍ਰਗਟਾਈ ਸੀ ਤੇ ਕਾਰਵਾਈ ਲਈ ਐੱਸ.ਡੀ.ਐੱਮ ਨੂੰ ਭੇਜਿਆ ਸੀ।ਤਤਕਾਲੀ ਐੱਸ.ਡੀ.ਐੱਮ. ਵੱਲੋਂ ਦੋ ਅਧਿਆਪਕਾਂ ਦੀ ਡਿਊਟੀ ਕੱਟ ਦਿੱਤੀ ਗਈ ਸੀ, ਪ੍ਰੰਤੂ ਦੋ ਹੋਰ ਦੀ ਨਹੀਂ ਕੱਟੀ ਸੀ।ਇਸ 'ਤੇ ਜਥੇਬੰਦੀ ਦੁਬਾਰਾ ਡੀਸੀ ਸੰਗਰੂਰ ਨੂੰ ਮਿਲੀ ਸੀ ਤੇ ਉਨ੍ਹਾਂ ਨੇ ਵਫ਼ਦ ਸਾਹਮਣੇ ਤਤਕਾਲੀ ਐੱਸ.ਡੀ.ਐੱਮ. ਨੂੰ ਫੋਨ ਕਰਕੇ ਇਹਨਾਂ ਅਧਿਆਪਕਾਂ ਦੀ ਡਿਊਟੀ ਕੱਟਣ ਦਾ ਹੁਕਮ ਦਿੱਤਾ ਸੀ।ਐੱਸ.ਡੀ.ਐੱਮ. ਦੀ ਬਦਲੀ ਹੋਣ ਕਾਰਨ ਜਦੋਂ ਜਥੇਬੰਦੀ ਦੇ ਆਗੂ ਮੌਜੂਦਾ ਐੱਸ.ਡੀ.ਐੱਮ. ਨੂੰ ਮਿਲੇ ਤਾਂ ਇਨ੍ਹਾਂ ਨੇ ਵੀ ਦੋਵਾਂ ਅਧਿਆਪਕਾਂ ਦੀਆਂ ਡਿਊਟੀਆਂ ਕੱਟਣ ਦਾ ਭਰੋਸਾ ਦਿੱਤਾ ਸੀ ਪ੍ਰੰਤੂ ਇੱਕ ਅਧਿਆਪਕ ਦੀ ਡਿਊਟੀ ਹੀ ਕੱਟੀ ਸੀ।ਬਾਕੀ ਬਚੇ ਇੱਕ ਅਧਿਆਪਕ ਦੀ ਡਿਊਟੀ ਕੱਟਣ ਦੀ ਬਜਾਏ ਬੀਤੀ 20 ਮਾਰਚ ਨੂੰ ਉਸਨੂੰ ਬੀ.ਐੱਲ.ਓ. ਦਾ ਕੰਮ ਕਰਨ ਦਾ ਆਦੇਸ਼ ਐੱਸ.ਡੀ.ਐੱਮ. ਦੁਆਰਾ ਫੋਨ ਕਾਲ ਰਾਹੀਂ ਦਿੱਤਾ ਗਿਆ। ਜਦੋਂ ਅਧਿਆਪਕ ਨੇ ਆਪਣਾ ਪੱਖ ਰੱਖਣ ਦੀ ਗੱਲ ਕਹੀ ਤਾਂ ਉਸ ਨੂੰ 24 ਮਾਰਚ ਨੂੰ ਐੱਸ.ਡੀ.ਐੱਮ. ਦਫ਼ਤਰ ਆਉਣ ਲਈ ਕਿਹਾ ਗਿਆ ਅਤੇ ਛੁੱਟੀਆਂ ਦੌਰਾਨ ਉਸ ਨੂੰ ਦਫ਼ਤਰ ਦੁਆਰਾ ਫੋਨ ਕਾਲਾਂ ਕਰਕੇ ਪ੍ਰੇਸ਼ਾਨ ਕੀਤਾ ਜਾਂਦਾ ਰਿਹਾ ਤੇ 23 ਮਾਰਚ ਨੂੰ ਛੁੱਟੀ ਵਾਲੇ ਦਿਨ ਉਸ ਨੂੰ ਕਾਰਨ ਦੱਸੋ ਨੋਟਿਸ ਕੱਢ ਦਿੱਤਾ ਗਿਆ।ਜਥੇਬੰਦੀ ਨੇ ਇਸ ਦਾ ਨੋਟਿਸ ਲਿਆ ਅਤੇ ਐੱਸ.ਡੀ.ਐੱਮ. ਨੂੰ ਮਿਲਿਆ ਗਿਆ, ਜਿਸ ਦੌਰਾਨ ਇਸ ਅਧਿਕਾਰੀ ਦਾ ਵਤੀਰਾ ਉਕਤ ਅਨੁਸਾਰ ਬਹੁਤ ਮਾੜਾ ਰਿਹਾ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਦੇ ਹਲਕੇ ਵਿੱਚ ਬੈਠੇ ਅਧਿਕਾਰੀ ਅਜਿਹੀਆਂ ਮਨਮਾਨੀਆਂ ਕਰਕੇ ਪੰਜਾਬ ਸਰਕਾਰ ਦੇ ਸਿੱਖਿਆ ਕ੍ਰਾਂਤੀ ਦੇ ਨਾਅਰੇ ਦਾ ਮਜ਼ਾਕ ਬਣਾ ਰਹੇ ਹਨ।ਜਦੋਂ ਇਹਨਾਂ ਮੁੱਖ ਵਿਸ਼ਿਆਂ ਦੇ ਅਧਿਆਪਕ ਹੀ ਸਕੂਲਾਂ ਵਿੱਚੋਂ ਬਾਹਰ ਕੱਢੇ ਜਾਣਗੇ ਤਾਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਪ੍ਰਤੀ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਰ ਸੰਵੇਦਨਹੀਣਤਾ ਕੀ ਹੋ ਸਕਦੀ ਹੈ।

## ਪਰਮਜੀਤ ਕੌਰ ਕੰਗ ਸਮਰਾਲਾ ਬਲਾਕ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨਿਯੁਕਤ



**ਸਮਰਾਲਾ (ਸੁਰਜੀਤ ਸਿੰਘ)**-ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਅਤੇ ਹਲਕਾ ਇੰਚਾਰਜ ਸਮਰਾਲਾ ਨੇ ਬਲਾਕ ਸਮਰਾਲਾ ਵਿੱਚ ਆਮ ਲੋਕਾਂ ਦੀਆਂ ਮੁਸ਼ਕਲਾਂ ਸਬੰਧੀ ਜਾਨਣ ਲਈ ਇਸਤਰੀ ਸ਼ਕਤੀ ਦਾ ਵਿਸਥਾਰ ਕਰਦੇ ਹੋਏ ਵੱਖ ਵੱਖ ਅਹੁਦੇ ਵੰਡਦੇ ਹੋਏ ਉਨ੍ਹਾਂ ਨਾਲ ਰਾਬਤਾ ਕਾਇਮ ਕੀਤਾ।ਇਸ ਮੌਕੇ ਪਰਮਜੀਤ ਕੌਰ ਕੰਗ ਨੂੰ ਬਲਾਕ ਸਮਰਾਲਾ ਤੋਂ ਇਸਤਰੀ ਵਿੰਗ ਦੇ ਪ੍ਰਧਾਨ ਨਿਯੁਕਤ ਕੀਤਾ ਅਤੇ ਪਰਮਿੰਦਰ ਕੌਰ ਨੂੰ ਬਲਾਕ ਸਮਰਾਲਾ ਦੇ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਪ੍ਰਕਾਸ਼ ਕੌਰ ਸਾਬਕਾ ਕੌਂਸਲਰ ਨੂੰ ਸ਼੍ਰੋਮਣੀ ਅਕਾਲੀ ਦਲ (ਸ਼ਹਿਰੀ) ਸਮਰਾਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਬਲਾਕ ਸਮਰਾਲਾ ਤੋਂ ਨਵਨਿਯੁਕਤ ਪ੍ਰਧਾਨ ਪਰਮਜੀਤ ਕੌਰ ਕੰਗ ਨੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਅਹੁਦੇ ਨਾਲ ਇਨਸਾਫ ਕਰਦੀ ਹੋਈ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਆਪਣੇ ਬਲਾਕ ਦੇ ਪਿੰਡ ਪਿੰਡ ਤੱਕ ਪਹੁੰਚਾਉਣਗੇ ਅਤੇ ਪਿੰਡ ਪੱਧਰ ਤੱਕ ਕਮੇਟੀਆਂ ਬਣਾ ਕੇ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਚਾਰ ਕਰਕੇ ਸਮਰਾਲਾ ਹਲਕੇ ਤੋਂ ਪਰਮਜੀਤ ਸਿੰਘ ਢਿੱਲੋਂ ਨੂੰ ਵਿਧਾਇਕ ਚੁਣ ਪੰਜਾਬ ਵਿਧਾਨ ਸਭਾ ਵਿੱਚ ਭੇਜਾਂਗੇ।ਇਸ ਦੌਰਾਨ ਪਰਮਜੀਤ ਸਿੰਘ ਢਿੱਲੋਂ ਨੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਕਿਹਾ ਕਿ ਅੱਜ ਪੂਰੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਰੁਝਾਨ ਦਿਖਾਈ ਦੇਣ ਲੱਗਾ ਹੈ, ਹਰੇਕ ਵਿਅਕਤੀ ਆਪਣੇ ਆਪ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਦਾ ਚਾਹਵਾਨ ਹੈ, ਕਿਉਂਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਦਾ ਨਾਸ ਮਾਰਨ ਵਾਲੀ ਆਮ ਆਦਮੀ ਪਾਰਟੀ ਨੂੰ ਮੁੱਢੋਂ ਨਕਾਰ ਦਿੱਤਾ ਹੈ, ਕਿਉਂਕਿ ਇਸ ਪਾਰਟੀ ਨੇ ਸਾਲ 2022 ਵਿੱਚ ਪੰਜਾਬ ਦੇ ਆਮ ਲੋਕਾਂ ਨੂੰ ਅਜਿਹੇ ਝੂਠੇ ਸਬਜ਼ ਬਾਗ ਦਿਖਾਏ ਤਾਂ ਉਨ੍ਹਾਂ ਨੇ ਗਲਤ ਫਤਵਾ ਲੈ ਲਿਆ।ਅੱਜ ਮੁੜ ਪੰਜਾਬ ਦੇ ਲੋਕ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਲਿਆਉਣ ਲਈ ਉਤਾਵਲੇ ਹਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਆਈ ਈ ਸੀ ਗਤੀਵਿਧੀਆਂ ਤਹਿਤ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਕੈਂਪ ਲਗਾਇਆ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿਖਲਾਈ ਅਫਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਪ੍ਰਧਾਨਗੀ ਅਤੇ ਬਲਾਕ ਖਡੂਰ ਸਾਹਿਬ ਖੇਤੀਬਾੜੀ ਅਫਸਰ ਡਾ ਭੁਪਿੰਦਰ ਸਿੰਘ ਦੀ ਅਗਵਾਈ ਹੇਠ 953 ਐਕਟੀਵਟੀ ਅਧੀਨ ਕਿਸਾਨ ਸਿਖਲਾਈ ਕੈਂਪ ਪਿੰਡ-ਬਿਹਾਰੀਪੁਰ, ਬਲਾਕ -ਖਡੂਰ ਸਾਹਿਬ ਵਿਖੇ ਲਗਾਇਆ ਗਿਆ।ਇਸ ਮੌਕੇ ਸਿਮਰਨਜੀਤ ਸਿੰਘ ਖੇਤੀਬਾੜੀ ਸਬ-ਇੰਸਪੈਕਟਰ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਅਤੇ ਇਸ ਦੇ ਨਾਲ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਮਿੱਤਰ- ਕੀੜੇ ਮਰ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਘੱਟ ਜਾਂਦੀ ਹੈ।ਪਰਾਲੀ ਨੂੰ ਅੱਗ ਲਾਉਣ ਨਾਲ ਸੜਕੀ ਹਾਦਸੇ ਵਾਪਰਦੇ ਹਨ ਅਤੇ ਜ਼ਹਿਰੀਲੇ ਧੂੰਏਂ ਨਾਲ ਬਜ਼ੁਰਗਾਂ ਅਤੇ ਬੱਚਿਆਂ ਨੂੰ ਸਾਹ ਲੈਣਾ ਔਖਾ ਹੋ ਜਾਂਦਾ ਹੈ।ਇੱਕ ਟਨ ਪਰਾਲੀ ਨੂੰ ਅੱਗ ਲਾਉਣ ਨਾਲ 400 ਕਿਲੋ ਜੈਵਿਕ ਕਾਰਬਨ 5.5 ਕਿਲੋ ਨਾਈਟ੍ਰੋਜਨ, 2 3 ਕਿਲੋ ਫਾਸਫੋਰਸ, 25 ਕਿਲੋ ਪੋਟਾਸ਼ ਅਤੇ 1.2 ਕਿਲੋ ਸਲਫ਼ਰ ਦਾ ਨੁਕਸਾਨ ਹੁੰਦਾ ਹੈ।ਇਸ ਮੌਕੇ ਸਿਮਰਨਜੀਤ ਸਿੰਘ ਨੇ ਕਣਕ ਦੀ ਫਸਲ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਅਤੇ ਕਣਕ ਦੀ ਫ਼ਸਲ ਉਪਰ ਚੱਲ ਰਹੀਆਂ ਬਿਮਾਰੀਆਂ ਅਤੇ ਕੀੜੇ ਮਕੌੜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਖੇਤੀਬਾੜੀ ਮਹਿਕਮੇ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਦੱਸਿਆ ਜਿਵੇਂ ਕਿ ਕਿਸਾਨਾਂ ਨੂੰ 50% ਸਬਸਿਡੀ ਤੇ ਆਈ ਜਿਪਸਮ ਬਾਰੇ ਜਾਣਕਾਰੀ ਮੁਹਈਆ ਕਰਵਾਈ। ਇਸ ਮੌਕੇ ਸਤਨਾਮ ਸਿੰਘ ਖੇਤੀਬਾੜੀ ਸਬ ਇੰਸਪੈਕਟਰ ਨੇ ਪੀ. ਐੱਮ. ਕਿਸਾਨ ਨਿਧੀ ਯੋਜਨਾ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਅਤੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਅਜੇਪਾਲ ਸਿੰਘ, ਰਘਬੀਰ ਸਿੰਘ, ਸਰਬਜੀਤ ਸਿੰਘ, ਇੰਦਰਜੀਤ ਸਿੰਘ, ਮਲਕੀਤ ਸਿੰਘ, ਸਤਨਾਮ ਸਿੰਘ, ਬਲਦੇਵ ਸਿੰਘ, ਚਰਨਜੀਤ ਬੇਲਦਾਰ ਆਦਿ ਹਾਜ਼ਰ ਸਨ।

# ਵਿਧਾਇਕ ਅਮਰਪਾਲ ਸਿੰਘ ਨੇ ਲੋਕਾਂ ਨੂੰ ਮਾਨ ਸਰਕਾਰ ਦੀਆਂ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਕੀਤਾ ਜਾਗਰੂਕ



ਸ੍ਰੀ ਹਰਗੋਬਿੰਦਪੁਰ ਸਾਹਿਬ, (ਡਾ. ਮਲਵਿੰਦਰ ਸਿੰਘ)-ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵਲੋਂ ਮਾਨ ਸਰਕਾਰ ਵੱਲੋਂ 4 ਸਾਲਾਂ ਵਿੱਚ ਕੀਤੇ ਕੰਮ ਲੋਕਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਸ਼ਾਨਦਾਰ 4 ਸਾਲ ਭਗਵੰਤ ਮਾਨ ਦੇ ਨਾਲ-ਸੰਵਾਦ ਕੈਂਪੇਨ ਤਹਿਤ ਪਿੰਡ ਨੂਰਪੁਰ ਵਿਖੇ ਪਿੰਡ ਵਾਸੀਆਂ ਨੂੰ ਆਮ ਆਦਮੀ ਪਾਰਟੀ ਦੇ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਪਿੰਡ ਵਾਸੀਆਂ ਨੇ ਭਾਰੀ ਇਕੱਠ ਕਰਕੇ ਆਪ ਸਰਕਾਰ ਦੇ ਕੰਮਾ ਦੀ ਸ਼ਲਾਘਾ ਕੀਤੀ।ਪਿੰਡ ਨੂਰਪੁਰ ਵਿਖੇ ਸੰਵਾਦ ਬੈਠਕ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਚਾਰ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ।ਪੰਜਾਬ ਦੇ ਲੋਕਾਂ ਲਈ 10 ਲੱਖ ਰੁਪਏ ਤੱਕ ਦੀ ਸਿਹਤ ਗਾਰੰਟੀ, ਮਹਿਲਾਵਾਂ ਨੂੰ ਸਤਿਕਾਰ ਵਜੋਂ 1000 ਅਤੇ 1500 ਰੁਪਏ ਦੇਣ ਦੇ ਵਾਅਦੇ, ਸਕੂਲ ਆਫ਼ ਐਮੀਨੈਂਸ ਰਾਹੀਂ ਮਿਆਰੀ ਸਿੱਖਿਆ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਵਰਗੀਆਂ ਯੋਜਨਾਵਾਂ ਲੋਕ ਹਿੱਤ ਲਾਗੂ ਕੀਤੀਆਂ ਗਈਆਂ ਹਨ।

ਵਿਧਾਇਕ ਅਮਰਪਾਲ ਸਿੰਘ ਨੇ ਦੱਸਿਆ ਕਿ ਸੂਬੇ ਦੇ ਲਗਭਗ 90 ਫ਼ੀਸਦੀ ਘਰੇਲੂ ਬਿਜਲੀ ਖਪਤਕਾਰਾਂ ਨੂੰ 600 ਯੂਨਿਟਾਂ ਤੱਕ ਸਬਸਿਡੀ ਦੇ ਨਾਲ ਜ਼ੀਰੋ ਬਿੱਲ ਮਿਲ ਰਹੇ ਹਨ।ਇਸ ਤੋਂ ਇਲਾਵਾ ਸਰਕਾਰ ਵੱਲੋਂ 65,000 ਤੋਂ ਵੱਧ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ 90,000 ਤੋਂ ਵੱਧ ਤਸਕਰਾਂ ਨੂੰ ਗ੍ਰਿਫ਼ਤਾਰ ਕੀਤੇ ਗਏ ਹਨ ।ਸੜਕਾਂ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੰਦਿਆਂ ਲਗਭਗ 45,000 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 50 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਦੇ ਸਨਮਾਨ ਵੱਜੋਂ ਮੁਫ਼ਤ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ।

ਇਸ ਦੇ ਨਾਲ ਹੀ ਲੋੜਵੰਦ ਪਰਿਵਾਰਾਂ ਨੂੰ 2 ਕਿਲੋ ਦਾਲ, 2 ਕਿਲੋ ਖੰਡ, 1 ਕਿਲੋ ਨਮਕ, 200 ਗ੍ਰਾਮ ਹਲਦੀ ਅਤੇ 1 ਕਿਲੋ ਸਰੋਂ ਦਾ ਤੇਲ ਮੁਹੱਈਆ ਕਰਵਾਇਆ ਜਾ ਰਿਹਾ ਹੈ, ਤਾਂ ਜੋ ਉਨ੍ਹਾਂ ਦੇ ਘਰਾਂ ਦੇ ਚੁੱਲ੍ਹੇ ਮਘਦੇ ਰਹਿਣ।ਕਿਸਾਨਾਂ ਦੇ ਹਿੱਤਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਵਿੱਚ ਦਿਨ ਦੇ ਸਮੇਂ ਖੇਤੀ ਲਈ ਬਿਜਲੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਲਗਭਗ 80 ਫ਼ੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ।

# ਪੈਟਰੋਲ/ਡੀਜ਼ਲ ਦੀ ਸਪਲਾਈ ਬਾਰੇ ਅਫਵਾਹਾਂ ਤੋਂ ਬਚਣ ਦੀ ਅਪੀਲ

ਬਿਆਸ (ਪਰਮਜੀਤ ਸਿੰਘ ਰੱਖੜਾ)-ਵਿਸ਼ਵ ਪੱਧਰ 'ਤੇ ਬਣ ਰਹੇ ਜੰਗੀ ਹਾਲਾਤ ਦੇ ਮੱਦੇਨਜ਼ਰ ਦੇਸ਼ ਅੰਦਰ ਪੈਟਰੋਲ/ਡੀਜ਼ਲ ਦੀ ਕਮੀ ਸਬੰਧੀ ਫੈਲ ਰਹੀਆਂ ਅਫਵਾਹਾਂ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਸ. ਦਲਵਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ, ਹਰਵੀਨ ਕੌਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਤੇਲ ਕੰਪਨੀਆਂ ਦੇ ਸੇਲਜ਼ ਅਫਸਰਾਂ ਨਾਲ ਮੀਟਿੰਗ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ।

ਮੀਟਿੰਗ ਦੌਰਾਨ ਵੱਖ-ਵੱਖ ਤੇਲ ਕੰਪਨੀਆਂ ਦੇ ਸੇਲਜ਼ ਅਫਸਰਾਂ ਵੱਲੋਂ ਦੱਸਿਆ ਗਿਆ ਕਿ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਘਾਟ ਨਹੀਂ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਆਮ ਜਨਤਾ ਵਿੱਚ ਫੈਲ ਰਹੀਆਂ ਅਫਵਾਹਾਂ ਕਾਰਨ ਕੁਝ ਲੋਕ ਵਾਧੂ ਪੈਟਰੋਲ/ਡੀਜ਼ਲ ਖਰੀਦ ਕੇ ਜਮ੍ਹਾਂ ਕਰ ਰਹੇ ਹਨ, ਜੋ ਕਿ ਬਿਲਕੁਲ ਗਲਤ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਪੈਟਰੋਲ/ਡੀਜ਼ਲ ਦੀ ਸਪਲਾਈ ਪੂਰੀ ਤਰ੍ਹਾਂ ਸਧਾਰਣ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਹੈ।ਇਸ ਲਈ ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਅਫਵਾਹਾਂ ਤੋਂ ਬਚਦੇ ਹੋਏ ਬਿਨਾਂ ਲੋੜ ਵਾਧੂ ਪੈਟਰੋਲ/ਡੀਜ਼ਲ ਖਰੀਦ ਕੇ ਜਮ੍ਹਾ ਨਾ ਕੀਤਾ ਜਾਵੇ।

# ਮੁੱਖ ਮੰਤਰੀ ਸੈਣੀ ਨਾਲ ਡੇਰਾ ਬਿਆਸ ਮੁਖੀ ਨੇ ਕੀਤੀ ਗੈਰ-ਰਸਮੀ ਮੁਲਾਕਾਤ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਜੀ ਨੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ।ਬਾਬਾ ਗੁਰਿੰਦਰ ਸਿੰਘ ਢਿੱਲੋਂ ਨੂੰ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਪਹੁੰਚੇ। ਇਸ ਮੌਕੇ ਮੁੱਖ ਮੰਤਰੀ ਨੇ ਪਰਿਵਾਰ ਸਮੇਤ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮੁਲਾਕਾਤ ਦੌਰਾਨ ਅਧਿਆਤਮਿਕ ਅਤੇ ਸਮਾਜਿਕ ਵਿਸ਼ਿਆਂ 'ਤੇ ਸੰਖੇਪ ਚਰਚਾ ਵੀ ਹੋਈ। ਮੁੱਖ ਮੰਤਰੀ ਨੇ ਸਮਾਜ ਵਿੱਚ ਸਦਭਾਵਨਾ ਅਤੇ ਨੈਤਿਕ ਕਦਰਾਂ-ਕੀਮਤਾਂ ਦੇ ਪ੍ਰਸਾਰ ਵਿੱਚ ਬਾਬਾ ਗੁਰਿੰਦਰ ਸਿੰਘ ਢਿੱਲੋਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਇਹ ਮੁਲਾਕਾਤ ਸੁਖਾਵੇਂ ਮਾਹੌਲ ਵਿੱਚ ਸੰਪੰਨ ਹੋਈ।

## ਬਾਊ ਵੇਦ ਪ੍ਰਕਾਸ਼ ਦੀ ਯਾਦ 'ਚ ਮੁਫ਼ਤ ਮੈਡੀਕਲ ਕੈਂਪ ਅੱਜ



ਭਿੱਖੀਵਿੰਡ/ਅਲਗੋਂ ਕੋਠੀ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਡਾਕਟਰ ਵਿਕਾਸ ਕੱਕੜ ਵੱਲੋਂ ਆਪਣੇ ਪਿਤਾ ਬਾਊ ਵੇਦ ਪ੍ਰਕਾਸ਼ ਦੀ ਯਾਦ ਨੂੰ ਸਮਰਪਿਤ ਮੁਫ਼ਤ ਮੈਡੀਕਲ ਕੈਂਪ 28 ਮਾਰਚ ਨੂੰ ਲਗਾਇਆ ਜਾਵੇਗਾ।ਇਹ ਕੈਂਪ ਭਿੱਖੀਵਿੰਡ ਵਿੱਚ ਖਾਲੜਾ ਰੋਡ ਤੇ ਸਥਿਤ ਸੰਤ ਗੰਗਾ ਦਾਸ ਮਾਰਕੀਟ ਵਿੱਚ ਲਗਾਇਆ ਜਾਵੇਗਾ।ਉਪਰੋਕਤ ਜਾਣਕਾਰੀ ਡਾਕਟਰ ਦੇਵ ਰਾਜ ਖੁੱਲਰ ਖਾਲੜਾ ਨੇ ਪੱਤਰਕਾਰਾਂ ਨਾਲ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਪਲਾਸਟਿਕ ਸਰਜਨ ਡਾਕਟਰ ਵਿਕਾਸ ਕੱਕੜ, ਐਮਡੀ ਚੰਦਨ ਕੱਕੜ, ਡਾਕਟਰ ਸ਼ਰੂਤੀ ਕੱਕੜ (ਡੀਐੱਮਸੀ ਲੁਧਿਆਣਾ) ਤੇ ਬੀਡੀਐੱਸ ਡਾਕਟਰ ਆਸ਼ਾਯਾ ਮਰੀਜ਼ਾਂ ਦੀ ਮੁਫ਼ਤ ਜਾਂਚ ਕਰਨਗੇ।ਡਾਕਟਰ ਦੇਵ ਰਾਜ ਨੇ ਕਿਹਾ ਕਿ ਬਾਊ ਵੇਦ ਪ੍ਰਕਾਸ਼ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੇ ਸਨ।ਉਨ੍ਹਾਂ ਨੇ ਸਾਰੀ ਉਮਰ ਲੋੜਵੰਦਾਂ ਦੀ ਵਧ-ਚੜ੍ਹ ਕੇ ਮਦਦ ਕੀਤੀ।ਉਨ੍ਹਾਂ ਕਿਹਾ ਕਿ ਬਾਊ ਜੀ ਨੂੰ ਸ਼ਰਧਾਂਜਲੀ ਦੇਣ ਲਈ ਹੀ ਇਹ ਕੈਂਪ ਲਗਾਇਆ ਜਾ ਰਿਹਾ ਹੈ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ 28 ਮਾਰਚ ਨੂੰ ਕੈਂਪ ਵਿੱਚ ਪਹੁੰਚ ਕੇ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

## ਏ ਐੱਸ ਆਈ ਮਨਜੀਤ ਸਿੰਘ ਨੇ ਗੁਆਚਾ ਮੋਬਾਇਲ ਅਸਲ ਮਾਲਕ ਨੂੰ ਸੌਂਪਿਆ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)-ਟਰੈਫਿਕ ਪੁਲਸ ਅੰਮ੍ਰਿਤਸਰ ਦੇ ਜ਼ਿੰਮੇਵਾਰ ਅਧਿਕਾਰੀ (ਏਐੱਸਆਈ) ਮਨਜੀਤ ਸਿੰਘ, ਜੋ ਕਿ ਕਸਟਮ ਚੌਂਕ ਵਿਖੇ ਟਰੈਫਿਕ ਤੈਨਾਤ ਹਨ, ਵੱਲੋਂ ਆਪਣੀ ਇਮਾਨਦਾਰੀ ਅਤੇ ਫ਼ਰਜ਼ਨਿਭਾਈ ਦਾ ਸ਼ਾਨਦਾਰ ਉਦਾਹਰਨ ਪੇਸ਼ ਕੀਤਾ ਗਿਆ ਹੈ।ਉਨ੍ਹਾਂ ਨੂੰ ਡਿਊਟੀ ਦੌਰਾਨ ਇੱਕ ਗੁੰਮ ਹੋਇਆ ਮੋਬਾਇਲ ਫੋਨ ਮਿਲਿਆ, ਜਿਸ ਨੂੰ ਉਨ੍ਹਾਂ ਨੇ ਆਪਣੀ ਮਿਹਨਤ ਅਤੇ ਸਚੇ ਮਨ ਨਾਲ ਅਸਲੀ ਮਾਲਕ ਤੱਕ ਪਹੁੰਚਾਇਆ। ਮੋਬਾਇਲ ਫੋਨ ਮਿਲਣ 'ਤੇ ਅਸਲੀ ਮਾਲਕ ਵੱਲੋਂ ਟਰੈਫਿਕ ਪੁਲਸ ਦੇ ਇਸ ਸਹੀ ਕਦਮ ਦੀ ਭਰਪੂਰ ਸਰਾਹਨਾ ਕੀਤੀ ਗਈ।ਇਸ ਮੌਕੇ ਏਐੱਸਆਈ ਮਨਜੀਤ ਸਿੰਘ ਨੇ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਅਤੇ ਉਨ੍ਹਾਂ ਦਾ ਭਰੋਸਾ ਬਣਾਈ ਰੱਖਣਾ ਹੀ ਪੁਲਸ ਦਾ ਮੁੱਖ ਫ਼ਰਜ਼ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਕੋਈ ਗੁੰਮ ਹੋਈ ਵਸਤੂ ਮਿਲੇ, ਤਾਂ ਉਹ ਨਜ਼ਦੀਕੀ ਪੁਲਸ ਥਾਣੇ ਵਿੱਚ ਜ਼ਰੂਰ ਜਮ੍ਹਾ ਕਰਵਾਉਣ।

## 'ਯਾਦਾਂ ਦੀਆਂ ਉੱਡਣ ਤਸ਼ਤਰੀਆਂ' ਲੋਕ ਅਰਪਣ ਸਮਾਗਮ ਭਲਕੇ




ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਪ੍ਰਿੰ: ਰਘਬੀਰ ਸਿੰਘ ਸੋਹਲ ਦਾ ਕਹਾਣੀ ਸੰਗ੍ਰਹਿ 'ਯਾਦਾਂ ਦੀਆਂ ਉੱਡਣ ਤਸ਼ਤਰੀਆਂ' ਦਾ ਲੋਕ ਅਰਪਣ ਸਮਾਗਮ 29 ਮਾਰਚ ਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਕੂਲ, ਚੂੰਗ ਵਿਖੇ ਕਰਵਾਇਆ ਜਾ ਰਿਹਾ ਹੈ। ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਅਤੇ ਪ੍ਰਿੰ: ਤੇਜਬੀਰ ਸਿੰਘ ਸੋਹਲ ਦੀ ਸੂਚਨਾ ਅਨੁਸਾਰ ਇਸ ਮੌਕੇ ਮੁੱਖ ਮਹਿਮਾਨ ਡਾ: ਆਸਾ ਸਿੰਘ ਘੁੰਮਣ (ਸਾ: ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ) ਹੋਣਗੇ। ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੋਹਾੜ,ਸਕੱਤਰ ਦੀਪ ਦਵਿੰਦਰ ਸਿੰਘ, ਸਾ: ਸੀਨੀਅਰ ਮੀਤ ਪ੍ਰਧਾਨ ਡਾ: ਅਨੂਪ ਸਿੰਘ, ਕਾਰਜਕਾਰੀ ਮੈਂਬਰ ਗੁਰਮੀਤ ਸਿੰਘ ਬਾਜਵਾ, ਡਾ: ਲੇਖ ਰਾਜ, ਡਾ: ਰਾਮ ਲਾਲ ਭਗਤ, ਡਾ: ਗਿਆਨ ਸਿੰਘ ਘਈ, ਜਗਤਾਰ ਸਿੰਘ ਗਿੱਲ, ਸ਼ਾਇਰਾ ਕੁਲਵਿੰਦਰ ਕੰਵਲ, ਹਰਿੰਦਰ ਸੋਹਲ (ਸੰਗੀਤਕਾਰ), ਕੁਲਵਿੰਦਰ ਸਿੰਘ ਗਾਖਲ ਸੁਸ਼ੋਭਿਤ ਹੋਣਗੇ। ਉਪ੍ਰੰਤ ਕਵੀ ਦਰਬਾਰ ਹੋਵੇਗਾ।

## ਏਡਜ਼ ਰੋਕੋ ਤੇ ਨਸ਼ਿਆਂ ਵਿਰੁੱਧ ਇੱਕ ਰੋਜ਼ਾ ਸੈਮੀਨਾਰ ਆਯੋਜਿਤ




ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਯੁਵਕ ਸੇਵਾਵਾਂ ਵਿਭਾਗ ਅੰਮ੍ਰਿਤਸਰ ਪੰਜਾਬ ਦੇ ਸਹਿਯੋਗ ਨਾਲ ਸੋਸ਼ਲ ਵੈੱਲਫੇਅਰ ਰੈਡ ਰਿਬਨ ਕਲੱਬ ਰਮਦਾਸ ਵੱਲੋਂ ਏਡਜ਼ ਰੋਕੋ ਅਤੇ ਨਸ਼ਿਆਂ ਵਿਰੁੱਧ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਪਹੁੰਚੇ ਪੰਜਾਬ ਦੇ ਡਿਪਟੀ ਐਡਵੋਕੇਟ ਜਨਰਲ ਰਾਜੀਵ ਮੈਦਾਨ ਨੇ ਕਿਹਾ ਕਿ ਸਾਨੂੰ ਸਾਰੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਅਤੇ ਭਿਅੰਕਰ ਬਿਮਾਰੀਆਂ ਜਿਵੇਂ ਕਿ ਏਡਜ਼ ਅਤੇ ਕਾਲਾ ਪੀਲੀਆ ਤੋਂ ਬਚ ਕੇ ਰਹਿਣਾ ਚਾਹੀਦਾ ਹੈ ਅਤੇ ਪੰਜਾਬ ਦੀ ਜਵਾਨੀ ਨੂੰ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਇਸ ਮੌਕੇ ਐਡਵੋਕੇਟ ਰਜੀਵ ਮੈਦਾਨ ਨੇ ਅੱਜ ਦੇ ਸੈਮੀਨਾਰ ਵਿੱਚ ਵਿਸ਼ੇਸ਼ ਮਹਿਮਾਨ ਦਾ ਸੱਦਾ ਦੇਣ 'ਤੇ ਅਜੇ ਕੁਮਾਰ ਦਾ ਧੰਨਵਾਦ ਕੀਤਾ। ਇਸ ਮੌਕੇ ਅਜੇ ਕੁਮਾਰ, ਮੈਡਮ ਗੁਰਦੀਪ ਕੌਰ, ਅਮਰਜੀਤ ਕੌਰ, ਮੈਡਮ ਪੂਜਾ, ਕਰਨਜੀਤ ਸਿੰਘ ਬਿੱਟੂ ਅਤੇ ਮਿੱਠੂ ਰਮਦਾਸ ਹਾਜ਼ਰ ਸਨ।

## ਗਗਨਦੀਪ ਰੰਧਾਵਾ ਦੇ ਪਰਿਵਾਰ ਨੂੰ ਮਿਲੇ ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਖ਼ੁਦਕੁਸ਼ੀ ਕਰਨ ਵਾਲੇ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀ ਮੌਤ ਦੇ ਕਾਰਨਾਂ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਚੁੱਘ ਨੇ ਪੀੜਤ ਪਰਿਵਾਰ ਨਾਲ ਸੋਗ ਪ੍ਰਗਟ ਕਰਦੇ ਹੋਏ ਕਿਹਾ ਕਿ ਪੰਜਾਬ ਵਿਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਲੜਖੜਾ ਚੁੱਕੀ ਹੈ। ਚੁੱਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਗੈਂਗਸਟਰਵਾਦ ਤੇ ਜਬਰੀ ਵਸੂਲੀ ਦਾ ਧੰਦਾ ਲਗਾਤਾਰ ਵਧ-ਫੁੱਲ ਰਿਹਾ ਹੈ। ਚੁੱਘ ਨੇ ਦੋਸ਼ ਲਗਾਇਆ ਕਿ ਰੰਧਾਵਾ ਨੂੰ ਸੱਤਾ ਵਿਚ ਬੈਠੇ ਲੋਕਾਂ ਵੱਲੋਂ ਲਗਾਤਾਰ ਪਰੇਸ਼ਾਨ ਕੀਤਾ ਗਿਆ। ਚੁੱਘ ਨੇ ਕਿਹਾ ਕਿ ਇਕ ਮੰਤਰੀ ਨੇ ਕਥਿਤ ਤੌਰ 'ਤੇ ਅਧਿਕਾਰੀ ਨੂੰ ਆਪਣੀ ਰਿਹਾਇਸ਼ 'ਤੇ ਬੁਲਾਇਆ, ਉਸ ਨਾਲ ਕੁੱਟਮਾਰ ਕੀਤੀ ਗਈ ਤੇ ਦਬਾਓ ਪਾ ਕੇ ਜ਼ਬਰਦਸਤੀ ਵੀਡੀਓ ਬਣਵਾਈ ਗਈ ਤੇ ਉਸ ਦੀ ਜ਼ਿੰਦਗੀ ਬਰਬਾਦ ਕਰਨ ਦੀ ਧਮਕੀ ਦਿੱਤੀ ਗਈ। ਚੁੱਘ ਨੇ ਕਿਹਾ ਕਿ ਇਸੇ ਦਬਾਓ ਕਾਰਨ ਅਧਿਕਾਰੀ ਨੂੰ ਇਹ ਕਠੋਰ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ। ਚੁੱਘ ਨੇ ਪੰਜਾਬ ਪੁਲਸ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠਾਉਂਦੇ ਹੋਏ ਕਿਹਾ ਕਿ ਗੰਭੀਰ ਦੋਸ਼ਾਂ ਦੇ ਬਾਵਜੂਦ ਹੁਣ ਤੱਕ ਹੱਤਿਆ ਦਾ ਕੇਸ ਦਰਜ਼ ਨਹੀਂ ਕੀਤਾ ਗਿਆ ਹੈ। ਚੁੱਘ ਨੇ ਕਿਹਾ ਕਿ ਆਖ਼ਰਕਾਰ ਇਕ ਨੂੰ ਗ੍ਰਿਫ਼ਤਾਰ ਕੀਤਾ ਗਿਆ, ਤਾਂ ਉਸ ਨੂੰ ਅਦਾਲਤ ਵਿਚ ਇਸ ਤਰ੍ਹਾਂ ਪੇਸ਼ ਕੀਤਾ ਗਿਆ ਜਿਵੇਂ ਜਿੱਤ ਦਾ ਜਲੂਸ ਹੋਵੇ। ਚੁੱਘ ਨੇ ਅੱਗੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਅਤੇ ਸ਼ਾਸਨ ਵਿਵਸਥਾ ਉਪਰ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਚੁੱਘ ਨੇ ਮੰਗ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਕਤਲ ਦਾ ਕੇਸ ਦਰਜ ਕੀਤਾ ਜਾਵੇ, ਸਾਰੇ ਮੁਲਜ਼ਮਾਂ ਨੂੰ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਨਿਆਂਇਕ ਨਿਗਰਾਨੀ ਹੇਠ ਨਿਰਪੱਖ ਜਾਂਚ ਕੀਤੀ ਜਾਵੇ। ਉਨ੍ਹਾਂ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਲੜਾਈ ਵਿਚ ਭਾਜਪਾ ਵੱਲੋਂ ਪੂਰਨ ਸਮਰਥਨ ਦਾ ਵਿਸ਼ਵਾਸ ਦਿਵਾਇਆ।

## ਧਾਰਮਿਕ ਅਸਥਾਨਾਂ ਦੀ ਮੁਫਤ ਯਾਤਰਾ ਪੰਜ ਤੋਂ : ਬਾਗੜੀਆ

**ਗੁਰਦਾਸਪੁਰ, (ਜਨਕ ਮਹਾਜਨ)**- ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਧਾਰਮਿਕ ਅਸਥਾਨਾਂ ਦੀ ਯਾਤਰਾ 5 ਅਪ੍ਰੈਲ ਤੋਂ 20 ਅਪ੍ਰੈਲ ਤੱਕ ਮੁਫ਼ਤ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਾਬਾ ਹਜ਼ੂਰ ਸਿੰਘ ਬਾਗੜੀਆ ਨੇ ਲਿਖਤੀ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਇਸ ਯਾਤਰਾ ਦੀ ਰਹਿਨੁਮਾਈ ਹਰਬੰਸ ਸਿੰਘ ਜੰਮੂ ਕਰਨਗੇ। ਉਨ੍ਹਾਂ ਦੱਸਿਆ ਕਿ ਧਾਰਮਿਕ ਯਾਤਰਾ ਦੌਰਾਨ ਪੰਜਾਬ, ਦਿੱਲੀ, ਯੂਪੀ ਅਤੇ ਗਵਾਲੀਅਰ ਤੋਂ ਇਲਾਵਾ ਮਹਾਂਰਾਸ਼ਟਰ ਦੇ ਧਾਰਮਿਕ ਸਥਾਨਾਂ ਦੇ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਣਗੇ।

# ਸ਼੍ਰੀ ਰਾਮ ਨੌਮੀ ਮੌਕੇ ਡੇਰਾ ਬਾਬਾ ਨਾਨਕ 'ਚ ਵਿਸ਼ਾਲ ਸ਼ੋਭਾ ਯਾਤਰਾ ਸਜਾਈ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਬਾਜ਼ਾਰ ਤਾਰਾ ਚੰਦ ਸਥਿਤ ਰਾਮ ਮੰਦਿਰ ਤੋਂ ਸਨਾਤਨ ਸਮਾਜ ਸੇਵਾ ਮੰਡਲੀ ਡੇਰਾ ਬਾਬਾ ਨਾਨਕ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪ੍ਰਭੂ ਸ਼੍ਰੀ ਰਾਮ ਲੱਲਾ ਦੇ ਜਨਮ ਦਿਹਾੜੇ ਮੌਕੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਪ੍ਰਬੰਧਕਾਂ ਵੱਲੋਂ ਭਗਵਾਨ ਸ਼੍ਰੀ ਰਾਮ ਚੰਦਰ ਦੀ ਮੂਰਤੀ ਨੂੰ ਸੁੰਦਰ ਪਾਲਕੀ ਵਿੱਚ ਸਜਾਇਆ ਹੋਇਆ ਸੀ, ਜਿਸ ਤੇ ਸੰਗਤਾਂ ਵੱਲੋਂ ਫੁੱਲਾ ਦੀ ਵਰਖਾ ਕੀਤੀ ਜਾ ਰਹੀ ਸੀ ।ਇਸ ਸ਼ੋਭਾ ਯਾਤਰਾ ਮੌਕੇ ਭਗਤਾਂ ਵੱਲੋਂ ਹੱਥਾ ਵਿੱਚ ਕੇਸਰੀ ਝੰਡੇ ਲੈ ਕੇ ਸ਼੍ਰੀ ਰਾਮ ਦੇ ਜੈਕਾਰੇ ਲਗਾਏ ਜਾ ਰਹੇ ਸਨ ।ਸ਼ੋਭਾ ਯਾਤਰਾ ਮੌਕੇ ਵੱਖ-ਵੱਖ ਮਹਿਲਾ ਕੀਰਤਨ ਮੰਡਲੀ ਅਤੇ ਰਾਮ ਭਗਤਾਂ ਵੱਲੋਂ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਇਹ ਸ਼ੋਭਾ ਯਾਤਰਾ ਕਸਬੇ ਦੇ ਵੱਖ-ਵੱਖ ਬਾਜ਼ਾਰਾਂ ਅਤੇ ਗਲੀਆ 'ਚੋਂ ਹੁੰਦੀ ਹੋਈ ਵਾਪਸ ਸ਼੍ਰੀ ਰਾਮ ਮੰਦਿਰ ਵਿਖੇ ਸੰਪੰਨ ਹੋਈ ।ਇਸ ਮੌਕੇ ਕਸਬੇ ਦੇ ਲੋਕਾਂ ਵੱਲੋਂ ਸ਼ੋਭਾ ਯਾਤਰਾ ਦਾ ਭਰਵਾ ਸਵਾਗਤ ਕੀਤਾ ਗਿਆ, ਜਨਕ ਰਾਜ ਮਹਾਜਨ ਦੇ ਗ੍ਰਹਿ ਵਿਖੇ ਪਹੁੰਚਣ ਤੇ ਸੰਗਤਾਂ ਨੂੰ ਲੰਗਰ ਭੰਡਾਰਾ ਛਕਾਇਆ ਗਿਆ ।ਇਹ ਸ਼ੋਭਾ ਯਾਤਰਾ ਜਦੋਂ ਬਜ਼ਾਰ ਜੋੜੀਆਂ ਵਾਲਾ ਮੰਦਰ ਬਾਵਾ ਲਾਲ ਜੀ ਵਿਖੇ ਪਹੁੰਚੀ ਤਾਂ ਮੰਦਰ ਦੇ ਪ੍ਰਬੰਧਕਾਂ ਵੱਲੋਂ ਮੁੱਖ ਸੇਵਾਦਾਰ ਵਿਜੇ ਸ਼ਰਮਾ ਦੀ ਅਗਵਾਈ ਹੇਠ ਸ਼ੋਭਾ ਯਾਤਰਾ ਦਾ ਭਰਵਾਂ ਸੁਆਗਤ ਕਰਦਿਆਂ ਸਨਮਾਨ ਯੋਗ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਉਪਰੰਤ ਸੰਗਤਾਂ ਲਈ ਕੋਲਡ ਡਰਿੰਕ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਮੰਦਿਰ ਦੇ ਮੁੱਖ ਪੁਜਾਰੀ ਪੰਡਿਤ ਹਰੀਸ਼ ਪਿਰੋਰੀ, ਮਾਸਟਰ ਓਮ ਪ੍ਰਕਾਸ਼ ਸ਼ਰਮਾ, ਈਸ਼ਵਰ ਪ੍ਰਸ਼ਾਦ ਗੁਪਤਾ, ਮਹਿੰਗਾ ਰਾਮ ਗਰੀਬ, ਡਾਕਟਰ ਦਵਿੰਦਰ ਸਵਾਮੀ, ਪ੍ਰਵੀਨ ਮਹਾਜਨ, ਸੰਜੀਵ ਸਰਨਾ, ਰਾਜ ਕੁਮਾਰ, ਹੈਪੀ ਬੇਦੀ, ਵਿਜੇ ਵਿੱਗ, ਹੇਮ ਰਾਜ, ਧਰਮਪਾਲ, ਅੰਗਰੇਜ਼ ਸਿੰਘ, ਪਵਨ ਕੁਮਾਰ ਪੰਮਾ, ਵਿਕਰਮਜੀਤ, ਹੀਰਾ ਲਾਲ, ਰੋਹਿਤ ਸਰਨਾ, ਜਨਕ ਰਾਜ ਮਹਾਜਨ, ਰੁਪਿੰਦਰ ਕੁਮਾਰ ਭਿੰਦਾ, ਵਿਜੇ ਸ਼ਰਮਾ, ਬਾਊ ਰਾਮ, ਬਿੱਟੂ ਲਲਾਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰਾਮ ਭਗਤ ਹਾਜ਼ਰ ਸਨ ।

# 5ਵਾਂ ਸਵ: ਇੰਦਰਜੀਤ ਸਿੰਘ ਗਿੱਲ ਹਾਕੀ ਟੂਰਨਾਮੈਂਟ ਚੜ੍ਹਦੀ ਕਲਾ ਨਾਲ ਸਮਾਪਤ

### * ਖਾਲਸਾ ਸਕੂਲ ਅੰਮ੍ਰਿਤਸਰ (ਕੁੜੀਆਂ) ਤੇ ਲਹਿਰਕਾ (ਮੁੰਡਿਆਂ) ਦੀਆਂ ਟੀਮਾਂ ਅੱਵਲ ਸਥਾਨ 'ਤੇ ਰਹੀਆਂ



ਜੈਂਤੀਪੁਰ (ਸੁਖਬੀਰ ਸਿੱਧੂ)-ਸਵ. ਸ: ਇੰਦਰਜੀਤ ਸਿੰਘ ਗਿੱਲ (ਇੰਡੀਅਨ ਟੀਮ ਦੇ ਹਾਕੀ ਕੋਚ) ਦੀ ਯਾਦ 'ਚ ਪੰਜਵਾਂ ਇੰਦਰਜੀਤ ਸਿੰਘ ਗਿੱਲ ਯਾਦਗਾਰੀ ਹਾਕੀ ਟੂਰਨਾਮੈਂਟ ਕਰਵਾਇਆ ਗਿਆ। ਇਹ ਟੂਰਨਾਮੈਂਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖੂਪੁਰ ਦੇ ਖੇਡ ਸਟੇਡੀਅਮ ਵਿੱਚ ਕਰਵਾਇਆ। ਜੇਤੂ ਟੀਮਾਂ ਨੂੰ ਇਨਾਮ ਡੀਪੀ ਸਤਨਾਮ ਸਿੰਘ ਰੰਧਾਵਾ ਨੇ ਵੰਡੇ। ਕੁੜੀਆਂ ਦੇ ਮੁਕਾਬਲੇ ਵਿੱਚ ਖਾਲਸਾ ਸਕੂਲ ਅੰਮ੍ਰਿਤਸਰ ਨੇ ਪਹਿਲਾ, ਹੋਲੀ ਵਰਲਡ ਅਕੈਡਮੀ ਨੇ ਦੂਜਾ ਅਤੇ ਗੁਮਾਨ ਅਕੈਡਮੀ ਨੇ ਤੀਜਾ ਸਥਾਨ ਹਾਸਲ ਕੀਤਾ। ਮੁੰਡਿਆਂ ਦੇ ਮੁਕਾਬਲੇ ਵਿੱਚ ਲਹਿਰਕਾ ਦੀ ਟੀਮ ਨੇ ਅੱਵਲ, ਕਾਦਰਾਬਾਦ ਦੀ ਟੀਮ ਨੇ ਦੂਜਾ ਅਤੇ ਕੋਟਲੀ ਮੱਲ੍ਹੀਆਂ ਦੀ ਟੀਮ ਤੀਜੇ ਸਥਾਨ 'ਤੇ ਰਹੀ। ਇਸ ਮੌਕੇ ਇੰਡੀਅਨ ਏਅਰ ਫੋਰਸ ਟੀਮ ਦੇ ਹਾਕੀ ਦੇ ਕਪਤਾਨ ਸੁੱਖ ਕਾਦਰਾਬਾਦ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬੱਚਿਆਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਅਪੀਲ ਕੀਤੀ ਗਈ ਅਤੇ ਖੇਡਣ ਆਈਆਂ ਟੀਮਾਂ ਦੇ ਖਿਡਾਰੀਆਂ ਦਾ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਮਲਕੀਤ ਸਿੰਘ, ਮਨਸੁੱਖਦੀਪ ਸਿੰਘ (ਕੈਨੇਡਾ), ਜਗਦੀਪ ਸਿੰਘ (ਆਸਟ੍ਰੇਲੀਆ), ਗੁਰਿੰਦਰਪਾਲ ਸਿੰਘ (ਚੰਡੀਗੜ੍ਹ), ਕਮਲਜੀਤ ਸਿੰਘ (ਏਅਰ ਫੋਰਸ), ਸੁਖਵਿੰਦਰ ਸਿੰਘ (ਕਾਦਰਾਬਾਦ), ਮੇਜਰ ਸਿੰਘ (ਅਕਾਲੀ ਪਾਰਟੀ), ਰਵਿੰਦਰ ਸਿੰਘ (ਬੱਜੂਮਾਨ), ਹਿਰਦੇਪਾਲ ਸਿੰਘ (ਕੈਨੇਡਾ), ਚੰਨ ਸਿੰਘ (ਚੰਡੀਗੜ੍ਹ), ਸਤਨਾਮ ਸਿੰਘ (ਬੱਜੂਮਾਨ), ਹਰਵਿੰਦਰ ਸਿੰਘ (ਸ਼ੇਖਪੁਰਾ), ਮਾਸਟਰ ਨਿਰਮਲ ਸਿੰਘ (ਸ਼ੇਖਪੁਰਾ), ਰੂਪ ਸਿੰਘ ਮਾਨ, ਰਾਜਪਾਲ ਸਿੰਘ (ਆਰਮੀ), ਕੁਲਜੀਤ ਸਿੰਘ (ਕੋਟਲੀ), ਪਿੰਕਲ ਖੈਰਾ, ਬਿਕਰਮਜੀਤ ਸਿੰਘ, ਧਰਮਿੰਦਰ ਸਿੰਘ, ਜਤਿੰਦਰ ਸਿੰਘ (ਏਅਰ ਫੋਰਸ) ਆਦਿ ਵੱਲੋਂ ਇਸ ਟੂਰਨਾਮੈਂਟ ਨੂੰ ਕਾਮਯਾਬ ਕਰਨ ਲਈ ਵਿਸ਼ੇਸ਼ ਤੌਰ 'ਤੇ ਸਹਿਯੋਗ ਦਿੱਤਾ ਗਿਆ। ਇਸ ਮੌਕੇ ਇੰਦਰਜੀਤ ਸਿੰਘ ਕਮੇਟੀ ਕਮੇਟੀ ਵੱਲੋਂ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ ਗਿਆ।

# ਨੈਸ਼ਨਲ ਹਾਈਵੇ ਕੰਢੇ ਲੱਗੇ ਰੇਤਾ ਦੇ ਢੇਰ ਤੇ ਓਵਰਲੋਡ ਟਿੱਪਰ ਦੇ ਰਹੇ ਹਨ ਹਾਦਸਿਆਂ ਨੂੰ ਸੱਦਾ



ਜੈਂਤੀਪੁਰ (ਸੁਖਬੀਰ ਸਿੱਧੂ)-ਅੰਮ੍ਰਿਤਸਰ ਪਠਾਨਕੋਟ ਨੈਸ਼ਨਲ ਹਾਈਵੇ 'ਤੇ ਥਾਂ ਥਾਂ ਲੱਗੇ ਰੇਤਾ ਦੇ ਢੇਰ ਤੇ ਖੜੇ ਓਵਰਲੋਡ ਟਿੱਪਰ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਐ। ਰਾਤ ਦੇ ਸਮੇਂ ਜਦ ਵੀ ਕੋਈ ਰਾਹਗੀਰ ਆਉਂਦਾ ਹੈ ਤਾਂ ਉਸ ਨੂੰ ਉਹ ਰੇਤਾ ਦਾ ਢੇਰ ਦਿਖਾਈ ਨਹੀਂ ਦਿੰਦਾ ਕਿਉਂਕਿ ਗਾੜੀਓਂ ਲਾਈਟਾਂ ਬਹੁਤ ਜ਼ਿਆਦਾ ਵੱਜਦੀਆਂ ਹਨ। ਸਰਵਿਸ ਲਾਈਨ ਉਪਰ ਰੇਤ ਦੇ ਓਵਰਲੋਡ ਟਿੱਪਰ ਰੋਕ ਦਿੱਤੇ ਜਾਂਦੇ ਹਨ ਤੇ ਰੇਤ ਵਿੱਚੋਂ ਵਗਦਾ ਪਾਣੀ ਤਿਲਕਣ ਦਾ ਕਾਰਨ ਬਣਦਾ ਹੈ। ਆਮ ਤੌਰ 'ਤੇ ਐਕਸੀਡੈਂਟ ਹੋ ਜਾਂਦੇ ਹਨ।

ਨੈਸ਼ਨਲ ਹਾਈਵੇ ਦੀ ਪੈਟਰੋਲੀਅਮ ਟੀਮ ਤੇ ਆਈਆਰਬੀ ਟੀਮ ਨੇ ਕਦੇ ਵੀ ਇਸ ਵੱਲ ਧਿਆਨ ਨਹੀਂ ਦਿੱਤਾ। ਪ੍ਰਸ਼ਾਸਨ ਨੇ ਤਾਂ ਇਸ ਵੱਲ ਬਿਲਕੁਲ ਹੀ ਅੱਖਾਂ ਮੀਟੀਆਂ ਹੋਈਆਂ। ਕੋਈ ਵੀ ਧਿਆਨ ਨਹੀਂ ਦੇ ਰਿਹਾ। ਓਵਰ ਬਰਿਜ ਦੇ ਨਾਲ ਲੱਗੀਆਂ ਲਾਈਟਾਂ ਵੀ ਬੰਦ ਹੁੰਦੀਆਂ ਹਨ। ਥਾਣਾ ਕੱਥੂਨੰਗਲ ਤੇ ਥਾਣਾ ਸਦਰ ਦੇ ਅਧੀਨ ਇਹ ਇਲਾਕਾ ਆਉਂਦਾ ਹੈ। ਜੈਂਤੀਪੁਰ ਦੇ ਕੋਲ ਖੜ੍ਹੇ ਹੁੰਦੇ ਟਰੱਕਾਂ ਉੱਪਰ ਅੱਜ ਤੱਕ ਕਿਸੇ ਨੇ ਕਾਰਵਾਈ ਨਹੀਂ ਕੀਤੀ। ਜਦੋਂ ਮੁਲਾਜ਼ਮਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਆਖਿਆ ਗਿਆ ਕਿ ਅਸੀਂ ਤੁਰੰਤ ਹੀ ਕਾਰਵਾਈ ਕਰਵਾਂਗੇ। ਜਦੋਂ ਟੋਲ ਪਲਾਜ਼ੇ ਦੇ ਮੁਲਾਜ਼ਮਾਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਲਾਈਟਾਂ ਖਰਾਬ ਹਨ, ਰਿਪੇਅਰ ਚੱਲ ਰਹੀ ਹੈ ਤੇ ਜੋ ਵੀ ਟਰੱਕ ਖੜੇ ਹੁੰਦੇ ਹਨ ਉਨ੍ਹਾਂ ਨੂੰ ਅਸੀਂ ਪ੍ਰਸ਼ਾਸਨ ਨਾਲ ਗੱਲ ਕਰਕੇ ਤੁਰੰਤ ਹੀ ਕਾਰਵਾਈ ਕਰਾਂਗੇ। ਹੁਣ ਦੇਖਦੇ ਹਾਂ ਕਾਰਵਾਈ ਕਦੋਂ ਹੁੰਦੀ ਹੈ।

# ਸਰਕਾਰ ਦਾ ਡੀ. ਐੱਮ. ਰੰਧਾਵਾ ਮਾਮਲੇ ਦੀ ਸੀ ਬੀ ਆਈ ਜਾਂਚ ਤੋਂ ਭੱਜਣਾ ਕਈ ਸੁਆਲ ਖੜੇ ਕਰਦਾ : ਕੱਕੜ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਸਟੇਟ ਵੇਅਰ ਹਾਊਸ ਦੇ ਡੀ. ਐੱਮ. ਗਗਨਦੀਪ ਸਿੰਘ ਰੰਧਾਵਾ ਜਿਨ੍ਹਾਂ ਪਿਛਲੇ ਦਿਨੀਂ ਪੋਲੀਟੀਕਲ ਪਰੈਸ਼ਰ ਤੋਂ ਤੰਗ ਪ੍ਰੇਸ਼ਾਨ ਹੋ ਕੇ ਖੁਦਕੁਸ਼ੀ ਕਰ ਲਈ ਸੀ, ਦੀ ਖੁਦਕੁਸ਼ੀ ਦੇ ਮਾਮਲੇ ਵਿੱਚ ਮਾਨ ਸਰਕਾਰ ਦਾ ਸੀ. ਬੀ. ਆਈ. ਜਾਂਚ ਤੋਂ ਭੱਜਣਾ ਕਈ ਸਵਾਲ ਖੜ੍ਹੇ ਕਰਦਾ ਹੈ।ਪੰਜਾਬ ਦੀ ਜਨਤਾ ਨੂੰ ਕਈ ਝੂਠੇ ਸਬਜ਼ਬਾਗ ਵਿਖਾ ਕੇ ਸੱਤਾ ਹਾਸਲ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪਤਾ ਹੈ ਕਿ ਸੀਬੀਆਈ ਜਾਂਚ ਕਰਵਾਉਣ ਨਾਲ ਹੋਰ ਵੀ ਬਹੁਤ ਖੁਲਾਸੇ ਹੋਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕੀਤਾ।ਉਨ੍ਹਾਂ ਕਿਹਾ ਕਿ ਇੰਨੇ ਦਿਨ ਬੀਤ ਜਾਣ 'ਤੇ ਵੀ ਦੂਸਰੇ ਦੋਸ਼ੀ ਜਿਨ੍ਹਾਂ ਦੇ ਨਾਮ ਐੱਫ ਆਈ ਆਰ ਵਿੱਚ ਦਰਜ ਹਨ, ਦੀ ਅਜੇ ਤੱਕ ਵੀ ਗ੍ਰਿਫਤਾਰੀ ਨਹੀਂ ਹੋਈ।ਉਨ੍ਹਾਂ ਕਿਹਾ ਕਿ ਲੱਗਦਾ ਹੈ ਕਿ ਮਾਨ ਸਰਕਾਰ ਆਪਣੇ ਚਹੇਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਬਚਾਉਣ ਲਈ ਹਰ ਤਰੀਕਾ ਵਰਤ ਰਹੀ ਹੈ। ਕੱਕੜ ਨੇ ਕਿਹਾ ਕਿ ਪੁਲਸ ਦੀ ਹਿਰਾਸਤ ਵਿੱਚ ਬੈਠਾ ਵਿਅਕਤੀ ਕਿਸ ਤਰ੍ਹਾਂ ਮੋਬਾਇਲ ਰਾਹੀਂ ਮੀਡੀਆ ਨਾਲ ਗੱਲਬਾਤ ਕਰਦਾ ਹੈ।ਉਸਦੀ ਪਤਨੀ ਸੁਰਿੰਦਰਪਾਲ ਕੌਰ ਕਿਸ ਹੈਸੀਅਤ ਨਾਲ ਜਨਤਾ ਦੇ ਕੰਮ ਕਰਵਾ ਰਹੀ ਹੈ ਜਦੋਂ ਕਿ ਉਨ੍ਹਾਂ ਦਾ ਪਤੀ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਦੇ ਕੇਸ ਵਿੱਚ ਜੇਲ੍ਹ ਵਿੱਚ ਬੰਦ ਹੈ।ਕੱਕੜ ਨੇ ਕਿਹਾ ਕਿ ਜਿਸ ਤਰ੍ਹਾਂ ਲਾਲਜੀਤ ਸਿੰਘ ਭੁੱਲਰ ਨੂੰ ਅਦਾਲਤ ਵਿੱਚ ਬਿਨਾਂ ਹੱਥਕੜੀ ਪੇਸ਼ ਕੀਤਾ ਗਿਆ ਉਸ ਨਾਲ ਸਰਕਾਰ ਦੀ ਸੱਚਾਈ ਸਾਹਮਣੇ ਆਉਂਦੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇਸ ਵਕਤ ਡੀ. ਐੱਮ. ਗਗਨਦੀਪ ਸਿੰਘ ਰੰਧਾਵਾ ਪਰਿਵਾਰ ਨਾਲ ਚੱਟਾਨ ਵਾਂਗ ਖੜੀ ਹੈ ਅਤੇ ਉਨ੍ਹਾਂ ਨੂੰ ਇਨਸਾਫ਼ ਦਿਲਵਾ ਕੇ ਰਹੇਗੀ।

# ਧੰਨ-ਧੰਨ ਬਾਬਾ ਹਰੀ ਸਿੰਘ ਤੇ ਬਾਬਾ ਜਵਾਲਾ ਸਿੰਘ ਦੀ 57ਵੀਂ ਬਰਸੀ ਮਨਾਈ



ਜੈਂਤੀਪੁਰ (ਸੁਖਬੀਰ ਸਿੱਧੂ)-57ਵੀਂ ਸਾਲਾਨਾ ਬਰਸੀ ਧੰਨ-ਧੰਨ ਬਾਬਾ ਹਰੀ ਸਿੰਘ ਜੀ ਤੇ ਧੰਨ-ਧੰਨ ਬਾਬਾ ਜਵਾਲਾ ਸਿੰਘ ਗੁਰਦੁਆਰਾ ਭਗਤ ਬਾਬਾ ਨਾਮਦੇਵ ਪਿੰਡ ਮਰੜੀ ਕਲਾਂ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਗਈ ਜਿਸ ਵਿੱਚ ਰਾਗੀ ਸੁਖਦੀਪ ਸਿੰਘ ਆਦਮਪੁਰ, ਭਾਈ ਦਲੇਰ ਸਿੰਘ ਲੋਹਾਰਕਾ, ਢਾਡੀ ਜੱਥਾ ਸਰੂਪ ਸਿੰਘ ਕੜਿਆਣਾ, ਕਥਾਵਾਚਕ ਬਾਬਾ ਸੁਖਵੰਤ ਸਿੰਘ ਨੇ ਗੁਰਬਾਣੀ ਬੀਰ ਰਸ ਸੁਣਾ ਕੇ ਲੋਕਾਂ ਨੂੰ ਗੁਰੂ ਗ੍ਰੰਥ ਸਾਹਿਬ ਨਾਲ ਜੋੜਿਆ। ਇਸ ਮੌਕੇ ਗੁਰੂ ਦਾ ਲੰਗਰ ਵੀ ਟੁੱਟ ਵਰਤਾਇਆ ਗਿਆ। ਇਸ ਮੌਕੇ ਸੱਚ ਖੰਡ ਵਾਸੀ ਬਾਬਾ ਅਜੈਬ ਸਿੰਘ ਗੁਰੂ ਕੇ ਬਾਗ ਵਾਲੇ, ਬਾਬਾ ਸਰਦਾਰਾ ਸਿੰਘ, ਸੰਤ ਬਾਬਾ ਮੁਖਤਿਆਰ ਸਿੰਘ (ਭਗਤ ਜੀ) ਰਿਆਲੀ ਵਾਲੇ, ਸੰਤ ਬਾਬਾ ਅਮਰਜੀਤ ਸਿੰਘ, ਬਾਬਾ ਸਮਿੱਤਰ ਸਿੰਘ, ਸੰਤ ਬਾਬਾ ਜਨਕ ਸਿੰਘ, ਸੇਵਾਦਾਰ ਬਾਬਾ ਜਗੀਰ ਸਿੰਘ ਕੋਹਾਲੀ ਵਾਲੇ, ਬਾਬਾ ਮੇਜਰ ਸਿੰਘ ਅਬਦਾਲ ਹੈੱਡ ਗ੍ਰੰਥੀ ਗੁਰਦੁਆਰਾ ਮਰੜੀ ਕਲਾਂ, ਸੁਖਦੇਵ ਸਾਊਂਡ ਮਰੜੀ ਕਲਾਂ, ਹਰਦੇਵ ਸਿੰਘ ਠੇਕੇਦਾਰ, ਸਰਪੰਚ ਬਲਵਿੰਦਰ ਸਿੰਘ, ਹਰਵਿੰਦਰ ਸਿੰਘ, ਭੁਪਿੰਦਰ ਸਿੰਘ, ਗੁਰਅਰਸ਼ਦੀਪ ਸਿੰਘ, ਦਵਿੰਦਰ ਸਿੰਘ, ਮਨਪ੍ਰੀਤ ਸਿੰਘ, ਸ਼ਮਸ਼ੇਰ ਸਿੰਘ ਯੂਕੇ, ਮਾਤਾ ਗੁਰਚਰਨ ਕੌਰ, ਸਮੂਹ ਸਾਧ ਸੰਗਤ ਆਦਿ ਨੇ ਹਾਜ਼ਰੀ ਭਰੀ।

# ਫੋਕਲੋਰ ਰਿਸਰਚ ਅਕੈਡਮੀ ਅੰਮ੍ਰਿਤਸਰ ਤੇ ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਅਟਾਰੀ ਰੈਲੀ ਨੂੰ ਸਮਰਥਨ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਕਿਸਾਨ ਜਥੇਬੰਦੀਆਂ ਵੱਲੋਂ ਵਪਾਰ ਲਈ ਸਰਹੱਦਾਂ ਖੋਲ੍ਹਣ ਦੀ ਮੰਗ ਕਰਦਿਆਂ 28 ਮਾਰਚ ਨੂੰ ਅਟਾਰੀ ਵਾਹਗਾ ਬਾਰਡਰ 'ਤੇ ਇਸ ਸਬੰਧ ਵਿੱਚ ਵਿਸ਼ਾਲ ਰੈਲੀ ਰੱਖੀ ਗਈ ਹੈ।ਫੋਕਲੋਰ ਰਿਸਰਚ ਅਕਾਦਮੀ ਨੇ ਇਸ ਦਾ ਸਮਰਥਨ ਕਰਦਿਆਂ ਮੰਗ ਕੀਤੀ ਕਿ ਹੋਰ ਰਾਜਸੀ ਪਾਰਟੀਆਂ ਜਿਵੇਂ ਕਾਂਗਰਸ, ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਬਹੁਜਨ ਸਮਾਜ ਪਾਰਟੀ ਨੂੰ ਵੀ ਇਸਦਾ ਸਮਰਥਨ ਕਰਨਾ ਚਾਹੀਦਾ ਹੈ।ਫੋਕਲੋਰ ਰਿਸਰਚ ਅਕਾਦਮੀ ਅੰਮ੍ਰਿਤਸਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਅੰਮ੍ਰਿਤਸਰ ਇਕਾਈ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਵਿੱਚ ਪੰਜਾਬ ਦੀ ਆਰਥਿਕ ਤੇ ਸਮਾਜਿਕ ਖੁਸ਼ਹਾਲੀ ਲਈ ਵਪਾਰ ਲਈ ਸਰਹੱਦ ਰਸਤੇ ਖੋਲ੍ਹਣ ਦੀ ਮੰਗ ਕਰਦਿਆਂ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਪਾਕਿਸਤਾਨ, ਅਫਗਾਨਿਸਤਾਨ, ਈਰਾਨ ਅਤੇ ਮੱਧ ਏਸ਼ੀਆ ਨਾਲ ਜ਼ਮੀਨੀ ਰਸਤੇ ਵਪਾਰ ਮੁੜ ਸ਼ੁਰੂ ਕੀਤਾ ਜਾਵੇ।ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਨੇ ਪ੍ਰੈੱਸ ਨੂੰ ਦੱਸਿਆ ਕਿ ਜੇਕਰ ਭਾਰਤ ਅਤੇ ਪਾਕਿਸਤਾਨ ਦਰਮਿਆਨ ਵਪਾਰ ਤੇ ਰਸਤੇ ਖੁੱਲ੍ਹਦੇ ਹਨ ਤਾਂ ਮਹਿੰਗਾਈ ਘੱਟ ਹੋਵੇਗੀ।ਦੇਸ਼ ਦੀ ਜੀ. ਡੀ. ਪੀ. ਵਿੱਚ ਵਾਧਾ ਹੋਵੇਗਾ ਤੇ ਕਿਸਾਨਾਂ ਤੇ ਵਪਾਰੀਆਂ ਤੇ ਮਜ਼ਦੂਰਾਂ ਦੀ ਆਰਥਿਕ ਤੇ ਸਮਾਜਿਕ ਹਾਲਤ ਵਿੱਚ ਸੁਧਾਰ ਹੋਵੇਗਾ।ਪ੍ਰਗਤੀਸ਼ੀਲ ਲੇਖਕ ਸੰਘ ਅੰਮ੍ਰਿਤਸਰ ਇਕਾਈ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ ਨੇ ਕਿਹਾ ਕਿ ਵਪਾਰ ਲਈ ਬਾਰਡਰ ਖੋਲ੍ਹਣ ਨਾਲ ਸਰਹੱਦੀ ਖੇਤਰਾਂ ਅਤੇ ਸਰਹੱਦ ਦੇ ਨਾਲ ਲੱਗਦੇ ਸ਼ਹਿਰਾਂ ਪਿੰਡਾਂ ਵਿੱਚ ਤਣਾਅ ਖਤਮ ਹੋਵੇਗਾ, ਦੋਹਾਂ ਦੇਸ਼ਾਂ ਦੇ ਮੁਲਕਾਂ ਵਿੱਚ ਖੁਸ਼ਹਾਲੀ ਆਵੇਗੀ ਤੇ ਸੁੱਖ ਸ਼ਾਂਤੀ ਦਾ ਮਾਹੌਲ ਕਾਇਮ ਹੋਵੇਗਾ।ਇਨ੍ਹਾਂ ਦੋਵਾਂ ਪ੍ਰਤੀਨਿਧੀਆਂ ਨੇ ਸੰਸਾਰ ਭਰ 'ਚੋਂ ਜੰਗ ਦਾ ਖਾਤਮਾ ਕੀਤੇ ਜਾਣ ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਰੂਸ, ਯੂਕਰੇਨ ਅਤੇ ਈਰਾਨ, ਅਮਰੀਕਾ, ਇਜ਼ਰਾਈਲ ਜੰਗ ਫੌਰਨ ਬੰਦ ਹੋਣੀ ਚਾਹੀਦੀ ਹੈ ਕਿਉਂਕਿ ਜੰਗ ਨਾਲ ਮਨੁੱਖਾਂ, ਜੀਵ ਜੰਤੂਆਂ, ਫਸਲਾਂ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਜੰਗ ਬੰਦ ਕਰਵਾਉਣ ਲਈ ਭਾਰਤ ਸਰਕਾਰ ਨੂੰ ਅਪੀਲ ਕਰਦਿਆਂ ਸੰਸਾਰ ਅਮਨ ਦੀ ਕਾਮਨਾ ਕੀਤੀ ਗਈ।ਇਸ ਮੌਕੇ ਦਿਲਬਾਗ ਸਿੰਘ ਸਰਕਾਰੀਆ, ਹਰਜੀਤ ਸਿੰਘ ਸਰਕਾਰੀਆ, ਧਰਵਿੰਦਰ ਸਿੰਘ ਔਲਖ, ਕਮਲ ਗਿੱਲ, ਹਰੀਸ਼ ਸਾਬਰੀਅ ਅਤੇ ਕਰਮਜੀਤ ਕੌਰ ਜੱਸਲ ਆਦਿ ਹਾਜ਼ਰ ਸਨ।

# ਅੰਤਰ ਯੂਨੀਵਰਸਿਟੀ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀਡੀਯੂ) ਦੇ ਵਿਦਿਆਰਥੀਆਂ ਨੇ ਚੇਨਈ ਵਿੱਚ ਹੋਏ 39ਵੇਂ ਅੰਤਰ-ਯੂਨੀਵਰਸਿਟੀ ਯੁਵਕ ਮੇਲੇ (ਏਆਈਯੂ) 2025-26 ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸ਼ਹਿਰ ਦਾ ਨਾਮ ਰੌਸ਼ਨ ਕੀਤਾ।ਦੇਸ਼ ਭਰ ਦੀਆਂ 145 ਯੂਨੀਵਰਸਿਟੀਆਂ ਦੇ ਲਗਭਗ 2,500 ਵਿਦਿਆਰਥੀਆਂ ਨੇ ਇਸ ਰਾਸ਼ਟਰੀ ਸਮਾਗਮ ਵਿੱਚ ਹਿੱਸਾ ਲਿਆ, ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਜੀਐੱਨਡੀਯੂ ਦੇ ਵਿਦਿਆਰਥੀਆਂ ਨੇ ਆਪਣੇ ਹੁਨਰ ਅਤੇ ਮਿਹਨਤ ਨਾਲ ਕਈ ਸ਼੍ਰੇਣੀਆਂ ਵਿੱਚ ਤਗਮੇ ਜਿੱਤੇ।ਇਸ ਮੌਕੇ ਡਾ. ਅਮਨਦੀਪ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਨੇ ਕਲਾਸੀਕਲ ਇੰਸਟਰੂਮੈਂਟ (ਪਰਕਸ਼ਨ), ਵੈਸਟਰਨ ਵੋਕਲ ਸੋਲੋ, ਵੈਸਟਰਨ ਗਰੁੱਪ ਸੌਂਗ ਅਤੇ ਮਾਈਮ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਯੂਨੀਵਰਸਿਟੀ ਦੇ ਵਿਦਿਆਰਥੀ ਕਲਾਕਾਰਾਂ ਨੇ ਫੋਕ ਡਾਂਸ, ਇੰਗਲਿਸ਼ ਸਪੀਚ, ਵੈਸਟਰਨ ਮਿਊਜ਼ਿਕ (ਸੋਲੋ) ਅਤੇ ਮਿਮਿਕਰੀ ਵਿੱਚ ਦੂਜਾ ਸਥਾਨ, ਕਲਾਸੀਕਲ ਡਾਂਸ ਵਿੱਚ ਤੀਜਾ ਸਥਾਨ ਅਤੇ ਉਨ੍ਹਾਂ ਨੇ ਸਕਿੱਟ ਮੁਕਾਬਲੇ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।

ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਨੇ ਜੇਤੂਆਂ ਨੂੰ ਸਨਮਾਨਿਤ ਕੀਤਾ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਡੀਨ ਆਫ਼ ਅਕਾਦਮਿਕ ਪ੍ਰੋਫੈਸਰ ਐੱਚ. ਐੱਸ. ਸੈਣੀ, ਰਜਿਸਟਰਾਰ ਪ੍ਰੋਫੈਸਰ ਕੇ. ਐੱਸ. ਚਾਹਲ ਅਤੇ ਵਿਦਿਆਰਥੀ ਭਲਾਈ ਪ੍ਰੋਫੈਸਰ ਡਾ. ਸਤਨਾਮ ਸਿੰਘ ਦਿਓਲ ਨੇ ਜੇਤੂ ਵਿਦਿਆਰਥੀਆਂ ਅਤੇ ਟੀਮ ਮੈਂਬਰਾਂ ਨੂੰ ਵਧਾਈ ਦਿੱਤੀ।

# ਜਲਾਲ ਉਸਮਾ ਨੇ ਅਕਾਲੀ ਵਰਕਰਾਂ ਨੂੰ 'ਪੰਜਾਬ ਬਚਾਉ ਰੈਲੀ' ਲਈ ਕੀਤਾ ਪ੍ਰੇਰਿਤ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**-ਪੰਜਾਬ ਵਿੱਚ ਜਿੱਥੇ ਲੁੱਟਾਂ ਖੋਹਾਂ, ਕਤਲੋਗਾਰਤ, ਭ੍ਰਿਸ਼ਟਾਚਾਰ, ਨਸ਼ਿਆਂ ਅਤੇ ਗੈਂਗਸਟਰਾਂ ਦਾ ਬੋਲਬਾਲਾ ਹੈ, ਉਥੇ ਮੰਤਰੀਆਂ ਦੇ ਡਰ ਤੋਂ ਅਫਸਰਸ਼ਾਹੀ ਖੁਦਕਸ਼ੀਆਂ ਕਰਨ ਲਈ ਮਜਬੂਰ ਹੋ ਗਈ ਹੈ ਅਤੇ ਇਸਦੀ ਤਾਜ਼ਾ ਮਿਸਾਲ ਅੰਮ੍ਰਿਤਸਰ ਦੇ ਵੇਅਰਹਾਊਸ ਕਾਰਪਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਵੱਲੋਂ ਖੁਦਕਸ਼ੀ ਕਰਨ ਤੋਂ ਸਾਹਮਣੇ ਆਈ ਹੈ। ਇਸ ਮਾਮਲੇ ਦੀ ਸੀ. ਬੀ. ਆਈ. ਜਾਂਚ ਕਰਵਾਈ ਜਾਣੀ ਚਾਹੀਦੀ ਹੈ ਅਤੇ ਜ਼ਿੰਮੇਵਾਰ ਸਾ: ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਤੁਰੰਤ ਗ੍ਰਿਫਤਾਰ ਕਰਕੇ ਬਣਦੀ ਸਜ਼ਾ ਦੇਣੀ ਚਾਹੀਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਇੰਚਾਰਜ ਅਤੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਬਾਬਾ ਬਕਾਲਾ ਸਾਹਿਬ ਵਿੱਚ 2 ਅਪ੍ਰੈਲ ਨੂੰ ਕੀਤੀ ਜਾ ਰਹੀ ਪੰਜਾਬ ਬਚਾਉ ਰੈਲੀ ਦੀਆਂ ਤਿਆਰੀਆਂ ਸਬੰਧੀ ਵੱਖ-ਵੱਖ ਪਿੰਡਾਂ ਵਿੱਚ ਵਿਸ਼ਾਲ ਮੀਟਿੰਗਾਂ ਨੂੰ ਸੰਬੋਧਿਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੀੜਤ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਹਰ ਵੱਡੇ ਤੋਂ ਵੱਡਾ ਸੰਘਰਸ਼ ਕਰੇਗਾ। ਪਿੰਡ ਧਿਆਨਪੁਰ ਵਿਖੇ ਸਾਬਕਾ ਸਰਪੰਚ ਹੰਸਰਾਜ ਸਿੰਘ ਦੇ ਗ੍ਰਹਿ ਵਿਖੇ ਗੱਲਬਾਤ ਕਰਦਿਆਂ ਜ: ਜਲਾਲ ਉਸਮਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ 2 ਅਪ੍ਰੈਲ ਨੂੰ ਬਾਬਾ ਬਕਾਲਾ ਸਾਹਿਬ ਹਲਕੇ ਵਿੱਚ ਹੋਣ ਜਾ ਰਹੀ ਵਿਸ਼ਾਲ ਰੈਲੀ ਵਿੱਚ ਪੁੱਜ ਕੇ ਆਪਣੇ ਮਹਿਬੂਬ ਆਗੂ ਪਾਰਟੀ ਪ੍ਰਧਾਨ ਸ: ਸੁਖਬੀਰ ਸਿੰਘ ਬਾਦਲ ਅਤੇ ਸਾ: ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਸਮੇਤ ਸੀਨੀਅਰ ਆਗੂਆਂ ਵੱਲੋਂ ਦਿੱਤੇ ਜਾਣ ਵਾਲੇ ਪ੍ਰੋਗਰਾਮ-ਵਿਚਾਰ ਸੁਣਨ। ਇਸ ਮੌਕੇ ਹੰਸਰਾਜ ਸਿੰਘ ਧਿਆਨਪੁਰ, ਪ੍ਰਿੰ: ਦਿਲਬਾਗ ਸਿੰਘ ਮਾਨ, ਜ: ਅਜੀਤ ਸਿੰਘ ਧਿਆਨਪੁਰ, ਤਰਸੇਮ ਸਿੰਘ ਕਾਲੇਕੇ, ਗੁਰਜਿੰਦਰ ਸਿੰਘ ਸਰਪੰਚ ਸਠਿਆਲਾ. ਜ: ਬੂਟਾ ਸਿੰਘ ਸਠਿਆਲਾ, ਕਿਸਾਨ ਆਗੂ ਜੋਗਿੰਦਰ ਸਿੰਘ ਬਦੇਸ਼ਾ, ਦਵਿੰਦਰ ਸਿੰਘ ਮੈਂਬਰ, ਪ੍ਰਗਟ ਸਿੰਘ ਫੌਜੀ, ਦਵਿੰਦਰ ਸਿੰਘ ਨੋਨਾ, ਡਾ: ਮੇਜਰ ਸਿੰਘ, ਸ਼ਮਸ਼ੇਰ ਸਿੰਘ, ਕੰਵਰਨੌਨਿਹਾਲ ਸਿੰਘ, ਬਾਬਾ ਅਮਰੀਕ ਸਿੰਘ, ਬਾਬਾ ਲਾਲ ਸਿੰਘ, ਕਰਮ ਸਿੰਘ ਕਾਲੇਕੇ, ਸੇਟੀ ਚੌਕੀਦਾਰ, ਸਰਵਣ ਸਿੰਘ, ਪ੍ਰਗਟ ਸਿੰਘ ਦੁਕਾਨਦਾਰ, ਦਿਲਬਾਗ ਸਿੰਘ ਮੈਂਬਰ, ਉਪਵਿੰਦਰ ਸਿੰਘ ਮੈਂਬਰ, ਨਰਿੰਦਰ ਸਿੰਘ ਲਾਇਨਮੈਨ, ਡਾ: ਜਗੀਰ ਸਿੰਘ, ਹਰਜਿੰਦਰ ਸਿੰਘ, ਸਰੂਪ ਗੁੱਜਰ ਅਤੇ ਹੋਰ ਵਰਕਰ ਮੌਜੂਦ ਸਨ।

# ਡਾਇਟ ਕੈਰੋਂ ਵਿਖੇ ਮਿਸ਼ਨ ਸਮਰੱਥ 3.0 ਤਹਿਤ ਸਵੈ-ਨਾਮਜ਼ਦ ਸਕੂਲਾਂ ਦਾ ਵਿਸ਼ੇਸ਼ ਸਨਮਾਨ ਸਮਾਰੋਹ




ਪੱਟੀ/ਝਬਾਲ (ਬਲਦੇਵ ਸਿੰਘ ਸੰਧੂ/ਹਰਜਿੰਦਰ ਸਿੰਘ ਸੋਨੀ)-ਸਿੱਖਿਆ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਦੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਲਈ ਚਲਾਏ ਜਾ ਰਹੇ ਮਿਸ਼ਨ ਸਮਰੱਥ 3.0 ਦੇ ਤਹਿਤ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਕੈਰੋਂ (ਤਰਨਤਾਰਨ) ਵਿਖੇ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ/ਐਲੀ) ਸਤਿਨਾਮ ਸਿੰਘ ਬਾਠ ਦੀ ਰਹਿਨੁਮਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ।ਸਮਾਗਮ ਦੀ ਪ੍ਰਧਾਨਗੀ ਡਾਇਟ ਪ੍ਰਿੰਸੀਪਲ ਮੰਗਤ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਬਲਜਿੰਦਰ ਸਿੰਘ ਅਤੇ ਪ੍ਰਾਇਮਰੀ ਦੇ ਡੀ. ਆਰ. ਸੀ. ਅਨੂਪ ਸਿੰਘ ਮੈਣੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।ਪ੍ਰੋਗਰਾਮ ਦੌਰਾਨ ਅੱਪਰ ਪ੍ਰਾਇਮਰੀ ਬੀ. ਆਰ. ਸੀ. ਅਤੇ ਪ੍ਰਾਇਮਰੀ ਬੀ. ਆਰ. ਸੀ. ਨੇ ਵੀ ਸ਼ਿਰਕਤ ਕੀਤੀ ਅਤੇ ਅਧਿਆਪਕਾਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਸਮਾਗਮ ਦਾ ਮੁੱਖ ਉਦੇਸ਼ ਉਨ੍ਹਾਂ 19 ਸਕੂਲਾਂ ਨੂੰ ਸਨਮਾਨਿਤ ਕਰਨਾ ਸੀ, ਜਿਨ੍ਹਾਂ ਨੇ ਮਿਸ਼ਨ ਸਮਰੱਥ 3.0 ਲਈ ਖ਼ੁਦ ਨੂੰ ਸਵੈ-ਨਾਮਜ਼ਦ ਕੀਤਾ ਸੀ ਅਤੇ ਮਿਸ਼ਨ ਦੇ ਮਿੱਥੇ ਟੀਚਿਆਂ ਨੂੰ ਪ੍ਰਾਪਤ ਕਰਨ ਵਿਚ ਮੋਹਰੀ ਭੂਮਿਕਾ ਨਿਭਾਈ।ਇਨ੍ਹਾਂ ਸਕੂਲਾਂ ਵੱਲੋਂ ਬੱਚਿਆਂ ਦੇ ਪੜ੍ਹਨ-ਲਿਖਣ ਅਤੇ ਬੁਨਿਆਦੀ ਸਿੱਖਿਆ ਦੇ ਪੱਧਰ ਵਿਚ ਸੁਧਾਰ ਲਿਆਉਣ ਲਈ ਸ਼ਾਨਦਾਰ ਕੰਮ ਕੀਤਾ ਗਿਆ ਹੈ।ਇਸ ਮੌਕੇ ਪ੍ਰਿੰਸੀਪਲ ਮੰਗਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਡੀ. ਈ. ਓ. ਸਤਿਨਾਮ ਸਿੰਘ ਬਾਠ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਸਕੂਲਾਂ ਵਿਚ ਮਿਸ਼ਨ ਸਮਰੱਥ ਬਹੁਤ ਹੀ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ।ਉਨ੍ਹਾਂ ਸਨਮਾਨਿਤ ਹੋਏ ਸਕੂਲਾਂ ਦੇ ਮੁਖੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ ਵਿਚ ਵੀ ਇਸੇ ਤਰ੍ਹਾਂ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵੱਖ-ਵੱਖ ਬਲਾਕਾਂ ਦੇ ਅਧਿਆਪਕ ਅਤੇ ਡਾਇਟ ਦਾ ਸਮੂਹ ਸਟਾਫ਼ ਹਾਜ਼ਰ ਸੀ, ਜਿਨ੍ਹਾਂ ਨੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦਾ

# ਸੂਬੇ ਦੇ ਲੋਕ ਮਾਨ ਸਰਕਾਰ ਦੇ ਚਾਰ ਸਾਲ ਦੇ ਕਾਰਜਕਾਲ ਤੋਂ ਸੰਤੁਸ਼ਟ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਖੁਸ਼ ਹਨ , ਕਿਉਂਕਿ ਜਿਸ ਉਤਸ਼ਾਹ ਅਤੇ




ਉਮੀਦਾਂ ਦੇ ਨਾਲ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਸੀ, ਸਰਕਾਰ ਲੋਕਾਂ ਦੀਆਂ ਉਮੀਦਾਂ ਤੇ ਪੂਰੀ ਤਰ੍ਹਾਂ ਖਰੀ ਉੱਤਰੀ ਹੈ। ਇਹ ਗੱਲ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਵਿਧਾਇਕ ਕੁਲਵੰਤ ਸਿੰਘ ਫੇਜ਼-1 ਵਿਖੇ ਸਰਕਾਰ ਦੇ ਸ਼ਾਨਦਾਰ 4 ਸਾਲ - ਭਗਵੰਤ ਮਾਨ ਦੇ ਨਾਲ ਦੇ ਤਹਿਤ ਰੱਖੇ ਗਏ ਸੰਵਾਦ ਦੇ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਚਰਚਾ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 4 ਸਾਲਾਂ ਵਿੱਚ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਗਿਆ। ਇਸ ਸਮਾਗਮ ਵਿੱਚ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਹਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਜੋ ਵਾਅਦੇ ਅਤੇ ਜੋ ਗਰੰਟੀਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਹੋਰਾਂ ਵੱਲੋਂ ਸੂਬੇ ਦੇ ਲੋਕਾਂ ਨਾਲ ਨੂੰ ਦਿੱਤੀਆਂ ਗਈਆਂ ਸਨ, ਉਹਨਾਂ ਨੂੰ ਇੱਕ- ਇੱਕ ਕਰਕੇ ਪੂਰਾ ਕਰ ਲਿਆ ਗਿਆ ਹੈ ਅਤੇ ਉਸ ਤੋਂ ਵੀ ਅਗਾਹ ਜਾਂਦੇ ਹੋਏ ਪੰਜਾਬ ਦੇ ਸਰਪੱਖੀ ਵਿਕਾਸ ਦੀ ਰਫਤਾਰ ਹੋਰ ਤੇਜ਼ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਲੋਕਾਂ ਨੂੰ ਦਿੱਤੀ ਗਈ। ਇਸ ਤੋਂ ਇਲਾਵਾ 50 ਹਜ਼ਾਰ ਤੋਂ ਵੀ ਵੱਧ ਪੰਜਾਬ ਦੇ ਬੇਰੁਜ਼ਗਾਰਾਂ ਨੂੰ ਰੋਜ਼ਗਾਰ ਦਿੱਤਾ ਗਿਆ ਅਤੇ ਕੱਚੇ ਮੁਲਾਜ਼ਮਾਂ ਨੂੰ ਵੱਡੇ ਪੱਧਰ ਤੇ ਪੱਕੇ ਕੀਤਾ ਗਿਆ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਵਿੱਚ ਸਰਕਾਰ ਹੋਂਦ ਵਿੱਚ ਆਉਂਦੇ ਸਾਰ ਕੁਝ ਦਿਨਾਂ ਵਿੱਚ ਪੰਜਾਬ ਦੇ ਲੋਕਾਂ ਲਈ ਬਿਜਲੀ ਤੇ 600 ਯੂਨਿਟ ਪ੍ਰਤੀ ਬਿੱਲ ਮੁਆਫ ਕੀਤੀ ਗਈ, ਜਿਸ ਦੇ ਚਲਦਿਆਂ ਅੱਜ ਲੋਕਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ।

# ਵਪਾਰੀਆਂ ਦੀ ਮੁਸ਼ਕਿਲ ਦਾ ਕੀਤਾ ਜਾਵੇਗਾ ਢੁਕਵਾਂ ਹਲ : ਬੌਬੀ ਚਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਆਮ ਆਦਮੀ ਪਾਰਟੀ ਟਰੇਡਰਜ਼ ਵਿੰਗ ਫਗਵਾੜਾ ਦੇ ਚੇਅਰਮੈਨ ਬੌਬੀ ਚਮ ਵਲੋਂ ਸ਼ਹਿਰ ਦੇ ਵਪਾਰੀਆਂ ਅਤੇ ਕਾਰੋਬਾਰੀਆਂ ਦੀਆਂ ਸਮੱਸਿਆਵਾਂ ਦੇ ਢੁਕਵੇਂ ਹੱਲ ਦੇ ਮਨੋਰਥ ਨਾਲ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਤਹਿਤ ਚੌਥਾ ਕੈਂਪ ਮੰਡੀ ਰੋਡ ਖੇਤਰ 'ਚ ਲਗਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਜੋਨ ਸਕੱਤਰ ਰਿੱਕੀ ਮਨੋਚਾ ਅਤੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ (ਹਰਜੀ) ਮਾਨ ਹਲਕਾ ਇੰਚਾਰਜ ਫਗਵਾੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਦੌਰਾਨ ਵੱਡੀ ਗਿਣਤੀ ਵਿੱਚ ਹਾਜਰ ਆਏ ਵਪਾਰੀਆਂ ਨੇ ਆਪਣੀਆਂ ਸਮੱਸਿਆਵਾਂ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਰੱਖੀਆਂ। ਜਿਸ ਤੇ ਅਧਿਕਾਰੀਆਂ ਦੁਆਰਾ ਸਮੱਸਿਆਵਾਂ ਦਾ ਨਿਪਟਾਰਾ ਜਲਦੀ ਕਰਨ ਦਾ ਭਰੋਸਾ ਦਿੱਤਾ ਗਿਆ। ਜੋਨ ਸਕੱਤਰ ਰਿੱਕੀ ਮਨੋਚਾ ਨੇ ਬੌਬੀ ਚਮ ਵਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਅਜਿਹੇ ਉਪਰਾਲੇ ਲੋੜਵੰਦ ਵਪਾਰੀਆਂ ਤੇ ਕਾਰੋਬਾਰੀਆਂ ਦੀਆਂ ਮੁਸ਼ਕਿਲਾਂ ਹੀ ਹਲ ਨਹੀਂ ਕਰਦੇ ਬਲਕਿ ਉਹਨਾਂ ਦੇ ਕੀਮਤੀ ਸਮੇਂ ਦੀ ਬਚਤ ਵੀ ਹੁੰਦੀ ਹੈ ਜਿਸ ਦੇ ਲਈ ਚੇਅਰਮੈਨ



ਬੌਬੀ ਚਮ ਅਤੇ ਉਹਨਾਂ ਦੀ ਟੀਮ ਵਧਾਈ ਦੀ ਪਾਤਰ ਹੈ। ਹਲਕਾ ਇੰਚਾਰਜ ਹਰਜੀ ਮਾਨ ਨੇ ਵੀ ਬੌਬੀ ਚਮ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਹਰੇਕ ਮੁਸ਼ਕਿਲ ਦਾ ਸੋਖਾ ਤੇ ਉਚਿਤ ਹਲ ਕਰਨ ਲਈ ਤੱਤਪਰ ਹੈ। ਵਪਾਰੀਆਂ ਦਾ ਪੰਜਾਬ ਦੀ ਆਰਥਕਤਾ ਨੂੰ ਮਜਬੂਤ ਕਰਨ ਵਿੱਚ ਵੱਡਾ ਯੋਗਦਾਨ ਹੈ। ਉਹਨਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਅਖੀਰ ਵਿੱਚ ਬੌਬੀ ਚਮ ਨੇ ਸੀਨੀਅਰ ਪਾਰਟੀ ਅਹੁਦੇਦਾਰਾਂ, ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਦੱਸਿਆ ਕਿ ਵਪਾਰੀਆਂ ਨਾਲ ਪ੍ਰਸ਼ਾਸਨਿਕ ਮਿਲਣੀ ਦੇ ਇਸ ਉਪਰਾਲੇ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ। ਉਹਨਾਂ ਆਉਂਦੇ ਦਿਨਾਂ ਵਿੱਚ ਸ਼ਹਿਰ ਦੇ ਹੋਰ ਇਲਾਕਿਆਂ 'ਚ ਵੀ ਇਸੇ ਤਰ੍ਹਾਂ ਕੈਂਪ ਲਗਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਕਲਾਥ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਬਾਂਗਾ, ਚੇਅਰਮੈਨ ਪਰਮਜੀਤ ਗੁਲਾਟੀ, ਸਕੱਤਰ ਦੀਪਕ ਛਾਬੜਾ, ਮੀਤ ਪ੍ਰਧਾਨ ਮੋਹਨ ਸਿੰਘ, ਜਗਮੋਹਨ ਕੋਰੀਅਰ ਮਰਚੈਂਟ, ਰਾਜਿੰਦਰ ਸਿੰਘ ਚੇਅਰਮੈਨ ਕਰਿਆਨਾ ਮਰਚੈਂਟ ਐਸੋਸੀਏਸ਼ਨ, ਸੁਦੇਸ਼ ਕਲੂਚਾ ਪ੍ਰਧਾਨ, ਸੋਨੂੰ ਅਰੋੜਾ ਜਨਰਲ ਸਕੱਤਰ, ਓਮ ਪ੍ਰਕਾਸ਼, ਸਵਰਨ ਸਿੰਘ (ਸਵਰਨ ਸਵੀਟਸ) ਤੋਂ ਇਲਾਵਾ ਹਿਉਮਨ ਰਾਈਟਸ ਕੌਂਸਲ ਦੇ ਸਟੇਟ ਸਕੱਤਰ ਗੁਰਦੀਪ ਸਿੰਘ ਕੰਗ, ਐਂਟੀ ਕਰਪਸ਼ਨ ਸੈਲ ਦੇ ਪੰਜਾਬ ਪ੍ਰਧਾਨ ਰਮਨ ਨਹਿਰਾ ਆਦਿ ਹਾਜਰ ਸਨ।

# ਅਸਲੀ ਦੌਲਤ ਗੁਰੂ ਦੇ ਚਰਨਾਂ ਵਿੱਚ ਤੇ ਨਾਮ ਦੀ ਕਮਾਈ 'ਚ ਹੈ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸਲੀ ਦੌਲਤ ਗੁਰੂ ਦੇ ਚਰਨਾਂ ਵਿੱਚ ਅਤੇ ਨਾਮ ਦੀ ਕਮਾਈ ਵਿੱਚ ਹੈ। ਅੱਜ ਦੀ ਭੱਜ-ਦੌੜ ਭਰੀ ਜਿੰਦਗੀ ਵਿੱਚ ਸ਼ਾਂਤੀ ਗੁਰੂ ਦੀ ਸੰਗਤ ਵਿੱਚ ਹੀ ਮਿਲਦੀ ਹੈ।ਮੁੱਖ ਮੰਤਰੀ ਲੁਧਿਆਣਾ



ਦੇ ਗੁਰੂਦੁਆਰਾ ਸ੍ਰੀ ਨਾਨਕਸਰ ਸਾਹਿਬ ਵਿੱਚ ਆਯੋਜਿਤ ਸਮਾਗਮ ਦੇ ਸਮਾਪਨ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ।ਇਸ ਮੌਕੇ 'ਤੇ ਬਾਬਾ ਘਾਲਾ ਸਿੰਘ ਜੀ, ਅਨੇਕ ਸੰਤ-ਮਹਾਪੁਰਖ ਅਤੇ ਦੇਸ਼-ਵਿਦੇਸ਼ ਤੋਂ ਪਹੁੰਚੀ ਸਾਧ ਸੰਗਤ ਮੌਜੂਤ ਸੀ। ਸ੍ਰੀ ਨਾਇਬ ਸਿੰਘ ਸੈਣੀ ਨੇ ਸਮਾਗਮ ਵਿੱਚ ਮੌਜੂਦ ਸੰਗਤ ਨੂੰ ਦੁਰਗਾਸ਼ਟਮੀ ਅਤੇ ਰਾਮਨੌਮੀ ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸ੍ਰੀ ਨਾਨਕਸਰ ਸਾਹਿਬ ਉਹੀ ਪਵਿੱਤਰ ਸਥਾਨ ਹੈ, ਜਿਸ ਦੀ ਨੀਂਹ ਬਾਬਾ ਨੰਦ ਸਿੰਘ ਜੀ ਮਹਾਰਾਜ ਨੇ ਆਪਣੇ ਕਠੋਰ ਤੱਪ ਨਾਲ ਰੱਖੀ ਸੀ। ਉਨ੍ਹਾਂ ਨੇ ਭਗਤੀ ਦੀ ਉਸ ਜੋਤ ਨੂੰ ਜਲਾਇਆ, ਜਿਸ ਦੀ ਲੋਅ ਅੱਜ ਕਰੋੜਾਂ ਦਿੱਲਾਂ ਨੂੰ ਰੋਸ਼ਨ ਕਰ ਰਹੀ ਹੈ। ਉਨ੍ਹਾਂ ਦੇ ਪਦਚਿੰਨ੍ਹਾਂ 'ਤੇ ਚਲਦੇ ਹੋਏ ਬਾਬਾ ਇਸ਼ਰ ਸਿੰਘ ਜੀ ਮਹਾਰਾਜ ਨੇ ਇੱਥੇ ਸੱਤ ਸਾਲਾਂ ਤੱਕ ਏਕਾਂਤਵਾਸ ਵਿੱਚ ਸਿਮਰਨ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਉਨ੍ਹਾਂ ਹੀ ਮਹਾਪੁਰਸ਼ਾਂ ਦੀ ਕਮਾਈ ਦਾ ਫੱਲ ਹੈ ਕਿ ਅੱਜ ਇੱਥੇ ਕਦਮ ਰੱਖਦੇ ਹੀ ਮਨ ਨੂੰ ਬਹੁਤ ਸ਼ਾਂਤੀ ਮਿਲਦੀ ਹੈ।

# ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ




**ਜਲੰਧਰ** : ਸ਼ਹੀਦ ਭਗਤ ਸਿੰਘ ਵਿਚਾਰ ਮੰਚ ਵਲੋਂ ਪ੍ਰਭੂ ਸਿਮਰਨ ਵੈਲਫੇਅਰ ਸੁਸਾਇਟੀ ਜਲੰਧਰ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ 95ਵੇਂ ਸ਼ਹੀਦੀ ਦਿਵਸ 'ਤੇ ਲਾਲਾ ਜਗਤ ਨਰਾਇਣ ਨੂੰ ਸਮਰਪਿਤ ਦੁਸਹਿਰਾ ਗਰਾਊਂਡ ਮਾਡਲ ਹਾਊਸ ਜਲੰਧਰ ਵਿਖੇ ਸ਼ਹੀਦੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਲਾਰਡ ਰੁਦਰਾ ਪਬਲਿਕ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਆਸ਼ਾ ਸ਼ਰਮਾ ਨੇ ਮੁੱਖ ਮਹਿਮਾਨਾਂ ਦਾ ਸੁਆਗਤ ਕੀਤਾ ਅਤੇ ਨੌਜੁਆਨਾ ਨੂੰ ਨਸ਼ਿਆਂ ਤੋਂ ਮੁਕਤ ਹੋ ਕੇ ਚੰਗੇ ਨਾਗਰਿਕ ਬਣਨ ਅਤੇ ਸ਼ਹੀਦ ਭਗਤ ਸਿੰਘ ਦੇ ਇਤਿਹਾਸ ਨੂੰ ਪੜ੍ਹਣ ਅਤੇ ਘੋਖਣ ਦੀ ਅਪੀਲ ਕੀਤੀ। ਸ਼੍ਰੀਮਤੀ ਮਿਨਾਕਸ਼ੀ ਸ਼ਰਮਾ ਨੇ ਹੋਣ ਵਾਲੇ ਸਮਾਗਮ ਦੀ ਪ੍ਰਸਤਾਵਨਾ ਪੇਸ਼ ਕੀਤੀ। ਸ਼ਹੀਦੀ ਸਮਾਗਮ ਮੌਕੇ ਉਮੇਸ਼ ਨੰਦ ਲਾਲ ਸ਼ਾਹੂ ਨਾਗਪੁਰ, ਕਾਬਲ ਸਿੰਘ ਸ਼ਾਹਪੁਰਾ (ਕਾਲਿਆਂ ਵਾਲਾ ਖੂਹ) ਤੇ ਵਰਿੰਦਰ ਸ਼ਰਮਾ ਵਲੋਂ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਇਸ ਮੌਕੇ ਜਿਥੇ ਬੁਲਾਰਿਆਂ ਨੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਨਤਮਸਤਕ ਕੀਤਾ, ਉਥੇ ਸ਼ਹੀਦ ਭਗਤ ਸਿੰਘ ਵਿਚਾਰ ਮੰਚ ਦੇ ਸਕੱਤਰ ਗਣੇਸ਼ ਭਗਤ ਮਾਡਲ ਹਾਊਸ ਅਤੇ ਮੰਚ ਦੇ ਸੰਯੋਜਕ ਤੇ ਪ੍ਰਚਾਰਕ ਵਿਜੇ ਸਾਗਰ ਵਲੋਂ ਆਯੋਜਿਤ ਕੀਤੇ ਗਏ ਸਮਾਗਮ ਦੀ ਸ਼ਲਾਘਾ ਕੀਤੀ ਅਤੇ ਆਸ ਪ੍ਰਗਟ ਕੀਤੀ ਕਿ ਮੰਚ ਆਉਣ ਵਾਲੇ ਸਮੇਂ 'ਤੇ ਹੋਰ ਵੀ ਵੱਡੀ ਪੱਧਰ 'ਤੇ ਸ਼ਹੀਦਾਂ ਦੀ ਯਾਦ ਵਿਚ ਪ੍ਰੋਗਰਾਮ ਆਯੋਜਿਤ ਕਰਨਗੇ।ਸਮਾਗਮ ਮੌਕੇ ਸਾਬਕਾ ਕੌਂਸਲਰ ਅਮਨਦੀਪ ਕੌਰ ਮੇਜਰ, ਸਾਬਕਾ ਕੌਂਸਲਰ ਸਵਰਗੀ ਕਮਲ ਸ਼ਰਮਾ ਦੀ ਪਤਨੀ ਸ਼ਾਰਦਾ ਸ਼ਰਮਾ, ਸਾਬਕਾ ਕੌਂਸਲਰ ਕਾਮਰੇਡ ਸਾਈਂਦਾਸ ਦੀ ਨੂੰਹ ਬਿਮਲਾ ਭਗਤ ਅਤੇ ਮੌਜੂਦਾ ਕੌਂਸਲਰ ਸੁਨੀਤਾ ਟਿੱਕਾ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਵਿਚ ਮੇਜਰ ਸਿੰਘ, ਵੀਰ ਭਾਨ ਭਗਤ, ਨਵੀਨ ਸੋਨੀ, ਸੁਰਿੰਦਰ ਛਿੰਦਾ, ਪੱਤਰਕਾਰ ਹੇਮੰਤ ਸ਼ਰਮਾ, ਕਿਸ਼ਨ ਲਾਲ ਸਿੰਗਲਾ, ਰਾਜੀਵ ਉਂਕਾਰ ਟਿੱਕਾ, ਰਵਿੰਦਰ ਮਨੂਜਾ, ਮੰਜੂ ਮਨੂਜਾ ਤੇ ਐਡਵੋਕੇਟ ਰਾਕੇਸ਼ ਸ਼ਰਮਾ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਵਿਸ਼ੇਸ਼ ਭੂਮਿਕਾ ਅਦਾ ਕੀਤੀ।

# ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਨਡਾਲੋਂ ਵਿਖੇ ਗੁਰਦੁਆਰਾ ਤ੍ਰਿਵੈਣੀ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਬ੍ਰਹਮ ਗਿਆਨੀ 108 ਸੰਤ ਬਾਬਾ ਨਿਧਾਨ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਰਛਪਾਲ ਸਿੰਘ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਰਛਪਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜਨਮ ਦਿਹਾੜੇ ਸਮਾਗਮ ਦੌਰਾਨ ਪੰਜ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਰਛਪਾਲ ਸਿੰਘ, ਸੰਤ ਬਾਬਾ ਕਰਤਾਰ ਸਿੰਘ ਜਲਵੇਹੜਾ, ਸੰਤ ਬਾਬਾ ਬਖਸ਼ੀਸ਼ ਸਿੰਘ ਨਡਾਲੋਂ, ਬੀਬੀ ਬਹਾਦਰ ਕੌਰ ਨਡਾਲੋਂ, ਬਾਬਾ ਜਰਨੈਲ ਸਿੰਘ ਖਾਲਸਾ ਨਡਾਲੋਂ, ਭਾਈ ਜਸਲੀਨ ਸਿੰਘ ਪਾਸ਼ਟਾਂ, ਭਾਈ ਚਰਨਜੀਤ ਸਿੰਘ ਲੱਖਪੁਰ ਇੰਟਰਨੈਸ਼ਨਲ ਢਾਡੀ ਜੱਥਾ ਆਦਿ ਗੁਰਬਾਣੀ ਗੁਰਇਤਿਹਾਸ ਕਥਾ



ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼, ਰਾਗੀ ਜੱਥੇ, ਪ੍ਰਮੁੱਖ ਸ਼ਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਤ ਬਾਬਾ ਰਛਪਾਲ ਸਿੰਘ, ਬਾਬਾ ਤਰਸੇਮ ਸਿੰਘ ਪਾਸ਼ਟਾਂ, ਸ਼ਿਵ ਸਿੰਘ ਜਸਵਾਲ ਨਰੂੜ, ਬਾਬਾ ਜਰਨੈਲ ਸਿੰਘ ਖਾਲਸਾ ਨਡਾਲੋਂ, ਪੱਤਰਕਾਰ ਅਮਰਜੀਤ ਸਿੰਘ ਰਾਜਾ, ਬਲਵੀਰ ਸਿੰਘ, ਲਖਵਿੰਦਰ ਸਿੰਘ, ਧਰਮਿੰਦਰ ਸਿੰਘ ਸੋਨੂੰ, ਜਸਵੀਰ ਸਿੰਘ ਭੱਟੀ,ਰਾਵਲ ਸਿੰਘ ਨਰੂੜ, ਮੰਗਲ ਸਿੰਘ ਜਲਵੇਹੜਾ, ਮਹਿੰਦਰ ਕੌਰ, ਮਨਜੀਤ ਕੌਰ, ਮਨਪ੍ਰੀਤ ਕੌਰ, ਹਰਵਿੰਦਰ ਕੌਰ, ਸੰਤੋਸ਼ ਕੌਰ, ਸਰਬਜੀਤ ਕੌਰ, ਦਲਜੀਤ ਕੌਰ, ਰਾਜਵੀਰ ਕੌਰ, ਸੁਰਿੰਦਰ ਕੌਰ, ਗੁਰਚਰਨ ਸਿੰਘ, ਸਤਿੰਦਰ ਜੀਤ ਕੌਰ, ਹਰਜੀਤ ਕੌਰ, ਮਨਜੀਤ ਕੌਰ, ਗਗਨਦੀਪ ਸਿੰਘ, ਸਿਮਰਨ ਜੀਤ ਕੌਰ, ਪਰਮਜੀਤ ਕੌਰ, ਕੁਲਵਿੰਦਰ ਕੌਰ, ਸੰਦੇਸ਼ ਰਾਣੀ, ਤਰਸੇਮ ਕੌਰ, ਰਕਸ਼ਾ ਰਾਣੀ, ਗੁਰਦੀਪ ਕੌਰ, ਪਲਵਿੰਦਰ ਕੌਰ, ਹਰਮੇਸ਼ ਕੌਰ, ਮਨਪ੍ਰੀਤ ਕੌਰ, ਰੀਨਾ, ਮਨੀ, ਜਗਦੀਸ਼ ਸਿੰਘ, ਅਮਰੀਕ ਸਿੰਘ, ਸ਼ੇਰ ਸਿੰਘ, ਮਨਜੀਤ ਸਿੰਘ, ਜੋਗਿੰਦਰ ਸਿੰਘ, ਸੁੱਚਾ ਸਿੰਘ ਆਦਿ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਪ੍ਰੋਗਰਾਮ ਦੀ ਜਾਣਕਾਰੀ ਬਾਬਾ ਜਰਨੈਲ ਸਿੰਘ ਖਾਲਸਾ ਨਡਾਲੋਂ ਨੇ ਪ੍ਰੈੱਸ ਨੂੰ ਦਿੱਤੀ।

## ਰਾਮ ਨੌਮੀ ਦਾ ਤਿਉਹਾਰ ਮਨਾਇਆ




**ਆਦਮਪੁਰ (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਸ੍ਰੀ ਅਨਿਲ ਕੁਮਾਰ ਸ਼ਰਮਾ ਦੀ ਪ੍ਰਧਾਨਗੀ ਹੇਠ ਰਾਮਨੌਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਆਰੰਭ ਵਿਚ ਚਾਰਾਂ ਸਦਨਾਂ ਦੇ ਵਿਦਿਆਰਥੀਆਂ ਦੁਆਰਾ ਭਗਵਾਨ ਸ੍ਰੀ ਰਾਮ, ਮਾਤਾ ਸੀਤਾ, ਲਛਮਣ ਤੇ ਹਨੂੰਮਾਨ ਜੀ ਦਾ ਰੂਪ ਧਾਰਨ ਕਰਕੇ ਨਾਚ, ਸ਼ਲੋਕ, ਝਾਕੀਆਂ ਪੇਸ਼ ਕੀਤੀਆਂ, ਜਿਸ ਨੇ ਸਭ ਦਾ ਮਨ ਮੋਹ ਲਿਆ। ਅੰਤ ਵਿੱਚ ਪ੍ਰਿੰਸੀਪਲ ਜੋਧ ਸਿੰਘ ਡੋਗਰਾ ਦੇ ਦੁਆਰਾ ਇਸ ਪਵਿੱਤਰ ਤਿਉਹਾਰ ਦੀਆਂ ਸ਼ੁਭ ਕਾਮਨਾਵਾਂ ਦਿੰਦੇ ਹੋਏ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਦੱਸਿਆ ਕਿ ਬੱਚਿਆਂ ਨੂੰ ਆਪਣੇ ਦੇਸ਼ ਦੇ ਸੱਭਿਆਚਾਰ ਅਤੇ ਮਹਾਂਪੁਰਖਾਂ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਚ ਦੇ ਮਾਰਗ ਉਤੇ ਚੱਲਣ ਲਈ ਪ੍ਰੇਰਿਤ ਕੀਤਾ।

## ਆਰ ਬੀ ਯੂ 'ਚ ਯੋਗ ਰਾਹੀਂ ਉੱਤਮਤਾ 'ਤੇ ਇੱਕ ਮਾਹਰ ਸੈਸ਼ਨ ਦਾ ਕਰਵਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਨੇ ਯੂਨੀਵਰਸਿਟੀ ਸਕੂਲ ਆਫ਼ ਮੈਡੀਕਲ ਰੇਡੀਓਲੋਜੀ ਐਂਡ ਇਮੇਜਿੰਗ ਟੈਕਨਾਲੋਜੀ, ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਹਿਯੋਗ ਨਾਲ, ਐਕਸ਼ਨ ਵਿੱਚ ਉੱਤਮਤਾ ਯੋਗ ਹੈ ਵਿਸ਼ੇ 'ਤੇ ਇੱਕ ਮਾਹਰ ਸੈਸ਼ਨ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਡੀਨ ਡਾ. ਅਤੁਲ



ਖਜੂਰੀਆ ਅਤੇ ਵਿਭਾਗ ਦੇ ਮੁਖੀ ਡਾ. ਸੁਖਮੀਤ ਕੌਰ ਬੇਦੀ ਨੇ ਕੀਤੀ। ਇਸ ਮੌਕੇ 'ਤੇ ਯੋਗ ਮਾਹਿਰ ਚੰਦਰਸ਼ੇਖਰ ਨੇ ਵਿਦਿਆਰਥੀਆਂ ਨਾਲ ਯੋਗ ਰਾਹੀਂ ਇਕਾਗਰਤਾ, ਮਾਨਸਿਕ ਸ਼ਾਂਤੀ ਅਤੇ ਬਿਹਤਰ ਜੀਵਨਸ਼ੈਲੀ ਪ੍ਰਾਪਤ ਕਰਨ ਦੇ ਮਹੱਤਵਪੂਰਨ ਸੁਝਾਅ ਸਾਂਝੇ ਕੀਤੇ। ਯੋਗ ਮਾਹਿਰ ਚੰਦਰਸ਼ੇਖਰ ਨੇ ਇੱਕ ਭਾਸ਼ਣ ਰਾਹੀਂ ਵਿਦਿਆਰਥੀਆਂ ਨਾਲ ਯੋਗ ਦੀ ਮਹੱਤਤਾ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਇਸ ਨੂੰ ਰੋਜ਼ਾਨਾ ਜੀਵਨ ਵਿੱਚ ਸ਼ਾਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਦਾ ਸੰਯੋਜਨ ਡਾ. ਕ੍ਰਿਤੀ ਸ਼ਰਮਾ ਅਤੇ ਬਿਲਕਿਸ ਦੁਆਰਾ ਕੀਤਾ ਗਿਆ। ਪ੍ਰੋਫੈਸਰ ਸਾਕਿਬ, ਪ੍ਰੋਫੈਸਰ ਪੂਜਾ ਤੇ ਪ੍ਰੋਫੈਸਰ ਅਦਿਤੀ ਨੇ ਸੰਬੰਧਿਤ ਵਿਸ਼ੇ 'ਤੇ ਪੋਸਟਰ-ਮੇਕਿੰਗ ਮੁਕਾਬਲਾ ਕਰਵਾਇਆ। ਪ੍ਰੋਗਰਾਮ ਦੇ ਅੰਤ ਵਿੱਚ, ਡਾ. ਸੁਖਮੀਤ ਬੇਦੀ ਨੇ ਯੋਗ ਮਾਹਿਰ ਚੰਦਰਸ਼ੇਖਰ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਵਿਭਾਗ ਦੇ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

## ਗਗਨਦੀਪ ਸਿੰਘ ਰੰਧਾਵਾ ਦੀ ਦੁਖਦਾਈ ਮੌਤ ਦੀ ਨਿਖੇਧੀ, ਸਰਕਾਰ ਤੋਂ ਇਨਸਾਫ਼ ਦੀ ਮੰਗ

**ਚੰਡੀਗੜ੍ਹ (ਸੁਰਜੀਤ ਸੁਮਨ)**- ਅਸੀਂ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ 'ਤੇ ਡੂੰਘੇ ਦੁੱਖ ਤੇ ਸਖ਼ਤ ਨਿਖੇਧੀ ਕਰਦੇ ਹਾਂ। ਇਸ ਮਾਮਲੇ ਵਿੱਚ ਸਾਹਮਣੇ ਆਏ ਮੁੱਢਲੇ ਸਬੂਤ ਸਿਸਟਮ ਵਿੱਚ ਫੈਲੇ ਭ੍ਰਿਸ਼ਟਾਚਾਰ, ਧੱਕੇਸ਼ਾਹੀ ਅਤੇ ਇੱਕ ਇਮਾਨਦਾਰ ਅਧਿਕਾਰੀ ਨੂੰ ਪ੍ਰੇਸ਼ਾਨ ਕੀਤੇ ਜਾਣ ਦੀ ਭਿਆਨਕ ਤਸਵੀਰ ਪੇਸ਼ ਕਰਦੇ ਹਨ। ਸੋਸ਼ਲ ਮੀਡੀਆ 'ਤੇ ਵਾਇਰਲ ਸਵਰਗੀ ਸ੍ਰੀ ਰੰਧਾਵਾ ਵੱਲੋਂ ਮੌਤ ਤੋਂ ਪਹਿਲਾਂ ਦਾ ਬਿਆਨ, ਜਿਸ ਵਿੱਚ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਨਾਮ ਸ਼ਾਮਲ ਹੈ, ਮੌਜੂਦਾ ਪ੍ਰਸ਼ਾਸਨ 'ਤੇ ਸਿੱਧਾ ਦੋਸ਼ ਹੈ। ਜੁਆਇੰਟ ਐਕਸ਼ਨ ਕਮੇਟੀ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਦੇ ਚੇਅਰਮੈਨ ਮਨਜੀਤ ਸਿੰਘ ਰੰਧਾਵਾ ਨੇ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੰਤਰੀ ਵਿਰੁੱਧ ਜਬਰਨ ਵਸੂਲੀ ਅਤੇ ਅਪਰਾਧਿਕ ਸਾਜ਼ਿਸ਼ ਸਮੇਤ ਕਾਨੂੰਨ ਦੀਆਂ ਸਖ਼ਤ ਧਾਰਾਵਾਂ ਤਹਿਤ ਮੁਕੱਦਮਾ ਚਲਾਇਆ ਜਾਣਾ ਚਾਹੀਦਾ ਹੈ। ਇਹ ਕੇਸ ਤੁਰੰਤ ਕੇਂਦਰੀ ਜਾਂਚ ਬਿਊਰੋ (329) ਨੂੰ ਸੌਂਪਿਆ ਜਾਵੇ ਤਾਂ ਜੋ ਸਥਾਨਕ ਰਾਜਨੀਤਿਕ ਪ੍ਰਭਾਵ ਤੋਂ ਮੁਕਤ ਨਿਰਪੱਖ ਜਾਂਚ ਯਕੀਨੀ ਬਣਾਈ ਜਾ ਸਕੇ।

## ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਨੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ

**ਜਲੰਧਰ, (ਸ਼ੈਲੀ ਐਲਬਰਟ)**- ਵਪਾਰੀਆਂ ਦੀਆਂ ਮੁਸ਼ਕਲਾਂ ਹੱਲ ਕਰਨ ਦੇ ਮੰਤਵ ਨਾਲ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਅੱਜ ਲਾਲ ਰਤਨ ਫਰਨੀਚਰ ਮਾਰਕੀਟ ਐਸੋਸੀਏਸ਼ਨ ਦੇ ਵਪਾਰੀਆਂ ਨਾਲ




ਇੱਕ ਇੰਟਰੈਕਟਿਵ ਮੀਟਿੰਗ ਸੈਸ਼ਨ ਕੀਤਾ ਗਿਆ।ਇਸ ਸੈਸ਼ਨ ਦੌਰਾਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਇੰਦਰਵੰਸ਼ ਸਿੰਘ ਚੱਢਾ ਨੇ ਵਪਾਰੀਆਂ ਦੇ ਮੁੱਦਿਆਂ ਨੂੰ ਵਿਸਥਾਰ ਨਾਲ ਸੁਣਿਆ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮਕਦਸ ਵਪਾਰੀਆਂ ਦੀਆਂ ਮੁਸ਼ਕਲਾਂ ਤੇ ਮੰਗਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਬਿਹਤਰ ਤਾਲਮੇਲ ਬਣਾਉਣਾ ਹੈ ਤਾਂ ਜੋ ਵਪਾਰੀਆਂ ਅਤੇ ਪ੍ਰਸ਼ਾਸਨ ਵਿਚਕਾਰ ਸੰਵਾਦ ਮਜ਼ਬੂਤ ਹੋ ਸਕੇ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਨੂੰ ਕਾਰੋਬਾਰ ਕਰਨ ਲਈ ਸਾਜ਼ਗਾਰ ਮਾਹੌਲ ਦੇਣ ਲਈ ਵਚਨਬੱਧ ਹੈ। ਵਿਧਾਨ ਸਭਾ ਟਰੇਡਰਜ਼ ਕਮਿਸ਼ਨ ਚੇਅਰਮੈਨ ਸੁਮਿਤ ਸ਼ਰਮਾ ਨੇ ਵਪਾਰੀਆਂ ਦੀ ਭਰਵੀਂ ਸ਼ਮੂਲੀਅਤ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਮਨਿੰਦਰ ਸਿੰਘ ਅਤੇ ਅੰਕੁਰ ਸਯਾਲ ਵੀ ਮੌਜੂਦ ਸਨ। ਇਹ ਪਹਿਲਕਦਮੀ ਜਿਥੇ ਕਮਿਸ਼ਨ ਦੀ ਵਪਾਰੀਆਂ ਦੀਆਂ ਸਮੱਸਿਆਵਾਂ 'ਤੇ ਵਾਰ-ਵਾਰ ਗੱਲਬਾਤ ਅਤੇ ਫੌਰੀ ਕਾਰਵਾਈ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਉਥੇ ਇਸ ਸੈਸ਼ਨ ਨੇ ਵਪਾਰੀਆਂ ਨੂੰ ਆਪਣੇ ਮੁੱਦੇ ਖੁੱਲ੍ਹ ਕੇ ਰੱਖਣ ਦਾ ਮੌਕਾ ਦਿੱਤਾ।

## ਨਾਜਾਇਜ਼ ਮਾਈਨਿੰਗ ਵਿਰੁੱਧ ਦੀਪਇੰਦਰ ਢਿੱਲੋਂ ਦੀ ਅਗਵਾਈ ਹੇਠ ਦਿੱਤਾ ਧਰਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾ ਬੱਸੀ ਦੇ ਪਿੰਡ ਅਮਲਾਲਾ ਨੇੜੇ ਘੱਗਰ ਦਰਿਆ ਵਿੱਚ ਦਿਨ-ਰਾਤ ਚੱਲ ਰਹੀ ਰੇਤੇ ਦੀ ਨਾਜਾਇਜ਼ ਮਾਈਨਿੰਗ ਨੇ ਹੁਣ ਜਨਤਕ ਅੰਦੋਲਨ ਦਾ ਰੂਪ ਧਾਰ ਲਿਆ ਹੈ।ਹਲਕਾ ਕਾਂਗਰਸ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ



ਇਲਾਕੇ ਦੇ ਅੱਧੀ ਦਰਜਨ ਪਿੰਡਾਂ ਦੇ ਸੈਂਕੜੇ ਲੋਕਾਂ ਨੇ ਇਕੱਠੇ ਹੋ ਕੇ ਮਾਈਨਿੰਗ ਮਾਫੀਆ ਵਿਰੁੱਧ ਮੋਰਚਾ ਖੋਲ੍ਹ ਦਿੱਤਾ। ਰੋਸ ਪ੍ਰਦਰਸ਼ਨ ਦੌਰਾਨ ਗੁੱਸੇ ਵਿੱਚ ਆਏ ਲੋਕਾਂ ਨੇ ਰੇਤ ਨਾਲ ਭਰੇ ਟਿੱਪਰਾਂ ਨੂੰ ਰੋਕ ਕੇ ਉੱਥੇ ਹੀ ਧਰਨਾ ਲਾ ਦਿੱਤਾ ਅਤੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਦੀਪਇੰਦਰ ਸਿੰਘ ਢਿੱਲੋਂ ਨੇ ਮੌਜੂਦਾ 'ਆਪ' ਵਿਧਾਇਕ ਕੁਲਜੀਤ ਸਿੰਘ ਰੰਧਾਵਾ 'ਤੇ ਨਿਸ਼ਾਨਾ ਸਾਧਿਆ। ਸੱਤਾਧਾਰੀ ਧਿਰ ਦੇ ਲੋਕ ਮਾਈਨਿੰਗ ਮਾਫੀਆ ਨਾਲ ਮਿਲ ਕੇ ਕੁਦਰਤੀ ਸਰੋਤਾਂ ਦੀ ਲੁੱਟ ਕਰ ਰਹੇ ਹਨ। ਇਸ ਮੌਕੇ ਪਿੰਡ ਅਮਲਾਲਾ, ਚੜਿਆਲਾ, ਕਾਰਕੌਰ, ਬਰੋਲੀ ਅਤੇ ਬਹੋੜਾ ਦੇ ਨਿਵਾਸੀਆਂ ਨੇ ਦੱਸਿਆ ਕਿ ਮਾਈਨਿੰਗ ਦੇ ਭਾਰੀ ਟਿੱਪਰਾਂ ਕਾਰਨ ਘੱਗਰ ਦਰਿਆ 'ਤੇ ਕਾਰ ਸੇਵਾ ਵਾਲੇ ਬਾਬਿਆਂ ਵੱਲੋਂ ਬਣਾਇਆ ਗਿਆ ਪੁਲ ਬੁਰੀ ਤਰ੍ਹਾਂ ਖਸਤਾ ਹਾਲ ਹੋ ਚੁੱਕਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹ ਮਾਈਨਿੰਗ ਨਾ ਰੁਕੀ ਤਾਂ ਇਲਾਕੇ ਦਾ ਸੰਪਰਕ ਟੁੱਟ ਸਕਦਾ ਹੈ ਅਤੇ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਲੋਕਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਸਖ਼ਤ ਲਹਿਜ਼ੇ ਵਿੱਚ ਚਿਤਾਵਨੀ ਦਿੱਤੀ ਹੈ ਕਿ ਜੇਕਰ ਤੁਰੰਤ ਪ੍ਰਭਾਵ ਨਾਲ ਇਹ ਨਾਜਾਇਜ਼ ਮਾਈਨਿੰਗ ਬੰਦ ਨਾ ਕੀਤੀ ਗਈ ਅਤੇ ਦੋਸ਼ੀਆਂ ਖਿਲਾਫ ਕਾਰਵਾਈ ਨਾ ਹੋਈ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਚੱਕਾ ਜਾਮ ਵਰਗੇ ਸਖ਼ਤ ਕਦਮ ਚੁੱਕੇ ਜਾਣਗੇ।

## ਬਲਾਚੌਰ 'ਚ ਗੈਰ ਕਾਨੂੰਨੀ ਮਾਇਨਿੰਗ ਦਾ ਧੰਦਾ ਜ਼ੋਰਾਂ 'ਤੇ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਗੈਰ ਕਾਨੂੰਨੀ ਮਾਈਨਿੰਗ ਇਹ ਗੈਰ ਕਾਨੂੰਨੀ ਧੰਦਾ ਪਿਛਲੇ 20 ਸਾਲਾਂ ਤੋਂ ਚੱਲ ਰਿਹਾ ਹੈ। ਜਿਹੜਾ ਮਾਫੀਆ 20 ਸਾਲ ਪਹਿਲਾਂ ਇਹ ਗੈਰ ਕਾਨੂੰਨੀ ਕੰਮ ਕਰਦਾ ਸੀ ਉਹ ਅੱਜ ਵੀ ਸਰਗਰਮ ਹੈ। ਬਲਾਚੌਰ ਤੇ ਸੜੋਆ ਬਲਾਕ ਦੇ ਵਿਚ ਇਕ ਗੈਰ ਕਾਨੂੰਨੀ ਇਹ ਧੰਦਾ ਬਹੁਤ ਜ਼ੋਰਾਂ ਨਾਲ ਚੱਲ ਰਿਹਾ ਹੈ। ਪਿੰਡ ਬੂਲੇਵਾਲ, ਰੱਤੇਵਾਲ, ਉਦਨਵਾਲ ਅਤੇ ਤਾਜੋਵਾਲ ਵਿਖੇ ਰੇਤੇ ਦੀ ਮਾਈਨਿੰਗ ਜ਼ੋਰ ਸ਼ੋਰ ਨਾਲ ਹੋ ਰਹੀ ਹੈ ਪਰ ਸਰਕਾਰ ਤੇ ਪ੍ਰਸ਼ਾਸਨ ਦੀ ਚੁੱਪੀ ਚਿੰਤਾ ਪੈਦਾ ਕਰਦੀ ਹੈ।



ਸਨਅਤੀ ਖੇਤਰ ਵਿੱਚ ਫੈਕਟਰੀਆਂ ਨਿਯਮਾਂ ਅਤੇ ਕਾਨੂੰਨ ਦੀ ਪਰਵਾਹ ਨਹੀਂ ਕਰਦੀਆਂ ਅਤੇ ਹਵਾ ਪਾਣੀ ਨੂੰ ਗੰਧਲਾ ਕਰਦੀਆਂ ਹਨ ਜਿਸ ਕਾਰਨ ਇਸ ਖਿੱਤੇ ਦੇ ਦਰਜਨ ਤੋਂ ਵੱਧ ਪਿੰਡਾਂ ਵਿੱਚ ਮਾਰੂ ਬਿਮਾਰੀਆਂ ਫੈਲ ਰਹੀਆਂ ਹਨ। ਗੈਰ ਕਾਨੂੰਨੀ ਪ੍ਰਦੂਸ਼ਣ ਨੂੰ ਰੋਕਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਕਾਨੂੰਨੀ ਜਿੰਮੇਵਾਰੀ ਹੈ ਪਰ ਕੁਝ ਵੀ ਨਹੀਂ ਹੋ ਰਿਹਾ। ਇਸ ਮੌਕੇ ਉਨਾਂ ਨਾਲ ਸਤਪਾਲ ਸਿੰਘ, ਕਰਨੈਲ ਸਿੰਘ ਭੱਲਾ, ਪ੍ਰਤਾਪ ਸਿੰਘ, ਮਨੋਹਰ ਲਾਲ ਤੇ ਬਲਬੀਰ ਸਿੰਘ ਵੀ ਹਾਜ਼ਰ ਸਨ।

## ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਉਣ ਦੀ ਮੁਹਿੰਮ ਤੇਜ਼

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਦੀ ਅਗਵਾਈ ਹੇਠ ਨੰਗਲ ਇਲਾਕੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਘਰ ਤੱਕ ਪਹੁੰਚਾਉਣ ਲਈ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਰੋਜ਼ਾਨਾ ਪਿੰਡਾਂ ਵਿੱਚ ਕੈਂਪ ਲਗਾ ਕੇ ਲੋਕਾਂ ਦੇ ਸਿਹਤ ਯੋਜਨਾ ਕਾਰਡ ਤਿਆਰ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਵੀ ਯੋਗ ਵਿਅਕਤੀ ਨੂੰ ਇਸ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹਿਣਾ ਪਵੇ। ਇਸ ਦੌਰਾਨ



ਸਥਾਨਕ ਲੋਕਾਂ ਵੱਲੋਂ ਵੀ ਵਧੀਆ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਉਹ ਵੱਡੀ ਗਿਣਤੀ ਵਿੱਚ ਕੈਂਪਾਂ ਵਿੱਚ ਪਹੁੰਚ ਰਹੇ ਹਨ।ਉਪ ਮੰਡਲ ਮੈਜਿਸਟ੍ਰੇਟ ਨੰਗਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਿਭੌਰ ਸਾਹਿਬ ਵਿਖੇ ਇੱਕ ਮੈਗਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ ਅਤੇ ਆਉਣ ਵਾਲੇ ਲੋਕਾਂ ਨੂੰ ਮੌਕੇ 'ਤੇ ਹੀ ਰਜਿਸਟ੍ਰੇਸ਼ਨ, ਦਸਤਾਵੇਜ਼ ਜਾਂਚ ਅਤੇ ਕਾਰਡ ਬਣਾਉਣ ਦੀ ਸਹੂਲਤ ਪ੍ਰਦਾਨ ਕੀਤੀ ਗਈ।

# ਨਗਰ ਨਿਗਮ ਨੇ 8961 ਲੱਖ ਰੁਪਏ ਦਾ ਸਾਲਾਨਾ ਬਜਟ ਕੀਤਾ ਪਾਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹੁਸ਼ਿਆਰਪੁਰ ਨਗਰ ਨਿਗਮ ਨੇ ਵਿੱਤੀ ਸਾਲ 2026-27 ਲਈ 8961 ਲੱਖ ਰੁਪਏ ਦਾ ਸਾਲਾਨਾ ਬਜਟ ਪਾਸ




ਕੀਤਾ ਹੈ। ਇਸ ਸਬੰਧ ਵਿੱਚ ਇੱਕ ਵਿਸ਼ੇਸ਼ ਹਾਊਸ ਮੀਟਿੰਗ ਹੋਈ, ਜਿਸ ਵਿੱਚ ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ ਨੇ ਸ਼ਿਰਕਤ ਕੀਤੀ। ਸੀਨੀਅਰ ਡਿਪਟੀ ਮੇਅਰ ਪਰਵੀਨ ਲਤਾ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਅਤੇ ਵੱਖ-ਵੱਖ ਕੌਂਸਲਰ ਅਤੇ ਨਿਗਮ ਅਧਿਕਾਰੀ ਵੀ ਮੌਜੂਦ ਸਨ। ਮੇਅਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਾਲ 2026-27 ਲਈ ਸੰਭਾਵੀ ਆਮਦਨ ਅਤੇ ਖਰਚ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਸਾਲ ਨਗਰ ਨਿਗਮ ਨੂੰ ਕੁੱਲ 8961 ਲੱਖ ਰੁਪਏ ਦੀ ਆਮਦਨ ਹੋਣ ਦਾ ਅਨੁਮਾਨ ਹੈ, ਜਿਸ ਦੇ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਲਈ ਬਜਟ ਅਲਾਟ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸਟਰੀਟ ਲਾਈਟਾਂ ਲਗਾਉਣ ਅਤੇ ਟਿਊਬਵੈੱਲਾਂ

**● ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਮਿਲੇਗੀ ਤੇਜੀ : ਮੇਅਰ**

ਦੀ ਦੇਖਭਾਲ ਲਈ 6 ਕਰੋੜ ਰੁਪਏ, ਨਵੀਆਂ ਸੜਕਾਂ ਬਣਾਉਣ ਲਈ 3 ਕਰੋੜ ਰੁਪਏ, ਇੰਟਰਲਾਕਿੰਗ ਟਾਈਲ ਸੜਕਾਂ ਵਿਛਾਉਣ ਲਈ 3 ਕਰੋੜ ਰੁਪਏ, ਰੈਣ ਬਸੇਰੇ ਬਣਾਉਣ ਲਈ 2 ਕਰੋੜ ਰੁਪਏ ਅਤੇ ਸੀਵਰੇਜ ਲਾਈਨਾਂ ਦੇ ਵਿਸਥਾਰ ਲਈ 1 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਪਾਰਕਾਂ ਦੀ ਦੇਖਭਾਲ ਲਈ 15 ਲੱਖ ਰੁਪਏ, ਗਊਆਂ ਦੇ ਆਸ਼ਰਮ ਅਤੇ ਅਵਾਰਾ ਪਸ਼ੂਆਂ ਦੀ ਦੇਖਭਾਲ ਲਈ 60 ਲੱਖ ਰੁਪਏ, ਜਨਤਕ ਪਖਾਨਿਆਂ ਲਈ 35 ਲੱਖ ਰੁਪਏ ਅਤੇ ਸਫਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਮਸ਼ੀਨਰੀ ਖਰੀਦਣ ਲਈ 1 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਮੇਅਰ ਸੁਰਿੰਦਰ ਕੁਮਾਰ ਨੇ ਅੱਗੇ ਕਿਹਾ ਕਿ ਹੁਸ਼ਿਆਰਪੁਰ ਨਗਰ ਨਿਗਮ ਸ਼ਹਿਰ ਦੇ ਵਸਨੀਕਾਂ ਨੂੰ 100% ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਵਿੱਚ ਸੜਕਾਂ, ਸਾਫ਼ ਪੀਣ ਵਾਲਾ ਪਾਣੀ, ਸਟਰੀਟ ਲਾਈਟਾਂ, ਸੀਵਰੇਜ ਅਤੇ ਪਾਰਕ ਸ਼ਾਮਲ ਹਨ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਸਮਝਣ ਅਤੇ ਨਗਰ ਨਿਗਮ ਨੂੰ ਆਪਣੇ ਟੈਕਸ ਅਤੇ ਫੀਸਾਂ ਦਾ ਸਮੇਂ ਸਿਰ ਭੁਗਤਾਨ ਕਰਨ, ਤਾਂ ਜੋ ਜਨਤਕ ਫੰਡਾਂ ਦੀ ਵਰਤੋਂ ਸ਼ਹਿਰ ਦੇ ਸਮੁੱਚੇ ਵਿਕਾਸ ਅਤੇ ਲੋਕ ਭਲਾਈ ਕਾਰਜਾਂ ਲਈ ਕੀਤੀ ਜਾ ਸਕੇ। ਇਸ ਮੌਕੇ ਸੰਯੁਕਤ ਕਮਿਸ਼ਨਰ ਸਤੀਸ਼ ਕੁਮਾਰ ਸੈਣੀ, ਸਹਾਇਕ ਕਮਿਸ਼ਨਰ ਲਖਵੀਰ ਸਿੰਘ, ਨਿਗਮ ਇੰਜੀਨੀਅਰ ਕੁਲਦੀਪ ਸਿੰਘ ਅਤੇ ਹਰਪ੍ਰੀਤ ਸਿੰਘ, ਡਿਪਟੀ ਕੰਟਰੋਲਰ ਵਿੱਤ ਅਤੇ ਲੇਖਾ ਪੰਕਜ ਕਪੂਰ, ਲੇਖਾਕਾਰ ਰਾਜਿੰਦਰ ਕੁਮਾਰ ਵੀ ਮੌਜੂਦ ਸਨ।

# ਅੱਖਾਂ ਦੇ ਫਰੀ ਕੈਂਪ ਦੌਰਾਨ 58 ਮਰੀਜ਼ਾਂ ਦਾ ਸਫਲ ਆਪ੍ਰੇਸ਼ਨ




**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਐੱਨ ਆਰ ਆਈ ਸੱਲ੍ਹ ਪਰਿਵਾਰ (ਸਰੀ ਕਨੇਡਾ) ਵਲੋਂ ਪਿੰਡ ਪਲਾਹੀ ਵਿਖੇ ਲਗਾਏ ਗਏ ਅੱਖਾਂ ਦੇ ਫਰੀ ਕੈਂਪ ਦੌਰਾਨ ਚੁਣੇ ਗਏ 58 ਮਰੀਜ਼ਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਡਾ. ਰਾਜਨ ਆਈ ਕੇਅਰ ਹਸਪਤਾਲ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਕੀਤੇ ਗਏ। ਇਸ ਦੌਰਾਨ ਹਸਪਤਾਲ ਦੇ ਐੱਮ ਡੀ ਤੇ ਅੱਖਾਂ ਦੇ ਮਾਹਿਰ ਡਾ. ਐਸ. ਰਾਜਨ ਨੇ ਦੱਸਿਆ ਕਿ ਉਕਤ ਕੈਂਪ ਦੌਰਾਨ 530 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਸੀ ਅਤੇ 380 ਲੋੜਵੰਦਾਂ ਨੂੰ ਲੋੜ ਅਨੁਸਾਰ ਦਵਾਈਆਂ ਜਦਕਿ 320 ਮਰੀਜ਼ਾਂ ਨੂੰ ਨਜ਼ਰ ਦੀਆਂ ਐਨਕਾਂ ਫਰੀ ਪ੍ਰਦਾਨ ਕੀਤੀਆਂ ਗਈਆਂ। ਆਪ੍ਰੇਸ਼ਨ ਲਈ 58 ਮਰੀਜ਼ ਚੁਣੇ ਗਏ ਸਨ, ਜਿਹਨਾਂ ਦੀਆਂ ਅੱਖਾਂ 'ਚ ਆਪ੍ਰੇਸ਼ਨ ਰਾਹੀਂ ਫੋਲਡੇਬਲ ਲੈਂਜ਼ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ ਹੈ। ਉਹਨਾਂ ਨੇ ਦੱਸਿਆ ਕਿ ਸਰਜਰੀ ਵਾਲੇ ਮਰੀਜ਼ਾਂ ਨੂੰ ਸੁਰੱਖਿਆ ਲਈ ਮੁਫ਼ਤ ਐਨਕਾਂ ਤੇ ਦਵਾਈਆਂ ਵੀ ਦਿੱਤੀਆਂ ਗਈਆਂ ਹਨ। ਉਨ੍ਹਾਂ ਨੇ ਅੱਖਾਂ ਦੇ ਮਰੀਜ਼ਾਂ ਨੂੰ ਜ਼ਰੂਰੀ ਹਦਾਇਤਾਂ ਦਿੰਦਿਆਂ ਰੁਟੀਨ ਵਿੱਚ ਡਰਾਪਸ ਅੱਖਾਂ 'ਚ ਪਾਉਣ, ਧੁੱਪ, ਧੂੜ ਅਤੇ ਧੂੰਏਂ ਤੋਂ ਬਚਾਅ ਆਦਿ ਬਾਰੇ ਦੱਸਿਆ। ਡਾ. ਰਾਜਨ ਨੇ ਕਿਹਾ ਕਿ ਅੱਜ ਕਲ ਕੰਪਿਊਟਰ, ਇੰਟਰਨੈਟ ਦੇ ਤਕਨੀਕੀ ਯੁਗ 'ਚ ਅੱਖਾਂ ਦੀ ਗਤੀਵਿਧੀ ਬਹੁਤ ਜਿਆਦਾ ਵੱਧ ਗਈ ਹੈ। ਇਸ ਲਈ ਅੱਖਾਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਇਸ ਮੌਕੇ ਗੁਰਮੀਤ ਸਿੰਘ ਪਲਾਹੀ ਨੇ ਦੱਸਿਆ ਕਿ ਐਨ.ਆਰ.ਆਈ. ਸੱਲ੍ਹ ਪਰਿਵਾਰ ਵਲੋਂ ਪਾਇਆ ਜਾ ਰਿਹਾ ਯੋਗਦਾਨ ਲੋੜਵੰਦਾਂ ਲਈ ਬਹੁਤ ਹੀ ਲਾਹੇਵੰਦ ਹੈ। ਕੈਂਪ ਦੇ ਪ੍ਰਬੰਧਕ ਸੁਖਵਿੰਦਰ ਸਿੰਘ ਸੱਲ੍ਹ ਨੇ ਡਾ. ਐੱਸ ਰਾਜਨ ਤੇ ਉਨ੍ਹਾਂ ਦੀ ਪੂਰੀ ਟੀਮ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸੱਲ੍ਹ ਪਰਿਵਾਰ ਦੇ ਮੈਂਬਰ, ਪਿੰਡ ਪਲਾਹੀ ਦੇ ਪਤਵੰਤੇ ਤੇ ਹਸਪਤਾਲ ਦੇ ਸਟਾਫ ਮੈਂਬਰ ਹਾਜ਼ਰ ਸਨ।

## ਡਾ. ਅੰਬੇਡਕਰ ਸੰਘਰਸ਼ ਮੋਰਚਾ ਵਿੱਚ ਨਵੇਂ ਪ੍ਰਧਾਨਾਂ ਦੀ ਨਿਯੁਕਤੀ

**ਨਕੋਦਰ (ਮਨਜੀਤ ਮਾਨ)**- ਡਾ. ਅੰਬੇਡਕਰ ਸੰਘਰਸ਼ ਮੋਰਚਾ ਪੰਜਾਬ ਯੂਨਿਟ ਦੇ ਚੇਅਰਮੈਨ ਪੰਜਾਬ ਵਿਜੈ ਘਾਰੂ ਦੀ ਅਗਵਾਈ ਹੇਠ ਲਾਂਬੜਾ ਵਿਖੇ ਆਪਣੇ ਦਫਤਰ ਵਿੱਚ ਮੀਟਿੰਗ ਕੀਤੀ



ਗਈ ਜਿਸ ਨੂੰ ਸੰਬੋਧਨ ਕਰਦਿਆਂ ਉੱਪ ਰਾਸ਼ਟਰੀ ਪ੍ਰਧਾਨ ਹਰਜਿੰਦਰ ਮੱਟੂ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੇ ਪੰਜਾਬ ਦੇ ਪਿੰਡਾਂ ਵਿੱਚ ਯੂਨਿਟ ਸਥਾਪਤ ਕਰਨ ਦਾ ਸੁਨੇਹਾ ਦਿੱਤਾ ਗਿਆ। ਇਸ ਲੜੀ ਨੂੰ ਅੱਗੇ ਤੋਰਦਿਆਂ ਪਿੰਡ ਕਲਿਆਣਪੁਰ ਬੀਰੂ ਨੂੰ ਜ਼ਿਲ੍ਹਾ ਪ੍ਰਧਾਨ ਤੇ ਗੁਰਦੀਪ ਨੂੰ ਵਾਇਸ ਪ੍ਰਧਾਨ ਤੇ ਬਾਕੀ ਸਾਰਿਆ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਅਖੀਰ ਵਿੱਚ ਮੋਰਚੇ ਦੇ ਰਾਸ਼ਟਰੀ ਪ੍ਰਧਾਨ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਵਰਕਰਾਂ ਦਾ ਤਹਿ ਦਿੱਲੋ ਧੰਨਵਾਦ ਕੀਤਾ। ਪੰਜਾਬ ਦੇ ਚੇਅਰਮੈਨ ਵਿਜੇ ਘਾਰੂ, ਜੱਸੀ ਕਲਿਆਣਪੁਰ ਤੇ ਉੱਪ ਚੇਅਰਮੈਨ ਹਰਮੇਸ ਮੇਸ਼ਾ ਨੂੰ ਵਧੀਆ ਕਾਰਗੁਜ਼ਾਰੀ ਕਰਨ ਲਈ ਸਨਮਾਨਤ ਕੀਤਾ।

# ਲੌਂਗੋਵਾਲ ਕਾਲਜ ਵਿਖੇ 13 ਵਿਦਿਆਰਥੀਆਂ ਨੂੰ ਵਜ਼ੀਫੇ ਵੰਡੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਵੱਲੋਂ ਪਰਨੋਡ ਰਿਕਾਰਡ ਇੰਡੀਆ ਪ੍ਰਾਈਵੇਟ ਲਿਮਟਿਡ (ਪੀ ਆਰ ਆਈ ਪੀ ਐਲ ) ਅਤੇ ਇਸ ਦੀ ਸਹਾਇਕ ਸੰਸਥਾ ਯੂਥ ਡ੍ਰੀਮਰਜ਼ ਫਾਊਂਡੇਸ਼ਨ (ਵਾਈ ਡੀ ਐਫ) ਦੇ




ਸਹਿਯੋਗ ਨਾਲ ਇੱਕ ਵਿਸ਼ੇਸ਼ ਸਰਟੀਫਿਕੇਟ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੇ 13 ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ ਜਾਰੀ ਰੱਖਣ ਲਈ ਵਜ਼ੀਫੇ (ਸਕਾਲਰਸ਼ਿਪ) ਪ੍ਰਦਾਨ ਕੀਤੇ ਗਏ। ਇਸ ਮੌਕੇ ਕਾਲਜ ਦੇ ਦਾਖਲਾ ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਵਿਨੋਦ ਕਤਿਆਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਵਿਦਿਆਰਥੀਆਂ ਲਈ ਇੱਕ ਵੱਡਾ ਸਹਾਰਾ ਬਣਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਕੇ ਹੀ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਦੇ ਹਨ ਅਤੇ ਦੇਸ਼ ਦਾ ਨਾਂ ਰੌਸ਼ਨ ਕਰ ਸਕਦੇ ਹਨ। ਸਮਾਗਮ ਦੌਰਾਨ ਯੂਥ ਡ੍ਰੀਮਰਜ਼ ਫਾਊਂਡੇਸ਼ਨ ਦੇ ਦੋ ਪ੍ਰੋਗਰਾਮ ਐਸੋਸੀਏਟਸ ਨੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਸੰਸਥਾ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਇਸ ਸਕਾਲਰਸ਼ਿਪ ਦਾ ਮੁੱਖ ਉਦੇਸ਼ ਮੇਧਾਵੀ ਵਿਦਿਆਰਥੀਆਂ ਨੂੰ ਵਿੱਤੀ ਰੁਕਾਵਟਾਂ ਤੋਂ ਉੱਪਰ ਉੱਠ ਕੇ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨਾ ਹੈ।

# ਮੱਲ੍ਹੀਆ ਖੁਰਦ 'ਚ ਕਬੱਡੀ ਟੂਰਨਾਮੈਂਟ ਕਰਵਾਇਆ

**ਨਕੋਦਰ (ਮਨਜੀਤ ਮਾਨ)**- ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਮੱਲ੍ਹੀਆ ਖੁਰਦ ਜ਼ਿਲ੍ਹਾ ਜਲੰਧਰ ਵਿਖੇ ਸੰਦੀਪ ਨੰਗਲ ਅੰਬੀਆਂ ਦੀ ਯਾਦ ਨੂੰ ਸਮਰਪਿਤ ਸਿੱਧ ਬਾਬਾ ਲੱਛਮਣ ਜਤੀ ਯੂਥ ਸਪੋਰਟਸ ਕਲੱਬ ਵੱਲੋਂ ਪਿੰਡ, ਸਮੂਹ ਗ੍ਰਾਮ ਪੰਚਾਇਤ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਸਵ, ਸਰਬਜੀਤ ਸਿੰਘ ਸਾਬੀ ਕਬੱਡੀ ਖਿਡਾਰੀ ਮੱਲ੍ਹੀਆ ਖੁਰਦ ਤੇ ਕਬੱਡੀ ਖਿਡਾਰੀ ਸਵ, ਦਵਿੰਦਰ ਸਿੰਘ ਗੁਲਾਬੋ ਮੱਲ੍ਹੀਆ ਖੁਰਦ ਦੀ ਯਾਦ ਨੂੰ ਸਮਰਪਿਤ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਮੱਲ੍ਹੀ, ਮਲਕੀਤ ਸਿੰਘ ਯੂ ਐਸ ਏ, ਬੱਗਾ ਮੱਲ੍ਹੀ ਸਾਬਕਾ ਸਰਪੰਚ,ਤੇ ਅੰਮ੍ਰਿਤਪਾਲ ਸਿੰਘ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ ਕਬੱਡੀ ਓਪਨ ਪਿੰਡ ਪੱਧਰ ਮੱਲ੍ਹੀਆ ਖੁਰਦ ਨੇ ਪਹਿਲਾਂ ਇਨਾਮ 81 ਹਜ਼ਾਰ ਹਜ਼ਾਰ ਰੁਪਏ ਤੇ ਦੂਸਰਾ ਇਨਾਮ ਪਿੰਡ ਚਿੱਟੀ ਨੇ ਪ੍ਰਾਪਤ ਕੀਤਾ ਕਬੱਡੀ 75 ਕਿਲੋ ਭਾਰ ਵਰਗ 'ਚ ਚੱਕ ਕਲਾਂ ਨੇ ਪਹਿਲਾਂ ਤੇ ਮੱਲ੍ਹੀਆ ਖੁਰਦ ਨੇ ਦੂਸਰਾ ਸਥਾਨ, ਕਬੱਡੀ 55 ਕਿਲੋ ਭਾਰ ਵਰਗ ਚ ਘੁਮਿਆਰਾਂ ਨੇ ਪਹਿਲਾਂ ਤੇ ਮੱਲ੍ਹੀਆ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਤੇ ਇਨਾਮਾਂ ਦੀ ਵੰਡ ਕਰਨ ਲਈ ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕਾ ਨਕੋਦਰ, ਗੁਰਪ੍ਰਤਾਪ ਸਿੰਘ ਵਡਾਲਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ



ਸੁਰਜੀਤ ਤੇ ਵਰਲਡ ਫੇਮਸ ਗਾਇਕ ਕੇ ਐਸ ਨੇ ਸਾਂਝੇ ਤੌਰ 'ਤੇ ਕੀਤੀ। ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕਾ ਨਕੋਦਰ ਨੇ ਆਪਣੇ ਭਾਸ਼ਣ ਵਿੱਚ ਬੋਲਦਿਆਂ ਕਿਹਾ ਕਿ ਆਪ ਸਰਕਾਰ ਵੱਲੋਂ ਨਵੇਂ ਯੁੱਗ ਦੀ ਸ਼ੁਰੂਆਤ ਹੋ ਚੁੱਕੀ ਹੈ ਪਿਛਲੀਆਂ ਸਰਕਾਰਾਂ ਦੇ ਸਮੇਂ ਅਲੋਪ ਹੋ ਚੁੱਕੀਆਂ ਖੇਡਾਂ ਤੇ ਸੱਭਿਆਚਾਰਕ ਮੇਲਿਆਂ ਨੂੰ ਫਿਰ ਸ਼ੁਰੂ ਕੀਤਾ ਗਿਆ ਹੈ ਮਾਨ ਸਰਕਾਰ ਵੱਲੋਂ ਸੁਪਨਿਆਂ ਦਾ ਪੰਜਾਬ ਸਿਰਜਿਆ ਜਾ ਰਿਹਾ ਹੈ। ਸ੍ਰ ਉਂਕਾਰ ਸਿੰਘ ਬਰਾੜ ਡੀ ਐਸ ਪੀ ਸਬ ਡਵੀਜ਼ਨ ਨਕੋਦਰ ਨੇ ਆਪਣੀ ਪੁਲਿਸ ਪਾਰਟੀ ਸਮੇਤ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਹੋਏ ਸਨ ਇਸ ਮੌਕੇ ਪ੍ਰਧਾਨ ਬਲਜੀਤ ਸਿੰਘ ਮੱਲ੍ਹੀ,ਬੱਗਾ ਮੱਲ੍ਹੀ ਸਾਬਕਾ ਸਰਪੰਚ, ਮਲਕੀਤ ਸਿੰਘ ਯੂ ਐਸ ਏ, ਵੱਲੋਂ ਜੀਤਾ ਪੁਰੇਵਾਲ, ਸੁਖਜਿੰਦਰ ਸਿੰਘ, ਗੁਰਮੇਲ ਸਿੰਘ ਬਲਵੰਤ ਸਿੰਘ ਮਨੀਲਾ, ਬਖਸ਼ੀਸ਼ ਸਿੰਘ ਮਨੀਲਾ,ਮੰਗਤ ਸਿੰਘ ਯੂ ਕੇ, ਗੁਰਮੀਤ ਸਿੰਘ ਸਰਪੰਚ, ਹਰਜਿੰਦਰ ਸਿੰਘ ਕਾਲਾ ਮੱਲ੍ਹੀ ਕਾਲਾ ਡਾਇਰੀ ਵਾਲਾ, ਪਰਮਜੀਤ ਸਿੰਘ ਰਾਏ ਸਾਬਕਾ ਕਬੱਡੀ ਖਿਡਾਰੀ ਤੋਂ ਇਲਾਵਾ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ਕੁਮੈਂਟਰੀ ਦੀ ਜ਼ਿੰਮੇਵਾਰੀ ਪ੍ਰੋਫੈਸਰ ਮੱਖਣ ਹਕੀਮ ਪੁਰ,ਰਾਜਨ ਕਲਿਆਨ ਵੱਲੋਂ ਨਿਭਾਈ ਗਈ ਰੈਫਰੀ ਦੀ ਜ਼ਿੰਮੇਵਾਰੀ ਰਾਣਾ ਬਨਵਾਲੀਪੁਰੀਆ, ਮੱਲ੍ਹੀ ਸਾਬ੍ਹ ਵੱਲੋਂ ਸਾਂਝੇ ਤੌਰ ਤੇ ਨਿਭਾਈ ਗਈ ।

## ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਭਲਕੇ

**ਬੰਗਾ (ਅਵਤਾਰ ਕਲੇਰ)** ਇਲਾਕੇ 'ਚ ਸਮਾਜ ਸੇਵਾਵਾਂ ਨਿਭਾਅ ਰਹੇ ਭੋਗਲ ਦਾਰਾ ਚੈਰੀਟੇਬਲ ਟਰੱਸਟ ਵੱਲੋਂ ਅੱਖਾਂ ਦਾ ਮੁਫਤ ਚੈਕਅੱਪ ਕੈਂਪ 29 ਮਾਰਚ ਨੂੰ ਗੁਰਦੁਆਰਾ ਸ਼ਹੀਦਾਂ ਸਿੰਘਾਂ ਸੁੰਢ-ਮਕਸੂਦਪੁਰ ਵਿਖੇ ਵਿਰਦੀ ਆਈ ਹਸਪਤਾਲ ਚਾਹਲ ਨਗਰ ਫਗਵਾੜਾ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆ ਸਮਾਜ ਸੇਵਕ ਤਰਸੇਮ ਸਿੰਘ ਭੋਗਲ ਤੇ ਸੇਵਾ ਮੁਕਤ ਮੁੱਖ ਅਧਿਆਪਕ ਗੁਰਵਿੰਦਰ ਸਿੰਘ ਭੋਗਲ ਨੇ ਦੱਸਿਆ ਕਿ ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਅਪ੍ਰੇਸ਼ਨ ਅਤੇ ਲੈਂਜ਼ ਮੁਫਤ ਪਾਏ ਜਾਣਗੇ, ਐਨਕਾਂ ਅਤੇ ਦਵਾਈਆ ਵੀ ਮੁਫਤ ਦਿੱਤੀਆ ਜਾਣਗੀਆ। ਉਨ੍ਹਾਂ ਕਿਹਾ ਕਿ ਅਪ੍ਰੇਸ਼ਨਾਂ ਵਾਲੇ ਮਰੀਜ਼ਾਂ ਨੂੰ ਫਗਵਾੜਾ ਹਸਪਤਾਲ ਲਿਜਾਉਣ,ਆਉਣ ਜਾਣ ਦਾ ਖਰਚਾ ਦਿੱਤਾ ਜਾਵੇਗਾ ਤੇ ਰਹਿਣਾ,ਖਾਣਾ ਮੁਫਤ ਟਰੱਸਟ ਵਲੋਂ ਹੋਵੇਗਾ।ਜ਼ਿਕਰਯੋਗ ਹੈ ਕਿ ਅੱਖਾਂ ਦੀਆ ਬਿਮਾਰੀਆ ਦੇ ਮਾਹਿਰ ਡਾ. ਜੀ ਐਸ ਵਿਰਦੀ ਆਪਣੀ ਟੀਮ ਦੇ ਸਹਿਯੋਗ ਨਾਲ ਅਪ੍ਰੇਸ਼ਨ ਕਰਨਗੇ ।

## ਜਨਮ ਦਿਨ ਮੁਬਾਰਕ



ਅਮਿਤੋਜ ਸਿੰਘ
ਨਵਾਂਸ਼ਹਿਰ



ਨਿਆਮਤ ਕੌਰ
ਮੋਰਿੰਡਾ